ਸੋਮਵਾਰ, 19 ਅਗਸਤ, 2024
4 ਭਾਦੋਂ { ਨਾਨਕਸ਼ਾਹੀ 556
ਬਿਕਰਮੀ 2081 }
ਜਿਲਦ/VOL. : 73
ਅੰਕ/NO. : 78

# ਨਵਾਂ ਜ਼ਮਾਨਾ

DAILY NAWAN ZAMANA • MONDAY, 19 AUGUST, 2024

ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਅੱਜ ਦਫਤਰ ਲੇਟ ਖੁੱਲ੍ਹਣਗੇ

**ਚੰਡੀਗੜ੍ਹ** : ਰੱਖੜੀ ਕਾਰਨ ਪੰਜਾਬ ਦੇ ਸਾਰੇ ਸਰਕਾਰੀ ਦਫਤਰ 19 ਅਗਸਤ ਨੂੰ ਦੋ ਘੰਟੇ ਦੇਰੀ ਨਾਲ ਯਾਨੀ ਸਵੇਰੇ 11 ਵਜੇ ਖੁੱਲ੍ਹਣਗੇ। ਸੇਵਾ ਕੇਂਦਰ ਸਵੇਰੇ 11 ਵਜੇ ਤੋਂ ਸ਼ਾਮ 5 ਵਜੇ ਤੱਕ ਕੰਮ ਕਰਨਗੇ ਤੇ 20 ਅਗਸਤ ਤੋਂ ਪਹਿਲਾਂ ਵਾਂਗ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਖੁੱਲ੍ਹਣਗੇ।

## ਸੰਗਰੂਰ ਜ਼ਿਲ੍ਹੇ 'ਚ ਭਲਕੇ ਛੁੱਟੀ

**ਸੰਗਰੂਰ** (ਪ੍ਰਵੀਨ ਸਿੰਘ)-ਡੀ ਸੀ ਦੇ ਹੁਕਮਾਂ ਮੁਤਾਬਕ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਮੌਕੇ 20 ਅਗਸਤ ਨੂੰ ਸੰਗਰੂਰ ਜ਼ਿਲ੍ਹੇ ਦੇ ਸਰਕਾਰੀ/ਅਰਧ ਸਰਕਾਰੀ ਦਫਤਰਾਂ, ਸਰਕਾਰੀ/ ਪ੍ਰਾਈਵੇਟ ਸਕੂਲਾਂ, ਕਾਲਜਾਂ, ਯੂਨੀਵਰਸਿਟੀ, ਵਿੱਦਿਅਕ ਅਦਾਰਿਆਂ, ਸਰਕਾਰੀ/ਪ੍ਰਾਈਵੇਟ ਦਫਤਰਾਂ ਤੇ ਬੈਂਕਾਂ ਆਦਿ 'ਚ ਨੈਗੋਸ਼ੀਏਬਲ ਇੰਸਟਰੂਮੈਂਟ ਐਕਟ ਤਹਿਤ ਛੁੱਟੀ ਰਹੇਗੀ।

## ਬਾਬਾ ਬਕਾਲਾ ਦੇ ਸਕੂਲਾਂ 'ਚ ਦੋ ਛੁੱਟੀਆਂ

**ਅੰਮ੍ਰਿਤਸਰ** : ਡੀ ਸੀ ਨੇ ਨੋਟੀਫਿਕੇਸ਼ਨ ਜਾਰੀ ਕਰਕੇ ਦੱਸਿਆ ਹੈ ਕਿ ਰੱਖੜ ਪੁੰਨਿਆ ਦੇ ਮੇਲੇ ਕਾਰਨ 19 ਤੇ 20 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਕਸਬੇ ਅਧੀਨ ਪੈਂਦੇ ਸਕੂਲਾਂ 'ਚ ਛੁੱਟੀ ਰਹੇਗੀ। ਇਨ੍ਹਾਂ ਸਕੂਲਾਂ 'ਚ ਸਰਕਾਰੀ ਹਾਈ ਸਕੂਲ ਬਾਬਾ ਬਕਾਲਾ, ਦਸਮੇਸ਼ ਪਬਲਿਕ ਸਕੂਲ ਬਾਬਾ ਬਕਾਲਾ, ਸਰਕਾਰੀ ਮਿਡਲ ਸਕੂਲ ਛਾਪਿਆਂਵਾਲੀ, ਸਰਕਾਰੀ ਮਿਡਲ ਸਕੂਲ ਉਮਰਾਨੰਗਲ, ਸਰਕਾਰੀ ਮਿਡਲ ਸਕੂਲ ਠੱਠੀਆਂ, ਮਾਤਾ ਗੰਗਾ ਸੀਨੀਅਰ ਸੈਕੰਡਰੀ ਸਕੂਲ ਬਾਬਾ ਬਕਾਲਾ, ਜੀ ਟੀ ਸੀ ਸਕੂਲ ਬਾਬਾ ਬਕਾਲਾ, ਨਿਊ ਮੈਟ੍ਰਿਕ ਪਬਲਿਕ ਸਕੂਲ ਛਾਪਿਆਂਵਾਲੀ, ਸੇਂਟ ਸੋਲਜਰ ਪਬਲਿਕ ਸਕੂਲ ਠੱਠੀਆਂ ਤੇ ਸੰਤ ਮਾਝਾ ਸਿੰਘ ਸੀਨੀਅਰ ਸੈਕੰਡਰੀ ਸਕੂਲ ਸ਼ਾਮਲ ਹਨ।

## ਮਾਨਸਾ ਨੇੜੇ ਨੌਜਵਾਨ ਕਤਲ



**ਮਾਨਸਾ** (ਰੀਤਵਾਲ)-ਨੇੜਲੇ ਪਿੰਡ ਕੋਟਲੀ ਕਲਾਂ 'ਚ ਐਤਵਾਰ ਸਵੇਰੇ ਆਪਸੀ ਰੰਜ਼ਿਸ਼ ਕਾਰਨ ਪਿੰਡ ਦੇ 25 ਸਾਲਾ ਨੌਜਵਾਨ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਕੁਲਵਿੰਦਰ ਸਿੰਘ ਪਿੰਡ ਦੇ ਬੱਸ ਸਟੈਂਡ 'ਤੇ ਖੜ੍ਹਾ ਸੀ, ਜਿੱਥੇ ਪਿੰਡ ਦੇ ਹੀ ਇਕ ਨੌਜਵਾਨ ਨੇ ਉਸ ਨੂੰ ਗੋਲੀ ਮਾਰ ਦਿੱਤੀ। ਕੁਲਵਿੰਦਰ ਸਿੰਘ ਪਰਵਾਰ ਦਾ ਇਕਲੌਤਾ ਪੁੱਤਰ ਸੀ। ਪੁਲਸ ਕਾਤਲ ਦੀ ਭਾਲ ਕਰ ਰਹੀ ਸੀ।

## ਬਾਘ ਸਰਿਸਕਾ ਪਾਰਕ 'ਚੋਂ ਨਿਕਲ ਕੇ ਹਰਿਆਣਾ 'ਚ ਦਾਖਲ

**ਗੁਰੂਗਰਾਮ** : ਰਾਜਸਥਾਨ ਦੇ ਸਰਿਸਕਾ ਨੈਸ਼ਨਲ ਪਾਰਕ ਵਿੱਚੋਂ ਨਿਕਲ ਕੇ ਬਾਘ ਸ਼ਨੀਵਾਰ ਹਰਿਆਣਾ ਦੇ ਰਿਵਾੜੀ ਜ਼ਿਲ੍ਹੇ ਦੇ ਝਬੁਆ ਵਿਚ ਦਾਖਲ ਹੋ ਗਿਆ। ਸਰਿਸਕਾ ਰੇਂਜ ਦੇ ਜੰਗਲਾਤ ਅਫਸਰ ਸੀਤਾ ਰਾਮ ਮੀਨਾ ਨੇ ਦੱਸਿਆ ਕਿ ਜਿਹੜੇ ਜੰਗਲ ਵਿਚ ਬਾਘ ਹੈ, ਉਹ ਬਹੁਤ ਸੰਘਣਾ ਹੈ। ਉਸ ਨੂੰ ਫੜਨ ਲਈ ਬੇਹੋਸ਼ ਕਰਨਾ ਔਖਾ ਹੈ। ਲਾਗਲੇ ਪਿੰਡਾਂ ਨੂੰ ਚੌਕਸ ਕਰ ਦਿੱਤਾ ਗਿਆ ਹੈ। ਜਦੋਂ ਉਹ ਕਿਸੇ ਜਾਨਵਰਾਂ 'ਤੇ ਝਪਟੇਗਾ ਤਦੇ ਪਤਾ ਲੱਗਣਾ ਕਿ ਉਹ ਕਿੱਥੇ ਹੈ।

## ਲਿਫਟ ਦੇ ਕੇ ਬਲਾਤਕਾਰ

**ਬੇਂਗਲੁਰੂ** : ਇੱਥੇ ਇੱਕ ਅਣਪਛਾਤੇ ਮੋਟਰਸਾਈਕਲ ਸਵਾਰ ਨੇ ਐਤਵਾਰ ਤੜਕੇ ਇੱਕ ਵਿਦਿਆਰਥਣ ਨਾਲ ਕਥਿਤ ਤੌਰ 'ਤੇ ਬਲਾਤਕਾਰ ਕੀਤਾ। ਐਡੀਸ਼ਨਲ ਪੁਲਸ ਕਮਿਸ਼ਨਰ (ਪੂਰਬੀ ਜ਼ੋਨ) ਰਮਨ ਗੁਪਤਾ ਅਨੁਸਾਰ ਸ਼ਹਿਰ ਦੇ ਕਾਲਜ 'ਚ ਫਾਈਨਲ ਦੀ ਵਿਦਿਆਰਥਣ ਨੇ ਕੋਰਮੰਗਲਾ 'ਚ ਇੱਕ ਮੀਟਿੰਗ ਤੋਂ ਬਾਅਦ ਘਰ ਪਰਤਦਿਆਂ ਰਾਹ 'ਚ ਇਕ ਵਿਅਕਤੀ ਤੋਂ ਲਿਫਟ ਲਈ, ਜਿਸ ਨੇ ਉਸ 'ਤੇ ਹਮਲਾ ਕਰਕੇ ਉਸ ਨਾਲ ਬਲਾਤਕਾਰ ਕੀਤਾ।

## ਐਲੇਨ ਡੇਲੋਨ ਦਾ ਦੇਹਾਂਤ



**ਪੈਰਿਸ** : ਸੰਸਾਰ ਪ੍ਰਸਿੱਧ ਮਹਾਨ ਫ੍ਰੈਂਚ ਅਭਿਨੇਤਾ ਐਲੇਨ ਡੇਲੋਨ ਦਾ 88 ਸਾਲ ਦੀ ਉਮਰ 'ਚ ਦੇਹਾਂਤ ਹੋ ਗਿਆ। ਆਪਣੀ ਸੁੰਦਰ ਦਿੱਖ, ਮਿਠ ਬੋਲੜੇ ਸੁਭਾਅ ਤੇ ਦਿਲਕਸ਼ ਵਿਅਕਤੀਤਵ ਨੇ ਐਲੇਨ ਨੂੰ ਫਰਾਂਸ ਦੇ ਪ੍ਰਮੁੱਖ ਵਿਅਕਤੀਆਂ ਵਿੱਚੋਂ ਇੱਕ ਬਣਾ ਦਿੱਤਾ ਸੀ। ਉਸ ਦੇ ਬੱਚਿਆਂ ਨੇ ਐਤਵਾਰ ਉਸ ਦੀ ਮੌਤ ਦੀ ਪੁਸ਼ਟੀ ਕੀਤੀ।

# ਸੈਕਟਰੀਆਂ ਦੀ ਸਿੱਧੀ ਭਰਤੀ ਦਾ ਤਿੱਖਾ ਵਿਰੋਧ

## ਇਹ ਸੰਘ ਦੇ ਬੰਦੇ ਫਿੱਟ ਕਰਨ ਦਾ ਜੁਗਾੜ ਤੇ ਪੱਛੜਿਆਂ ਦੇ ਹੱਕਾਂ 'ਤੇ ਡਾਕਾ : ਰਾਹੁਲ

**ਨਵੀਂ ਦਿੱਲੀ** : ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (ਯੂ ਪੀ ਐੱਸ ਸੀ) ਵੱਲੋਂ ਲੇਟਰਲ ਐਂਟਰੀ ਨਾਲ 45 ਜਾਇੰਟ ਸੈਕਟਰੀ, ਡਿਪਟੀ ਸੈਕਟਰੀ ਤੇ ਡਾਇਰੈਕਟਰ ਪੱਧਰ ਦੀਆਂ ਨੌਕਰੀਆਂ ਲਈ 17 ਅਗਸਤ ਨੂੰ ਜਾਰੀ ਨੋਟੀਫਿਕੇਸ਼ਨ 'ਤੇ ਆਪੋਜ਼ੀਸ਼ਨ ਨੇ ਤਿੱਖੀ ਪ੍ਰਤੀਕਿਰਿਆ ਕੀਤੀ ਹੈ। ਇਹ ਠੇਕਾ ਅਧਾਰਤ ਨੌਕਰੀ ਹੋਵੇਗੀ ਤੇ ਇਨ੍ਹਾਂ ਨੂੰ ਵੱਖ-ਵੱਖ ਮੰਤਰਾਲਿਆਂ ਵਿਚ ਰੱਖਿਆ ਜਾਵੇਗਾ।

ਰਾਹੁਲ ਗਾਂਧੀ ਨੇ ਕਿਹਾ ਹੈ—ਨਰਿੰਦਰ ਮੋਦੀ ਯੂ ਪੀ ਐੱਸ ਸੀ ਦੀ ਥਾਂ ਆਰ ਐੱਸ ਐੱਸ ਰਾਹੀਂ ਲੋਕ ਸੇਵਕਾਂ ਦੀ ਭਰਤੀ ਕਰਕੇ ਸੰਵਿਧਾਨ 'ਤੇ ਹਮਲਾ ਕਰ ਰਹੇ ਹਨ। ਲੇਟਰਲ ਐਂਟਰੀ ਰਾਹੀਂ ਭਰਤੀ ਕਰਕੇ ਖੁੱਲ੍ਹੇਆਮ ਐੱਸ ਸੀ, ਐੱਸ ਟੀ ਤੇ ਓ ਬੀ ਸੀ ਵਰਗ ਦਾ ਹੱਕ ਖੋਹਿਆ ਜਾ ਰਿਹਾ ਹੈ। ਮੈਂ ਹਮੇਸ਼ਾ ਕਿਹਾ ਹੈ ਕਿ ਵੱਖ-ਵੱਖ ਮੰਤਰਾਲਿਆਂ ਵਿਚ ਅਹਿਮ ਅਹੁਦਿਆਂ 'ਤੇ ਪਛੜਿਆਂ ਦੀ ਨੁਮਾਇੰਦਗੀ ਨਹੀਂ ਹੈ, ਉਸ ਨੂੰ ਸੁਧਾਰਨ ਦੀ ਥਾਂ ਲੇਟਰਲ ਐਂਟਰੀ ਰਾਹੀਂ ਉਨ੍ਹਾਂ ਨੂੰ ਸਿਖਰਲੇ ਅਹੁਦਿਆਂ ਤੋਂ ਦੂਰ ਕੀਤਾ ਜਾ ਰਿਹਾ ਹੈ। ਇਹ ਯੂ ਪੀ ਐੱਸ ਸੀ ਦੀ ਤਿਆਰੀ ਕਰ ਰਹੇ ਪ੍ਰਤਿਭਾਸ਼ਾਲੀ ਨੌਜਵਾਨਾਂ ਦੇ ਹੱਕ 'ਤੇ ਡਾਕਾ ਹੈ ਅਤੇ ਵੰਚਿਤਾਂ ਦੀ ਰਿਜ਼ਰਵੇਸ਼ਨ ਸਮੇਤ ਸਮਾਜੀ ਨਿਆਂ ਦੀ ਕਲਪਨਾ 'ਤੇ ਸੱਟ ਹੈ। ਚੰਦ ਕਾਰਪੋਰੇਟਾਂ ਦੇ ਨੁਮਾਇੰਦੇ ਫੈਸਲਾਕੁੰਨ ਸਰਕਾਰੀ ਅਹੁਦਿਆਂ 'ਤੇ ਬੈਠ ਕੇ ਕੀ ਕਾਰਨਾਮੇ ਕਰਨਗੇ, ਇਸ ਦੀ ਤਾਜ਼ਾ ਮਿਸਾਲ ਸੇਬੀ ਹੈ, ਜਿੱਥੇ ਨਿੱਜੀ ਖੇਤਰ ਤੋਂ ਆਉਣ ਵਾਲੇ ਨੂੰ ਪਹਿਲੀ ਵਾਰ ਚੇਅਰਪਰਸਨ ਬਣਾਇਆ ਗਿਆ। ਪ੍ਰਸ਼ਾਸਨਕ ਢਾਂਚੇ ਤੇ ਸਮਾਜੀ ਨਿਆਂ ਨੂੰ ਸੱਟ ਮਾਰਨ ਵਾਲੇ ਇਸ ਦੇਸ਼-ਵਿਰੋਧੀ ਕਦਮ ਦਾ 'ਇੰਡੀਆ' ਮਜ਼ਬੂਤੀ ਨਾਲ ਵਿਰੋਧ ਕਰੇਗਾ।

ਰਾਜਦ ਆਗੂ ਤੇਜਸਵੀ ਯਾਦਵ ਨੇ ਕਿਹਾ ਹੈ—ਲੇਟਰਲ ਐਂਟਰੀ ਵਿਚ ਕਿਸੇ ਵੀ ਤਰ੍ਹਾਂ ਦੀ ਰਿਜ਼ਰਵੇਸ਼ਨ ਦੀ ਵਿਵਸਥਾ ਨਹੀਂ ਹੈ। ਜੇ ਯੂ ਪੀ ਐੱਸ ਸੀ ਇਹੀ ਭਰਤੀ ਸਿਵਲ ਪ੍ਰੀਖਿਆ ਰਾਹੀਂ ਕਰਦਾ ਤਾਂ ਉਸ ਨੂੰ ਐੱਸ ਸੀ, ਐੱਸ ਟੀ ਤੇ ਓ ਬੀ ਸੀ ਨੂੰ ਰਿਜ਼ਰਵੇਸ਼ਨ ਦੇਣੀ ਪੈਣੀ ਸੀ, ਯਾਨਿ 45 ਵਿੱਚੋਂ 22-23 ਉਮੀਦਵਾਰ ਦਲਿਤਾਂ, ਆਦਿਵਾਸੀਆਂ ਤੇ ਪੱਛੜਿਆਂ ਵਿੱਚੋਂ ਚੁਣੇ ਜਾਣੇ ਸਨ। ਦਲਿਤਾਂ, ਆਦਿਵਾਸੀਆਂ, ਪੱਛੜਿਆਂ ਤੇ ਗਰੀਬ ਆਮ ਵਰਗ ਨੂੰ ਜਾਗਣਾ ਪੈਣਾ ਹੈ। ਹਿੰਦੂਆਂ ਦੇ ਨਾਂਅ 'ਤੇ ਉਨ੍ਹਾਂ ਦੇ ਹੱਕ ਖੋਹੇ ਜਾ ਰਹੇ ਹਨ।

ਇਹ ਅਸਾਮੀਆਂ ਗ੍ਰਹਿ, ਵਿੱਤ ਤੇ ਸਟੀਲ ਮੰਤਰਾਲਿਆਂ ਲਈ ਕੱਢੀਆਂ ਗਈਆਂ ਹਨ। ਇਸ ਤੋਂ ਪਹਿਲਾਂ 2019 ਵਿਚ ਵੀ ਇੰਜ ਭਰਤੀਆਂ ਕੀਤੀਆਂ ਗਈਆਂ ਸਨ। ਜਾਇੰਟ ਸੈਕਟਰੀ ਲਈ 15 ਸਾਲ, ਡਾਇਰੈਕਟਰ ਲਈ 10 ਸਾਲ ਤੇ ਡਿਪਟੀ ਸੈਕਟਰੀ ਲਈ 7 ਸਾਲ ਦੇ ਤਜਰਬੇ ਦੀ ਸ਼ਰਤ ਹੈ। ਸਿਵਲ ਸਰਵਿਸ ਪ੍ਰੀਖਿਆ ਪਾਸ ਕਰਨ ਵਾਲਾ ਕੋਈ-ਕੋਈ ਅਫਸਰ ਹੀ ਲੰਮੇ ਸਮੇਂ ਬਾਅਦ ਜਾਇੰਟ ਸੈਕਟਰੀ ਬਣਦਾ ਹੈ। ਲੇਟਰਲ ਐਂਟਰੀ ਨਾਲ ਕੋਈ ਬਿਨਾਂ ਪ੍ਰੀਖਿਆ ਦੇ ਇਹ ਅਹੁਦਾ ਹਾਸਲ ਕਰ ਸਕਦਾ ਹੈ। ਨਿੱਜੀ ਖੇਤਰ ਦੇ ਮਾਹਰ ਇਸ ਨੂੰ ਬਿਹਤਰੀਨ ਮੌਕਾ ਸਮਝਦੇ ਹਨ।

## ਮੈਨੂੰ ਪਤੈ ਨਿਆਣੇ ਪਾਲਣੇ ਕਿੰਨੇ ਔਖੇ



**ਵਾਸ਼ਿੰਗਟਨ** : ਰਾਸ਼ਟਰਪਤੀ ਚੋਣ ਲਈ ਡੈਮੋਕ੍ਰੇਟਿਕ ਪਾਰਟੀ ਦੀ ਸ਼ਿਕਾਗੋ ਕਾਨਫਰੰਸ 'ਚ ਬਾਕਾਇਦਾ ਉਮੀਦਵਾਰ ਐਲਾਨੇ ਜਾਣ ਤੋਂ ਹਫਤਾ ਕੁ ਪਹਿਲਾਂ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਐਤਵਾਰ ਲੋਕਾਂ ਨਾਲ ਵਾਅਦਾ ਕੀਤਾ ਕਿ ਜੇ ਉਹ ਰਾਸ਼ਟਰਪਤੀ ਚੁਣੀ ਗਈ ਤਾਂ ਜ਼ਿੰਦਗੀ ਦਾ ਖਰਚ ਘਟਾਉਣ ਤੇ ਆਰਥਕ ਸੁਰੱਖਿਆ ਵਧਾਉਣ ਲਈ ਕੰਮ ਕਰੇਗੀ। ਉਹ ਸਮਝਦੀ ਹੈ ਕਿ ਮੱਧ ਵਰਗੀ ਅਮਰੀਕੀਆਂ ਨੂੰ ਬੱਚੇ ਵੱਡੇ ਕਰਨ ਤੇ ਪਰਵਾਰ ਸੰਭਾਲਣ ਲਈ ਕਿਨ੍ਹਾਂ ਹਾਲਤਾਂ ਵਿੱਚੋਂ

ਬਾਕੀ ਸਫ਼ਾ 2 'ਤੇ

# ਨਸ਼ਿਆਂ ਵਿਰੁੱਧ ਜੰਗ 'ਚ ਖਿਡਾਰੀਆਂ ਨੂੰ ਬ੍ਰਾਂਡ ਅੰਬੈਸਡਰ ਬਣਾਉਣ ਦਾ ਐਲਾਨ




**ਚੰਡੀਗੜ੍ਹ** (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੈਰਿਸ ਉਲੰਪਿਕ ਵਿੱਚ ਕਾਂਸੀ ਦਾ ਤਮਗਾ ਜਿੱਤਣ ਵਾਲੀ ਭਾਰਤੀ ਹਾਕੀ ਟੀਮ ਦੇ ਮੈਂਬਰ ਰਹੇ ਪੰਜਾਬੀ ਖਿਡਾਰੀਆਂ ਨੂੰ ਐਤਵਾਰ ਇਕ-ਇਕ ਕਰੋੜ ਰੁਪਏ ਦੇ ਨਕਦ ਇਨਾਮ ਨਾਲ ਸਨਮਾਨਤ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਇਕ ਇਤਿਹਾਸਕ ਮੌਕਾ ਹੈ, ਕਿਉਂਕਿ ਸੂਬੇ ਅਤੇ ਦੇਸ਼ ਦਾ ਨਾਂਅ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸਨਮਾਨਤ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਇਨ੍ਹਾਂ ਹਾਕੀ ਖਿਡਾਰੀਆਂ ਦੀ ਇਹ ਸ਼ਾਨਦਾਰ ਜਿੱਤ ਪੂਰੇ ਦੇਸ਼ ਲਈ ਬਹੁਤ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਹੈ। ਉਹਨਾ ਕਿਹਾ ਕਿ ਉਨ੍ਹਾ ਟੀਮ ਦਾ ਹਰ ਮੈਚ ਨਿੱਜੀ ਤੌਰ 'ਤੇ ਦੇਖਿਆ ਹੈ ਅਤੇ ਇਨ੍ਹਾਂ ਖਿਡਾਰੀਆਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਸਾਰਿਆਂ ਨੇ ਮਾਣ ਮਹਿਸੂਸ ਕੀਤਾ ਹੈ।

ਉਹਨਾ ਕਿਹਾ ਕਿ 52

ਬਾਕੀ ਸਫ਼ਾ 2 'ਤੇ

# ਫੋਗਾਟ ਦੀ ਸਨਮਾਨ ਰਾਸ਼ੀ 'ਚ 100 ਰੁਪਏ ਚੌਕੀਦਾਰ ਦੇ ਵੀ

**ਹਿਸਾਰ** : ਭਲਵਾਨ ਵਿਨੇਸ਼ ਫੋਗਾਟ ਨੂੰ ਪੈਰਿਸ ਉਲੰਪਿਕ 'ਚ ਫਾਈਨਲ 'ਚ ਪੁੱਜਣ ਦੇ ਬਾਵਜੂਦ ਭਾਵੇਂ ਕੋਈ ਤਮਗਾ ਤਾਂ ਨਹੀਂ ਮਿਲਿਆ, ਪਰ ਦੇਸ਼ ਪਰਤਣ 'ਤੇ ਲੋਕਾਂ ਨੇ ਮਣਾਂ-ਮੂੰਹੀਂ ਪਿਆਰ ਦਿੱਤਾ। ਉਹ ਸ਼ਨੀਵਾਰ ਪੈਰਿਸ ਤੋਂ ਪਰਤਣ ਦੇ ਬਾਅਦ ਦਿੱਲੀ ਹਵਾਈ ਅੱਡੇ ਤੋਂ ਅੱਧੀ ਰਾਤ ਚਰਖੀ ਦਾਦਰੀ ਜ਼ਿਲ੍ਹੇ ਦੇ ਆਪਣੇ ਜੱਦੀ ਪਿੰਡ ਬਲਾਲੀ ਪਹੁੰਚੀ। ਉਹ ਇੰਨੀ ਜ਼ਿਆਦਾ ਥੱਕ ਚੁੱਕੀ ਸੀ ਕਿ ਉਹ ਉਸ ਦਾ ਸਨਮਾਨ ਕਰਨ ਲਈ ਲਗਾਈ ਗਈ ਸਟੇਜ 'ਤੇ ਹੀ ਸੌਂ ਗਈ। ਉਸ ਨੇ ਹਵਾਈ ਅੱਡੇ ਤੋਂ ਪਿੰਡ ਤੱਕ ਦਾ ਲੱਗਭੱਗ 125 ਕਿਲੋਮੀਟਰ ਦਾ ਸਫਰ 13 ਘੰਟਿਆਂ 'ਚ ਤੈਅ ਕੀਤਾ। ਕਰੀਬ ਸੌ ਥਾਵਾਂ 'ਤੇ ਉਸ ਦਾ ਸਨਮਾਨ ਕੀਤਾ ਗਿਆ। ਪਿੰਡ ਦੇ ਚੌਕੀਦਾਰ ਦੇ 100 ਰੁਪਏ ਤੋਂ ਲੈ ਕੇ ਫੌਜੀ ਭਾਈਚਾਰੇ ਦੇ 21 ਹਜ਼ਾਰ ਰੁਪਏ ਸਨਮਾਨ ਰਾਸ਼ੀ ਵਿਚ ਸ਼ਾਮਲ ਸਨ। ਰਾਤ-ਭਰ ਲੋਕ ਦਾਨ ਕਰਦੇ ਰਹੇ। ਪਿੰਡ ਦੀ ਸਰਪੰਚ ਗੀਤਿਕਾ ਸਾਂਗਵਾਨ ਖੁਦ ਫੋਗਾਟ ਦਾ ਸਨਮਾਨ ਨਹੀਂ ਕਰ ਸਕੀ ਤੇ ਆਪਣੇ ਪਤੀ ਨੂੰ ਇਹ ਕਹਿ ਕੇ ਸਨਮਾਨ ਕਰਨ ਲਈ ਘੱਲਿਆ ਕਿ ਫੋਗਾਟ ਦੇ ਆਸ਼ੀਰਵਾਦ ਨਾਲ ਇਕ ਕੱਪੜਾ ਉਸ ਦੇ ਹੱਥ ਨਾਲ ਛੁਆ ਕੇ ਲਿਆਵੀਂ। ਮੈਂ ਨਵਜੰਮੇ ਬੱਚੇ ਨੂੰ ਉਹ ਪੁਆਉਣਾ ਤਾਂ ਕਿ ਉਸ ਵਿਚ ਉਸ ਵਰਗਾ ਜਿਗਰਾ ਪੈਦਾ ਹੋਵੇ।

ਫੋਗਾਟ ਨੇ ਇਸ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਖਿਲਾਫ ਉਸ ਦੀ ਲੜਾਈ ਜਾਰੀ ਰਹੇਗੀ ਅਤੇ ਉਮੀਦ ਹੈ ਕਿ ਸੱਚਾਈ ਦੀ ਜਿੱਤ ਹੋਵੇਗੀ। ਉਸ ਨੇ ਇਹ ਗੱਲ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਤੇ ਸਾਬਕਾ ਭਾਜਪਾ ਸਾਂਸਦ ਬ੍ਰਿਜ ਭੂਸ਼ਣ ਸ਼ਰਣ ਸਿੰਘ ਵੱਲੋਂ ਕਥਿਤ ਤੌਰ 'ਤੇ ਮਹਿਲਾ ਭਲਵਾਨਾਂ ਦੇ ਜਿਨਸੀ ਸ਼ੋਸ਼ਣ ਦੇ ਮਾਮਲੇ 'ਤੇ ਚੱਲੇ ਅੰਦੋਲਨ ਦੇ ਸੰਦਰਭ ਵਿਚ ਕਹੀ।

## ਡਾਕਟਰ ਕਾਂਡ ਦਾ ਸੁਪਰੀਮ ਕੋਰਟ ਨੇ ਖੁਦ ਨੋਟਿਸ ਲਿਆ, ਭਲਕੇ ਸੁਣਵਾਈ ਕਰੇਗੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਕੋਲਕਾਤਾ ਦੇ ਆਰ ਜੀ ਕਾਰ ਮੈਡੀਕਲ ਕਾਲਜ ਤੇ ਹਸਪਤਾਲ 'ਚ ਸਿੱਖਿਆਰਥੀ ਡਾਕਟਰ ਨਾਲ ਕਥਿਤ ਬਲਾਤਕਾਰ ਅਤੇ ਹੱਤਿਆ ਦੇ ਮਾਮਲੇ ਦਾ ਖੁਦ ਨੋਟਿਸ ਲਿਆ ਹੈ।

ਸੁਪਰੀਮ ਕੋਰਟ ਦੀ ਵੈੱਬਸਾਈਟ 'ਤੇ ਅਪਲੋਡ ਕੀਤੀ ਗਈ 20 ਅਗਸਤ ਦੀ ਸੂਚੀ ਅਨੁਸਾਰ ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲਾ ਬੈਂਚ ਮੰਗਲਵਾਰ ਨੂੰ ਇਸ ਮਾਮਲੇ ਦੀ ਸੁਣਵਾਈ ਕਰੇਗਾ। ਕੋਲਕਾਤਾ ਹਾਈ ਕੋਰਟ ਨੇ ਹਾਲ ਹੀ 'ਚ ਕੋਲਕਾਤਾ ਪੁਲਸ ਤੋਂ ਇਸ ਦੀ ਜਾਂਚ ਸੀ ਬੀ ਆਈ ਨੂੰ ਸੌਂਪ ਦਿੱਤੀ ਸੀ।

## 188 ਹਿੰਦੂ ਸ਼ਰਨਾਰਥੀਆਂ ਨੂੰ ਨਾਗਰਿਕਤਾ ਸਰਟੀਫਿਕੇਟ

**ਅਹਿਮਦਾਬਾਦ** : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਤਵਾਰ ਕਿਹਾ ਕਿ ਕਾਂਗਰਸ ਅਤੇ ਉਸ ਦੇ ਸਹਿਯੋਗੀਆਂ ਦੀ ਅਗਵਾਈ ਵਾਲੀਆਂ ਪਿਛਲੀ ਸਰਕਾਰਾਂ ਨੇ ਤੁਸ਼ਟੀਕਰਨ ਨੀਤੀ ਕਾਰਨ ਦੇਸ਼ 'ਚ ਵੱਡੀ ਗਿਣਤੀ 'ਚ ਸ਼ਰਨਾਰਥੀਆਂ ਨੂੰ ਨਾਗਰਿਕਤਾ ਦੇ ਅਧਿਕਾਰਾਂ ਤੋਂ ਵਾਂਝੇ ਰੱਖਿਆ। ਇੱਥੇ ਗੁਜਰਾਤ 'ਚ 188 ਹਿੰਦੂ ਸ਼ਰਨਾਰਥੀਆਂ ਨੂੰ ਨਾਗਰਿਕਤਾ ਸਰਟੀਫਿਕੇਟ ਸੌਂਪਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਸ਼ਾਹ ਨੇ ਕਿਹਾ ਕਿ ਨਾਗਰਿਕਤਾ ਸੋਧ ਕਾਨੂੰਨ ਲੱਖਾਂ ਸ਼ਰਨਾਰਥੀਆਂ ਨੂੰ ਅਧਿਕਾਰ ਅਤੇ ਨਿਆਂ ਦੇਣ ਬਾਰੇ ਹੈ। ਉਨ੍ਹਾ ਮੁਸਲਮਾਨਾਂ ਨੂੰ ਇਹ ਵੀ ਭਰੋਸਾ ਦਿਵਾਇਆ ਕਿ ਕਾਨੂੰਨ 'ਚ ਕਿਸੇ ਦੀ ਨਾਗਰਿਕਤਾ ਖੋਹਣ ਦੀ ਕੋਈ ਵਿਵਸਥਾ ਨਹੀਂ, ਕਿਉਂਕਿ ਇਹ ਨਾਗਰਿਕਤਾ ਦੇਣ ਬਾਰੇ ਹੈ।




# ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਹੀ ਕਾਮਰੇਡ ਨਿਹਾਲ ਸਿੰਘ ਨੂੰ ਸੱਚੀ ਸ਼ਰਧਾਂਜਲੀ : ਅਰਸ਼ੀ/ਬਲਕਰਨ ਬਰਾੜ



**ਮਾਨਸਾ** (ਆਤਮਾ ਸਿੰਘ ਪਮਾਰ)

ਸੀ ਪੀ ਆਈ ਤੇ ਕੁਲ ਹਿੰਦ ਕਿਸਾਨ ਸਭਾ ਦੇ ਸਿਰਮੌਰ ਆਗੂ ਕਾਮਰੇਡ ਨਿਹਾਲ ਸਿੰਘ ਮਾਨਸਾ ਦੀ ਅੰਤਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਦੌਰਾਨ ਵੱਖ-ਵੱਖ ਰਾਜਸੀ, ਸਮਾਜਿਕ ਤੇ ਜਨਤਕ ਆਗੂਆਂ ਨੇ ਉਨ੍ਹਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਤੇ ਕੁਲ ਹਿੰਦ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਬਲਕਰਨ ਸਿੰਘ ਬਰਾੜ ਨੇ ਕਿਹਾ ਕਿ ਸਾਦਾ, ਇਮਾਨਦਾਰ ਤੇ ਸੰਘਰਸ਼ਸ਼ੀਲ ਸ਼ਖ਼ਸੀਅਤ ਹਮੇਸ਼ਾ ਹੀ ਸਮਾਜਕ ਤੇ ਆਰਥਕ ਬਰਾਬਰੀ ਤੇ ਲੁੱਟ-ਖਸੁੱਟ ਰਹਿਤ ਸਮਾਜ ਸਿਰਜਣ ਲਈ ਜੀਵਨ ਭਰ ਯਤਨਸ਼ੀਲ ਰਹੀ ਤੇ ਆਪਣਾ ਪੂਰਾ ਜੀਵਨ ਕਿਰਤੀਆਂ, ਕਿਸਾਨਾਂ ਤੇ ਲਾਲ ਝੰਡੇ ਨੂੰ ਸਮਰਪਤ ਕੀਤਾ। ਆਗੂਆਂ ਨੇ ਕਿਹਾ ਕਾਮਰੇਡ ਨਿਹਾਲ ਸਿੰਘ ਮਾਨਸਾ ਦੀ ਵਿਚਾਰਧਾਰਾ

ਬਾਕੀ ਸਫ਼ਾ 2 'ਤੇ

# ਅੱਜ-ਨਾਮਾ

ਦੇਸ਼ ਜਦ ਆਈ ਤਾਂ ਛਾਈ ਵਿਨੇਸ਼ ਫੋਗਟ,
ਲੋਕਾਂ ਦਿੱਤਾ ਫਿਰ ਅਜਬ ਸਤਿਕਾਰ ਭਾਈ।
ਜੰਗ ਜਿੱਤ ਕੇ ਆਉਂਦਾ ਕੋਈ ਜਿਵੇਂ ਯੋਧਾ,
ਮਿਲਿਆ ਸਿਖਰਾਂ ਦਾ ਉਹੀ ਪਿਆਰ ਭਾਈ।
ਆਖਰੀ ਖੇਡ ਤੋਂ ਪਹਿਲਾਂ ਕੋਈ ਖੇਡ ਹੋਈ,
ਖੇਡਣ ਬਿਨਾਂ ਗਈ ਕੁੜੀ ਉਹ ਹਾਰ ਭਾਈ।
ਸਾਰੇ ਲੋਕੀਂ ਸਵਾਗਤ ਲਈ ਜਦੋਂ ਆ ਗਏ,
ਕਿਤੇ ਨਾ ਰੜਕੀ ਸੀ ਓਦੋਂ ਸਰਕਾਰ ਭਾਈ।
ਸਵਾਗਤ ਜਿੱਦਾਂ ਦਾ ਕੁੜੀ ਦਾ ਗਿਆ ਕੀਤਾ,
ਨਹੀਂ ਸੀ ਸ਼ਰੀਕਾਂ ਨੂੰ ਏਸ ਦੀ ਆਸ ਭਾਈ।
ਖੁਸ਼ੀ ਵਿੱਚ ਹੰਝੂ ਸੀ ਕੁੜੀ ਦੇ ਵਹਿਣ ਲੱਗੇ,
ਲੱਗੀ ਫਿਰ ਹੋਣ ਭਵਿੱਖ ਲਈ ਆਸ ਭਾਈ।

-ਤੀਸ ਮਾਰ ਖਾਂ

## ਚੰਪਈ ਦੇ ਮਨ ਦੀ ਗੱਲ ਬਾਹਰ



**ਨਵੀਂ ਦਿੱਲੀ** : ਝਾਰਖੰਡ ਮੁਕਤੀ ਮੋਰਚਾ ਦੇ ਸੀਨੀਅਰ ਆਗੂ ਅਤੇ ਸਾਬਕਾ ਮੁੱਖ ਮੰਤਰੀ ਚੰਪਈ ਸੋਰੇਨ ਭਾਜਪਾ ਵਿਚ ਸ਼ਾਮਲ ਹੋਣ ਦੇ ਚਰਚਿਆਂ ਦਰਮਿਆਨ ਐਤਵਾਰ ਨਵੀਂ ਦਿੱਲੀ ਪੁੱਜੇ। ਉਨ੍ਹਾ ਪੱਤਰਕਾਰਾਂ ਨੂੰ ਕਿਹਾ ਕਿ ਉਹ ਕਿਸੇ ਵੀ ਭਾਜਪਾ ਨੇਤਾ ਨੂੰ ਨਹੀਂ ਮਿਲੇ ਅਤੇ ਨਿੱਜੀ ਦੌਰੇ 'ਤੇ ਦਿੱਲੀ ਆਏ ਹਨ, ਪਰ ਇਸ ਦੇ ਨਾਲ ਹੀ ਉਨ੍ਹਾ ਸ਼ਾਮ ਨੂੰ ਸੋਸ਼ਲ ਮੀਡੀਆ 'ਤੇ ਇਕ ਪੋਸਟ ਪਾ ਕੇ ਸਪੱਸ਼ਟ ਸੰਕੇਤ ਦੇ ਦਿੱਤਾ ਕਿ ਉਹ ਹੁਣ ਵੱਖਰਾ ਰਾਹ ਅਪਣਾਉਣ ਵਾਲੇ ਹਨ। ਉਨ੍ਹਾ ਕਿਹਾ ਕਿ ਹੇਮੰਤ ਸੋਰੇਨ ਦੇ ਜੇਲ੍ਹ ਵਿੱਚੋਂ ਬਾਹਰ ਆਉਣ ਤੋਂ ਬਾਅਦ ਉਨ੍ਹਾ ਨੂੰ ਜ਼ਲੀਲ ਕਰਕੇ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾਇਆ ਗਿਆ।

ਬਾਕੀ ਸਫ਼ਾ 2 'ਤੇ

## ਸ੍ਰੀ ਰਾਮ ਸਕੂਲ ਕੱਕੜਵਾਲ ਵਿਖੇ ਅਜ਼ਾਦੀ ਦਿਹਾੜਾ ਮਨਾਇਆ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸ੍ਰੀ ਰਾਮ ਇੰਟਰਨੈਸ਼ਨਲ ਸਕੂਲ ਕੱਕੜਵਾਲ ਦੇ ਵਿਦਿਆਰਥੀਆਂ ਵੱਲੋਂ ਸੁਤੰਤਰਤਾ ਦਿਵਸ ਬਹੁਤ ਧੂਮਧਾਮ ਨਾਲ ਮਨਾਇਆ ਗਿਆ।ਇਸ ਸਮੇਂ ਵਿਦਿਆਰਥੀਆਂ ਵੱਲੋਂ ਭਾਸ਼ਣ ਰਾਹੀਂ ਇਸ ਦਿਨ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤ ਗਾਏ ਗਏ ਤੇ ਭੰਗੜਾ ਪੇਸ਼ ਕੀਤਾ ਗਿਆ।ਪ੍ਰਿੰਸੀਪਲ ਸ੍ਰੀਮਤੀ ਤਜਿੰਦਰ ਕੌਰ ਸੇਖੋਂ ਵੱਲੋਂ ਝੰਡਾ ਲਹਿਰਾਉਣ ਦੀ ਰਸਮ ਕੀਤੀ ਗਈ।ਇਸ ਮੌਕੇ ਬੋਰਡ ਆਫ ਡਾਇਰੈਕਟਰ ਮੈਂਬਰ, ਵਾਈਸ ਪ੍ਰਿੰਸੀਪਲ ਸੁਰੇਸ਼ ਗਰਗ, ਸਾਰੇ ਅਧਿਆਪਕ ਤੇ ਵਿਦਿਆਰਥੀ ਮੌਜੂਦ ਸਨ।

## ਪੰਜਾਬ 'ਚ ਸਰਕਾਰ ਨਾਂਅ ਦੀ ਕੋਈ ਚੀਜ਼ ਨਹੀਂ : ਸੁਖਬੀਰ ਬਾਦਲ



**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**-ਹਲਕਾ ਗਿੱਦੜਬਾਹਾ ਵਿਚ ਜ਼ਿਮਨੀ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੰਪੇਨ ਸ਼ੁਰੂ ਕਰ ਦਿੱਤੀ ਗਈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਗਿੱਦੜਬਾਹਾ ਦੇ ਪਿੰਡਾਂ ਵਿਚ ਵਰਕਰ ਮੀਟਿੰਗ ਕੀਤੀ, ਜਿੱਥੇ ਸੁਖਬੀਰ ਸਿੰਘ ਬਾਦਲ ਨੇ ਲੋਕਾਂ ਦੀਆਂ ਦੁੱਖਾਂ ਤਕਲੀਫ਼ਾਂ ਸੁਣੀਆਂ ਤੇ ਨਾਲ ਹੀ ਕਹਿ ਦਿੱਤਾ ਕਿ ਅਕਾਲੀ ਸਰਕਾਰ ਵੇਲੇ ਕਬੱਡੀ ਖੇਡ ਨੂੰ ਲੈ ਕੇ ਲਾਹੌਰ ਵਾਲਿਆਂ ਨੂੰ ਕਿਹਾ ਕਿ ਤੁਸੀਂ ਇੱਥੇ ਅਕਾਲੀ ਦਲ ਬਣਾ ਲਓ, ਅਸੀਂ ਇੱਥੇ ਤੁਹਾਨੂੰ ਜਿੱਤਵਾ ਦੇਵਾਂਗੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੇਅਦਬੀਆਂ ਨੂੰ ਲੈ ਕੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕੀ ਪੰਜਾਬ ਵਿੱਚ ਕਾਨੂੰਨ ਨਾਮ ਦੀ ਕੋਈ ਚੀਜ਼ ਨਹੀਂ ਤੇ ਕਾਨੂੰਨ ਤੋਂ ਕਿਸੇ ਨੂੰ ਕੋਈ ਡਰ ਨਹੀਂ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਪੰਜਾਬ ਦਾ ਬੁਰਾ ਹਾਲ ਕਰ ਦਿੱਤਾ ਹੈ। ਗਿੱਦੜਬਾਹਾ ਜ਼ਿਮਨੀ ਚੋਣਾਂ ਨੂੰ ਲੈ ਕੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਇਸ ਵਾਰ ਹਲਕਾ ਗਿੱਦੜਬਾਹਾ ਤੋਂ ਸਰਕਾਰ ਦੀ ਸ਼ੁਰੂਆਤ ਹੁੰਦੀ ਹੈ।

## ਜੇ ਐੱਮ ਐੱਸ ਇਮੀਗ੍ਰੇਸ਼ਨ ਨੇ ਲਵਾਇਆ ਕੈਨੇਡਾ ਦਾ ਵਿਜ਼ਿਟਰ ਵੀਜ਼ਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਸ਼ਹਿਰ ਦੀ ਮੰਨੀ ਪ੍ਰਮੰਨੀ ਸੰਸਥਾ ਜੇ.ਐੱਮ.ਐੱਸ. ਇਮੀਗ੍ਰੇਸ਼ਨ ਜੋ ਕਿ ਰਫਿਊਜ਼ ਕੇਸਾਂ ਨੂੰ ਹੱਲ ਕਰਨ ਵਿੱਚ ਮਾਹਰ ਹੈ, ਵੱਲੋਂ ਬਹੁਤ ਹੀ ਘੱਟ ਉਮਰ ਵਾਲੇ ਬੱਚਿਆਂ ਦਾ ਵਿਦੇਸ਼ਾਂ ਵਿੱਚ ਜਾਣ ਦਾ ਸੁਪਨਾ ਵੀ ਬੜੀ ਜਲਦੀ ਪੂਰਾ ਕੀਤਾ ਜਾ ਰਿਹਾ ਹੈ।ਕਾਮਯਾਬੀ ਦੀ ਇਸ ਲੜੀ ਨੂੰ ਜਾਰੀ ਰੱਖਦਿਆਂ ਸੰਸਥਾਂ ਵੱਲੋਂ ਅਨਮੋਲਪ੍ਰੀਤ ਕੌਰ ਤੇ ਉਨ੍ਹਾਂ ਦੇ ਪਿਤਾ ਭਗਵੰਤ ਸਿੰਘ ਵਾਸੀ ਰਾਉਕੇ ਕਲਾਂ ਜ਼ਿਲ੍ਹਾ ਮੋਗਾ ਦਾ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤਾ ਗਿਆ ਹੈ।ਅਨਮੋਲਪ੍ਰੀਤ ਕੌਰ ਤੇ ਉਨ੍ਹਾਂ ਦੇ ਪਿਤਾ ਭਗਵੰਤ ਸਿੰਘ ਨੇ ਆਪਣੀ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਉਸ ਨੂੰ ਬਹੁਤ ਹੀ ਜਲਦ ਜੇ.ਐੱਮ.ਐੱਸ. ਸੰਸਥਾ ਵੱਲੋਂ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਪ੍ਰਾਪਤ ਹੋਇਆ ਹੈ।ਜੇਕਰ ਤੁਸੀਂ ਵੀ ਆਪਣੇ ਵਿਦੇਸ਼ਾਂ ਵਿੱਚ ਘੁੰਮਣ ਜਾਣ ਦੇ ਸੁਪਨਿਆਂ ਨੂੰ ਉੱਚੀ ਉਡਾਣ ਦੇਣਾ ਚਾਹੁੰਦੇ ਹੋ ਤਾਂ ਇੱਕ ਵਾਰ ਸੰਸਥਾ ਵਿਖੇ ਪਹੁੰਚ ਕੇ ਆਪਣੇ ਦਸਤਾਵੇਜ਼ ਜ਼ਰੂਰ ਸਾਂਝੇ ਕਰੋ।ਸੰਸਥਾ ਦੇ ਡਾਇਰੈਕਟਰ ਹਰਲਾਲ ਸਿੰਘ ਮਾਨ ਨੇ ਵੀਜ਼ਾ ਚਾਹਵਾਨਾਂ ਨੂੰ ਵੀਜ਼ਾ ਸੌਂਪਦਿਆਂ ਵਧਾਈ ਦਿੱਤੀ।

## ਬਿਰਧ ਆਸ਼ਰਮ ਵਿਖੇ ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ



**ਬੁਢਲਾਡਾ (ਅਸ਼ੋਕ ਲਾਕੜਾ)**-ਬਿਰਧ ਆਸ਼ਰਮ ਵਿਖੇ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ।ਇਸ ਮੌਕੇ ਵਾਰਡ ਦੇ ਐੱਮ ਸੀ ਸੁਖਵਿੰਦਰ ਕੌਰ ਸੁੱਖੀ, ਮਨਿੰਦਰ ਕੌਰ, ਗੁਰਪ੍ਰੀਤ ਕੌਰ, ਸੁਖਵੀਰ ਕੌਰ ਮੈਡਮ, ਗੁਰਪ੍ਰੀਤ ਕੌਰ ਐੱਮ ਸੀ, ਲਖਵਿੰਦਰ ਕੌਰ ਸਿੱਧੂ, ਬਲਜੀਤ ਕੌਰ ਕੇਵਲ ਐੱਮ ਸੀ, ਪਰਮਜੀਤ ਕੌਰ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਡੀ ਨੌਜਵਾਨ ਪੀੜ੍ਹੀ ਪੰਜਾਬੀ ਵਿਰਸੇ ਤੇ ਪੰਜਾਬ ਦੇ ਸਾਂਝੇ ਤਿਉਹਾਰਾਂ ਨੂੰ ਭੁੱਲ ਕੇ ਬਾਹਰਲੇ ਦੇਸ਼ਾਂ ਦੇ ਤਿਉਹਾਰਾਂ ਨੂੰ ਅਹਿਮੀਅਤ ਦਿੰਦੇ ਹਨ, ਜੋ ਕਿ ਮਾੜੀ ਗੱਲ ਹੈ। ਸਾਨੂੰ ਆਪਣੇ ਸੱਭਿਆਚਾਰ ਨੂੰ ਬਚਾਉਣ ਲਈ ਆਪਣੇ ਬੱਚਿਆਂ ਨੂੰ ਅਜਿਹੇ ਤਿਉਹਾਰਾਂ ਬਾਰੇ ਜਾਣਕਾਰੀ ਦੇਣੀ ਚਾਹੀਦੀ ਹੈ ਤਾਂ ਜੋ ਅਸੀਂ ਆਪਣੇ ਸੱਭਿਆਚਾਰ ਨੂੰ ਬਚਾ ਸਕੀਏ।ਤੀਆਂ ਦੇ ਮੇਲੇ 'ਚ ਮੁੱਖ ਮਹਿਮਾਨ ਨੀਲਮ ਮੈਡਮ ਦਰਪਣ ਸਲੂਨ ਤੇ ਏਕਤਾ ਕਪੂਰ ਸ਼ਾਮਲ ਹੋਏ। ਉਨ੍ਹਾਂ ਤੀਆਂ ਦੇ ਮਹੱਤਵ ਬਾਰੇ ਵਿਸਤਾਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇੱਥੇ ਹਰ ਉਮਰ ਦੀ ਔਰਤ ਤੇ ਲੜਕੀਆਂ ਨੇ ਇਸ ਸਾਉਣ ਦੇ ਹੁਲਾਰੇ ਵਿੱਚ ਨੱਚ ਟੱਪ ਕੇ ਭਰਪੂਰ ਮਨੋਰੰਜਨ ਕੀਤਾ। ਉਨ੍ਹਾ ਕਿਹਾ ਕਿ ਇਹੋ ਜਿਹੇ ਪ੍ਰੋਗਰਾਮ ਕਰਾਉਣਾ ਸਮੇਂ ਦੀ ਮੁੱਖ ਲੋੜ ਹੈ।

## ਮੀਆਂਪੁਰ 'ਚ ਤੀਆਂ ਮਨਾਈਆਂ



**ਰਾਜਪੁਰਾ (ਰਮੇਸ਼ ਕਟਾਰੀਆ)**-ਇਥੋਂ 10 ਕਿਲੋਮੀਟਰ ਦੂਰ ਪਿੰਡ ਮੀਆਂਪੁਰ ਵਿਖੇ ਪਿੰਡ ਦੀਆਂ ਕੁੜੀਆਂ/ਮੁਟਿਆਰਾਂ ਵੱਲੋਂ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ।ਇਹ ਜਾਣਕਾਰੀ ਦਿੰਦਿਆਂ ਪਰਵਿੰਦਰ ਸਿੰਘ ਨੇ ਦੱਸਿਆ ਕਿ ਅੱਜਕੱਲ੍ਹ ਇਹ ਤਿਉਹਾਰ ਅਲੋਪ ਹੁੰਦੇ ਜਾ ਰਹੇ ਹਨ, ਕਿਉਂਕਿ ਅੱਜ ਦੇ ਬੱਚੇ ਪੱਛਮੀ ਸੱਭਿਅਤਾ ਦੇ ਪਰਛਾਵੇਂ ਹੇਠ ਆਪਣਾ ਜੀਵਨ ਬਤੀਤ ਕਰ ਰਹੇ ਹਨ।ਇਨ੍ਹਾਂ ਤਿਉਹਾਰਾਂ ਦੇ ਮਨਾਉਣ ਨਾਲ ਜਿੱਥੇ ਅਸੀਂ ਸੱਭਿਅਤਾ ਨਾਲ ਜੁੜੇ ਰਹਿੰਦੇ ਹਾਂ ਅਤੇ ਸਾਡੀ ਸਿਹਤ ਵੀ ਤੰਦਰੁਸਤ ਰਹਿੰਦੀ ਹੈ।ਇਸ ਮੌਕੇ ਪਿੰਡ ਦੇ ਲੰਬੜਦਾਰ ਗੁਰਪ੍ਰੀਤ ਸਿੰਘ ਨੂੰ ਸਨਮਾਨਤ ਕੀਤਾ ਗਿਆ।

## ਸਕੇਟਿੰਗ ਮੈਚ 'ਚ ਸਟੀਫਨ ਇੰਟਰਨੈਸ਼ਨਲ ਸਕੂਲ ਚਮਕਿਆ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਹੁਨਰ ਤੇ ਦ੍ਰਿੜ੍ਹ ਇਰਾਦੇ ਦੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਵਿੱਚ, ਜੀ ਸੀ ਐੱਮ ਕਾਨਵੈਂਟ ਸਕੂਲ ਵਿੱਚ ਹੋਏ ਸਕੇਟਿੰਗ ਮੈਚ ਵਿੱਚ ਸਟੀਫਨ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀ ਜੇਤੂ ਰਹੇ।ਪ੍ਰਤਿਭਾਸ਼ਾਲੀ ਟੀਮ ਨੇ 8 ਸੋਨ ਤਮਗੇ, 6 ਚਾਂਦੀ ਦੇ ਤਮਗੇ ਤੇ 1 ਕਾਂਸੀ ਦਾ ਤਮਗਾ ਜਿੱਤ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਕੂਲ ਦੇ ਚੇਅਰਮੈਨ ਦੀਪਕ ਗੁਪਤਾ ਤੇ ਡਾਇਰੈਕਟਰ ਪ੍ਰਿੰਸੀਪਲ ਮੋਨਿਕਾ ਸ਼ਰਮਾ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਕੋਚ ਸ਼ਿਵ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ। ਸ੍ਰੀਮਤੀ ਮੋਨਿਕਾ ਸ਼ਰਮਾ ਨੇ ਕਿਹਾ ਕਿ ਇਹ ਜਿੱਤ ਵਿਦਿਆਰਥੀਆਂ ਦੇ ਅਣਥੱਕ ਯਤਨਾਂ ਤੇ ਉਨ੍ਹਾਂ ਦੇ ਕੋਚ ਦੇ ਮਾਰਗਦਰਸ਼ਨ ਦਾ ਨਤੀਜਾ ਹੈ।ਅਸੀਂ ਭਵਿੱਖ ਵਿੱਚ ਉਨ੍ਹਾਂ ਦੀ ਨਿਰੰਤਰ ਸਫਲਤਾ ਨੂੰ ਦੇਖਣ ਲਈ ਉਤਸੁਕ ਹਾਂ। ਸ੍ਰੀ ਦੀਪਕ ਗੁਪਤਾ ਨੇ ਟੀਮ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਸਾਨੂੰ ਆਪਣੇ ਵਿਦਿਆਰਥੀਆਂ ਦੀ ਪ੍ਰਾਪਤੀ 'ਤੇ ਬਹੁਤ ਮਾਣ ਹੈ।

## ਪਾਥਵੇਜ਼ ਗਲੋਬਲ ਸਕੂਲ 'ਚ ਰੱਖੜੀ ਮੇਕਿੰਗ ਮੁਕਾਬਲੇ ਕਰਾਏ



**ਕੋਟ ਈਸੇ ਖਾਂ (ਅਰੋੜਾ)**-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਵਿਖੇ ਰੱਖੜੀ ਦੇ ਤਿਉਹਾਰ ਨਾਲ ਸੰਬੰਧਤ ਰੱਖੜੀ ਤੇ ਕਾਰਡ ਮੇਕਿੰਗ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਨਰਸਰੀ ਕਲਾਸ ਤੋਂ ਲੈ ਕੇ ਬਾਰਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।ਛੋਟੇ ਤੇ ਵੱਡੇ ਬੱਚਿਆਂ ਨੇ ਬਹੁਤ ਹੀ ਦਿਲ ਖਿੱਚਵੇਂ ਕਾਰਡ, ਮਾਡਲ ਤੇ ਵੇਸਟ ਚੀਜ਼ਾਂ ਤੋਂ ਰੱਖੜੀਆਂ ਬਣਾ ਕੇ ਸ਼ਾਨਦਾਰ ਕਲਾ ਦਾ ਪ੍ਰਦਰਸ਼ਨ ਕੀਤਾ।ਪ੍ਰਿੰਸੀਪਲ ਨੇ ਦੱਸਿਆ ਕਿ ਰੱਖੜੀ ਦਾ ਤਿਉਹਾਰ ਭੈਣ ਤੇ ਭਰਾ ਦੇ ਮਜ਼ਬੂਤ ਰਿਸ਼ਤੇਦਾਰ ਦਾ ਪ੍ਰਤੀਕ ਹੈ।ਇਸ ਦਿਨ ਕੁੜੀਆਂ ਨੇ ਵੇਸਟ ਚੀਜ਼ਾਂ ਤੋਂ ਰੱਖੜੀਆਂ ਬਣਾ ਕੇ ਮੁੰਡਿਆਂ ਦੇ ਗੁੱਟਾਂ 'ਤੇ ਬੰਨ੍ਹੀਆਂ ਤੇ ਮੁੰਡਿਆਂ ਨੇ ਵੇਸਟ ਚੀਜ਼ਾਂ ਤੋਂ ਖੂਬਸੂਰਤ ਤੋਹਫੇ ਬਣਾ ਕੇ ਕੁੜੀਆਂ ਨੂੰ ਪੇਸ਼ ਕੀਤੇ।ਇਸ ਮੌਕੇ ਸਕੂਲ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ, ਸਿਮਰਨਜੀਤ ਸਿੰਘ ਸਿੱਧੂ ਤੇ ਪ੍ਰਿੰਸੀਪਲ ਡਾਕਟਰ ਪੰਕਜ ਧਮੀਜਾ ਨੇ ਸਾਰੇ ਵਿਦਿਆਰਥੀਆਂ ਨੂੰ ਰੱਖੜੀ ਦੇ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ।

# ਵਿਕਾਸ ਨਾ ਹੋਣ ਨੂੰ ਲੈ ਕੇ ਫੌਜੀ ਨੇ ਪ੍ਰਸ਼ਾਸਨ ਖਿਲਾਫ ਕੱਢੀ ਭੜਾਸ



**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਦੇ ਬੀਬੜੀਆਂ ਵਾਲੇ ਮੰਦਰ ਨਜ਼ਦੀਕ ਕੁਲਰੀਆਂ ਰੋਡ ਤੇ ਧਰਮਪੁਰਾ ਰੋਡ 'ਤੇ ਬਣੇ ਰਸਤੇ ਦੀ ਹਾਲਤ ਤਰਸਯੋਗ ਬਣੀ ਹੋਈ ਹੈ।ਜਿੱਥੇ ਪਈ ਬਾਰਿਸ਼ ਤੋਂ ਬਾਅਦ ਹੋਏ ਚਿੱਕੜ ਤੇ ਹੋ ਰਹੇ ਸੀਵਰੇਜ ਦੇ ਓਵਰਫਲੋਅ ਨੂੰ ਲੈ ਕੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸੇ ਪ੍ਰੇਸ਼ਾਨੀ ਨੂੰ ਲੈ ਕੇ ਰਾਮਜੀਤ ਸਿੰਘ ਫੌਜੀ ਵੱਲੋਂ ਗੰਦੇ ਪਾਣੀ ਦਾ ਜੱਗ ਲੈ ਕੇ ਨਗਰ ਕੌਂਸਲ ਬਰੇਟਾ ਦੇ ਦਫਤਰ ਵਿਖੇ ਪ੍ਰਸ਼ਾਸਨ ਖਿਲਾਫ ਰੋਸ ਪ੍ਰਗਟ ਕੀਤਾ ਗਿਆ।ਇਸ ਸਬੰਧੀ ਰੋਸ ਪ੍ਰਗਟ ਕਰਦੇ ਹੋਏ ਰਾਮਜੀਤ ਸਿੰਘ ਨੇ ਕਿਹਾ ਕਿ ਬਰੇਟਾ ਪਿੰਡ ਦੇ ਹਾਲਾਤ ਇਲਾਕੇ ਵਿੱਚ ਆਏ ਹੜ੍ਹਾਂ ਤੋਂ ਵੀ ਮਾੜੇ ਹੋਏ ਪਏ ਹਨ, ਕਿਸੇ ਵੀ ਪਾਸਿਓਂ ਬਰੇਟੇ ਪਿੰਡ ਵਿੱਚ ਦੀ ਨਿਕਲਣ ਨੂੰ ਥਾਂ ਨਹੀਂ ਬਚਦੀ ਹੈ।ਹਰ ਥਾਂ ਚਿੱਕੜ, ਸੀਵਰੇਜ ਦੀ ਸਮੱਸਿਆ ਨਜ਼ਰ ਆ ਰਹੀ ਹੈ।ਉਨ੍ਹਾ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਦਾ ਹੱਲ ਨਾ ਹੋਣ ਕਾਰਨ ਲੋਕ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਹਨ।ਅਨੇਕਾਂ ਵਾਰ ਇਸ ਸਮੱਸਿਆ ਬਾਰੇ ਹਲਕੇ ਦੇ ਵਿਧਾਇਕ ਤੇ ਨਗਰ ਕੌਂਸਲ ਨੂੰ ਜਾਣੂ ਕਰਵਾ ਚੁੱਕੇ ਹਾਂ, ਪਰ ਫਿਰ ਵੀ ਮਾਮਲਾ ਜਿਉਂ ਦਾ ਤਿਉਂ ਬਣਿਆ ਹੋਇਆ ਹੈ, ਜਿਸ ਨੂੰ ਦੇਖ ਕੇ ਜਾਪਦਾ ਹੈ ਕਿ ਹਾਲੇ ਪ੍ਰਸ਼ਾਸਨ ਕਿਸੇ ਵੱਡੇ ਹਾਦਸੇ ਦੀ ਉਡੀਕ 'ਚ ਹੈ।ਰਾਮਜੀਤ ਸਿੰਘ ਨੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਜਲਦ ਇਸ ਮਸਲੇ ਦਾ ਹੱਲ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ 'ਚ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪ੍ਰਸ਼ਾਸਨ ਖਿਲਾਫ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

## ਗੁਰੂ ਨਾਨਕ ਕਾਲਜ ਦੇ ਵਿਦਿਆਰਥੀਆਂ ਨੇ ਖੇਡਾਂ 'ਚ ਜਿੱਤੇ ਸੋਨੇ ਤੇ ਚਾਂਦੀ ਦੇ ਤਮ਼ਗੇ



**ਬੁਢਲਾਡਾ (ਅਸ਼ੋਕ ਲਾਕੜਾ)**-ਗੁਰੂ ਨਾਨਕ ਕਾਲਜ ਬੁਢਲਾਡਾ ਦੇ ਖਿਡਾਰੀਆਂ ਨੇ ਪੰਜਾਬ ਸਟੇਟ ਗੱਤਕਾ ਚੈਂਪੀਅਨਸ਼ਿਪ 2024 ਤੇ ਅਥਲੈਟਿਕਸ ਚੈਂਪਿਅਨਸ਼ਿਪ ਵਿੱਚ ਵੱਡੀਆਂ ਮੱਲਾਂ ਮਾਰੀਆਂ ਹਨ।ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਦੱਸਿਆ ਕਿ ਸੰਸਥਾ ਦੇ ਵਿਦਿਆਰਥੀ ਅਮਨ ਸਿੰਘ ਤੇ ਜਸ਼ਨਪ੍ਰੀਤ ਸਿੰਘ ਨੇ ਪੰਜਾਬ ਗੱਤਕਾ ਐਸੋਸੀਏਸ਼ਨ (ਰਜਿ.) ਭਿਖੋਵਾਲ, ਹੁਸ਼ਿਆਰਪੁਰ ਵਿਖੇ ਕਰਾਈ ਨੌਂਵੀਂ ਪੰਜਾਬ ਸਟੇਟ ਗੱਤਕਾ ਚੈਂਪਿਅਨਸ਼ਿਪ 2024 ਵਿੱਚ ਭਾਗ ਲੈਂਦਿਆਂ ਕ੍ਰਮਵਾਰ ਸੋਨ ਤਗਮਾ ਅਤੇ ਚਾਂਦੀ ਦਾ ਤਗਮਾ ਜਿੱਤ ਕੇ ਸੰਸਥਾ ਦੇ ਮਾਣ ਵਿੱਚ ਵਾਧਾ ਕੀਤਾ ਹੈ।ਪੰਜਾਬ ਅਥਲੈਟਿਕਸ ਐਸੋਸੀਏਸ਼ਨ ਵੱਲੋਂ ਪਟਿਆਲਾ ਵਿਖੇ ਕਰਾਈ ਅਥਲੈਟਿਕਸ ਚੈਂਪਿਅਨਸ਼ਿਪ ਵਿੱਚ ਸੁਖਦੀਪ ਸਿੰਘ ਤੇ ਸ਼ਿਵ ਸਿੰਘ ਨੇ ਭਾਗ ਲੈਂਦਿਆਂ ਕ੍ਰਮਵਾਰ ਹਾਈ ਜੰਮ ਵਿੱਚੋਂ ਚਾਂਦੀ ਤੇ 1500 ਮੀਟਰ ਦੌੜ ਵਿੱਚੋਂ ਕਾਂਸੀ ਦਾ ਤਗਮਾ ਜਿੱਤ ਕੇ ਸੰਸਥਾ ਦੀ ਝੋਲੀ ਪਾਇਆ ਹੈ।ਉਨ੍ਹਾਂ ਕਿਹਾ ਕਿ ਸਰੀਰਿਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਰਮਨਦੀਪ ਸਿੰਘ ਤੇ ਪ੍ਰੋ. ਗੁਰਪ੍ਰੀਤ ਕੌਰ ਦੀ ਯੋਗ ਅਗਵਾਈ ਵਿੱਚ ਇਹ ਵਿਦਿਆਰਥੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸੰਸਥਾ ਦਾ ਨਾਂਅ ਰੌਸ਼ਨ ਕਰ ਰਹੇ ਹਨ।

## ਕੁੱਟਮਾਰ ਤੇ ਗੋਲੀ ਚਲਾਉਣ ਦੇ ਮਾਮਲੇ 'ਚ ਦੋ ਕਾਬੂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਨਿੱਜੀ ਰੰਜਿਸ਼ ਦੇ ਚੱਲਦਿਆਂ ਇੱਕ ਨੌਜਵਾਨ ਦੀ ਘੇਰ ਕੇ ਕੁੱਟਮਾਰ ਕੀਤੇ ਜਾਣ ਦੌਰਾਨ ਬਚਾਅ ਵਿੱਚ ਆਏ ਇੱਕ ਵਿਅਕਤੀ ਉੱਤੇ ਭਰੇ ਬਾਜ਼ਾਰ ਵਿੱਚ ਸ਼ਰੇਆਮ ਗੋਲੀਆਂ ਚਲਾ ਕੇ ਜ਼ਖ਼ਮੀ ਕੀਤੇ ਜਾਣ ਦੇ ਮਾਮਲੇ ਵਿੱਚ ਪਾਤੜਾਂ ਪੁਲਸ ਨੇ ਦੋ ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ।ਫੜੇ ਗਏ ਵਿਅਕਤੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੇ ਅਦਾਲਤ ਨੇ ਕਥਿਤ ਦੋਸ਼ੀਆਂ ਨੂੰ ਰਿਮਾਂਡ 'ਤੇ ਭੇਜ ਦਿੱਤਾ ਹੈ। ਜਾਣਕਾਰੀ ਦਿੰਦਿਆਂ ਥਾਣਾ ਮੁਖੀ ਪਾਤੜਾਂ ਯਸ਼ਪਾਲ ਸ਼ਰਮਾ ਨੇ ਦੱਸਿਆ ਕਿ 13 ਅਗਸਤ ਨੂੰ ਸ਼ਹਿਰ ਦੇ ਜਾਖਲ ਰੋਡ ਬਾਈਪਾਸ ਉੱਤੇ ਇੱਕ ਨੌਜਵਾਨ ਦੀ ਘੇਰ ਕੇ ਕੀਤੀ ਗਈ ਕੁੱਟਮਾਰ ਮਗਰੋਂ ਆਪਣੀ ਜਾਨ ਬਚਾ ਕੇ ਭੱਜੇ ਵਿਅਕਤੀ ਦੀ ਨਰਵਾਣਾ ਰੋਡ 'ਤੇ ਕੀਤੀ ਗਈ ਕੁੱਟਮਾਰ ਦੌਰਾਨ ਬਚਾਅ ਵਿੱਚ ਆਏ ਵਿਅਕਤੀਆਂ 'ਤੇ ਗੋਲੀ ਚਲਾਉਣ ਦੇ ਮਾਮਲੇ ਵਿੱਚ ਪੁਲਸ ਵੱਲੋਂ ਦਰਜ ਕੀਤੇ ਗਏ ਮਾਮਲੇ 'ਚ ਦੋ ਕਥਿਤ ਮੁਲਜ਼ਮਾਂ ਨੂੰ ਪੁਲਸ ਨੇ ਕਾਬੂ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਫੜੇ ਗਏ ਵਿਅਕਤੀਆਂ ਵਿੱਚ ਨਿਖਿਲ ਰਾਗੜਾ ਵਾਸੀ ਪਿੰਡ ਕਟਿਆਰਾ ਥਾਣਾ ਹਮੀਰਪੁਰ ਹਿਮਾਚਲ ਪ੍ਰਦੇਸ਼ ਹਾਲ ਅਬਾਦ ਪਿੰਡ ਭਾਗੀ ਬਾਂਦਰ ਤੇ ਜਸਵੀਰ ਸਿੰਘ ਉਰਫ ਹੈਪੀ ਵਾਸੀ ਪਿੰਡ ਚੱਠੇਵਾਲਾ ਥਾਣਾ ਤਲਵੰਡੀ ਸਾਬੋ ਜ਼ਿਲ੍ਹਾ ਬਠਿੰਡਾ ਨੂੰ ਕਾਬੂ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਅਦਾਲਤ ਵੱਲੋਂ ਤਿੰਨ ਦਿਨਾਂ ਦੇ ਦਿੱਤੇ ਗਏ ਰਿਮਾਂਡ ਦੌਰਾਨ ਕਥਿਤ ਦੋਸ਼ੀਆਂ ਤੋਂ ਸਖਤੀ ਨਾਲ ਪੁੱਛਗਿੱਛ ਕੀਤੀ ਜਾਵੇਗੀ।

## ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੀ ਧਰਮ ਪਤਨੀ ਦਾ ਸਨਮਾਨ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਮੁੱਖ ਮੰਤਰੀ ਭਗਵੰਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਤਹਿਸੀਲਦਾਰ ਖੰਨਾ ਸ੍ਰੀ ਮਨਿੰਦਰ ਸਿੰਘ ਤੇ ਉਨ੍ਹਾਂ ਦੀ ਟੀਮ ਵੱਲੋਂ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੀ ਧਰਮਪਤਨੀ ਸ੍ਰੀਮਤੀ ਚਰਨਜੀਤ ਕੌਰ ਦਾ ਪਿੰਡ ਬੜੌਲਾ, ਤਹਿਸੀਲ ਤੇ ਜ਼ਿਲ੍ਹਾ ਅੰਬਾਲਾ, ਹਰਿਆਣਾ ਵਿਖੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਮਾਤਾ ਚਰਨਜੀਤ ਕੌਰ ਦੀ ਸਿਹਤ ਠੀਕ ਨਾ ਹੋਣ ਕਾਰਨ ਉਹ ਪਿੰਡ ਈਸੜੂ (ਖੰਨਾ) ਵਿਖੇ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੇ ਸ਼ਹੀਦੀ ਦਿਵਸ 'ਤੇ ਪੰਜਾਬ ਸਰਕਾਰ ਵੱਲੋਂ ਕਰਵਾਏ ਗਏ ਰਾਜ ਪੱਧਰੀ ਸਮਾਗਮ ਵਿੱਚ ਪਹੁੰਚ ਨਹੀਂ ਸਕੇ ਸਨ, ਜਿਸ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀ ਰਿਹਾਇਸ਼ ਵਿਖੇ ਜਾ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਤਹਿਸੀਲਦਾਰ ਸ੍ਰੀ ਮਨਿੰਦਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਰ ਸਾਲ ਗੋਆ ਦੀ ਆਜ਼ਾਦੀ ਦੇ ਨਾਇਕ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੇ ਸ਼ਹੀਦੀ ਦਿਹਾੜੇ ਮੌਕੇ ਰਾਜ ਪੱਧਰੀ ਸਮਾਗਮ ਕਰਵਾ ਕੇ ਉਨ੍ਹਾਂ ਵੱਲੋਂ ਦਿੱਤੀ ਕੁਰਬਾਨੀ ਨੂੰ ਯਾਦ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਮਹਾਨ ਸ਼ਹੀਦ ਗੋਆ ਨੂੰ ਪੁਰਤਗਾਲੀ ਸਾਮਰਾਜਵਾਦ ਤੋਂ ਮੁਕਤ ਕਰਵਾਉਣ ਦਾ ਨਾਇਕ ਸੀ। ਇਸ ਮਹਾਨ ਸ਼ਹੀਦ ਦਾ ਜੀਵਨ ਤੇ ਕੁਰਬਾਨੀ ਸਾਡੇ ਸਾਰਿਆਂ ਲਈ ਪ੍ਰੇਰਨਾ ਸਰੋਤ ਹੈ।

## ਵਾਤਾਵਰਣ ਬਚਾਉਣ ਲਈ ਵੱਧ ਤੋਂ ਵੱਧ ਬੂਟੇ ਲਾਉਣੇ ਜ਼ਰੂਰੀ : ਚਰਨ ਸਿੰਘ

**ਨਾਭਾ (ਵਰਿੰਦਰ ਵਰਮਾ)**-ਮੁਹੱਲਾ ਸੁਧਾਰ ਕਮੇਟੀ (ਰਜਿ:) ਦੇ ਸਮੂਹ ਮੈਂਬਰਾਂ ਵੱਲੋਂ ਪੁਰਾਣਾ ਹਾਈਕੋਰਟ ਗਰਾਊਂਡ ਵਿਖੇ ਵਾਤਾਵਰਣ ਅਤੇ ਪਾਣੀਆਂ ਨੂੰ ਬਚਾਉਣ ਲਈ ਪਹਿਲਕਦਮੀ ਕੀਤੀ ਗਈ।ਇਸ ਸ਼ੁਭ ਮੌਕੇ ਰੋਟਰੀ ਕਲੱਬ ਦੇ ਪ੍ਰਧਾਨ ਤੇ ਮਲਕੀਤ ਕੰਬਾਈਨ ਦੇ ਐਮ ਡੀ ਚਰਨ ਸਿੰਘ ਆਪਣੀ ਰੋਟੇਰੀਅਨ ਟੀਮ ਦੇ ਮੈਂਬਰ ਜੇ ਪੀ ਗੁਪਤਾ ਜਨਰਲ ਸਕੱਤਰ, ਸਾਬਕਾ ਸਿਵਲ ਸਰਜਨ ਡਾ. ਆਈ ਡੀ ਗੋਇਲ, ਜੀਵਨ ਬਾਂਸਲ ਅਤੇ ਐਡਵੋਕੇਟ ਭਾਰਤ ਭੂਸ਼ਨ ਜੈਨ ਨਿਤਿਨ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਤੇ ਉਨ੍ਹਾਂ ਵੱਲੋਂ ਵਾਤਾਵਰਣ ਦੀ ਸ਼ੁੱਧਤਾ ਲਈ ਹਵਾਦਾਰ ਅਤੇ ਫ਼ਲਦਾਰ ਬੂਟੇ ਲਾਏ ਗਏ।ਸੰਸਥਾ ਸਰਪ੍ਰਸਤ ਤੇ ਸਮਾਜ ਸੇਵੀ ਰਮੇਸ਼ ਗਾਬਾ, ਚੇਅਰਮੈਨ ਜੇਐਸ ਬੱਗਾ, ਪ੍ਰਧਾਨ ਸੁਭਾਸ਼ ਭੋਗਲ ਤੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਚਰਨ ਸਿੰਘ ਅਤੇ ਉਨ੍ਹਾਂ ਦੀ ਟੀਮ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਚਰਨ ਸਿੰਘ ਵੱਲੋਂ ਪੌਦੇ ਲਾਉਣ ਉਪਰੰਤ ਗਰਾਊਂਡ ਵਿੱਚ ਕੀਤੇ ਗਏ ਤੇ ਕੀਤੇ ਜਾਣ ਵਾਲੇ ਕੰਮਾਂ ਬਾਰੇ ਜਾਣਕਾਰੀ ਹਾਸਲ ਕੀਤੀ।



## ਝਾੜ ਸਾਹਿਬ ਕਾਲਜ ਵਿਖੇ ਭਵਿੱਖ ਦੇ ਕਾਰੋਬਾਰੀ ਵਿਸ਼ੇ 'ਤੇ ਲੈਕਚਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਵਿਖੇ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਲੁਧਿਆਣਾ ਵੱਲੋਂ ਵਿਦਿਆਰਥੀਆਂ ਨੂੰ ਨਿੱਜੀ ਕਾਰੋਬਾਰ ਸ਼ੁਰੂ ਕਰਨ ਲਈ ਜਾਗਰੂਕ ਕਰਨ ਦੇ ਉਦੇਸ਼ ਨਾਲ ਲੈਕਚਰ ਦਾ ਆਯੋਜਨ ਕੀਤਾ ਗਿਆ। ਮਾਡਲ ਕੈਰੀਅਰ ਸੈਂਟਰ ਲੁਧਿਆਣਾ ਤੋਂ ਆਏ ਲਵਨੀਸ਼ ਸ਼ਰਮਾ ਨੇ ਵਿਦਿਆਰਥਣਾਂ ਨਾਲ ਇਸ ਸਬੰਧੀ ਵਿਸਥਾਰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮਾਨਯੋਗ ਡਿਪਟੀ ਕਮਿਸ਼ਨਰ ਲੁਧਿਆਣਾ ਵੱਲੋਂ 15 ਅਗਸਤ ਨੂੰ ਇਨੋਵੇਸ਼ਨ ਮਿਸ਼ਨ ਪੰਜਾਬ ਦੇ ਸਹਿਯੋਗ ਨਾਲ ਫਿਊਚਰ ਟਾਈਕੂਨੋ ਸਟਾਰਟਅਪ ਚੈਲੇਂਜ ਲਾਂਚ ਕੀਤਾ ਗਿਆ ਹੈ, ਜਿਸ ਵਿੱਚ ਹੋਰ ਕਈ ਵਰਗਾਂ ਦੇ ਨਾਲ-ਨਾਲ ਮਹਿਲਾਵਾਂ ਲਈ ਇੱਕ ਵੱਖਰੀ ਸ਼੍ਰੇਣੀ ਰੱਖੀ ਗਈ ਹੈ। ਉਨ੍ਹਾਂ ਦੱਸਿਆ ਕਿ ਆਪਣਾ ਕਾਰੋਬਾਰ ਸ਼ੁਰੂ ਕਰਨ ਦੇ ਚਾਹਵਾਨ ਵਿਦਿਆਰਥੀ ਮਿਸ਼ਨ (ਮੁਕਾਬਲੇ) ਵਿੱਚ ਹਿੱਸਾ ਲੈ ਸਕਦੇ ਹਨ ਤੇ ਜਿਸ 'ਚ ਪਹਿਲਾ ਸਥਾਨ ਪ੍ਰਾਪਤ ਕਰਨ 'ਤੇ ਵੱਡੀ ਨਕਦ ਰਾਸ਼ੀ ਦਾ ਇਨਾਮ ਦਿੱਤਾ ਜਾਵੇਗਾ। ਇਸ ਮੌਕੇ ਕਾਲਜ ਪ੍ਰਿੰ. ਰਜਿੰਦਰ ਕੌਰ ਨੇ ਡਿਪਟੀ ਕਮਿਸ਼ਨਰ ਲੁਧਿਆਣਾ ਵੱਲੋਂ ਕੀਤੇ ਗਏ ਇਸ ਖਾਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਵਿਦਿਆਰਥਣਾਂ ਨੂੰ ਵਿਸ਼ਵਾਸ ਦਿਵਾਇਆ ਕਿ ਕਾਲਜ ਉਨ੍ਹਾਂ ਦੇ ਭਵਿੱਖ ਨੂੰ ਰੁਸ਼ਨਾਉਣ ਵਿੱਚ ਹਰ ਸੰਭਵ ਮਦਦ ਲਈ ਉਨ੍ਹਾਂ ਦੇ ਨਾਲ ਹੈ। ਕਾਲਜ ਦੇ ਜੌਬ ਪਲੇਸਮੈਂਟ ਸੈੱਲ ਦੇ ਇੰਚਾਰਜ ਪ੍ਰੋ. ਡਾ. ਸੁਨੀਤਾ ਕੌਸ਼ਲ ਤੇ ਡਾ. ਅਮਨਪ੍ਰੀਤ ਕੌਰ ਕੰਗ ਨੇ ਲਵਨੀਸ਼ ਸ਼ਰਮਾ ਦਾ ਧੰਨਵਾਦ ਕੀਤਾ। ਕਾਲਜ ਦੀ ਲੋਕਲ ਮੈਨੇਜਿੰਗ ਕਮੇਟੀ ਦੇ ਅਹੁਦੇਦਾਰਾਂ ਵੱਲੋਂ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।

## ਡਾ. ਸੁਨੀਤਾ ਧੀਰ ਦਾ ਵਰਲਡ ਬੁੱਕ ਆਫ਼ ਰਿਕਾਰਡਸ ਲੰਡਨ ਵੱਲੋਂ ਜਸਵੀਰ ਸਿੰਘ ਛਿੰਦਾ ਨੇ ਕੀਤਾ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਪੰਜਾਬੀ ਫ਼ਿਲਮ ਇੰਡਸਟਰੀ ਤੇ ਸੱਭਿਆਚਾਰ ਵਿੱਚ ਵਡਮੁੱਲਾ ਯੋਗਦਾਨ ਪਾਉਣ ਲਈ ਪ੍ਰਸਿੱਧ ਪੰਜਾਬੀ ਅਦਾਕਾਰਾ ਸੁਨੀਤਾ ਧੀਰ ਨੂੰ ਵਰਲਡ ਬੁੱਕ ਆਫ਼ ਰਿਕਾਰਡਸ ਲੰਡਨ ਵੱਲੋਂ ਸਨਮਾਨਤ ਕੀਤਾ ਗਿਆ।ਇਹ ਸਨਮਾਨ ਉਨ੍ਹਾਂ ਨੂੰ ਜਸਵੀਰ ਸਿੰਘ ਛਿੰਦਾ ਪੰਜਾਬ ਵਾਈਸ ਪ੍ਰਧਾਨ ਵਰਲਡ ਬੁੱਕ ਆਫ਼ ਰਿਕਾਰਡਸ ਲੰਡਨ ਵੱਲੋਂ ਦਿੱਤਾ ਗਿਆ।ਉਨ੍ਹਾਂ ਆਪਣਾ ਫ਼ਿਲਮੀ ਸਫ਼ਰ ਪੰਜਾਬੀ ਫ਼ਿਲਮ 'ਚੰਨ ਪ੍ਰਦੇਸੀ' ਤੋਂ ਸ਼ੁਰੂ ਕੀਤਾ ਸੀ, ਜੋ ਕਿ ਲਗਾਤਾਰ ਜਾਰੀ ਹੈ।ਉਨ੍ਹਾਂ ਜਲੰਧਰ ਦੂਰਦਰਸ਼ਨ ਤੇ ਤਕਰੀਬਨ 20 ਸੀਰੀਅਲਾਂ ਤੇ ਟੈਲੀਫ਼ਿਲਮਾਂ ਵਿੱਚ ਕੰਮ ਕੀਤਾ, ਇੱਕ ਅਦਾਕਾਰਾ ਦੇ ਤੌਰ 'ਤੇ ਪੰਜਾਬੀ ਸੱਭਿਆਚਾਰ ਨਾਲ ਸਬੰਧਤ 28 ਪੰਜਾਬੀ ਫ਼ਿਲਮਾਂ ਵਿੱਚ ਕੰਮ ਕੀਤਾ ਹੈ।ਉਨ੍ਹਾਂ ਪ੍ਰੋਫ਼ੈਸਰ ਵਜੋਂ ਆਪਣੀ ਭੂਮਿਕਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਨਿਭਾਈ, ਜਿੱਥੇ ਬਹੁਤ ਸਾਰੇ ਵਿਦਿਆਰਥੀਆਂ ਨੂੰ ਕਲਾ ਦੇ ਖੇਤਰ ਵਿੱਚ ਸਿੱਖਿਆ ਪ੍ਰਦਾਨ ਕੀਤੀ, 2003-2007 ਅਤੇ ਰਾਸ਼ਟਰੀ ਪੱਧਰ 'ਤੇ ਪੰਜਾਬੀ ਯੂਨੀਵਰਸਿਟੀ ਦਾ ਨਾਂਅ ਰੌਸ਼ਨ ਕੀਤਾ। ਉਨ੍ਹਾਂ ਡੀਨ ਫੈਕਲਟੀ ਵਜੋਂ ਸੇਵਾ ਨਿਭਾਈ। ਇਸ ਦੇ ਨਾਲ ਹੀ ਡਾ. ਧੀਰ ਨੇ 30 ਪ੍ਰਮੁੱਖ ਨਾਟਕ ਪ੍ਰੋਡਕਸ਼ਨਾਂ ਵਿੱਚ ਇੱਕ ਅਭਿਨੇਤਾ ਤੇ ਨਿਰਦੇਸ਼ਕ ਵਜੋਂ ਕੰਮ ਕੀਤਾ, ਜੋ ਖੇਤਰੀ, ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਤੇ ਪ੍ਰਦਰਸ਼ਨ ਕੀਤਾ।ਸੁਨੀਤਾ ਧੀਰ ਨੇ ਆਉਣ ਵਾਲੀ ਪੰਜਾਬੀ ਫ਼ਿਲਮ 'ਬੀਬੀ ਰਜਨੀ' ਵਿੱਚ ਵੀ ਉਨ੍ਹਾਂ ਨੇ ਅਹਿਮ ਰੋਲ ਨਿਭਾਇਆ ਹੈ।ਇਸ ਸਨਮਾਨ ਦੇ ਲਈ ਡਾ. ਸੁਨੀਤਾ ਧੀਰ ਨੇ ਸੰਤੋਸ਼ ਸ਼ੁਕਲਾ ਪ੍ਰਧਾਨ ਤੇ ਸੀ ਈ ਓ ਵਰਲਡ ਬੁੱਕ ਆਫ਼ ਰਿਕਾਰਡਸ ਲੰਡਨ ਤੇ ਜਸਵੀਰ ਸਿੰਘ ਛਿੰਦਾ ਦਾ ਧੰਨਵਾਦ ਕੀਤਾ।

## ਸ਼ਿਵਾ ਇਨਕਲੇਵ 'ਚ ਧੂਮਧਾਮ ਨਾਲ ਮਨਾਇਆ ਤੀਆਂ ਦਾ ਤਿਉਹਾਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੇ ਮੋਗਾ ਰੋਡ ਉਪਰ ਸਥਿਤ ਸ਼ਿਵਾ ਇਨਕਲੇਵ ਵਿੱਚ ਤੀਆਂ ਦਾ ਤਿਉਹਾਰ ਮਹਿਲਾਵਾਂ ਵੱਲੋਂ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਸੁਨੀਤਾ ਮਨਚੰਦਾ, ਮੀਨਾ ਗਰਗ, ਨੀਨਾ ਗਰਗ, ਬੰਦਨਾ ਗੋਇਲ, ਰਿਤੂ ਜਿੰਦਲ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਦਿਆਂ ਸਮਾਗਮ ਨੂੰ ਚਾਰ ਚੰਨ ਲਗਾਏ ਅਤੇ ਸਾਰੀਆਂ ਔਰਤਾਂ ਨੂੰ ਤੀਜ ਦੇ ਤਿਉਹਾਰ ਦੀ ਵਧਾਈ ਦਿੱਤੀ।ਇਸ ਮੌਕੇ ਪਰਮਲਾ ਗਰਗ, ਤਮੰਨਾ ਬਾਂਸਲ, ਅਨੀਤਾ ਬਾਂਸਲ ਨੇ ਕਿਹਾ ਕਿ ਸਾਨੂੰ ਆਪਣੇ ਵਿਰਾਸਤੀ ਤਿਉਹਾਰ ਮਿਲ ਜੁਲ ਕੇ ਤੇ ਸਾਂਝੇ ਤੌਰ 'ਤੇ ਮਨਾਉਣ ਦੇ ਉਪਰਾਲੇ ਕਰਨੇ ਚਾਹੀਦੇ ਹਨ।ਇਸ ਮੌਕੇ ਸਮਾਗਮ ਵਿੱਚ ਮਹਿਲਾਵਾਂ ਵੱਲੋਂ ਜਿੱਥੇ ਇਕ ਪਾਸੇ ਵੰਗਾਂ ਚੜ੍ਹਾਉਣ ਵਾਲੇ ਦਾ ਦ੍ਰਿਸ਼ ਸਫ਼ਲਤਾ ਪੂਰਵਕ ਦਰਸਾਇਆ ਗਿਆ ਤਾਂ ਦੂਜੇ ਪਾਸੇ ਘਰਾਂ 'ਚ ਬੁਣੀਆਂ ਦਰੀਆਂ, ਨਾਲ਼ੇ, ਬਾਗ਼, ਫੁਲਕਾਰੀ, ਰੰਗਲੇ ਚਰਖੇ ਤੇ ਹੱਥ ਪੱਖੀਆਂ ਦੀਆਂ ਪ੍ਰਦਰਸ਼ਨੀਆਂ ਲਗਾ ਕੇ ਔਰਤਾਂ ਨੇ ਆਪਣੇ ਪੁਰਾਤਨ ਵਿਰਸੇ ਤੋਂ ਜਾਣੂ ਕਰਵਾਇਆ। ਮੁਟਿਆਰਾਂ ਦੁਆਰਾ ਪੀਂਘਾਂ ਝੂਟਣ ਦੀ ਪੇਸ਼ਕਾਰੀ ਅਲੋਪ ਹੋ ਰਹੇ ਵਿਰਸੇ ਦੀ ਬਾਤ ਪਾਉਂਦੀ ਨਜ਼ਰ ਆਈ।ਇਸ ਮੌਕੇ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਸੁਨੀਤਾ ਮਨਚੰਦਾ ਤੇ ਮੀਨਾ ਗਰਗ ਨੇ ਕਿਹਾ ਕਿ ਪੰਜ ਦਰਿਆਵਾਂ ਦੀ ਧਰਤੀ ਪੰਜਾਬ ਦੀ ਵਿਰਾਸਤ ਬਹੁਤ ਮਹਾਨ ਤੇ ਫ਼ਖ਼ਰਯੋਗ ਹੈ। ਇਥੋਂ ਦੇ ਹਰ ਮੇਲੇ ਤੇ ਤਿਉਹਾਰ ਦਾ ਵਿਸ਼ੇਸ਼ ਇਤਿਹਾਸਕ ਤੇ ਸੱਭਿਆਚਾਰਕ ਮਹੱਤਵ ਹੈ, ਜਿਸ ਤੋਂ ਹਰ ਪੰਜਾਬੀ ਨੂੰ ਜਾਣੂ ਹੋਣਾ ਬੇਹੱਦ ਜ਼ਰੂਰੀ ਹੈ।ਇਹ ਸਮਾਗਮ ਸਚਮੁੱਚ ਅਮਿੱਟ ਛਾਪ ਛੱਡਣ ਵਿੱਚ ਸਫ਼ਲ ਰਿਹਾ।

## ਤੀਆਂ ਦਾ ਤਿਉਹਾਰ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਰਾਮਪੁਰਾ ਫੂਲ ਦੀ ਸ਼ਹੀਦ ਭਗਤ ਸਿੰਘ ਕਲੋਨੀ ਦੀ ਗਲੀ ਨੰਬਰ 12 ਵਿੱਚ 'ਤੀਆਂ ਤੀਜ ਦੀਆਂ' ਸਾਉਣ ਮਹੀਨੇ ਦਾ ਪ੍ਰਮੁੱਖ ਤਿਉਹਾਰ ਮਨਾਇਆ ਗਿਆ।ਇਸ ਮੌਕੇ ਵਿਆਹੁਤਾ ਔਰਤਾਂ, ਲੜਕੀਆਂ ਤੇ ਬਜ਼ੁਰਗ ਔਰਤਾਂ ਨੇ ਮਿਲ ਕੇ ਖੂਬ ਰੰਗ ਬੰਨ੍ਹਿਆ।ਇਸ ਮੌਕੇ ਤੀਆਂ ਦਾ ਸੰਧਾਰਾ, ਆਟਾ ਪੀਹਣ ਵਾਲੀ ਹੱਥ ਚੱਕੀ, ਛੱਜ, ਮਧਾਣੀ, ਪੱਖੀਆਂ ਤੇ ਬਾਗ ਫੁਲਕਾਰੀਆਂ ਨੂੰ ਗਿੱਧੇ ਦੇ ਪਿੜ ਵਿੱਚ ਰੱਖਿਆ ਗਿਆ ਤਾਂ ਜੋ ਅਜੋਕੀ ਪੀੜ੍ਹੀ ਨੂੰ ਆਪਣੇ ਅਸਲੀ ਸੱਭਿਆਚਾਰ ਨਾਲ ਜੋੜਿਆ ਜਾ ਸਕੇ।ਉੱਥੇ ਮੌਜੂਦ ਔਰਤਾਂ ਨੇ ਕਿਹਾ ਕਿ ਤੀਆਂ ਦਾ ਤਿਓਹਾਰ ਸਾਉਣ ਮਹੀਨੇ ਵਿੱਚ ਮਨਾਇਆ ਜਾਂਦਾ ਹੈ ਤੇ ਇਸ ਮਹੀਨੇ ਦੌਰਾਨ ਦੂਰ ਦੂਰ ਤੋਂ ਸਹੇਲੀਆਂ ਇਕੱਠੀਆਂ ਹੋ ਕੇ ਤੀਆਂ ਦੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਦੀਆਂ ਹਨ।

## ...ਸ.ਫਾ 1 ਦੇ ਬਾਕੀ

### ਨਸ਼ਿਆਂ ਵਿਰੁੱਧ ਜੰਗ 'ਚ ...

ਸਾਲਾਂ ਦੇ ਵਕਫ਼ੇ ਤੋਂ ਬਾਅਦ ਭਾਰਤੀ ਟੀਮ ਵੱਲੋਂ ਆਸਟਰੇਲੀਆ ਨੂੰ ਹਰਾਉਣ 'ਤੇ ਬਹੁਤ ਖੁਸ਼ੀ ਹੋਈ ਅਤੇ ਸਪੇਨ, ਇੰਗਲੈਂਡ ਅਤੇ ਹੋਰ ਟੀਮਾਂ ਵਿਰੁੱਧ ਮੈਚ ਵੀ ਸ਼ਾਨਦਾਰ ਸਨ। ਟੀਮ ਵੱਲੋਂ ਤਮਗਾ ਜਿੱਤਣਾ ਹਰ ਦੇਸ਼ ਵਾਸੀ ਲਈ ਸੁਪਨੇ ਦੇ ਸਾਕਾਰ ਹੋਣ ਵਰਗਾ ਹੈ ਅਤੇ ਸਭ ਤੋਂ ਚੰਗੀ ਗੱਲ ਇਹ ਹੈ ਕਿ ਕਪਤਾਨ ਹਰਮਨਪ੍ਰੀਤ ਨੇ ਅੱਗੇ ਵਧ ਕੇ ਟੀਮ ਦੀ ਅਗਵਾਈ ਕੀਤੀ, ਜਿਸ ਨਾਲ ਟੀਮ ਜਿੱਤ ਵੱਲ ਸੇਧਿਤ ਹੋਈ। ਮਾਨ ਨੇ ਕਿਹਾ ਕਿ ਇਹ ਲੀਡਰਸ਼ਿਪ ਕਾਬਲੀਅਤ ਬੇਮਿਸਾਲ ਸੀ, ਜਿਸ ਕਾਰਨ ਟੀਮ ਨੇ ਪੈਰਿਸ ਉਲੰਪਿਕ ਵਿੱਚ ਕਾਂਸੀ ਦਾ ਤਮਗਾ ਜਿੱਤਿਆ।

ਮੁੱਖ ਮੰਤਰੀ ਨੇ ਕਿਹਾ ਕਿ ਹਰਮਨਪ੍ਰੀਤ ਇਕੱਲੇ ਨੇ 10 ਗੋਲ ਕੀਤੇ ਹਨ ਅਤੇ ਉਨ੍ਹਾ ਨੂੰ ਖੁਸ਼ੀ ਹੈ ਕਿ ਸੂਬਾ ਸਰਕਾਰ ਅੱਜ ਇਨ੍ਹਾਂ ਹੀਰਿਆਂ ਨੂੰ ਸਨਮਾਨਤ ਕਰ ਰਹੀ ਹੈ। ਅੱਜ ਪੂਰਾ ਦੇਸ਼ ਇਨ੍ਹਾਂ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦੇ ਰਿਹਾ ਹੈ ਅਤੇ ਉਨ੍ਹਾਂ ਦੇ ਕੀਰਤੀਮਾਨ ਦੀ ਸ਼ਲਾਘਾ ਹੋ ਰਹੀ ਹੈ। ਭਾਰਤੀ ਹਾਕੀ ਸੁਰਜੀਤੀ ਦੇ ਰਾਹ 'ਤੇ ਹੈ ਅਤੇ ਪੰਜਾਬ ਨਵੰਬਰ ਮਹੀਨੇ ਵਿੱਚ ਹਾਕੀ ਦੀਆਂ ਚਾਰ ਵਿਸ਼ਵ ਪੱਧਰੀ ਟੀਮਾਂ ਵਿਚਕਾਰ ਲੀਗ ਟੂਰਨਾਮੈਂਟ ਕਰਵਾਉਣ ਲਈ ਵਿਚਾਰ ਕਰ ਰਿਹਾ ਹੈ।ਉਹਨਾ ਕਿਹਾ ਕਿ ਤਮਗਾ ਜੇਤੂ ਖਿਡਾਰੀਆਂ ਨੂੰ ਨਗਦ ਇਨਾਮ ਅਤੇ ਨੌਕਰੀਆਂ ਦੇਣ ਤੋਂ ਇਲਾਵਾ ਸੂਬਾ ਸਰਕਾਰ ਉਨ੍ਹਾਂ ਨੂੰ ਪਹਿਲਾਂ ਹੀ ਦਿੱਤੀਆਂ ਜਾ ਚੁੱਕੀਆਂ ਨੌਕਰੀਆਂ ਵਿੱਚ ਤਰੱਕੀਆਂ ਦੇਣ ਦੀ ਸੰਭਾਵਨਾ ਵੀ ਤਲਾਸ਼ੇਗੀ। ਇਕ ਵਿਲੱਖਣ ਭੂਮਿਕਾ ਨਿਭਾਉਂਦੇ ਹੋਏ ਭਗਵੰਤ ਸਿੰਘ ਮਾਨ ਨੇ ਉਲੰਪਿਕ ਮੈਚਾਂ ਦੌਰਾਨ ਮੈਦਾਨ ਵਿੱਚ ਉਨ੍ਹਾਂ ਦੇ ਤਜਰਬਿਆਂ ਬਾਰੇ ਖਿਡਾਰੀਆਂ ਨਾਲ ਸਵਾਲ-ਜਵਾਬ ਵੀ ਕੀਤੇ। ਹਰਮਨਪ੍ਰੀਤ ਸਿੰਘ, ਜਰਮਨਪ੍ਰੀਤ ਸਿੰਘ ਅਤੇ ਹੋਰਨਾਂ ਨਾਲ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਮੈਚਾਂ ਦੌਰਾਨ ਖਿਡਾਰੀਆਂ ਵੱਲੋਂ ਦਿਖਾਈ ਗਈ ਸ਼ਾਨਦਾਰ ਖੇਡ ਭਾਵਨਾ ਦੀ ਸ਼ਲਾਘਾ ਕੀਤੀ, ਜਿਸ ਸਦਕਾ ਟੀਮ ਨੇ ਸ਼ਾਨਦਾਰ ਜਿੱਤ ਹਾਸਲ ਕੀਤੀ।ਮਾਨ ਨੇ ਕਿਹਾ ਕਿ ਭਾਰਤੀ ਹਾਕੀ ਟੀਮ ਦੀ ਇਤਿਹਾਸਕ ਪ੍ਰਾਪਤੀ ਨੂੰ ਬਿਆਨ ਕਰਨ ਲਈ ਸ਼ਬਦ ਵੀ ਥੋੜ੍ਹੇ ਪੈ ਜਾਂਦੇ ਹਨ। ਉਨ੍ਹਾ ਟੀਮ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਨ੍ਹਾਂ ਖਿਡਾਰੀਆਂ ਨੂੰ ਨਸ਼ਿਆਂ ਦੀ ਅਲਾਮਤ ਵਿਰੁੱਧ ਸੂਬੇ ਦੀ ਮੁਹਿੰਮ ਲਈ ਬ੍ਰਾਂਡ ਅੰਬੈਸਡਰ ਬਣਾਇਆ ਜਾਵੇਗਾ, ਤਾਂ ਕਿ ਸਾਡੇ ਨੌਜਵਾਨਾਂ ਨੂੰ ਪ੍ਰੇਰਨਾ ਮਿਲ ਸਕੇ।ਹਰਮਨਪ੍ਰੀਤ ਸਿੰਘ ਨੇ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਅਨੁਕੂਲ ਮਾਹੌਲ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਦੀ ਸ਼ਲਾਘਾ ਕੀਤੀ।ਮਨਦੀਪ ਸਿੰਘ ਨੇ ਵੀ ਸੂਬੇ ਵਿੱਚ ਖੇਡਾਂ ਨੂੰ ਹੁਲਾਰਾ ਦੇਣ ਲਈ ਮੁੱਖ ਮੰਤਰੀ ਦਾ ਧੰਨਵਾਦ ਕੀਤਾ। ਉਨ੍ਹਾ ਮੁੱਖ ਮੰਤਰੀ ਨਾਲ ਵਾਅਦਾ ਵੀ ਕੀਤਾ ਕਿ ਅਗਲੀ ਵਾਰ ਉਲੰਪਿਕ ਵਿੱਚ ਤਮਗੇ ਦਾ ਰੰਗ ਬਦਲੇਗਾ। ਮੁੱਖ ਮੰਤਰੀ ਨੇ ਅੱਠ ਹਾਕੀ ਖਿਡਾਰੀਆਂ ਨੂੰ ਇੱਕ-ਇਕ ਕਰੋੜ ਰੁਪਏ ਅਤੇ ਉਲੰਪਿਕ ਖੇਡਾਂ ਵਿੱਚ ਭਾਗ ਲੈਣ ਵਾਲੇ 11 ਹੋਰ ਖਿਡਾਰੀਆਂ ਨੂੰ 15-15 ਲੱਖ ਰੁਪਏ ਦੇ ਚੈੱਕ ਦਿੱਤੇ।

### ਮੈਨੂੰ ਪਤੈ ਨਿਆਣੇ...

ਲੰਘਣਾ ਪੈਂਦਾ ਹੈ। ਹੈਰਿਸ ਨੇ ਐੱਕਸ 'ਤੇ ਲਿਖਿਆ ਹੈ—ਮੈਂ ਮੱਧ ਵਰਗੀ ਪਰਵਾਰ ਵਿਚ ਵੱਡੀ ਹੋਈ। ਬਹੁਤਾ ਬਚਪਨਾ ਕਿਰਾਏ ਦੇ ਮਕਾਨਾਂ ਵਿਚ ਲੰਘਾਇਆ। ਮੇਰੀ ਮਾਂ ਨੇ ਘਰ ਖਰੀਦਣ ਲਈ ਇਕ ਦਹਾਕਾ ਪੈਸੇ ਜੋੜੇ। ਜਦੋਂ ਅਸੀਂ ਆਪਣੇ ਘਰ ਵਿਚ ਗਏ, ਮੈਂ ਨਾਬਾਲਗ ਸੀ। ਮੈਨੂੰ ਅਜੇ ਵੀ ਚੇਤਾ ਕਿ ਮਾਂ ਕਿੰਨੀ ਖੁਸ਼ ਹੋਈ ਸੀ। ਕਾਲਜ ਦੇ ਦਿਨਾਂ 'ਚ ਮੈਂ ਜੇਬ-ਖਰਚੇ ਲਈ ਮੈਕਡੋਨਲਡ'ਜ਼ ਵਿਚ ਕੰਮ ਕੀਤਾ। ਜਿਨ੍ਹਾਂ ਨਾਲ ਕੰਮ ਕਰਦੀ ਸੀ, ਉਨ੍ਹਾਂ ਵਿੱਚੋਂ ਕੁਝ ਪੇਚੈੱਕ ਨਾਲ ਪਰਵਾਰ ਪਾਲ ਰਹੇ ਸਨ। ਉਹ ਕਿਰਾਇਆ ਭਰਨ ਤੇ ਭੋਜਨ ਦਾ ਜੁਗਾੜ ਕਰਨ ਲਈ ਦੋ-ਦੋ, ਤਿੰਨ-ਤਿੰਨ ਕੰਮ ਕਰਦੇ ਸਨ। ਹਾਲਤ ਹੋਰ ਖਰਾਬ ਹੋ ਜਾਂਦੀ ਹੈ, ਜਦੋਂ ਮਹਿੰਗਾਈ ਵਧ ਜਾਂਦੀ ਹੈ। ਹੈਰਿਸ ਨੇ ਆਪਣੀਆਂ ਗੱਲਾਂ ਨਾਲ ਛੋਟੀ ਭੈਣ ਤੇ ਮਾਂ ਨਾਲ ਬਚਪਨ ਦੀ ਫੋਟੋ ਵੀ ਸਾਂਝੀ ਕੀਤੀ ਹੈ। ਉਸ ਨੇ ਦਾਅਵਾ ਕੀਤਾ ਹੈ ਕਿ ਅਮਰੀਕਾ ਸਿਆਹਫਾਮ ਮਹਿਲਾ ਨੂੰ ਆਪਣਾ ਰਾਸ਼ਟਰਪਤੀ ਚੁਣਨ ਜਾ ਰਿਹਾ ਹੈ। ਜੇ ਹੈਰਿਸ ਜਿੱਤਦੀ ਹੈ ਤਾਂ ਬਰਾਕ ਓਬਾਮਾ ਤੋਂ ਬਾਅਦ ਦੁਨੀਆ ਦੇ ਸਭ ਤੋਂ ਤਾਕਤਵਰ ਦੇਸ਼ ਦੀ ਰਾਸ਼ਟਰਪਤੀ ਬਣਨ ਵਾਲੀ ਦੂਜੀ ਸਿਆਹਫਾਮ ਹੋਵੇਗੀ। ਹੈਰਿਸ ਨੇ ਡਗਲਸ ਐਮਹੌਫ ਨਾਲ ਵਿਆਹ ਕਰਵਾਇਆ ਸੀ ਤੇ ਡਗਲਸ ਦੇ ਪਹਿਲੇ ਵਿਆਹ ਦੇ ਦੋ ਬੱਚਿਆਂ ਦਾ ਪਾਲਣ-ਪੋਸਣ ਕਰਦੀ ਹੈ। ਉਸ ਦਾ ਆਪਣਾ ਬੱਚਾ ਨਹੀਂ ਹੈ।

### ਬਰਾਬਰੀ ਵਾਲੇ ਸਮਾਜ ...

'ਤੇ ਪਹਿਰਾ ਦਿੰਦਿਆਂ ਲੋਕ ਪੱਖੀ ਨਿਜ਼ਾਮ ਦੀ ਸਿਰਜਣਾ ਕਰਨ ਵੱਲ ਅੱਗੇ ਵਧਣਾ ਹੀ ਉਹਨਾ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ, ਸੀਨੀਅਰ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉਡਤ, ਕੁਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਹਰਦੇਵ ਸਿੰਘ ਬਖਸ਼ੀਵਾਲਾ, ਜਥੇਦਾਰ ਮਨਜੀਤ ਸਿੰਘ ਬੱਪੀਆਣਾ, ਸੀਤਾ ਰਾਮ ਗੋਬਿੰਦਪੁਰਾ, ਵੇਦ ਪ੍ਰਕਾਸ਼ ਬੁਢਲਾਡਾ, ਰੂਪ ਸਿੰਘ ਢਿੱਲੋਂ, ਗੁਰਮੀਤ ਸਿੰਘ ਜੋਗਾ, ਐਡਵੋਕੇਟ ਸਵਰਨਜੀਤ ਸਿੰਘ ਦਲਿਓ, ਮਾਸਟਰ ਛੱਜੂ ਰਾਮ ਰਿਸ਼ੀ, ਜਸਵੀਰ ਕੌਰ ਨੱਤ, ਆਤਮਾ ਸਿੰਘ ਪਮਾਰ, ਜੁਗਰਾਜ ਹੀਰਕੇ, ਰਤਨ ਭੋਲਾ, ਸਾਧੂ ਸਿੰਘ ਰਾਮਾਨੰਦੀ, ਜਗਸੀਰ ਸਿੰਘ ਝੁਨੀਰ, ਅਮਰੀਕ ਫਫੜੇ, ਕਰਨੈਲ ਸਿੰਘ ਮਾਨਸਾ, ਮੱਖਣ ਸਿੰਘ ਭੈਣੀ ਬਾਘਾ, ਹਰਕੇਸ਼ ਮੰਡੇਰ ਸਾਬਕਾ ਸਰਪੰਚ, ਗੁਰਦੇਵ ਸਿੰਘ ਦਲੇਲ ਸਿੰਘ ਵਾਲਾ, ਸੁਖਦੇਵ ਸਿੰਘ ਪੰਧੇਰ, ਭੁਪਿੰਦਰ ਸਿੰਘ ਗੁਰਨੇ, ਹਰਮੀਤ ਬੋੜਾਵਾਲ, ਗੁਰਦਿਆਲ ਸਿੰਘ ਦਲੇਲ ਸਿੰਘ ਵਾਲਾ, ਸੁਖਵਿੰਦਰ ਸਿੰਘ ਪਿੰਦਰ ਸਾਬਕਾ ਐਮ ਸੀ, ਪੂਰਨ ਸਿੰਘ ਸਰਦੂਲਗੜ੍ਹ, ਹਰਪਾਲ ਸਿੰਘ ਬੱਪੀਆਣਾ, ਸੁਖਰਾਜ ਸਿੰਘ ਜੋਗਾ, ਕਪੂਰ ਸਿੰਘ ਲੱਲੂਆਣਾ, ਅਰਵਿੰਦਰ ਕੌਰ ਮਾਨਸਾ ਆਦਿ ਆਗੂਆਂ ਨੇ ਵੀ ਨਿਹਾਲ ਸਿੰਘ ਮਾਨਸਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

### ਚੰਪਈ ਦੇ ਮਨ...

ਉਨ੍ਹਾ ਹਟਾਏ ਜਾਣ ਲਈ ਕੀਤੀ ਗਈ ਵਿਧਾਇਕਾਂ ਦੀ ਮੀਟਿੰਗ 'ਚ ਹੀ ਕਹਿ ਦਿੱਤਾ ਸੀ ਕਿ ਹੁਣ ਉਨ੍ਹਾ ਦੀ ਜ਼ਿੰਦਗੀ ਦਾ ਨਵਾਂ ਅਧਿਆਇ ਸ਼ੁਰੂ ਹੋਣ ਜਾ ਰਿਹਾ ਹੈ। ਉਨ੍ਹਾ ਕਿਹਾ ਹੈ—ਮੇਰੇ ਕੋਲ ਤਿੰਨ ਬਦਲ ਹਨ : ਜਾਂ ਤਾਂ ਸਿਆਸਤ ਤੋਂ ਸੰਨਿਆਸ ਲੈ ਲਵਾਂ, ਜਾਂ ਵੱਖਰੀ ਜਥੇਬੰਦੀ ਬਣਾ ਲਵਾਂ ਤੇ ਜਾਂ ਨਵਾਂ ਸਾਥੀ ਲੱਭ ਲਵਾਂ।

## ਮਾਛੀਵਾੜਾ ਦੇ ਖੇਤਾਂ 'ਚੋਂ ਅੱਧਾ ਕਿੱਲੋ ਹੈਰੋਇਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੀ ਐੱਸ ਐੱਫ ਨੇ ਸਰਚ ਦੌਰਾਨ ਜਗਦੀਸ਼ ਚੌਕੀ ਨੇੜੇ ਪਿੰਡ ਮਾਛੀਵਾੜਾ ਦੇ ਅਰਬੀ ਦੇ ਖੇਤਾਂ ਵਿੱਚੋਂ 500 ਗ੍ਰਾਮ ਹੈਰੋਇਨ ਬਰਾਮਦ ਕਰਕੇ ਥਾਣਾ ਸਦਰ ਫਿਰੋਜ਼ਪੁਰ ਵਿਖੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ।

ਜਾਣਕਾਰੀ ਦਿੰਦੇ ਹੋਏ ਐੱਸਆਈ ਗੁਰਦੀਪ ਕੌਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਸਬੰਧੀ ਪਿੰਡ ਹਬੀਬ ਵਾਲਾ ਚੱਕ ਵਿੱਚ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਜਗਦੀਸ਼ ਚੌਕੀ ਬੀਐੱਸਐੱਫ ਨੇੜੇ ਪਿੰਡ ਮਾਛੀਵਾੜਾ ਦੇ ਅਰਬੀ ਦੇ ਖੇਤਾਂ ਵਿੱਚ ਕਿਸੇ ਹਿੰਦੋਸਤਾਨੀ ਸਮਗਲਰਾਂ ਵੱਲੋਂ ਪਾਕਿਸਤਾਨ ਦੇ ਸਮਗਲਰਾਂ ਨਾਲ ਰਲ ਕੇ ਉਨ੍ਹਾਂ ਨਾਲ ਸੰਪਰਕ ਸਾਧ ਕੇ ਡਰੋਨ ਰਾਹੀਂ ਮੰਗਵਾਈ ਹੈਰੋਇਨ ਦਾ ਪੈਕੇਟ ਸੁੱਟਿਆ ਗਿਆ। ਜੇਕਰ ਸੁਰਜੀਤ ਸਿੰਘ ਪੁੱਤਰ ਬਲਵੀਰ ਸਿੰਘ ਵਾਸ ਮਾਛੀਵਾੜਾ ਦੇ ਖੇਤਾਂ ਦੀ ਸਰਚ ਕੀਤੀ ਜਾਵੇ ਤਾਂ ਹੈਰੋਇਨ ਮਿਲ ਸਕਦੀ ਹੈ। ਸਰਚ ਦੌਰਾਨ ਪੁਲਸ ਨੇ 500 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।

## ਏ ਐੱਨ ਐੱਮ ਬਲਦੀਸ਼ ਕੌਰ ਵਧੀਆ ਸਿਹਤ ਸੇਵਾਵਾਂ ਬਦਲੇ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਸਿਵਲ ਹਸਪਤਾਲ ਵਿਖੇ ਡਿਊਟੀ ਨਿਭਾਅ ਰਹੀ ਏ.ਐੱਨ.ਐੱਮ. ਬਲਦੀਸ਼ ਕੌਰ ਨੂੰ ਆਪਣੀ ਡਿਊਟੀ ਦੌਰਾਨ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਆਜ਼ਾਦੀ ਦਿਵਸ ਸਮਾਰੋਹ ਦਿੱਲੀ ਵਿੱਚ ਸਨਮਾਨਤ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਤਾਰਿਕਜੋਤ ਸਿੰਘ ਨੇ ਦੱਸਿਆ ਕਿ ਇਸ ਹਸਪਤਾਲ ਦੇ ਪੀ ਪੀ ਯੂਨਿਟ ਵਿੱਚ ਕੰਮ ਕਰਦੀ ਏ.ਐੱਨ.ਐੱਮ. ਬਲਦੀਸ਼ ਕੌਰ ਸਾਲ 2023-24 ਦੌਰਾਨ ਲੋਕਾਂ ਨੂੰ ਜੱਚਾ-ਬੱਚਾ ਸਿਹਤ ਸਹੂਲਤਾਂ ਪ੍ਰਦਾਨ ਕਰਨ ਵਿੱਚ ਪੂਰੇ ਪੰਜਾਬ ਵਿੱਚੋਂ ਪਹਿਲੇ ਨੰਬਰ 'ਤੇ ਰਹੀ ਹੈ।ਇਸ ਲਈ ਦਿੱਲੀ ਵਿਖੇ ਹੋਏ ਦੇਸ਼ ਦੇ ਆਜ਼ਾਦੀ ਦਿਵਸ ਸਮਾਰੋਹ ਵਿੱਚ ਸਰਕਾਰ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਮਹਿਮਾਨ ਵਜੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਬਲਦੀਸ਼ ਕੌਰ ਏ.ਐੱਨ.ਐੱਮ ਨੇ ਕਿਹਾ ਕਿ ਸੀਨੀਅਰ ਮੈਡੀਕਲ ਅਫਸਰ ਡਾਕਟਰ ਤਾਰਕਜੋਤ ਸਿੰਘ ਦੀ ਯੋਗ ਅਗਵਾਈ ਅਤੇ ਆਸ਼ਾ ਵਰਕਰ ਤੇ ਸਮੂਹ ਸਟਾਫ ਦੇ ਸਹਿਯੋਗ ਸਦਕਾ ਹੀ ਮੈਨੂੰ ਇਹ ਸਨਮਾਨ ਹਾਸਲ ਹੋਇਆ ਹੈ, ਜਿਸ ਲਈ ਮੈਂ ਐੱਸ.ਐੱਮ.ਓ. ਸਾਹਿਬ, ਸਮੂਹ ਸਟਾਫ ਤੇ ਸਿਹਤ ਵਿਭਾਗ ਅਤੇ ਜ਼ਿਲ੍ਹਾ ਤੇ ਸਟੇਟ ਅਧਿਕਾਰੀਆਂ ਦੀ ਧੰਨਵਾਦੀ ਹਾਂ।

# ਰੱਤੋਕੇ ਸਕੂਲ ਦੇ ਅਧਿਆਪਕ ਸੁਖਪਾਲ ਸਿੰਘ ਦਾ ਸਨਮਾਨ



**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)**-ਸਰਕਾਰੀ ਐਲੀਮੈਂਟਰੀ ਸਕੂਲ ਰੱਤੋਕੇ, ਜੋ 12 ਪਿੰਡਾਂ ਦੇ ਵਿਦਿਆਰਥੀਆਂ ਦੀ ਦਿਨ ਰਾਤ ਸੇਵਾ ਕਰ ਰਿਹਾ ਹੈ, ਇਥੋਂ ਦੇ ਵਿਦਿਆਰਥੀ ਪੜ੍ਹਾਈ, ਖੇਡਾਂ ਤੇ ਹੋਰ ਗਤੀਵਿਧੀਆਂ ਵਿੱਚ ਮੱਲਾਂ ਮਾਰ ਰਹੇ ਹਨ।ਸਕੂਲ ਦੇ ਇੱਕ ਵਿਦਿਆਰਥੀ ਹਰਮਨਪ੍ਰੀਤ ਸਿੰਘ ਨੈਸ਼ਨਲ ਖੇਡਾਂ ਲਈ ਵੀ ਚੁਣਿਆ ਗਿਆ ਸੀ। ਇਸੇ ਸਕੂਲ ਦਾ ਵਿਦਿਆਰਥੀ ਅਰਮਾਨਦੀਪ ਸਿੰਘ ਅੱਠਵੀਂ ਸ਼੍ਰੇਣੀ ਵਿੱਚ ਪੂਰੇ ਪੰਜਾਬ ਵਿੱਚ ਤੀਸਰੇ ਸਥਾਨ 'ਤੇ ਆਇਆ। ਰੱਤੋਕੇ ਸਕੂਲ ਦੇ 18 ਵਿਦਿਆਰਥੀਆਂ ਨੇ ਐੱਨ ਐੱਮ ਐੱਸ ਐੱਸ ਦੀ ਪ੍ਰੀਖਿਆ ਪਾਸ ਕੀਤੀ।ਅਨੇਕਾਂ ਵਿਦਿਆਰਥੀਆਂ ਨੇ ਡੀਟੀਐੱਫ ਤੇ ਰਮਾਨੁੰਜਨ ਗਣਿਤ ਪ੍ਰੀਖਿਆ ਵਿੱਚ ਸਕੂਲ ਦਾ ਨਾਮ ਚਮਕਾਇਆ।ਇਨ੍ਹਾਂ ਪ੍ਰਾਪਤੀਆਂ ਨੂੰ ਦੇਖਦੇ ਹੋਏ ਸਕੂਲ ਦੇ ਅੰਗਰੇਜ਼ੀ ਅਧਿਆਪਕ ਤੇ ਖੇਡ ਇੰਚਾਰਜ ਸੁਖਪਾਲ ਸਿੰਘ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਜ਼ਾਦੀ ਦਿਵਸ 'ਤੇ ਰੱਖੇ ਜ਼ਿਲ੍ਹਾ ਪੱਧਰੀ ਸਮਾਗਮ ਮੌਕੇ ਸਨਮਾਨਤ ਕਰਨ ਲਈ ਚੁਣਿਆ ਗਿਆ ਅਤੇ ਅੱਜ ਸੰਗਰੂਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਇੱਕ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਟਰਾਫੀ ਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਅਧਿਆਪਕ ਦੇ ਸਨਮਾਨ ਦੀ ਖਬਰ ਸੁਣ ਕੇ ਪੂਰੇ ਪਿੰਡ, ਵਿਦਿਆਰਥੀਆਂ ਤੇ ਸਮੂਹ ਸਟਾਫ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਸਨਮਾਨ ਸਮਾਰੋਹ ਤੋਂ ਬਾਅਦ ਸਕੂਲ ਪਹੁੰਚਣ ਦੇ ਪਿੰਡ ਦੀ ਪੰਚਾਇਤ, ਸਕੂਲ ਵੈੱਲਫੇਅਰ ਕਮੇਟੀ, ਗੁਰਦੁਆਰਾ ਸਾਹਿਬ ਕਮੇਟੀ, ਸਕੂਲ ਸਟਾਫ ਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ।

ਇਸ ਮੌਕੇ ਸੁਖਪਾਲ ਸਿੰਘ ਨੂੰ ਵਧਾਈ ਦਿੰਦਿਆਂ ਸਾਬਕਾ ਸਰਪੰਚ ਸਰਜਾ ਸਿੰਘ ਤੇ ਗੁਰਚਰਨ ਸਿੰਘ ਨੇ ਉਨ੍ਹਾਂ ਦੇ ਕੰਮ ਤੇ ਖੇਡਾਂ ਪ੍ਰਤੀ ਲਗਾਅ ਦੀ ਜੰਮ ਕੇ ਤਾਰੀਫ ਕੀਤੀ।ਇਸ ਮੌਕੇ ਗਿਆਨ ਸਿੰਘ ਭੁੱਲਰ, ਸਰਪੰਚ ਕੁਲਦੀਪ ਕੌਰ, ਜਗਪਾਲ ਸਾਹੋਕੇ ਨੇ ਸਮੂਹ ਸਟਾਫ ਦੇ ਕੰਮ ਦੀ ਸ਼ਲਾਘਾ ਕੀਤੀ।ਗੁਰਦੁਆਰਾ ਸਾਹਿਬ ਕਮੇਟੀ ਵੱਲੋਂ ਸਤਪਾਲ ਸਿੰਘ ਮਾਂਗਟ ਨੇ ਇਸ ਨੂੰ ਪੂਰੇ ਨਗਰ ਲਈ ਮਾਣ ਦੀ ਪ੍ਰਾਪਤੀ ਦੱਸਿਆ। ਇਸ ਮੌਕੇ ਸੁਖਪਾਲ ਸਿੰਘ ਨੇ ਪ੍ਰਮਾਤਮਾ ਦਾ ਧੰਨਵਾਦ ਕਰਦਿਆਂ ਅੱਗੇ ਤੋਂ ਹੋਰ ਮਿਹਨਤ ਕਰਨ ਦਾ ਪ੍ਰਣ ਲਿਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਮੰਗਾਂ ਨੂੰ ਲੈ ਕੇ ਸੈਂਕੜੇ ਕਿਸਾਨਾਂ ਤੇ ਮਜ਼ਦੂਰਾਂ ਈਟੀਓ ਦੇ ਘਰ ਅੱਗੇ ਦਿੱਤਾ ਰੋਸ ਧਰਨਾ



**ਜੰਡਿਆਲਾ ਗੁਰੂ (ਹਰਿੰਦਰਪਾਲ ਸਿੰਘ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸੈਂਕੜੇ ਕਿਸਾਨਾਂ ਤੇ ਮਜ਼ਦੂਰਾਂ ਨੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਦੇ ਜੰਡਿਆਲਾ ਗੁਰੂ ਸਥਿਤ ਘਰ ਸਾਹਮਣੇ ਰੋਸ ਧਰਨਾ ਦਿੱਤਾ ਅਤੇ ਮੁੱਖ ਮੰਤਰੀ ਪੰਜਾਬ ਨੂੰ ਪੁੱਜਦਾ ਕਰਨ ਲਈ ਮੰਗ ਪੱਤਰ ਦਿੱਤਾ। ਧਰਨੇ ਦੀ ਅਗਵਾਈ ਬਲਦੇਵ ਸਿੰਘ ਸੈਦਪੁਰ, ਲਖਬੀਰ ਸਿੰਘ ਨਿਜ਼ਾਮਪੁਰਾ, ਦਲਬੀਰ ਸਿੰਘ ਬੇਦਾਦਪੁਰ, ਭੁਪਿੰਦਰ ਸਿੰਘ ਤੀਰਥਪੁਰਾ, ਗੁਰਦੇਵ ਸਿੰਘ ਵਰਪਾਲ ਅਮਰਜੀਤ ਸਿੰਘ ਮੱਲਾ, ਚੰਨਣ ਸਿੰਘ, ਸੁਖਦੇਵ ਸਿੰਘ ਸਰਜਾ ਆਦਿ ਆਗੂਆਂ ਨੇ ਕੀਤੀ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਾਥੀ ਰਤਨ ਸਿੰਘ ਰੰਧਾਵਾ, ਪ੍ਰਭਜੀਤ ਸਿੰਘ ਤਿੰਮੋਵਾਲ, ਧਰਮ ਸਿੰਘ ਧਿਆਨਪੁਰ, ਨਿਰਮਲ ਸਿੰਘ ਭਿੰਡਰ, ਅਮਰਜੀਤ ਸਿੰਘ ਚੌਹਾਨ ਆਦਿ ਆਗੂਆਂ ਨੇ ਕਿਹਾ ਕਿ ਲੋਕਾਂ ਨੂੰ ਬਹੁਤ ਵੱਡੇ ਲਾਰੇ ਲਾ ਕੇ ਹੋਂਦ ਵਿੱਚ ਆਈ ਮੌਜੂਦਾ ਸਰਕਾਰ ਵੱਲੋਂ ਕਿਸਾਨਾਂ ਮਜ਼ਦੂਰਾਂ ਦੇ ਪੱਖ ਦੀ ਕੋਈ ਨੀਤੀ ਨਹੀਂ ਘੜੀ ਗਈ ਸਗੋਂ ਪਹਿਲੀਆਂ ਸਰਕਾਰਾਂ ਦੇ ਕਾਰਜਕਾਲ ਵਾਂਗ ਹੀ ਭਰਿਸ਼ਟਾਚਾਰ, ਨਸ਼ੇ, ਲੁੱਟ ਖੋਹ ਦਾ ਬੋਲਬਾਲਾ ਹੈ।ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਹਰ ਖੇਤ ਤੱਕ ਨਹਿਰੀ ਪੁੱਜਦਾ ਕਰੇ, ਮੋਘਿਆਂ ਦਾ ਡਿਜ਼ਾਈਨ ਤਕਨੀਕੀ ਮਾਹਿਰਾਂ ਦੀ ਰਾਏ ਅਤੇ ਪਾਣੀ ਦੀ ਲੋੜ ਮੁਤਾਬਿਕ ਕੀਤਾ ਜਾਵੇ, ਦਰਿਆਈ ਪਾਣੀਆਂ ਦੇ ਮਸਲੇ ਰਿਪੇਰੀਅਨ ਸਿਧਾਂਤ ਮੁਤਾਬਿਕ ਕੀਤੇ ਜਾਣ, ਪਾਣੀ ਰੀਚਾਰਜ ਕਰਨ ਦੇ ਪ੍ਰਬੰਧ ਕੀਤੇ ਜਾਣ, ਨਹਿਰਾਂ ਅਤੇ ਦਰਿਆਵਾਂ ਵਿੱਚ ਪ੍ਰਦੂਸ਼ਿਤ ਪਾਣੀ ਪਾਉਣਾ ਬੰਦ ਕੀਤਾ ਜਾਵੇ, ਘੱਟ ਪਾਣੀ ਲੈਣ ਵਾਲੇ ਬੀਜ ਉਪਲਬਧ ਕਰਵਾਏ ਜਾਣ, ਕਿਸਾਨਾਂ ਤੇ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਮੁਆਫ ਕੀਤਾ ਜਾਵੇ, ਖੁਦਕੁਸ਼ੀਆਂ ਕਰ ਗਏ ਲੋਕਾਂ ਦੇ ਪਰਿਵਾਰਾਂ ਨੂੰ 10 ਲੱਖ ਰੁਪਏ ਸਹਾਇਤਾ ਰਾਸ਼ੀ ਦਿੱਤੀ ਜਾਵੇ, ਸਹਿਕਾਰਤਾ ਲਹਿਰ ਨੂੰ ਮਜ਼ਬੂਤ ਕੀਤਾ ਜਾਵੇ, ਹਾਈਵੇ ਲਈ ਐਕਵਾਇਰ ਕੀਤੀਆਂ ਜ਼ਮੀਨਾਂ ਦੇ ਭਾਅ ਮਾਰਕੀਟ ਮੁਤਾਬਿਕ ਦਿੱਤੇ ਜਾਣ, ਦੂਜੇ ਦੇਸ਼ਾਂ ਨਾਲ ਵਪਾਰ ਲਈ ਅਟਾਰੀ ਵਾਹਗਾ ਅਤੇ ਹੁਸੈਨੀਵਾਲਾ ਸੁਲੇਮਾਨੀ ਬਾਰਡਰ ਖੋਲ੍ਹੇ ਜਾਣ, ਅਵਾਰਾ ਪਸ਼ੂਆਂ ਅਤੇ ਕੁੱਤਿਆਂ ਦਾ ਸਥਾਈ ਹੱਲ ਕੀਤਾ ਜਾਵੇ, ਨਕਲੀ ਬੀਜਾਂ, ਖਾਦਾਂ ਦਵਾਈਆਂ ਤੇ ਰੋਕ ਲਾਉਣ ਲਈ ਮੋਬਾਇਲ ਸੈਂਪਲ ਟੈਸਟ ਵੈਨਾਂ ਸ਼ੁਰੂ ਕੀਤੀਆਂ ਜਾਣ, ਬਿਜਲੀ ਵਿਭਾਗ ਦਾ ਨਿਜੀਕਰਨ ਬੰਦ ਕੀਤਾ ਜਾਵੇ, 58 ਸਾਲ ਦੀ ਉਮਰ ਤੋਂ ਬਾਅਦ ਹਰ ਕਿਸਾਨ ਮਜ਼ਦੂਰ ਨੂੰ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇ, ਸਰਕਾਰੀ ਫਸਲ ਬੀਮਾ ਯੋਜਨਾ ਲਾਗੂ ਕੀਤੀ ਜਾਵੇ, ਸੰਘਰਸ਼ਸ਼ੀਲ ਕਿਸਾਨਾਂ ਤੇ ਮਜ਼ਦੂਰਾਂ ਤੇ ਦਰਜ ਪਰਚੇ ਵਾਪਸ ਲਏ ਜਾਣ, ਨਵੀਂ ਸਿੱਖਿਆ ਨੀਤੀ ਰੱਦ ਕੀਤੀ ਜਾਵੇ।ਮੰਤਰੀ ਦੀ ਗੈਰਹਾਜ਼ਰੀ ਵਿੱਚ ਮੰਗ ਪੱਤਰ ਮਾਰਕੀਟ ਕਮੇਟੀ ਗਹਿਰੀ ਮੰਡੀ ਦੇ ਚੇਅਰਮੈਨ ਸ਼ਨਾਖ ਸਿੰਘ ਨੇ ਲਿਆ ਅਤੇ ਮੁੱਖ ਮੰਤਰੀ ਪੰਜਾਬ ਨੂੰ ਪਹੁੰਚਾਉਣ ਦਾ ਭਰੋਸਾ ਦਿੱਤਾ।

# ਐੱਸ ਟੀ ਐੱਸ ਵਰਲਡ ਸਕੂਲ 'ਚ 78ਵਾਂ ਸੁਤੰਤਰਤਾ ਦਿਵਸ ਮਨਾਇਆ



ਗੁਰਾਇਆ (ਬਿੰਦਰ ਸੁੰਮਨ)-ਐੱਸ.ਟੀ ਐੱਸ. ਵਰਲਡ ਸਕੂਲ ਦੇ ਵਿਹੜੇ ਵਿੱਚ ਆਜ਼ਾਦੀ ਦਿਹਾੜਾ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਸਕੂਲ ਦੀ ਚੇਅਰਪਰਸਨ ਮੈਡਮ ਮਾਲਤੀ ਸਨ। ਉਨ੍ਹਾਂ ਦਾ ਸਵਾਗਤ ਸਕੂਲ ਦੇ ਪ੍ਰਿੰਸੀਪਲ ਮੈਡਮ ਪ੍ਰਭਜੋਤ ਗਿੱਲ ਅਤੇ ਐਨ.ਸੀ.ਸੀ. ਬੈਂਡ ਦੁਆਰਾ ਕੀਤਾ ਗਿਆ। ਮੁੱਖ ਮਹਿਮਾਨ ਮਾਲਤੀ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ ਗਿਆ, ਉਪਰੰਤ ਚੇਅਰਪਰਸਨ ਮਾਲਤੀ ਅਤੇ ਪ੍ਰਿੰਸੀਪਲ ਪ੍ਰਭਜੋਤ ਗਿੱਲ ਨੇ ਤਿਰੰਗਾ ਝੰਡਾ ਲਹਿਰਾਇਆ। ਸਕੂਲ ਦੇ ਚਾਰ ਹਾਊਸਾਂ ਕੈਂਬਰਿਜ, ਹਾਰਵਰਡ, ਆਕਸਫੋਰਡ ਅਤੇ ਸਟੈਨਫੋਰਡ ਵਲੋਂ ਸਕੂਲ ਦੇ ਏ.ਐਨ.ਓ ਗਗਨ ਭੱਟੀ ਦੀ ਅਗਵਾਈ ਹੇਠ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ ਅਤੇ ਦੇਸ਼ ਦੇ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ ਗਈ। ਮੰਚ ਦਾ ਸੰਚਾਲਨ ਸੁਖਦੀਪ ਸਿੰਘ, ਸਾਨੀਆ, ਵੰਸ਼ਿਕਾ ਅਤੇ ਦਿਲਰਾਜ ਨੇ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਦੇਸ਼ ਭਗਤੀ ਬਾਰੇ ਇੱਕ ਸਕਿੱਟ ਵੀ ਪੇਸ਼ ਕੀਤੀ। ਵਿਦਿਆਰਥੀਆਂ ਨੇ ਡਾਂਸ, ਯੋਗਾ, ਜੁੰਬਾ, ਖੇਡ ਗਤੀਵਿਧੀਆਂ, ਰੈਪ ਗੀਤ ਅਤੇ ਛੋਟੇ ਬੱਚਿਆਂ ਨੇ ਸੁੰਦਰ ਡਾਂਸ ਪੇਸ਼ ਕੀਤਾ। ਇਸ ਮੌਕੇ ਪ੍ਰਿੰਸੀਪਲ ਪ੍ਰਭਜੋਤ ਗਿੱਲ ਨੇ ਵਿਦਿਆਰਥੀਆਂ ਨੂੰ ਆਜ਼ਾਦੀ ਦੀ ਮਹੱਤਤਾ ਬਾਰੇ ਦੱਸਿਆ ਅਤੇ ਦੇਸ਼ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸਲਾਮ ਕੀਤਾ।

# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ 'ਚ ਮਨਾਇਆ ਰੱਖੜੀ ਦਾ ਤਿਓਹਾਰ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਵਿਖੇ ਬੜੀ ਹੀ ਰੀਝ ਨਾਲ ਰੱਖੜੀ ਦਾ ਤਿਉਹਾਰ ਮਨਾਇਆ ਗਿਆ ਜਿਸ ਦਾ ਮਕਸਦ ਵਿਦਿਆਰਥੀਆਂ ਨੂੰ ਰੱਖੜੀ ਦੇ ਤਿਉਹਾਰ ਦੇ ਪਿਛੋਕੜ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਦੀ ਕਲਾ ਨੂੰ ਨਿਖਾਰਨਾ ਸੀ।

ਸਕੂਲ ਵਿਚ ਇਸ ਤਿਉਹਾਰ ਨਾਲ ਸੰਬੰਧਿਤ ਮੁਕਾਬਲੇ ਕਰਵਾਏ ਗਏ ਜਿਵੇਂ ਕਿ ਰੱਖੜੀ ਬਣਾਉਣਾ, ਕਾਰਡ ਬਣਾਉਣਾ ਅਤੇ ਥਾਲੀ ਸਜਾਵਟ ਆਦਿ ਜਿਸ ਵਿਚ ਹਰ ਜਮਾਤ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਮੁਕਾਬਲੇ ਵਿਚੋਂ ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਪਵਿੱਤਰ ਤਿਉਹਾਰ ਬਾਰੇ ਬੋਲਦਿਆਂ ਸੰਸਥਾ ਦੇ ਚੇਅਰਮੈਨ ਜਸਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰ. ਮਨੀਸ਼ਾ ਸੂਦ ਨੇ ਕਿਹਾ ਕਿ ਸਾਨੂੰ ਇਸ ਤਿਉਹਾਰ ਨੂੰ ਪੂਰੇ ਸਤਿਕਾਰ ਨਾਲ ਮਨਾਉਣਾ ਚਾਹੀਦਾ ਹੈ ਤਾਂ ਜੋ ਇਸ ਦੀ ਪਵਿੱਤਰਤਾ ਸਦਾ ਕਾਇਮ ਰਹੇ ਅਤੇ ਅਸੀਂ ਆਪਣੇ ਸੱਭਿਆਚਾਰ ਨਾਲ ਜੁੜੇ ਰਹੀਏ।

# ਧਾਰੋਵਾਲੀ ਯੂਨੀਵਰਸਿਟੀ ਕਾਲਜ 'ਚ ਮਨਾਇਆ ਤੀਆਂ ਦਾ ਤਿਉਹਾਰ

**ਕਲਾਨੌਰ (ਮਨਦੀਪ ਕੋਹਲੀ)**-ਸ਼ਹੀਦ ਲੱਛਮਣ ਸਿੰਘ ਧਾਰੋਵਾਲੀ ਯੂਨੀਵਰਸਿਟੀ ਕਾਲਜ ਕਲਾਨੌਰ ਵਿਖੇ ਪ੍ਰਿੰਸੀਪਲ ਡਾ. ਕਮਲ ਕਿਸ਼ੋਰ ਅੱਤਰੀ ਦੀ ਅਗਵਾਈ ਹੇਠ ਅਤੇ ਰਾਜਨੀਤੀ ਸ਼ਾਸਤਰ ਦੇ ਪ੍ਰੋਫੈਸਰ ਸਤਿੰਦਰ ਕੌਰ ਦੇ ਯਤਨਾਂ ਸਦਕਾ ਤੀਆਂ ਦਾ ਤਿਉਹਾਰ ਮਨਾਇਆ ਗਿਆ ਜਿਸ ਵਿਚ ਕਾਲਜ ਦੀਆਂ ਵਿਦਿਆਰਥਣਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ।ਪ੍ਰੋਗਰਾਮ ਦੀ ਸ਼ੁਰੂਆਤ ਵਿਚ ਪ੍ਰੋ. ਸਤਿੰਦਰ ਕੌਰ ਨੇ ਤੀਆਂ ਸ਼ਬਦ ਦਾ ਅਰਥ ਦੱਸਦਿਆਂ ਤੀਆਂ ਦੇ ਤਿਉਹਾਰ ਦੇ ਇਤਿਹਾਸਕ ਪਿਛੋਕੜ ਬਾਰੇ ਚਰਚਾ ਕੀਤੀ। ਉਪਰੰਤ ਪ੍ਰਿੰ. ਡਾ. ਕਮਲ ਕਿਸ਼ੋਰ ਅੱਤਰੀ ਨੇ ਤੀਆਂ ਦੇ ਤਿਉਹਾਰ ਦੀ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਬੇਸ਼ੱਕ ਤੀਆਂ ਦੇ ਤਿਉਹਾਰ ਦੀ ਸ਼ੁਰੂਆਤ ਨਕਾਰਾਤਮਕ ਸੋਚ ਤੋਂ ਹੋਈ ਪ੍ਰੰਤੂ ਅੱਜ ਇਹ ਤਿਓਹਾਰ ਖੁਸ਼ੀ ਅਤੇ ਆਨੰਦ ਵਜੋਂ ਮਨਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਵਿਆਹੀਆਂ ਕੁੜੀਆਂ ਇਸ ਤਿਓਹਾਰ ਤੇ ਆਪਣੇ ਪੇਕੇ ਘਰ ਆ ਕੇ ਆਪਣੇ ਸਹੁਰੇ ਘਰ ਦੇ ਰੋਸੇ ਅਤੇ ਗਮਾਂ ਨੂੰ ਭੁਲਦਿਆਂ ਆਨੰਦਮਈ ਅਵਸਥਾ ਨੂੰ ਮਾਣਦੀਆਂ ਅਤੇ ਪੀਂਘਾਂ ਝੂਟਦੀਆਂ ਹਨ।ਇਸ ਮੌਕੇ ਪ੍ਰਿੰ. ਨੇ 2024-25 ਵਿਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਨੂੰ ਕਾਲਜ ਦਾ ਹਿੱਸਾ ਬਣਨ 'ਤੇ ਮੁਬਾਰਕਬਾਦ ਦਿੱਤੀ।ਕਾਲਜ ਦੀਆਂ ਕੁਝ ਵਿਦਿਆਰਥਣਾਂ ਨੇ ਇਸ ਤਿਓਹਾਰ ਨੂੰ ਸਮਰਪਿਤ ਸੱਭਿਆਚਾਰਕ ਪ੍ਰੋਗਰਾਮ ਵਿਚ ਆਪਣੀ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਪ੍ਰੋ. ਅਸ਼ਵਨੀ ਕੁਮਾਰ, ਪ੍ਰੋ. ਨਵਦੀਪ ਕੌਰ, ਪ੍ਰੋ. ਮਨਜਿੰਦਰ ਕੌਰ, ਪ੍ਰੋ. ਅੰਜਨਾ ਸ਼ਰਮਾ, ਪ੍ਰੋ. ਰੀਤੀ ਸ਼ਰਮਾ,ਪ੍ਰੋ. ਸੰਦੀਪ ਚੰਚਲ, ਪ੍ਰੋ. ਆਰਤੀ ਮਹਾਜਨ,ਪ੍ਰੋ. ਸੁਖਵਿੰਦਰ ਕੌਰ, ਪ੍ਰੋ. ਅੰਮ੍ਰਿਤਪਾਲ ਕੌਰ, ਪ੍ਰੋ. ਜੁਝਾਰ ਸਿੰਘ, ਪ੍ਰੋ. ਰਵਨੀਤ ਕੌਰ, ਪ੍ਰੋ. ਵਰਿੰਦਰ ਕੌਰ, ਪ੍ਰੋ. ਅੰਕਿਤਾ ਸ਼ਰਮਾ, ਪ੍ਰੋ. ਸ਼ਿਵਾਨੀ ਮੌਜੂਦ ਸਨ। ਮੰਚ ਦਾ ਸੰਚਾਲਨ ਪ੍ਰੋ. ਸਤਿੰਦਰ ਨੇ ਨਿਭਾਇਆ।



# ਕੇਂਦਰ ਸਰਕਾਰ ਕੇਜਰੀਵਾਲ ਨੂੰ ਤਾਂ ਜੇਲ 'ਚ ਡੱਕ ਸਕਦੀ ਹੈ ਪਰ ਉਸ ਦੀ ਸੋਚ ਨੂੰ ਨਹੀਂ

## ਜ਼ਿਮਨੀ ਚੋਣਾਂ 'ਚ ਸਾਡਾ ਸਿੱਧਾ ਮੁਕਾਬਲਾ ਕਾਂਗਰਸ ਨਾਲ : ਧਾਲੀਵਾਲ



**ਕਲਾਨੌਰ (ਮਨਦੀਪ ਕੋਹਲੀ)**-ਡੇਰਾ ਬਾਬਾ ਨਾਨਕ ਦੀ ਜ਼ਿਮਨੀ ਚੋਣ ਨੂੰ ਲੈ ਕੇ ਆਮ ਆਦਮੀ ਪਾਰਟੀ ਵੱਲੋਂ ਕਲਾਨੌਰ ਦੇ ਇੱਕ ਨਿੱਜੀ ਪੈਲੇਸ ਵਿੱਚ ਵਲੰਟੀਅਰਜ਼, ਬਲਾਕ ਪ੍ਰਧਾਨਾਂ ਅਤੇ ਹਲਕੇ ਦੇ ਆਗੂਆਂ ਨਾਲ ਜ਼ਿਮਨੀ ਚੋਣ ਸਬੰਧੀ ਵਿਚਾਰ-ਵਟਾਂਦਰੇ ਕਰਨ ਲਈ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਮਰਜੀਤ ਸਿੰਘ ਉਦੋਵਾਲੀ ਦੀ ਅਗਵਾਈ ਵਿੱਚ ਬਲਾਕ ਪ੍ਰਧਾਨ ਕਲਾਨੌਰ ਨਵਪ੍ਰੀਤ ਸਿੰਘ ਪਵਾਰ ਅਤੇ ਸਾਥੀਆਂ ਵੱਲੋਂ ਅਹਿਮ ਮੀਟਿੰਗ ਰੱਖੀ ਗਈ ਜਿਸ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ।ਇਸ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਬਟਾਲਾ ਤੋਂ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਉਚੇਚੇ ਤੌਰ 'ਤੇ ਪਹੁੰਚੇ।ਮੀਟਿੰਗ ਵਿੱਚ ਪਹੁੰਚੇ ਡੇਰਾ ਬਾਬਾ ਨਾਨਕ ਜ਼ਿਮਨੀ ਚੋਣ ਦੇ ਕੋ-ਇੰਚਾਰਜ ਅਤੇ ਬਟਾਲਾ ਤੋਂ ਵਿਧਾਇਕ ਕਲਸੀ ਨੇ ਮੀਟਿੰਗ ਵਿੱਚ ਪਹੁੰਚੇ ਸਾਰੇ ਲੋਕਾਂ ਨੂੰ ਇੱਕ ਛੱਤ ਥੱਲੇ ਲਾਮਬੰਦ ਹੋਣ ਲਈ ਅਪੀਲ ਕੀਤੀ। ਇਸ ਮੌਕੇ ਆਮ ਆਦਮੀ ਪਾਰਟੀ ਵੱਲੋਂ ਡੇਰਾ ਬਾਬਾ ਨਾਨਕ ਜ਼ਿਮਨੀ ਚੋਣ ਦੇ ਇੰਚਾਰਜ ਅਤੇ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪਹਿਲਾਂ ਤਾਂ ਸਾਰਿਆਂ ਨੂੰ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਦੇ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ ਅਤੇ ਕੇਕ ਕੱਟਿਆ ਅਤੇ ਡੇਰਾ ਬਾਬਾ ਨਾਨਕ ਦੀ ਜ਼ਿਮਨੀ ਚੋਣ ਨੂੰ ਲੈ ਕੇ ਆਪਣੇ ਹਲਕੇ ਦੇ ਆਗੂਆਂ, ਬਲਾਕ ਪ੍ਰਧਾਨਾਂ ਅਤੇ ਵਲੰਟੀਅਰ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਸਾਰੇ ਗਿਲੇ ਸ਼ਿਕਵੇ ਭੁੱਲ ਕੇ ਪਾਰਟੀ ਲਈ ਇੱਕਜੁੱਟਤਾ ਨਾਲ ਕੰਮ ਕਰਨ। ਉਨ੍ਹਾਂ ਨੇ ਕਿਹਾ ਕਿ ਮੀਟਿੰਗਾਂ ਦਾ ਸਿਲਸਿਲਾ ਜਾਰੀ ਰਹੇਗਾ। ਉਨ੍ਹਾਂ ਨੇ ਕਿਹਾ ਕਿ ਸਾਡੀ ਸਿੱਧੀ ਟੱਕਰ ਕਾਂਗਰਸ ਪਾਰਟੀ ਨਾਲ ਹੈ।ਇਸ ਮੌਕੇ ਪਾਰਟੀ ਵਿੱਚ ਪਹੁੰਚੇ ਆਮ ਆਦਮੀ ਪਾਰਟੀ ਦੇ ਹੋਰ ਸੀਨੀਅਰ ਆਗੂ ਸਤਨਾਮ ਸਿੰਘ ਹਰੂਵਾਲ, ਰਣਜੇਤ ਸਿੰਘ ਬਾਠ ਚੇਅਰਮੈਨ ਮਾਰਕੀਟ ਕਮੇਟੀ ਕਲਾਨੌਰ, ਚੰਨਣ ਸਿੰਘ ਖਾਲਸਾ, ਜਗਜੀਤ ਸਿੰਘ ਕਾਹਲੋਂ ਚੇਅਰਮੈਨ ਮਾਰਕੀਟ ਕਮੇਟੀ ਡੇਰਾ ਬਾਬਾ ਨਾਨਕ, ਗੁਰਦੀਪ ਸਿੰਘ ਰੰਧਾਵਾ ਹਲਕਾ ਇੰਚਾਰਜ, ਨਵਪ੍ਰੀਤ ਸਿੰਘ ਪਵਾਰ ਆਦਿ ਨੇ ਵੀ ਆਏ ਹੋਏ ਵਲੰਟੀਅਰ ਅਤੇ ਆਗੂਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।

## ਆਜ਼ਾਦੀ ਦਿਵਸ ਸਮਾਰੋਹ ਦੌਰਾਨ ਪੱਤਰਕਾਰ ਰਾਣਾ ਸਨਮਾਨਿਤ



**ਵੇਰਕਾ (ਨਜ਼ਸ)**-ਨਵਾਂ ਜ਼ਮਾਨਾ ਅਖਬਾਰ ਦੇ ਕਸਬਾ ਵੇਰਕਾ ਤੋਂ ਪ੍ਰਤੀਨਿਧ ਹਰਬਿੰਦਰ ਸਿੰਘ ਰਾਣਾ ਨੂੰ ਪੱਤਰਕਾਰੀ ਦੇ ਖੇਤਰ ਵਿੱਚ ਵੱਖ-ਵੱਖ ਜਨਤਕ ਮੁੱਦਿਆਂ ਨੂੰ ਨਿਰਪੱਖਤਾ, ਇਮਾਨਦਾਰੀ ਅਤੇ ਬੇਬਾਕੀ ਨਾਲ ਸਮਾਜ ਸਾਹਮਣੇ ਲਿਆਉਣ ਕਰਕੇ ਉਪ ਮੰਡਲ ਮੈਜਿਸਟ੍ਰੇਟ ਮਜੀਠਾ ਵੱਲੋਂ ਮਨਾਏ ਗਏ ਆਜ਼ਾਦੀ ਦਿਵਸ ਸਮਾਰੋਹ ਦੌਰਾਨ ਸਨਮਾਨਿਤ ਕੀਤਾ ਗਿਆ।ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀ ਵੀ ਮੌਜੂਦ ਸਨ।

## ਟੋਇਟਾ 2050 ਤੱਕ ਕਾਰਬਨ ਮੁਕਤ ਵਾਹਨ ਮੁਹੱਈਆ ਕਰਵਾਉਣ ਲਈ ਵਚਨਬੱਧ

**ਜਲੰਧਰ**: ਵਿਸ਼ਵ ਪੱਧਰ ਤੇ ਸਥਿਰਤਾ ਦੇ ਚੈਂਪੀਅਨ ਵਜੋਂ ਟੋਇਟਾ 2050 ਤੱਕ ਕਾਰਬਨ ਨਿਰਪੱਖਤਾ ਲਈ ਵਚਨਬੱਧ ਹੈ ਅਤੇ 2035 ਤੱਕ ਨਿਰਮਾਣ ਕਾਰਜਾਂ ਵਿੱਚ ਸ਼ੁੱਧ ਜ਼ੀਰੋ ਕਾਰਬਨ ਪ੍ਰਾਪਤ ਕਰਨ ਦਾ ਟੀਚਾ ਰੱਖਦਾ ਹੈ। ਕੰਪਨੀ ਦਾ ਉਦੇਸ਼ 2047 ਤੱਕ ਊਰਜਾ ਵਿੱਚ ਆਤਮਨਿਰਭਰ ਬਣਨ ਲਈ ਸਰਕਾਰ ਦੇ ਵੱਖ-ਵੱਖ ਕਾਰਕਾਂ ਜਿਵੇਂ ਕਿ ਮੌਜੂਦਾ ਊਰਜਾ ਮਿਸ਼ਰਣ, ਵਿਲੱਖਣ ਖਪਤਕਾਰਾਂ ਦੀਆਂ ਲੋੜਾਂ, ਬੁਨਿਆਦੀ ਢਾਂਚੇ ਦੀ ਤਿਆਰੀ ਅਤੇ ਸਰਕਾਰ ਦੇ ਵਿਭਿੰਨ ਯਤਨਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕਈ ਸਾਫ਼-ਸੁਥਰੀਆਂ ਤਕਨਾਲੋਜੀਆਂ ਨੂੰ ਪੇਸ਼ ਕਰਨ ਅਤੇ ਸਮਰਥਨ ਦੇ ਕੇ ਨਵੀਨਤਾ ਲਿਆਉਣਾ ਹੈ।ਵਿਕਰਮ ਗੁਲਾਟੀ ਕੰਟਰੀ ਹੈੱਡ ਅਤੇ ਐਗਜ਼ੈਕਟਿਵ ਵਾਈਸ ਪ੍ਰੈਜ਼ੀਡੈਂਟ, ਕਾਰਪੋਰੇਟ ਅਫੇਅਰਜ਼ ਐਂਡ ਗਵਰਨੈਂਸ, ਟੋਇਟਾ ਕਿਰਲੋਸਕਰ ਮੋਟਰ ਨੇ ਕਿਹਾ ਕਿ ਬਾਇਓਫਿਊਲ ਜੈਵਿਕ ਇੰਧਨ ਤੇ ਨਿਰਭਰਤਾ ਨੂੰ ਘਟਾ ਸਕਦੇ ਹਨ।

# ਕੇਰਲਾ ਇੰਟਰਨੈਸ਼ਨਲ ਸਕੂਲ ਕਲਾਨੌਰ 'ਚ ਰੱਖੜੀ ਪ੍ਰਤੀਯੋਗਤਾ ਕਰਵਾਈ



**ਕਲਾਨੌਰ (ਮਨਦੀਪ ਕੋਹਲੀ)**-ਕਲਾਨੌਰ ਵਿੱਚ ਬੱਚਿਆਂ ਨੂੰ ਵਿੱਦਿਆ ਵੰਡ ਰਹੀ ਸੰਸਥਾ ਕੇਰਲਾ ਇੰਟਰਨੈਸ਼ਨਲ ਸਕੂਲ ਵਿੱਚ ਪ੍ਰਿੰ. ਡੋਮਿਨਿਕ ਮੈਥਿਊ ਦੀ ਯੋਗ ਅਗਵਾਈ ਵਿੱਚ ਰੱਖੜੀ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਯੂਕੇਜੀ ਤੋਂ ਲੈ ਕੇ ਅੱਠਵੀਂ ਕਲਾਸ ਤੱਕ ਦੇ 273 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ।ਬੱਚਿਆਂ ਵੱਲੋਂ ਪੇਪਰ ਵਰਕ ਨਾਲ ਰੱਖੜੀਆਂ ਬਣਾਈਆਂ ਗਈਆਂ ਜਿਨ੍ਹਾਂ ਵਿੱਚ ਕਲਰ ਪੇਪਰ, ਪੇਂਟਿੰਗ, ਗਲਿੱਟਰ ਪੇਪਰ ਅਤੇ ਉਨ ਦੀ ਵਰਤੋਂ ਕੀਤੀ ਗਈ।ਇਸ ਮੁਕਾਬਲੇ ਵਿੱਚ ਬੱਚਿਆਂ ਨੂੰ ਸਿਰਫ 35 ਮਿੰਟ ਦਾ ਸਮਾਂ ਦਿੱਤਾ ਗਿਆ, ਰੱਖੜੀ ਮੁਕਾਬਲਿਆਂ ਵਿੱਚ ਜੱਜਮੈਂਟ ਦੀ ਭੂਮਿਕਾ ਮੈਡਮ ਸਿਸਲੀ ਥੋਮਸ, ਮੈਡਮ ਸੁਖਦੀਪ ਕੌਰ, ਮੈਡਮ ਪ੍ਰਦੀਪ ਕੌਰ ਅਤੇ ਮੈਡਮ ਸਿਮਰਨਜੀਤ ਕੌਰ ਨੇ ਬਾਖੂਬੀ ਨਿਭਾਈ।ਮੁਕਾਬਲੇ ਵਿੱਚ 26 ਦੇ ਕਰੀਬ ਬੱਚਿਆਂ ਨੇ ਜੇਤੂ ਪੁਜ਼ੀਸ਼ਨਾਂ ਹਾਸਿਲ ਕੀਤੀਆਂ। ਇਸ ਮੌਕੇ ਪ੍ਰਿੰ. ਡੋਮਿਨਿਕ ਮੈਥਿਊ ਨੇ ਜੇਤੂ ਵਿਦਿਆਰਥੀਆਂ ਨਾਲ ਯਾਦਗਾਰੀ ਤਸਵੀਰ ਖਿਚਵਾਈ ਅਤੇ ਬੱਚਿਆਂ ਨੂੰ ਇਨਾਮ ਦੇਣ ਦਾ ਐਲਾਨ ਕੀਤਾ ਅਤੇ ਕਿਹਾ ਕਿ ਰੱਖੜੀ ਦਾ ਤਿਉਹਾਰ ਸਦੀਆਂ ਤੋਂ ਚਲਿਆ ਆ ਰਿਹਾ ਹੈ ਅਤੇ ਇਹ ਭੈਣ ਭਰਾ ਦੇ ਪਿਆਰ ਦਾ ਪ੍ਰਤੀਕ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਡਮ ਕਮਲ ਸ਼ਰਮਾ, ਮੈਡਮ ਬੱਬਲਜੀਤ ਕੌਰ, ਮੈਡਮ ਕੰਵਲਜੀਤ ਕੌਰ ਆਦਿ ਵੀ ਹਾਜ਼ਰ ਸਨ।

# ਭਾਈ ਗੁਰਦਾਸ ਸਕੂਲ ਲੱਖਣ ਕਲਾਂ 'ਚ ਕਰਵਾਏ ਰੱਖੜੀ ਬਣਾਉਣ ਦੇ ਮੁਕਾਬਲੇ





**ਕਲਾਨੌਰ (ਮਨਦੀਪ ਕੋਹਲੀ)**-ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਲੱਖਣ ਕਲਾਂ ਵਿੱਚ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਬੀਰ ਸਿੰਘ ਕਾਹਲੋਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪ੍ਰਿੰ. ਮੈਡਮ ਬਲਜਿੰਦਰ ਕੌਰ ਕਾਹਲੋਂ ਦੀ ਰਹਿਨੁਮਾਈ ਹੇਠ ਸਕੂਲ ਦੇ ਅਧਿਆਪਕਾਂ, ਵਿਦਿਆਰਥੀਆਂ ਨੂੰ ਗਰੁੱਪਾਂ ਵਿੱਚ ਵੰਡ ਕੇ ਰੱਖੜੀ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਮੈਡਮ ਸ਼ਰਨਦੀਪ ਕੌਰ, ਜਗਬੀਤ ਕੌਰ, ਐਸ ਪੀ ਸਿੰਘ, ਗਗਨਦੀਪ, ਪ੍ਰਭਜੋਤ ਕੌਰ, ਨਵਦੀਪ ਕੌਰ, ਮੈਡਮ ਪ੍ਰੀਆ, ਰੁਪਿੰਦਰਜੀਤ ਕੌਰ, ਗੁਰਜੀਤ ਸਿੰਘ, ਕਿਰਨਦੀਪ, ਬਲਜੀਤ ਕੌਰ, ਰਮਨਦੀਪ ਕੌਰ, ਹਰਜੀਤ ਕੌਰ, ਸਤਨਾਮ ਸਿੰਘ, ਜਸ਼ਨਦੀਪ, ਮੁਸਕਾਨ, ਮਹਿਕ, ਸ਼ੁਭ ਕਰਮਨ ਦੀਪ ਸਮੇਤ ਅਧਿਆਪਕਾਂ ਦੇ ਨਾਲ ਵਿਦਿਆਰਥੀਆਂ ਨੇ ਹਿੱਸਾ ਲਿਆ।ਪ੍ਰਿੰ. ਬਲਜਿੰਦਰ ਕੌਰ ਵੱਲੋਂ ਜੇਤੂ ਰਹਿਣ ਵਾਲੇ ਗਰੁੱਪ ਨੂੰ ਕੈਸ਼ ਇਨਾਮ ਐਲਾਨੇ ਗਏ ਸਨ ਅਤੇ ਜੇਤੂ ਰਹਿਣ ਵਾਲੇ ਟੀਮਾਂ ਨੂੰ ਨਗਦ ਇਨਾਮ ਵੀ ਦਿੱਤੇ ਗਏ ਜਿਸ ਵਿੱਚ ਬਾਰਵੀਂ ਸਾਇੰਸ ਦੀ ਵਿਦਿਆਰਥਣ ਮੁਸਕਾਨ ਭੱਟੀ ਨੇ ਪਹਿਲਾ ਸਥਾਨ ਹਾਸਿਲ ਕੀਤਾ ਅਤੇ ਸਕੂਲ ਦੇ ਹੀ ਅਧਿਆਪਕ ਗਗਨਦੀਪ ਨੇ ਦੂਸਰਾ ਸਥਾਨ, ਤੀਸਰੇ ਸਥਾਨ 'ਤੇ ਮੈਡਮ ਸੁਖਵਿੰਦਰ ਕੌਰ ਅਤੇ ਸ਼ੁਭਕਰਮਨਦੀਪ ਕੌਰ ਰਹੇ, ਜਿਨ੍ਹਾਂ ਨੂੰ ਪ੍ਰਿੰਸੀਪਲ ਮੈਡਮ ਵੱਲੋਂ ਨਕਦ ਇਨਾਮ ਦਿੱਤੇ ਗਏ।ਇਸ ਮੌਕੇ ਪ੍ਰਿੰ. ਮੈਡਮ ਬਲਜਿੰਦਰ ਕੌਰ ਕਾਹਲੋਂ ਨੇ ਕਿਹਾ ਕਿ ਸਕੂਲ ਦੇ ਵਿੱਚ ਇਸ ਤਰ੍ਹਾਂ ਦੇ ਫੰਕਸ਼ਨ ਕਰਵਾਉਣ ਨਾਲ ਬੱਚਿਆਂ ਨੂੰ ਆਪਣੇ ਤਿਉਹਾਰਾਂ ਦੇ ਬਾਰੇ ਸੰਪੂਰਨ ਜਾਣਕਾਰੀ ਮਿਲਦੀ ਹੈ।

## ਜਥੇ: ਇੰਦਰ ਸਿੰਘ ਦੀ ਮੌਤ 'ਤੇ ਤਲਬੀਰ ਗਿੱਲ ਵੱਲੋਂ ਦੁੱਖ ਪ੍ਰਗਟ



**ਮੱਤੇਵਾਲ (ਦਵਿੰਦਰ ਸਿੰਘ ਤਰਸਿੱਕਾ)**-ਜੰਗਲਾਤ ਵਿਭਾਗ ਦੇ ਬੀਟ ਇੰਚਾਰਜ ਤੇ ਉੱਘੇ ਸਮਾਜ ਸੇਵੀ ਰਾਜ ਸਿੰਘ ਨਿੰਬਰਵਿੰਡ ਦੇ ਚਾਚਾ ਇੰਦਰ ਸਿੰਘ ਨਿੰਬਰਵਿੰਡ ਦੀ ਪਿਛਲੇ ਦਿਨੀਂ ਮੌਤ ਹੋ ਗਈ ਸੀ।ਇਸ ਦੁੱਖ ਦੀ ਘੜੀ ਵਿਚ ਨਿੰਬਰਵਿੰਡ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਆਪ ਆਗੂ ਤਲਬੀਰ ਸਿੰਘ ਗਿੱਲ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਇੰਦਰ ਸਿੰਘ ਦੇ ਪਰਿਵਾਰ ਗਿਆਨ ਸਿੰਘ, ਬਲਵਿੰਦਰ ਸਿੰਘ, ਲਖਵਿੰਦਰ ਸਿੰਘ ਨਾਲ ਦੁੱਖ ਪ੍ਰਗਟਾਇਆ। ਇਸ ਮੌਕੇ ਗੁਰਸੇਵਕ ਸਿੰਘ, ਜਰਮਨਜੀਤ ਸਿੰਘ ਖਿਦੋਵਾਲੀ,ਗੁਰਦੀਪ ਸਿੰਘ ਮੱਤੇਵਾਲ, ਗੁਰਵਿੰਦਰ ਸਿੰਘ,ਪਰਮਿੰਦਰ ਸਿੰਘ,ਬੀਰ ਸਿੰਘ, ਸ਼ਿੰਗਾਰਾ ਸਿੰਘ, ਬਲਕਾਰ ਸਿੰਘ, ਗੁਰਵਿੰਦਰ ਸਿੰਘ, ਪ੍ਰੇਮ ਸਿੰਘ ਤਰਫਾਨ, ਪ੍ਰਮਜੀਤ ਸਿੰਘ ਆਦਿ ਹਾਜ਼ਰ ਸਨ।

## ਸਿੰਗਲਜ਼ ਦੇ ਖਿਲਾਫ ਦੀ ਨਵੀਂ ਜਾਗਰੂਕਤਾ ਮੁਹਿੰਮ ਨਾਲ ਜੁੜੇ ਅਮਿਤਾਭ ਬੱਚਨ ਤੇ ਮਨੋਜ ਪਾਹਵਾ

**ਲੁਧਿਆਣਾ**: ਜੀਐੱਸਕੇ ਨੇ ਸਿੰਗਲਜ਼ ਦੇ ਪ੍ਰਤੀ ਜਾਗਰੂਕਤਾ ਲਈ ਨਵੀਂ ਮੁਹਿੰਮ ਲਾਂਚ ਕੀਤੀ।ਇਸ ਮੁਹਿੰਮ ਵਿੱਚ ਸਦੀ ਦੇ ਮਹਾਨਾਇਕ ਅਮਿਤਾਭ ਬੱਚਨ ਅਤੇ ਮਸ਼ਹੂਰ ਅਦਾਕਾਰ ਮਨੋਜ ਪਾਹਵਾ ਚਿਕਨਪੌਕਸ ਅਤੇ ਸਿੰਗਲਜ਼ ਦੇ ਦਰਮਿਆਨ ਵਿਗਿਆਨਿਕ ਸੰਬੰਧਾਂ ਬਾਰੇ ਵਿਸਤਾਰ ਨਾਲ ਸਮਝਾਉਂਦੇ ਹੋਏ ਨਜ਼ਰ ਆਉਣਗੇ।ਇਸ ਵਿੱਚ ਸ਼ੂਗਰ ਤੋਂ ਪੀੜਤ ਲੋਕਾਂ ਵਿੱਚ ਸਿੰਗਲਜ਼ ਦੀ ਜ਼ਿਆਦਾ ਅਸ਼ੰਕਾ ਬਾਰੇ ਵੀ ਸਲਾਹ ਮਸ਼ਵਰਾ ਕੀਤਾ ਗਿਆ ਹੈ।ਜੀਐੱਸਕੇ ਦੀ ਪੇਸ਼ੈਂਟ ਇੰਪਾਵਰਮੈਂਟ ਹੈੱਡ ਵਿਜੇਤਾ ਅਗਰਵਾਲ ਨੇ ਕਿਹਾ ਕਿ 2023 ਦਾ ਏਪੀਆਈ-ਐਪਸੌਸ ਸਰਵੇ ਇਹ ਵਿਖਾਉਂਦਾ ਹੈ ਕਿ ਇੱਥੇ ਤੱਕ ਕਿ ਜਿਨ੍ਹਾਂ ਲੋਕਾਂ ਨੂੰ ਸਿੰਗਲਜ਼ ਹੋ ਚੁੱਕਿਆ ਹੈ ਉਨ੍ਹਾਂ ਨੂੰ ਵੀ ਆਪਣੀ ਇਸ ਦਰਦ ਭਰੀ ਬਿਮਾਰੀ ਦਾ ਕਾਰਨ ਪਤਾ ਨਹੀਂ ਹੁੰਦਾ। ਇਹ ਜ਼ਰੂਰੀ ਹੈ ਕਿ 50 ਸਾਲ ਤੋਂ ਜ਼ਿਆਦਾ ਉਮਰ ਦੇ ਸਾਰੇ ਲੋਕਾਂ ਨੂੰ ਸਿੰਗਲਜ਼ ਅਤੇ ਇਸ ਤੋਂ ਬਚਾਅ ਦੇ ਬਾਰੇ ਵਿੱਚ ਪਤਾ ਹੋਵੇ।

## ਸੋਨੀ ਇੰਡੀਆ ਵੱਲੋਂ ਬ੍ਰਾਵੀਆ 8 ਟੈਲੀਵਿਜ਼ਨ ਸੀਰੀਜ਼ ਦਾ ਐਲਾਨ

**ਲੁਧਿਆਣਾ** : ਸੋਨੀ ਇੰਡੀਆ ਨੇ ਬ੍ਰਾਵੀਆ 8 ਸੀਰੀਜ਼ ਦਾ ਐਲਾਨ ਕੀਤਾ ਜੋ ਹੋਮ ਐਂਟਰਟੇਨਮੈਂਟ ਸਿਸਟਮ ਦੀ ਕਾਫੀ ਪਸੰਦ ਕੀਤੀ ਜਾਣ ਵਾਲੀ ਉਤਪਾਦ ਲਾਈਨ ਦੀ ਨਵੀਂ ਪੇਸ਼ਕਸ਼ ਹੈ।ਇਸ ਨਵੀਂ ਸੀਰੀਜ਼ ਵਿੱਚ ਬੇਜੋੜ ਪਿੱਕਚਰ ਕੁਆਲਟੀ ਅਤੇ ਸ਼ਾਨਦਾਰ ਆਡੀਓ ਪ੍ਰਦਾਨ ਕਰਨ ਲਈ ਅਤਿਆਧੁਨਿਕ ਓ.ਐੱਲ.ਈ.ਡੀ ਤਕਨੀਕ ਅਤੇ ਐਡਵਾਂਸਡ ਏ.ਆਈ ਪ੍ਰੋਸੈਸਰ ਐਕਸ.ਆਰ ਦਾ ਉਪਯੋਗ ਕੀਤਾ ਗਿਆ ਹੈ।ਬ੍ਰਾਵੀਆ 8 ਸੀਰੀਜ਼ ਸਟੂਡੀਓ ਕੈਲੀਬ੍ਰੇਟੇਡ ਮੋਡ ਨਾਲ ਲੈਸ ਹੈ ਜੋ ਘਰ ਦੇ ਮਾਹੌਲ ਵਿੱਚ ਫਿਲਮ ਕੰਟੈਂਟ ਕਰੀਏਟਰ ਦੇ ਲਈ ਉਨ੍ਹਾਂ ਦੀ ਪਸੰਦੀਦਾ ਇਮੇਜ਼ ਕੁਆਲਟੀ ਰਿਪ੍ਰੋਡਿਊਸ ਕਰਦਾ ਹੈ।ਮੌਜੂਦਾ ਸਥਾਪਿਤ ਨੈਟਫਲਿਕਸ ਅਡੇਪੀਟਵ ਕੈਲੀਬ੍ਰੇਟੇਡ ਮੋਡ ਅਤੇ ਸੋਨੀ ਪਿੱਕਚਰਜ਼ ਕੋਰ (ਪਹਿਲੇ ਬ੍ਰਾਵੀਆ ਕੋਰ) ਕੈਲੀਬ੍ਰੇਟੇਡ ਮੋਡ ਦੇ ਇਲਾਵਾ ਪ੍ਰਾਈਮ ਵੀਡੀਓ ਕੈਲੀਬ੍ਰੇਟੇਡ ਮੋਡ ਇੱਕ ਨਵਾਂ ਮੋਡ ਹੈ ।ਨਵੀਂ ਬ੍ਰਾਵੀਆ 8 ਸੀਰੀਜ਼ 164 ਸੇਮੀ (65) ਅਤੇ 139 ਸੇਮੀ (55) ਸਕਰੀਨ ਸਾਈਜ਼ ਵਿੱਚ ਉਪਲਬੱਧ ਹੋਵੇਗੀ।

## ਮਹਿੰਦਰਾ ਵੱਲੋਂ ਨਵੀਂ ਅਤੇ ਸ਼ਾਨਦਾਰ 'ਦ' ਐੱਸ. ਯੂ. ਵੀ: ਥਾਰ ਰੌਕਸ ਲਾਂਚ

**ਲੁਧਿਆਣਾ** : ਮਹਿੰਦਰਾ ਐਂਡ ਮਹਿੰਦਰਾ ਲਿਮਿਟਡ ਨੇ ਥਾਰ ਰੌਕਸ ਲਾਂਚ ਕੀਤੀ ਹੈ ਜੋ ਆਪਣੀ ਬੋਲਡ ਡਿਜ਼ਾਈਨ ਅਤੇ ਦਮਦਾਰ ਪਰਫਾਰਮੈਂਸ ਨਾਲ ਬਾਜ਼ਾਰ ਵਿੱਚ ਹਲਚਲ ਮਚਾਉਣ ਲਈ ਡਿਜ਼ਾਈਨ ਕੀਤੀ ਗਈ ਨਵੀਂ ਐੱਸ. ਯੂ. ਵੀ. ਹੈ।12.99 ਲੱਖ ਤੋਂ ਸ਼ੁਰੂ ਹੋਣ ਵਾਲੀ ਕੀਮਤ ਵਾਲੀ ਥਾਰ ਰੌਕਸ ਨੂੰ ਆਲ-ਨਿਊ ਐੱਮ-ਗਲਾਈਡ 745 ਪਲੇਟਫਾਰਮ 'ਤੇ ਬਣਾਇਆ ਗਿਆ ਹੈ ਜੋ ਇੱਕ ਸਹਿਜ ਸਵਾਰੀ ਅਤੇ ਸਟੀਕ ਹੈਂਡਲਿੰਗ ਪ੍ਰਦਾਨ ਕਰਦੀ ਹੈ।ਥਾਰ ਰੌਕਸ ਦੀ ਬੁਕਿੰਗ 03 ਅਕਤੂਬਰ 2024 ਤੋਂ ਆਨਲਾਈਨ ਅਤੇ ਮਹਿੰਦਰਾ ਡੀਲਰਸ਼ਿੱਪ 'ਤੇ ਸ਼ੁਰੂ ਹੋਵੇਗੀ ਅਤੇ ਇਸਦੀ ਟੈਸਟ ਡਰਾਈਵ 14 ਸਤੰਬਰ 2024 ਤੋਂ ਸ਼ੁਰੂ ਹੋਵੇਗੀ।ਨਵੀਂ ਥਾਰ ਰੌਕਸ ਦੀ ਡਲਿਵਰੀ ਇਸ ਸਾਲ ਦੁਸ਼ਹਿਰੇ ਤੋਂ ਸ਼ੁਰੂ ਹੋਵੇਗੀ ਤਾਂ ਕਿ ਗਾਹਕ ਜਲਦੀ ਤੋਂ ਜਲਦੀ ਆਪਣੀ ਨਵੀਂ ਮਹਿੰਦਰਾ ਐਸ. ਯੂ. ਵੀ. ਦਾ ਆਨੰਦ ਲੈ ਸਕਣ।

## ਟ੍ਰਾਂਸਯੂਨੀਅਨ ਸਿਬਿਲ ਤੇ ਸੀਆਈਆਈ ਵੱਲੋਂ ਵਰਕਸ਼ਾਪ ਆਯੋਜਿਤ

**ਲੁਧਿਆਣਾ** : ਟ੍ਰਾਂਸਯੂਨੀਅਨ ਸਿਬਿਲ ਅਤੇ ਕਨਫੈਡਰੇਸ਼ਨ ਆਫ ਇੰਡੀਅਨ ਇੰਡਸਟਰੀਜ਼ (ਸੀਆਈਆਈ) ਨੇ ਮਿਲ ਕੇ 9 ਅਗਸਤ, 2024 ਨੂੰ ਚੰਡੀਗੜ੍ਹ ਵਿੱਚ ਬਿਹਤਰ ਸਿਬਿਲ ਸਕੋਰ ਅਤੇ ਸਿਬਿਲ ਰੈਂਕ ਦੇ ਜ਼ਰੀਏ ਈਜ਼ਿੰਗ ਕ੍ਰੈਡਿਟ ਅਵੇਲੇਬਿਲਿਟੀ ਯਾਨੀ ਲੋਨ ਉਪਲਬੱਧਤਾ ਨੂੰ ਆਸਾਨ ਬਣਾਉਣ ਦੇ ਵਿਸ਼ੇ ਤੇ ਇੱਕ ਵਰਕਸ਼ਾਪ ਆਯੋਜਿਤ ਕੀਤੀ ।ਵਰਕਸ਼ਾਪ ਵਿੱਚ ਟ੍ਰਾਂਸਯੂਨੀਅਨ ਸਿਬਿਲ ਦੇ ਐੱਸਵੀਪੀ ਅਤੇ ਹੈੱਡ, ਡਾਇਰੈਕਟ ਟੂ ਕੰਜ਼ਿਊਮਰ ਬਿਜ਼ਨਸ, ਭੂਸ਼ਣ ਪਡਕਿਲ ਸ਼ਾਮਲ ਸਨ ਜਿਸ ਨੇ ਹਾਜ਼ਰੀਨ (ਚੰਡੀਗੜ੍ਹ ਦੇ ਐੱਮਐੱਸਐੱਮਈ ਕਲੱਸਟਰ) ਨੂੰ ਸਿਬਿਲ ਰੈਂਕ ਅਤੇ ਸੀਸੀਆਰ ਦੀ ਡੂੰਘੀ ਸਮਝ ਪ੍ਰਦਾਨ ਕੀਤੀ ਅਤੇ ਦੱਸਿਆ ਕਿ ਕਿਵੇਂ ਸੂਖਮ, ਲਘੂ ਅਤੇ ਦਰਮਿਆਨੇ ਉੱਦਮ (ਐੱਮਐੱਸਐੱਮਈ) ਇਨ੍ਹਾਂ ਦਾ ਲਾਭ ਲੈਂਦੇ ਹੋਏ ਨਾ ਸਿਰਫ ਪੂੰਜੀ ਨੂੰ ਸੁਰੱਖਿਅਤ ਕਰਨ ਦੀ ਆਪਣੀ ਯੋਗਤਾ ਵਿੱਚ ਮਹੱਤਵਪੂਰਨ ਵਾਧਾ ਕਰ ਸਕਦੇ ਹਨ, ਬਲਕਿ ਆਪਣੇ ਕਾਰੋਬਾਰ ਨੂੰ ਵੀ ਅੱਗੇ ਵਧਾ ਸਕਦੇ ਹਨ ।

# ਸ਼ਮਸ਼ੇਰ ਸਿੰਘ ਨੇ ਕੋਟ ਭੱਲਾ 'ਚ ਪਾਰਕ ਬਣਾਉਣ ਦਾ ਕੀਤਾ ਉਦਘਾਟਨ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੂਰੇ ਸੂਬੇ ਦੇ ਨਾਲ ਨਾਲ ਦੀਨਾਨਗਰ ਵਿਧਾਨਸਭਾ ਹਲਕੇ ਦੇ ਸਰਵਪੱਖੀ ਵਿਕਾਸ ਲਈ ਵੀ ਵਚਨਬੱਧ ਹੈ ਜਿਸ ਸਦਕਾ ਦੀਨਾਨਗਰ ਹਲਕੇ ਅੰਦਰ ਲੋਕਾਂ ਦੀਆਂ ਲੋਕਾਂ ਅਨੁਸਾਰ ਵਿਕਾਸ ਕੰਮ ਲਗਾਤਾਰ ਚੱਲ ਰਹੇ ਹਨ।ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਵਿਧਾਨਸਭਾ ਹਲਕੇ ਦੇ ਪਿੰਡਾਂ ਜਗਤਪੁਰ ਕਲਾਂ ਅਤੇ ਕੋਟ ਭੱਲਾ ਵਿਖੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਉਣ ਮੌਕੇ ਕੀਤਾ।ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਕੋਟ ਭੱਲਾ ਵਿਖੇ ਲੋਕਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਕਰੀਬ ਅੱਠ ਲੱਖ ਰੁਪਏ ਦੀ ਲਾਗਤ ਨਾਲ ਪਾਰਕ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ ਜਦੋਂਕਿ ਪਿੰਡ ਜਗਤਪੁਰ ਕਲਾਂ ਵਿਖੇ ਕਰੀਬ ਸਾਢੇ ਤਿੰਨ ਲੱਖ ਦੀ ਲਾਗਤ ਨਾਲ ਗਲੀਆਂ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਦੀਨਾਨਗਰ ਵਿਧਾਨਸਭਾ ਹਲਕੇ ਅੰਦਰ ਵਿਕਾਸ ਕਾਰਜਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਰ ਵਰਗ ਦੇ ਲੋਕਾਂ ਦੀਆਂ ਲੋੜਾਂ ਅਨੁਸਾਰ ਕੰਮ ਕੀਤੇ ਜਾਣਗੇ।ਇਸ ਮੌਕੇ ਪਿੰਡ ਜਗਤਪੁਰ ਕਲਾਂ ਦੇ ਸਾਬਕਾ ਸਰਪੰਚ ਜੋਗਿੰਦਰ ਸਿੰਘ ਕਾਲਾ, ਸੋਸ਼ਲ ਮੀਡੀਆ ਦੇ ਬਲਾਕ ਪ੍ਰਧਾਨ ਰਕੇਸ਼ ਕੁਮਾਰ ਟਾਂਡਾ, ਹਰਜੀਤ ਸਿੰਘ ਲੰਬੜਦਾਰ, ਜੋਧ ਸਿੰਘ, ਕੁਲਵਿੰਦਰ ਸਿੰਘ, ਹਰਜੀਤ ਸਿੰਘ, ਬਲਾਕ ਪ੍ਰਧਾਨ ਸੋਨੂੰ ਪਹਾੜੀਪੁਰ ਦੇ ਇਲਾਵਾ ਪਿੰਡ ਕੋਟ ਭੱਲਾ ਦੇ ਸਤਿੰਦਰ ਪਾਲ, ਗੁਰਜੀਤ ਸਿੰਘ ਸੰਧੂ, ਸਾਬਕਾ ਸਰਪੰਚ ਸੁਖਜਿੰਦਰ ਸਿੰਘ, ਸੋਹਣ ਸਿੰਘ ਦੇ ਦਿਲਬਾਗ ਸਿੰਘ ਵੀ ਮੌਜੂਦ ਸਨ ।

# ਜੇ ਆਰ ਐੱਸ ਡੀ ਏ ਵੀ ਪਬਲਿਕ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਡਾ. ਪੂਨਮ ਸੂਰੀ ਤੇ ਡਾਇਰੈਕਟਰ ਵੀ. ਕੇ. ਚੋਪੜਾ ਦੇ ਦਿਸ਼ਾ ਨਿਰਦੇਸ਼ਨ, ਚੇਅਰਮੈਨ ਮਹੇਸ਼ ਚੋਪੜਾ, ਏ, ਆਰ, ਓ. ਡਾ. ਅੰਜਨਾ ਗੁਪਤਾ, ਡਾ. ਨੀਰਾ ਸ਼ਰਮਾ ਅਤੇ ਜੇ. ਆਰ. ਐੱਸ ਡੀ. ਏ. ਵੀ. ਪਬਲਿਕ ਸਕੂਲ ਦੇ ਪ੍ਰਿੰ. ਅਸ਼ਵਨੀ ਕੁਮਾਰ ਦੇ ਦਿਸ਼ਾ ਨਿਰਦੇਸ਼ਨ ਅਨੁਸਾਰ ਜੇ. ਆਰ. ਐੱਸ. ਡੀ. ਏ. ਵੀ. ਪਬਲਿਕ ਸਕੂਲ ਝਬਾਲ ਵਿਖੇ ਵੀ ਇਹ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ।ਇਸ ਮੌਕੇ ਬੱਚਿਆਂ ਦੇ ਰੱਖੜੀ ਬਣਾਉਣ ਦੇ ਮੁਕਾਬਲੇ ਕਰਵਾਏ ਗਏ।ਮੈਡਮ ਤਪੱਸਿਆ ਦੀ ਅਗਵਾਈ ਵਿੱਚ ਬੱਚਿਆਂ ਨੇ ਗੀਤ ਗਾਏ ਅਤੇ ਕਵਿਤਾਵਾਂ ਬੋਲੀਆਂ।ਸਕੂਲ ਦੇ ਪ੍ਰਿੰ. ਅਸ਼ਵਨੀ ਕੁਮਾਰ ਨੇ ਬੱਚਿਆਂ ਨੂੰ ਰਿਸ਼ਤਿਆਂ ਦੀ ਮਹੱਤਤਾ ਬਾਰੇ ਦੱਸਿਆ ਤੇ ਸਭ ਨੂੰ ਰੱਖੜੀ ਦੀਆਂ ਕਾਮਨਾਵਾਂ ਦਿੱਤੀਆਂ।



ਝਬਾਲ-ਆਜ਼ਾਦੀ ਦਿਵਸ ਮੌਕੇ ਮੰਗਤ ਸਿੰਘ ਪ੍ਰਿੰ. ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਝਬਾਲ ਕਲਾਂ ਜ਼ਿਲ੍ਹਾ ਤਰਨਤਾਰਨ ਨੂੰ ਸਕੂਲ ਲਈ ਕੀਤੀ ਅਥਾਹ ਮਿਹਨਤ ਸਦਕਾ ਜ਼ਿਲ੍ਹਾ ਤਰਨਤਾਰਨ ਦੇ ਡਿਪਟੀ ਕਮਿਸ਼ਨਰ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। (ਫੋਟੋ ਤੇ ਵੇਰਵਾ: ਹਰਜਿੰਦਰ ਸਿੰਘ ਸੋਨੀ)

# ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਦੇਸ਼ ਆਜ਼ਾਦ ਹੋਇਆ : ਭੁੱਲਰ

## ਸ਼ਹੀਦ ਮਦਨ ਲਾਲ ਢੀਂਗਰਾ ਦੀ ਯਾਦਗਾਰੀ ਸਮਾਰਕ ਨੂੰ 10 ਲੱਖ ਰੁਪਏ ਦੇਣ ਦਾ ਐਲਾਨ



**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**-ਮਦਨ ਲਾਲ ਢੀਂਗਰਾ ਦੀ ਸ਼ਹੀਦੀ ਸਬੰਧੀ ਰਾਜ ਪੱਧਰੀ ਸਮਾਗਮ ਸ਼ਹੀਦ ਮਦਨ ਲਾਲ ਯਾਦਗਾਰੀ ਸਮਾਰਕ ਗੋਲ ਬਾਗ ਵਿਖੇ ਮਨਾਇਆ ਗਿਆ।ਇਸ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਟਰਾਂਸਪੋਰਟ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਲਾਲਜੀਤ ਸਿੰਘ ਭੁੱਲਰ ਅਤੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਪੰਜਾਬ ਹਰਭਜਨ ਸਿੰਘ ਈ.ਟੀ.ਓ. ਨੇ ਸ਼ਿਰਕਤ ਕੀਤੀ।ਇਸ ਮੌਕੇ ਮਦਨ ਲਾਲ ਢੀਂਗਰਾ ਦੇ ਬੁੱਤ ਉਤੇ ਫੁੱਲ ਮਾਲਾਵਾਂ ਅਰਪਿਤ ਕਰਕੇ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ, ਪੁਲਸ ਕਮਿਸ਼ਨਰ ਰਣਜੀਤ ਸਿੰਘ ਢਿੱਲੋਂ, ਐੱਸ. ਡੀ. ਐੱਮ. ਮਨਕੰਵਲ ਸਿੰਘ ਚਾਹਲ, ਰੀਜਨਲ ਟਰਾਂਸਪੋਰਟ ਸਕੱਤਰ ਅਰਸ਼ਦੀਪ ਸਿੰਘ ਲੁਬਾਣਾ ਅਤੇ ਹੋਰ ਅਧਿਕਾਰੀ ਹਾਜ਼ਰ ਸਨ।ਸਮਾਗਮ ਨੂੰ ਸੰਬੋਧਨ ਕਰਦੇ ਕੈਬਨਿਟ ਮੰਤਰੀ ਭੁੱਲਰ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਦੇਸ਼ ਆਜ਼ਾਦ ਹੋਇਆ ਹੈ।ਉਨ੍ਹਾਂ ਕਿਹਾ ਕਿ ਆਜ਼ਾਦੀ ਪ੍ਰਾਪਤ ਕਰਨ ਲਈ ਲੱਖਾਂ ਹੀ ਦੇਸ਼ ਭਗਤਾਂ, ਸੂਰਬੀਰ ਯੋਧਿਆਂ ਨੇ ਕੁਰਬਾਨੀ ਦਿੱਤੀ ਹੈ, ਜਿੰਨਾਂ ਦੀ ਬਦੌਲਤ ਅਸੀਂ ਅੱਜ ਆਜ਼ਾਦ ਫਿਜ਼ਾ ਵਿੱਚ ਘੁੰਮ ਰਹੇ ਹਾਂ ਅਤੇ ਇਸ ਆਜ਼ਾਦੀ ਨੂੰ ਕਾਇਮ ਰੱਖਣਾ ਵੀ ਜ਼ਰੂਰੀ ਹੈ।ਇਸ ਮੌਕੇ ਕੈਬਨਿਟ ਮੰਤਰੀ ਸ: ਭੁੱਲਰ ਨੇ ਸ਼ਹੀਦ ਮਦਨ ਲਾਲ ਢੀਂਗਰਾ ਦੀ ਯਾਦਗਾਰੀ ਸਮਾਰਕ ਨੂੰ 5 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ।ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹੀਦਾਂ ਵਲੋਂ ਸਿਰਜੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ ਅਤੇ ਪੰਜਾਬ ਸਰਕਾਰ ਸ਼ਹੀਦਾਂ ਦੇ ਸੁਪਨੇ ਪੂਰੇ ਕਰਨ ਲਈ ਦ੍ਰਿੜ ਸੰਕਲਪ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਨੇ ਆਪਣਾ ਅਹੁਦਾ ਵੀ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਹੀ ਸੰਭਾਲਿਆ ਸੀ ਅਤੇ ਉਨ੍ਹਾਂ ਦਾ ਮੁੱਖ ਮਕਸਦ ਦੇਸ਼ ਲਈ ਜਾਨਾਂ ਵਾਰਨ ਵਾਲੇ ਸੂਰਬੀਰਾਂ ਦੇ ਸੁਪਨਿਆਂ ਨੂੰ ਪੂਰਾ ਕਰਨਾ ਹੈ। ਇਸ ਮੌਕੇ ਈ. ਟੀ. ਓ. ਨੇ ਵੀ ਸ਼ਹੀਦ ਮਦਨ ਲਾਲ ਢੀਂਗਰਾ ਦੀ ਯਾਦਗਾਰੀ ਸਮਾਰਕ ਨੂੰ 5 ਲੱਖ ਰੁਪਏ ਦੇਣ ਦਾ ਐਲਾਨ ਕੀਤਾ।ਸ਼ਹੀਦ ਮਦਨ ਲਾਲ ਯਾਦਗਾਰੀ ਸਮਾਰਕ ਦੇ ਸਰਪ੍ਰਸਤ ਅਤੇ ਸਾਬਕਾ ਮੰਤਰੀ ਲਕਸ਼ਮੀਕਾਂਤਾ ਚਾਵਲਾ ਨੇ ਕਿਹਾ ਕਿ ਸ਼ਹੀਦਾਂ ਦੇ ਸਥਾਨਾਂ ਤੇ ਇਸ ਤਰ੍ਹਾਂ ਦੇ ਮੇਲੇ ਸਦਾ ਲਗਦੇ ਰਹਿਣਗੇ।ਉਨ੍ਹਾਂ ਕਿਹਾ ਕਿ ਇਨਾਂ ਸ਼ਹੀਦਾਂ ਨੇ ਆਪਣੀਆਂ ਜਾਨਾਂ ਦੀ ਪ੍ਰਵਾਹ ਕੀਤੇ ਬਗੈਰ ਸਾਨੂੰ ਆਜ਼ਾਦੀ ਦਿਵਾਈ ਹੈ ਅਤੇ ਸਾਡਾ ਵੀ ਫਰਜ਼ ਬਣਦਾ ਹੈ ਕਿ ਇਸ ਆਜ਼ਾਦੀ ਨੂੰ ਬਰਕਾਰ ਰੱਖਣ ਲਈ ਆਪਣਾ ਯੋਗਦਾਨ ਪਾਈਏ।ਇਸ ਮੌਕੇ ਸ਼ਹੀਦ ਮਦਨ ਲਾਲ ਯਾਦਗਾਰੀ ਸਮਾਰਕ ਦੇ ਪ੍ਰਧਾਨ ਡਾ. ਰਾਕੇਸ਼ ਸ਼ਰਮਾ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸੰਦੀਪ ਮਲਹੋਤਰਾ, ਚੇਅਰਮੈਨ ਜਸਪ੍ਰੀਤ ਸਿੰਘ, ਆਮ ਆਦਮੀ ਪਾਰਟੀ ਦੇ ਪ੍ਰਧਾਨ ਮੁਨੀਸ਼ ਅਗਰਵਾਲ, ਜੀ.ਐੱਨ.ਡੀ.ਯੂ. ਸੈਨੇਟ ਮੈਂਬਰ ਸਤਪਾਲ ਸੋਖੀ, ਐਸ.ਈ. ਸੰਦੀਪ ਸਿੰਘ ਅਤੇ ਹੋਰ ਸਖਸ਼ੀਅਤਾਂ ਵੱਲੋਂ ਸ਼ਹੀਦ ਨੂੰ ਸ਼ਰਧਾਂਜਲੀ ਦਿੱਤੀ ਗਈ।

## ਫਾਸ਼ੀਵਾਦ ਵਿਰੁੱਧ ਵਿਸ਼ਾਲ ਲੋਕਤੰਤਰਿਕ... (ਸਫਾ 4 ਦੀ ਬਾਕੀ)

ਵਿਲਹੇਮ ਰੀਸ ਤੇ ਰੋਬਰਟ ਕੋਲਸ ਵਰਗੇ ਮਨੋਵਿਗਿਆਨਕ ਆਖਦੇ ਹਨ ਕਿ ਫਾਸ਼ੀਵਾਦ ਉਸ ਸੋਚ 'ਚੋਂ ਪੈਦਾ ਹੁੰਦਾ ਹੈ, ਜੋ ਸਾਡੇ ਦਿਮਾਗਾਂ, ਮਨ ਤੇ ਰੂਹ ਅੰਦਰ ਸਥਾਪਤ ਕਰ ਦਿੱਤੀ ਗਈ ਹੈ ।ਇਸ ਆਧਾਰ 'ਤੇ ਹੀ ਉਸਾਰਿਆ ਮਰਦ ਪ੍ਰਧਾਨਗੀ ਵਰਗਾ ਸੰਕਲਪ ਹੈ, ਜਿਸ ਕਾਰਨ ਅਸੀਂ ਸ੍ਰੇਸ਼ਟ ਅਤੇ ਅਧੀਨਗੀ ਆਦਿ ਵੰਡੀਆਂ ਨੂੰ ਧੁਰੋਂ ਲਿਖਿਆ ਮੰਨਣ ਲੱਗ ਪਏ ਹਾਂ ।

ਹੁਕਮਰਾਨਾਂ ਦੀ ਸ਼ੋਭਾ ਤੇ ਸਹੂਲਤਾਂ ਸੰਬੰਧੀ ਗੁਣਗਾਨ ਸੁਣਨ ਵਾਲਾ ਆਮ ਵਿਅਕਤੀ ਆਪਣੇ ਹੁਕਮਰਾਨ ਵਰਗਾ ਬਣਨ ਲਈ ਬੇਤਾਬ ਹੋ ਜਾਂਦਾ ਹੈ । ਯਥਾ ਰਾਜਾ ਤਥੀ ਪ੍ਰਜਾ ਦੇ ਕਥਨ ਅਨੁਸਾਰ ਉਸ ਵਿੱਚ ਵੀ ਦੋਹਰਾ ਚਰਿੱਤਰ ਪੈਦਾ ਹੋ ਜਾਂਦਾ ਹੈ ।

ਕਾਰਪੋਰੇਟ ਘਰਾਣਿਆਂ ਦੇ ਕੰਟਰੋਲ ਅਧੀਨ ਅਨੇਕਾਂ ਟੀ ਵੀ ਚੈਨਲਾਂ ਵਿੱਚੋਂ ਬਹੁਤੇ ਸਾਰਾ ਸਮਾਂ ਫਿਰਕਾਪ੍ਰਸਤੀ ਹੀ ਪਰੋਸਦੇ ਹਨ । ਉਹ ਲੋਕਾਂ ਦੀ ਸਮਝਣ ਸ਼ਕਤੀ ਦਾ ਵੀ ਘਾਣ ਕਰ ਰਹੇ ਹਨ।

ਇਸ ਪ੍ਰਭਾਵ ਅਧੀਨ ਦੋਗਲਾ ਚਰਿੱਤਰ ਸਿਰਫ ਮੁੱਠੀਭਰ ਰਾਜਨੀਤਕ ਲੋਕਾਂ ਤੱਕ ਸੀਮਤ ਨਹੀਂ ਰਹਿ ਗਿਆ । ਸਮਾਜ ਦੇ ਕਰੋੜਾਂ ਵਿਅਕਤੀ ਅਤੇ ਅਨੇਕ ਸੰਸਥਾਵਾਂ ਦੋਹਰਾ ਵਿਹਾਰ ਕਰਨ ਲੱਗ ਪਏ ਹਨ । ਸਵੇਰੇ ਮਹਾਤਮ ਗਾਂਧੀ ਦੀ ਸਮਾਧੀ 'ਤੇ ਫੁੱਲ ਭੇਟ ਕਰਨ ਵਾਲੇ ਸ਼ਾਮ ਨੂੰ ਗੌਡਸੇ ਦੇ ਹੱਕ ਵਿਚ ਸਮਾਗਮਾਂ 'ਚ ਸ਼ਾਮਲ ਮਿਲ ਜਾਂਦੇ ਹਨ ।ਦਮਿਤਰੋਵ ਵੀ ਆਖਦਾ ਸੀ ਕਿ ਫਾਸ਼ੀਵਾਦ ਪਹਿਲਾਂ ਤੋਂ ਹੀ ਮੌਜੂਦ ਨਸਲ, ਰੰਗ, ਧਰਮ, ਉਮਰ, ਭਾਸ਼ਾ, ਲਿੰਗ ਅਤੇ ਆਰਥਿਕ ਵਖਰੇਵਿਆਂ ਆਦਿ ਦੇ ਮੋਢਿਆਂ 'ਤੇ ਚੜ੍ਹ ਕੇ ਅੱਗੇ ਵਧਦਾ ਹੈ ।

ਫਾਸ਼ੀਵਾਦ ਵਿਰੁੱਧ ਮੁਹਿੰਮ : ਅਜਿਹੀ ਮੁਹਿੰਮ ਜਥੇਬੰਦ ਕਰਨ ਲਈ ਦਮਿਤਰੋਵ ਵੱਲੋਂ ਸੁਝਾਏ ਕਈ ਢੰਗ ਅੱਜ ਵੀ ਸਾਰਥਕ ਹਨ। ਉਸ ਦਾ ਕਹਿਣਾ ਹੈ ਕਿ ਪਹਿਲਾਂ ਤਾਂ ਫਾਸ਼ੀਵਾਦ ਵਿਰੁੱਧ ਲਾਮਬੰਦੀ ਕਰਨ ਲਈ ਰਾਜਨੀਤਕ, ਧਾਰਮਿਕ ਅਤੇ ਸਮਾਜਿਕ ਤੌਰ 'ਤੇ ਵੱਖਰੇ-ਵੱਖਰੇ ਵਿਸ਼ਾਲ ਪਲੇਟਫਾਰਮਾਂ ਨੂੰ ਇਨਸਾਨੀ ਅਤੇ ਜਮਹੂਰੀ ਕਦਰਾਂ ਦੀ ਰਾਖੀ ਲਈ ਤਿਆਰ ਕਰਨਾ ਪੈਂਦਾ ਹੈ ।

ਦੂਜੇ ਫਾਸ਼ੀਵਾਦ ਨੂੰ ਸਹਿਯੋਗ ਦੇਣ ਵਾਲੇ ਤਬਕਿਆਂ, ਧਾਰਮਿਕ ਤੇ ਵਿਚਾਰਧਾਰਕ ਸੋਮਿਆਂ ਦਾ ਸਮੁਚਿਤ ਅਧਿਐਨ ਕਰਕੇ ਇਸ ਅੰਦਰਲੇ ਚੰਗੇ, ਗੈਰਜ਼ਰੂਰੀ, ਅਪ੍ਰਸੰਗਿਕ, ਸਮੇਂ ਦੇ ਵਿਰੁੱਧ ਜਾ ਰਹੇ ਆਦਿ ਦਾ ਵਖਰੇਵਾਂ ਕਰਨਾ ਲਾਜ਼ਮੀ ਹੈ ।

ਸਾਨੂੰ ਆਪਣੇ ਇਤਿਹਾਸ , ਮਿਥਿਹਾਸ, ਧਰਮਾਂ ਤੇ ਸੱਭਿਆਚਾਰ ਦੇ ਨਾਲ-ਨਾਲ ਸਮਾਜਿਕ ਤਬਕਿਆਂ, ਰਾਜਨੀਤਕ ਪਾਰਟੀਆਂ, ਸਮਾਜਿਕ ਸੰਗਠਨਾਂ ਦੇ ਤੱਤਾਂ ਵਿੱਚੋ ਕਾਂਟ-ਛਾਂਟ ਕਰਨੀ ਚਾਹੀਦੀ ਹੈ ।

ਫਾਸ਼ੀਵਾਦ ਵਿਰੋਧੀ ਪਲੇਟਫਾਰਮ ਨੂੰ ਤਾਂ ਆਪਣੀ ਵਿਸ਼ਾਲਤਾ ਵਿਚ ਸਭ ਥਾਂਈਂ ਬੈਠੇ ਉਹਨਾਂ ਸਧਾਰਨ ਵਿਅਕਤੀਆਂ ਤੱਕ ਵੀ ਪਹੁੰਚਣ ਦੀ ਕੋਸ਼ਿਸ਼ ਕਰਨੀ ਚਹੀਦੀ ਹੈ, ਜੋ ਦੰਗਾਈ ਤੇ ਜੰਗਲੀ ਪਿਸ਼ਾਚਪੁਣੇ ਦਾ ਤਾਂ ਹਿੱਸਾ ਨਹੀਂ ਬਣਨਾ ਚਾਹੁੰਦੇ, ਪ੍ਰੰਤੂ ਕਿਸੇ ਪ੍ਰਭਾਵ ਵੱਸ ਉਹਨਾਂ ਦੇ ਸੰਗਠਨ ਵਿਚ ਸ਼ਾਮਲ ਹੋ ਗਏ ਹਨ।

ਫਾਸ਼ੀਵਾਦ ਵਿਰੁੱਧ ਨਿਸ਼ਚਿਤ ਕਾਮਯਾਬੀ ਪ੍ਰਾਪਤ ਕਰਨ ਲਈ ਵਿਸ਼ਾਲ ਲਹਿਰ ਚਲਾ ਕੇ ਹੀ ਜਮਹੂਰੀਅਤ ਤੇ ਸੰਵਿਧਾਨਕ ਕਦਰਾਂ-ਕੀਮਤਾਂ ਦੀ ਰਾਖੀ ਕੀਤੀ ਜਾ ਸਕਦੀ ਹੈ ।

ਸਮਾਜ ਨੂੰ ਬਰਾਬਰੀ, ਇਨਸਾਫ ਤੇ ਇਨਸਾਨੀਅਤ ਵੱਲ ਦੇ ਪਾਸੇ ਦਾ ਮੋੜਾ ਦੇ ਕੇ ਹੀ ਜੰਗ ਦੇ ਖਤਰੇ ਘਟਾਏ ਜਾ ਸਕਦੇ ਹਨ । ਕੁਦਰਤੀ ਸਰੋਤਾਂ ਦਾ ਵੀ ਧਿਆਨ ਰੱਖਿਆ ਜਾ ਸਕਦਾ ਹੈ । ਆਉਣ ਵਾਲੀਆਂ ਨਸਲਾਂ ਤੇ ਬੱਚਿਆਂ ਲਈ ਸੁਨਹਿਰੀ ਭਵਿੱਖ ਦੇ ਚਾਹਵਾਨਾਂ ਨੂੰ ਭਿਆਨਕ ਫਿਰਕੂ ਨਫਰਤ ਫੈਲਾਉਣ ਵਾਲਿਆਂ ਵਿਰੁੱਧ ਮੁਹਿੰਮ ਵਿਚ ਖੱਬੀਆਂ ਪਾਰਟੀਆਂ, ਡੈਮੋਕ੍ਰੇਟਿਕ ਪਾਰਟੀਆਂ, ਡੈਮੋਕਰੇਟਿਕ ਬੁੱਧੀਜੀਵੀਆਂ, ਜੰਗ ਵਿਰੋਧੀ ਤਬਕਿਆਂ, ਵਾਤਾਵਰਨ ਪ੍ਰੇਮੀਆਂ ਦੇ ਨਾਲ-ਨਾਲ ਮਿਹਨਤਕਸ਼ ਲੋਕਾਂ, ਇਸਤਰੀਆਂ, ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਦੇ ਸੰਗਠਨ ਆਦਿ ਨੂੰ ਫਾਸ਼ਿਸਟਾਂ ਵਿਰੁੱਧ ਸਾਂਝੀ ਮੁਹਿੰਮ ਵਿੱਚ ਸ਼ਾਮਲ ਕਰਵਾਉਣਾ ਸਮੇਂ ਦੀ ਪੁਕਾਰ ਹੈ ।

# ਸੰਪਰਕ : 98142-73870

19-Aug-PAGE-4.qxd 8/18/2024 9:44 PM Page 1

ਨਵਾਂ ਜ਼ਮਾਨਾ
ਸੋਮਵਾਰ 19 ਅਗਸਤ 2024

# ਚੋਣ ਕਮਿਸ਼ਨ ਹਾਕਮਾਂ ਦਾ ਹੱਥਠੋਕਾ ਬਣਿਆ

ਚੋਣ ਕਮਿਸ਼ਨ ਨੇ ਜੰਮੂ-ਕਸ਼ਮੀਰ ਤੇ ਹਰਿਆਣਾ ਵਿਧਾਨ ਸਭਾਵਾਂ ਦੀਆਂ ਚੋਣ ਤਰੀਕਾਂ ਦਾ ਐਲਾਨ ਕਰ ਦਿੱਤਾ ਹੈ। ਜੰਮੂ-ਕਸ਼ਮੀਰ ਦੀਆਂ ਚੋਣਾਂ 18 ਸਤੰਬਰ, 25 ਸਤੰਬਰ ਤੇ 1 ਅਕਤੂਬਰ ਨੂੰ ਤਿੰਨ ਪੜਾਵਾਂ ਵਿੱਚ ਹੋਣਗੀਆਂ ਅਤੇ ਹਰਿਆਣਾ ਦੀਆਂ ਚੋਣਾਂ ਇੱਕੋ ਦਿਨ 1 ਅਕਤੂਬਰ ਨੂੰ ਹੋਣਗੀਆਂ। ਚੋਣਾਂ ਦੇ ਨਤੀਜੇ 4 ਅਕਤੂਬਰ ਨੂੰ ਆਉਣਗੇ। ਸਭ ਤੋਂ ਵੱਡਾ ਸਵਾਲ ਹੈ ਕਿ ਮਹਾਰਾਸ਼ਟਰ ਵਿਧਾਨ ਸਭਾ ਦੀਆਂ ਚੋਣਾਂ ਦਾ ਐਲਾਨ ਕਿਉਂ ਨਹੀਂ ਕੀਤਾ ਗਿਆ, ਜਦੋਂ ਕਿ ਉਥੋਂ ਦਾ ਕਾਰਜਕਾਲ 26 ਨਵੰਬਰ ਨੂੰ ਖ਼ਤਮ ਹੋ ਰਿਹਾ ਹੈ। ਉਂਜ ਤਾਂ ਝਾਰਖੰਡ ਵਿਧਾਨ ਸਭਾ ਦਾ ਕਾਰਜਕਾਲ ਵੀ 5 ਜਨਵਰੀ ਨੂੰ ਖ਼ਤਮ ਹੋ ਰਿਹਾ ਹੈ ਤੇ ਵਿਧਾਨ ਵਿੱਚ ਇਹ ਦਰਜ ਹੈ ਕਿ 6 ਮਹੀਨਿਆਂ ਅੰਦਰ ਕਾਰਜਕਾਲ ਮੁੱਕ ਜਾਣ ਵਾਲੇ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਇੱਕੋ ਸਮੇਂ ਕਰਾਈਆਂ ਜਾ ਸਕਦੀਆਂ ਹਨ। ਇਹੋ ਨਹੀਂ, ਲੋਕ ਸਭਾ ਚੋਣਾਂ ਵਿੱਚ ਸਾਂਸਦੀ ਚੋਣ ਜਿੱਤ ਚੁੱਕੇ ਵਿਧਾਇਕਾਂ ਦੀਆਂ ਬਹੁਤ ਸਾਰੇ ਰਾਜਾਂ ਵਿੱਚ ਸੀਟਾਂ ਖਾਲੀ ਹੋ ਚੁੱਕੀਆਂ ਹਨ, ਜਿਨ੍ਹਾਂ ਵਿੱਚ ਯੂ ਪੀ ਦੀਆਂ 10 ਤੇ ਪੰਜਾਬ ਦੀਆਂ ਵੀ 4 ਸੀਟਾਂ ਹਨ, ਇਨ੍ਹਾਂ ਚੋਣਾਂ ਦਾ ਐਲਾਨ ਵੀ ਨਹੀਂ ਕੀਤਾ ਗਿਆ।

ਚੋਣ ਕਮਿਸ਼ਨ ਵੱਲੋਂ ਮਹਾਰਾਸ਼ਟਰ ਦੀਆਂ ਚੋਣਾਂ ਅਲੱਗ ਕਰਾਏ ਜਾਣ ਲਈ ਦਿੱਤੀਆਂ ਦਲੀਲਾਂ ਵੀ ਹਾਸੋਹੀਣੀਆਂ ਹਨ। ਇੱਕ ਤਾਂ ਉਸ ਨੇ ਕਿਹਾ ਹੈ ਕਿ ਮਹਾਰਾਸ਼ਟਰ ਵਿੱਚ ਮੀਂਹ ਪੈ ਰਹੇ ਹਨ ਤੇ ਦੂਜਾ ਉੱਥੇ ਤਿਉਹਾਰਾਂ ਦੇ ਦਿਨ ਹਨ। ਪੁੱਛਿਆ ਜਾ ਸਕਦਾ ਹੈ ਕਿ 2019 ਵਿੱਚ ਜਦੋਂ ਹਰਿਆਣਾ ਤੇ ਮਹਾਰਾਸ਼ਟਰ ਦੀਆਂ ਚੋਣਾਂ ਇਨ੍ਹੀਂ ਦਿਨੀਂ ਹੀ ਇਕੱਠੀਆਂ ਕਰਵਾਈਆਂ ਗਈਆਂ ਸਨ ਤਾਂ ਕੀ ਉਸ ਸਾਲ ਮੌਨਸੂਨ ਤੇ ਤਿਉਹਾਰ ਨਹੀਂ ਸਨ ਆਏ। ਇੱਕ ਗੱਲ ਚੋਣ ਕਮਿਸ਼ਨ ਨੇ ਹੋਰ ਕਹੀ ਹੈ ਕਿ ਇਸ ਵਾਰ ਜੰਮੂ-ਕਸ਼ਮੀਰ ਦੀਆਂ ਚੋਣਾਂ ਹੋਣ ਕਾਰਨ ਮਹਾਰਾਸ਼ਟਰ ਨੂੰ ਵੱਖ ਕੀਤਾ ਗਿਆ ਹੈ। ਪੁੱਛਿਆ ਜਾ ਸਕਦਾ ਹੈ ਕਿ ਮੋਦੀ ਤੇ ਉਸ ਦੀ ਪਾਰਟੀ ਤਾਂ ਬੜੇ ਜ਼ੋਰ-ਸ਼ੋਰ ਨਾਲ 'ਇੱਕ ਰਾਸ਼ਟਰ ਇੱਕ ਚੋਣ' ਦਾ ਰਾਗ ਅਲਾਪਦੇ ਰਹਿੰਦੇ ਹਨ, ਪਰ ਕਮਿਸ਼ਨ ਤਿੰਨ ਰਾਜਾਂ ਦੀਆਂ ਚੋਣਾਂ ਵੀ ਇਕੱਠੀਆਂ ਕਰਾਏ ਜਾਣ ਤੋਂ ਹੱਥ ਖੜ੍ਹੇ ਕਰ ਰਿਹਾ ਹੈ।

ਸਚਾਈ ਤਾਂ ਇਹ ਹੈ ਕਿ ਚੋਣ ਕਮਿਸ਼ਨ ਹੁਕਮਰਾਨ ਧਿਰ ਦਾ ਹੱਥਠੋਕਾ ਬਣ ਚੁੱਕਾ ਹੈ। ਹਾਕਮ ਜੋ ਕਹਿੰਦੇ ਹਨ, ਚੋਣ ਕਮਿਸ਼ਨ ਉਸ 'ਤੇ ਫੁੱਲ ਚੜ੍ਹਾ ਦਿੰਦਾ ਹੈ। ਲੋਕ ਸਭਾ ਚੋਣਾਂ ਵਿੱਚ ਪੋਲ ਵੋਟਾਂ ਤੇ ਗਿਣੀਆਂ ਵੋਟਾਂ ਵਿੱਚ ਕਰੋੜਾਂ ਵੋਟਾਂ ਦੇ ਫ਼ਰਕ ਦੀ ਧਾਂਦਲੀ ਸੰਬੰਧੀ ਸਬੂਤ ਪੇਸ਼ ਕੀਤੇ ਜਾਣ ਦੇ ਬਾਵਜੂਦ ਹਾਲੇ ਤੱਕ ਉਸ ਨੇ ਮੂੰਹ ਤੱਕ ਨਹੀਂ ਖੋਲ੍ਹਿਆ। ਇਸ ਸਮੇਂ ਨਰਿੰਦਰ ਮੋਦੀ ਆਰ ਐੱਸ ਐੱਸ ਦੇ ਨਿਸ਼ਾਨੇ 'ਤੇ ਹਨ। ਸੰਘ ਨਰਿੰਦਰ ਮੋਦੀ ਨੂੰ ਕੁਰਸੀ ਤੋਂ ਲਾਂਭੇ ਕਰਨ ਲਈ ਸਮੇਂ ਦੀ ਤਾਕ ਵਿੱਚ ਹੈ। ਹਰਿਆਣਾ ਤੇ ਮਹਾਰਾਸ਼ਟਰ, ਜਿੱਥੇ ਭਾਜਪਾ ਦੀਆਂ ਸਰਕਾਰਾਂ ਹਨ, ਦੀਆਂ ਵਿਧਾਨ ਸਭਾ ਚੋਣਾਂ ਜੇਕਰ ਭਾਜਪਾ ਹਾਰ ਜਾਂਦੀ ਹੈ ਤਾਂ ਨਰਿੰਦਰ ਮੋਦੀ ਨੂੰ ਲਾਹ ਕੇ ਆਪਣੇ ਕਿਸੇ ਹੋਰ ਭਰੋਸੇਮੰਦ ਨੂੰ ਕੁਰਸੀ 'ਤੇ ਬਿਠਾਉਣਾ ਸੰਘ ਲਈ ਸੌਖਾ ਹੋ ਜਾਵੇਗਾ। ਇਸੇ ਕਾਰਨ ਹੀ ਮੋਦੀ-ਸ਼ਾਹ ਇਨ੍ਹਾਂ ਰਾਜਾਂ ਦੀਆਂ ਚੋਣਾਂ ਜਿੱਤਣ ਲਈ ਕਿਸੇ ਵੀ ਹੱਦ ਤੱਕ ਜਾ ਸਕਦੇ ਹਨ, ਕਿਉਂਕਿ ਉਨ੍ਹਾਂ ਲਈ ਇਹ ਜੀਣ-ਮਰਨ ਦਾ ਸਵਾਲ ਹੈ।

ਹਰਿਆਣਾ ਤੇ ਮਹਾਰਾਸ਼ਟਰ ਵਿੱਚ ਹਵਾ ਭਾਜਪਾ ਦੇ ਉਲਟ ਚੱਲ ਰਹੀ ਹੈ। ਹਰਿਆਣਾ ਵਿੱਚ ਵਿਨੇਸ਼ ਫੋਗਾਟ ਦੇ ਉਲੰਪਿਕ 'ਚ ਡਿਸਕੁਆਲੀਫਾਈ ਹੋਣ ਨਾਲ ਭਾਜਪਾ ਦਾ ਗਰਾਫ਼ ਪਤਾਲ ਵਿੱਚ ਪਹੁੰਚ ਚੁੱਕਾ ਹੈ। ਹਾਲਤ ਏਨੀ ਖਰਾਬ ਹੈ ਕਿ ਵਿਨੇਸ਼ ਫੋਗਾਟ ਦੇ ਸਵਾਗਤ ਲਈ ਉਮੜੇ ਹਰਿਆਣਵੀਆਂ ਦੇ ਉਤਸ਼ਾਹ ਤੋਂ ਡਰਦਿਆਂ ਭਾਜਪਾ ਦਾ ਕੋਈ ਵੀ ਆਗੂ ਇਸ ਵਿੱਚ ਸ਼ਾਮਲ ਹੋਣ ਦੀ ਹਿੰਮਤ ਨਹੀਂ ਕਰ ਸਕਿਆ।

ਹਰਿਆਣਾ ਵਿੱਚ ਇੱਜ਼ਤ ਬਚਾਉਣ ਲਈ ਭਾਜਪਾ ਦੀ ਟੇਕ ਸ਼ਹਿਰੀ ਵੋਟਾਂ 'ਤੇ ਹੈ। ਭਾਜਪਾ ਦੀ ਮੁਸ਼ਕਲ ਇਹ ਹੈ ਕਿ ਸ਼ਹਿਰੀ ਮੱਧ ਵਰਗੀ ਲੋਕ ਵੋਟਾਂ ਪਾਉਣ ਲਈ ਘਰਾਂ ਵਿੱਚੋਂ ਨਹੀਂ ਨਿਕਲਦੇ। ਇਸ ਮੁਸ਼ਕਲ ਨੂੰ ਹੱਲ ਕਰਨ ਲਈ ਚੋਣ ਕਮਿਸ਼ਨ ਮੈਦਾਨ ਵਿੱਚ ਆ ਚੁੱਕਾ ਹੈ। ਉਸ ਨੇ ਐਲਾਨ ਕਰ ਦਿੱਤਾ ਹੈ ਕਿ ਇਸ ਵਾਰ ਫਰੀਦਾਬਾਦ, ਗੁੜਗਾਓਂ ਤੇ ਸੋਨੀਪਤ ਵਰਗੇ ਵੱਡੇ ਸ਼ਹਿਰਾਂ ਦੀਆਂ ਰਿਹਾਇਸ਼ੀ ਬਹੁਮੰਜ਼ਲਾ ਇਮਾਰਤਾਂ ਵਿੱਚ ਮਤਦਾਨ ਕੇਂਦਰ ਬਣਾਏ ਜਾਣਗੇ। ਹੋ ਸਕਦਾ ਹੈ ਕਿ ਅਗਲੇ ਦਿਨੀਂ ਇਸ ਵਿੱਚ ਹਰਿਆਣਾ ਦੇ ਬਾਕੀ ਸ਼ਹਿਰਾਂ ਦੀਆਂ ਰਿਹਾਇਸ਼ੀ ਇਮਾਰਤਾਂ ਵੀ ਆ ਜਾਣ। ਇਨ੍ਹਾਂ ਬਹੁਮੰਜ਼ਲਾ ਇਮਾਰਤਾਂ ਦੀਆਂ ਰੈਜ਼ੀਡੈਂਟ ਵੈੱਲਫੇਅਰ ਐਸੋਸੀਏਸ਼ਨਾਂ ਵਿੱਚ ਭਾਜਪਾ ਨੇ ਆਪਣੀ ਪੈਂਠ ਬਣਾਈ ਹੋਈ ਹੈ। ਇਨ੍ਹਾਂ ਵਿਚਲੇ ਵਟਸਐਪ ਗਰੁੱਪ ਹੀ ਭਾਜਪਾ ਲਈ ਕੂੜ ਪ੍ਰਚਾਰ ਦਾ ਕੰਮ ਕਰਦੇ ਹਨ। ਇਸ ਦੇ ਬਾਵਜੂਦ ਭਾਜਪਾ ਦੇ ਪੰਨਾ ਪ੍ਰਮੁੱਖ ਇੱਥੋਂ ਦੇ ਵੋਟਰਾਂ ਨੂੰ ਮਤਦਾਨ ਕੇਂਦਰ ਤੱਕ ਲਿਆਉਣ ਵਿੱਚ ਕਾਮਯਾਬ ਨਹੀਂ ਸਨ ਹੁੰਦੇ । ਹੁਣ ਚੋਣ ਕਮਿਸ਼ਨ ਨੇ ਇਹ ਕੰਮ ਸੁਖਾਲਾ ਕਰ ਦਿੱਤਾ ਹੈ।

ਹਰਿਆਣਾ ਚੋਣਾਂ ਮੁੱਕ ਜਾਣ ਬਾਅਦ ਇਹ ਤਜਰਬਾ ਸਫ਼ਲ ਹੋ ਜਾਂਦਾ ਹੈ ਤਾਂ ਇਸ ਨੂੰ ਮਹਾਰਾਸ਼ਟਰ ਵਿੱਚ ਵੀ ਅਜ਼ਮਾਇਆ ਜਾਵੇਗਾ। ਉੱਥੇ ਤਾਂ ਮੁੰਬਈ ਸਮੇਤ ਵੱਡੇ ਸ਼ਹਿਰਾਂ ਵਿੱਚ ਰਿਹਾਇਸ਼ੀ ਬਹੁ-ਮੰਜ਼ਲਾ ਇਮਾਰਤਾਂ ਦੀ ਭਰਮਾਰ ਹੈ। ਇਸ ਤੋਂ ਇਲਾਵਾ ਭਾਜਪਾ ਦੇ ਚਾਣਕਿਆ ਕੋਲ ਮਹਾਰਾਸ਼ਟਰ ਲਈ ਹੋਰ ਵੀ ਤਿਗੜਮੀ ਦਾਅਪੇਚ ਹੋ ਸਕਦੇ ਹਨ। ਇਨ੍ਹਾਂ ਬਾਰੇ ਜਾਣਨ ਲਈ ਉਥੋਂ ਦੀਆਂ ਚੋਣਾਂ ਦੇ ਐਲਾਨ ਦੀ ਉਡੀਕ ਕਰਨੀ ਪਵੇਗੀ।

-ਚੰਦ ਫਤਿਹਪੁਰੀ

# ਫ਼ਾਸ਼ੀਵਾਦ ਵਿਰੁੱਧ ਵਿਸ਼ਾਲ ਲੋਕਤੰਤਰਕ ਮੋਰਚਾ ਸਮੇਂ ਦੀ ਪੁਕਾਰ



ਰਮੇਸ਼ ਰਤਨ

ਭਾਰਤ ਦੇ ਸ਼ਹਿਰਾਂ ਅਤੇ ਸੜਕਾਂ ਦੇ ਨਾਂਅ ਬਦਲਣ ਤੋਂ ਸ਼ੁਰੂ ਹੋ ਕੇ ਪਾਰਲੀਮੈਂਟ ਦੇ ਹਾਲ ਦੇ ਨਾਂਅ ਬਦਲਣ ਤੱਕ, ਫੌਜਦਾਰੀ ਕਾਨੂੰਨਾਂ ਵਿਚ ਪੁਲਸ ਰਾਜ ਕਾਇਮ ਕਰਨ ਵਾਲੀਆਂ ਲੋਕਤੰਤਰ ਵਿਰੋਧੀ ਧਾਰਾਵਾਂ ਜੋੜਨ ਅਤੇ ਹੁਣ ਧਾਰਮਿਕ ਯਾਤਰਾਵਾਂ ਨੂੰ ਫਿਰਕਾਪ੍ਰਸਤੀ ਫੈਲਾਉਣ ਲਈ ਵਰਤਣ ਕਾਰਨ ਸੰਘੀ ਸ਼ਬਦ ਦੇ ਮਾਇਨੇ ਵੀ ਉਸੇ ਤਰ੍ਹਾਂ ਬਦਲ ਰਹੇ ਹਨ, ਜਿਵੇਂ ਹਿਟਲਰ ਅਤੇ ਮੁਸੋਲਿਨੀ ਵੱਲੋਂ ਅਪਣਾਈ ਨੀਤੀ ਨੇ ਫਾਸ਼ਿਸਟ ਸ਼ਬਦ ਨੂੰ ਅਜੋਕੀ ਰਾਜਨੀਤਕ ਭਾਸ਼ਾ ਦਾ ਸਭ ਤੋਂ ਭਿਆਨਕ ਨਫਰਤ ਵਾਲਾ ਸ਼ਬਦ ਬਣਾ ਦਿੱਤਾ ਸੀ।

ਸ਼ਬਦਾਂ ਦੇ ਅਰਥ ਇਤਿਹਾਸ ਦੇ ਖਾਸ ਮੋੜ 'ਤੇ ਬਦਲਦੇ ਹਨ, ਜਿਵੇਂ 1789 'ਚ ਫ਼ਰਾਂਸ ਦੇ ਇਨਕਲਾਬ ਨੇ ਰਾਜਨੀਤਕ ਧਰਾਤਲ 'ਤੇ ਖੱਬੇ ਦਾ ਅਰਥ ਅੱਗੇ-ਵਧੂ ਅਤੇ ਸੱਜੇ ਦਾ ਅਰਥ ਪਿਛਾਖੜੀ ਕਰ ਦਿੱਤਾ ਸੀ।

ਕਦੇ ਸਾਰਥਕ ਅਰਥਾਂ ਵਿਚ ਏਕੇ ਲਈ ਵਰਤੇ ਜਾਣ ਵਾਲੇ ਇਟਾਲੀਅਨ ਸ਼ਬਦ ਫਾਸ਼ਿਸਟ ਦੇ ਅਜੋਕੇ ਮਾਇਨੇ ਬਿਲਕੁਲ ਉਲਟ ਹੋ ਗਏ ਹਨ। ਅੱਜਕੱਲ੍ਹ ਔਕਸਫੋਰਡ ਅਤੇ ਕੈਂਬ੍ਰਿਜ ਡਿਕਸ਼ਨਰੀਆਂ ਸਮੇਤ ਹਰ ਥਾਂ ਇਸ ਦਾ ਮਤਲਬ ਸਰੇਆਮ ਧੱਕੇਸ਼ਾਹ ਸਰਕਾਰ ਵਜੋਂ ਹੀ ਲਿਖਿਆ ਹੋਇਆ ਹੈ। ਜਵਾਹਰ ਲਾਲ ਨਹਿਰੂ ਵੀ ਫਾਸ਼ੀਵਾਦ ਨੂੰ ਸਰਮਾਏ ਦਾ ਸਭ ਤੋਂ ਭੈੜਾ ਸਿਆਸੀ ਰੂਪ ਆਖਦਾ ਹੈ।

ਅਸਲ ਵਿਚ ਇਹ ਪੂੰਜੀਵਾਦੀ ਡਿਕਟੇਟਰਸ਼ਿਪ ਦੀ ਸਭ ਤੋਂ ਭਿਆਨਕ ਕਿਸਮ ਹੈ। ਇਸ ਵਿੱਚ ਸਰਕਾਰ, ਨਾਗਰਿਕਾਂ ਦੀ ਆਜ਼ਾਦੀ ਖਤਮ ਕਰਨ ਤੱਕ ਸੀਮਤ ਨਹੀਂ ਰਹਿੰਦੀ। ਸਰਕਾਰੀ ਨੀਤੀਆਂ ਦੇ ਹੱਕ ਵਿੱਚ ਨਾਗਰਿਕਾਂ ਵੱਲੋਂ ਗੁਣਗਾਨ ਕਰਵਾਉਣ ਲਈ ਖਾਸ ਜਾਤੀ ਜਾਂ ਧਰਮ ਦੇ ਲੋਕਾਂ ਵਿਚ ਦੂਜਿਆਂ ਪ੍ਰਤੀ ਨਫਰਤ ਤੇ ਵੈਰ-ਭਾਵ ਫੈਲਾਉਣ ਲਈ ਸਰਕਾਰੀ ਸ਼ਹਿ ਅਤੇ ਸਰਪ੍ਰਸਤੀ ਹਾਸਲ ਹੁੰਦੀ ਹੈ।

ਅੰਧ-ਰਾਸ਼ਟਰਵਾਦ ਨੂੰ ਦੂਜੇ ਦੇਸ਼ਾਂ ਪ੍ਰਤੀ ਜੰਗੀ ਜਨੂੰਨ ਭੜਕਾਉਣ ਲਈ ਵਰਤਿਆ ਜਾਂਦਾ ਹੈ। ਚਾਵਾਂ ਨਾਲ ਪਾਲੇ-ਪਲੋਸੇ ਕਰੋੜਾਂ ਨੌਜਵਾਨਾਂ ਤੇ ਮਾਸੂਮ ਵਿਅਕਤੀਆਂ ਨੂੰ ਮੌਤ ਦੇ ਮੂੰਹ ਧਕੇਲ ਦਿੱਤਾ ਜਾਂਦਾ ਹੈ। ਇਹ ਤੱਥ ਫਾਸ਼ੀਵਾਦ ਦੇ ਮੈਨੀਫੈਸਟੋ ਦੀ ਲਿਖਤ ਅਤੇ ਅਮਲ ਵਿਚਲੇ ਜ਼ਮੀਨ-ਅਸਮਾਨ ਵਰਗੇ ਅੰਤਰ ਤੋਂ ਸਪੱਸ਼ਟ ਹੁੰਦਾ ਹੈ।

ਜਦ ਇਟਲੀ ਵਿੱਚ ਫਾਸ਼ੀਵਾਦੀ ਮੁਸੋਲਿਨੀ ਅਤੇ ਜਰਮਨ ਵਿੱਚ ਹਿਟਲਰ ਦੀ ਨਾਜ਼ੀ ਪਾਰਟੀ ਨੇ ਸੱਤਾ 'ਤੇ ਕਬਜ਼ਾ ਕਰ ਲਿਆ ਤਾਂ ਅਮਲ ਵਿੱਚ ਰਾਸ਼ਟਰ ਦਾ ਮਤਲਬ ਤਾਂ ਚੰਦ ਪੂੰਜੀਪਤੀਆਂ ਦੀ ਸੇਵਾ ਕਰਨ ਵਿਚ ਸਿਮਟ ਗਿਆ ਤੇ ਸਮਾਜਵਾਦ ਦਾ ਤਾਂ ਕੋਈ ਨਾਮੋ-ਨਿਸ਼ਾਨ ਵੀ ਨਜ਼ਰ ਨਹੀਂ ਆਇਆ ਤੇ ਦੇਸ਼ ਨੂੰ ਜੰਗ ਦੀ ਭੱਠੀ ਵਿਚ ਝੋਕ ਦਿੱਤਾ।

ਭਾਰਤ ਵਿੱਚ ਵੀ ਨਵਾਂ ਬਣਾਇਆ ਗਿਆ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 148 ਅਤੇ ਇਸ ਦੇ ਨਾਲ ਲੱਗਦੀਆਂ ਧਾਰਾਵਾਂ ਬਹੁਤ ਹੀ ਖਤਰਨਾਕ ਹਨ। ਪੁਰਾਣੇ ਕਾਨੂੰਨ ਵਿੱਚ ਮੁਜ਼ਾਹਰੇ, ਜਲਸੇ, ਜਲੂਸ ਨੂੰ ਹਿੰਸਕ ਹੋਣ 'ਤੇ ਖਿੰਡਾਉਣ ਲਈ ਗੋਲੀ ਚਲਾਉਣ ਦੇ ਆਦੇਸ਼ ਦੇਣ ਲਈ ਮੈਜਿਸਟ੍ਰੇਟ ਪੱਧਰ ਦੇ ਅਧਿਕਾਰੀ ਤੋਂ ਆਗਿਆ ਲੈਣੀ ਹੁੰਦੀ ਸੀ। ਨਵੇਂ ਕਾਨੂੰਨ ਦੀ ਧਾਰਾ 148 ਮੁਤਾਬਿਕ ਕੋਈ ਸਬ-ਇੰਸਪੈਕਟਰ ਕਿਸੇ ਜਨਤਕ ਇਕੱਠ ਨੂੰ ਮੌਕੇ 'ਤੇ ਗੈਰ-ਕਾਨੂੰਨੀ ਐਲਾਨ ਕਰ ਸਕਦਾ ਹੈ।

ਧਾਰਾ 148 (2) ਮੁਤਾਬਿਕ ਉਹ ਕਿਸੇ ਇਕੱਠ ਜਾਂ ਰੈਲੀ ਨੂੰ ਖਦੇੜਨ ਲਈ ਕਿਸੇ ਵੀ ਵਿਅਕਤੀ ਦੀ ਸਹਾਇਤਾ ਲੈ ਸਕਦਾ ਹੈ। ਇਸ ਉਦੇਸ਼ ਲਈ ਉਹਨਾਂ ਵਿਅਕਤੀਆ ਦਾ ਹਥਿਆਰਬੰਦ ਬਲਾਂ ਦਾ ਮੈਂਬਰ ਹੋਣਾ ਜ਼ਰੂਰੀ ਨਹੀਂ। ਸਪੱਸ਼ਟ ਹੈ ਕਿ ਪੁਲਸ ਨੂੰ ਨਿੱਜੀ ਜਾਂ ਪ੍ਰਾਈਵੇਟ ਹਥਿਆਰਬੰਦ ਗਰੋਹ/ ਸਕੁਐਡ ਦੀ ਵਰਤਣ ਦਾ ਹੱਕ ਹਾਸਲ ਹੋ ਗਿਆ ਹੈ। ਚਿੰਤਾ ਦਾ ਵਿਸ਼ਾ ਹੈ ਕਿ ਭਾਰਤ ਵਿੱਚ ਫਾਸ਼ਿਸਟ ਰੁਝਾਨ ਫਿਰਕਾਪ੍ਰਸਤੀ ਦੇ ਰੱਥ 'ਤੇ ਸਵਾਰ ਹੋ ਕੇ ਫੈਲ ਰਿਹਾ ਹੈ।

ਇਤਿਹਾਸ ਗਵਾਹ ਹੈ ਕਿ ਫਿਰਕਾਪ੍ਰਸਤੀ ਦਾ ਜ਼ਹਿਰ ਬਹੁਤ ਹੀ ਤੇਜ਼ੀ ਨਾਲ ਫੈਲ ਜਾਂਦਾ ਹੈ। ਭਾਰਤ ਦੇ ਅਜ਼ਾਦੀ ਸੰਗਰਾਮ ਸਮੇਂ ਪੰਜਾਬ ਦੇ ਲੋਕ ਸੈਫੂਦੀਨ ਕਿਚਲੂ ਅਤੇ ਡਾਕਟਰ ਸਤਪਾਲ ਦੀ ਅਗਵਾਈ 'ਚ ਸੰਘਰਸ਼ ਕਰ ਰਹੇ ਸਨ। ਜਲ੍ਹਿਆਂਵਾਲੇ ਬਾਗ ਦੀ ਜ਼ਮੀਨ ਸਾਂਝੇ ਖੂਨ ਨਾਲ ਲਾਲ ਹੋਈ ਸੀ। ਫਿਰ ਅੰਗਰੇਜ਼ੀ ਸ਼ਹਿ ਨਾਲ ਫਿਰਕਾਪ੍ਰਸਤੀ ਪਰੋਸੀ ਗਈ। ਇਸ ਦੇ ਡੰਗ ਨੇ ਲੋਕਾਂ ਨੂੰ ਗੁਰੂਆਂ ਅਤੇ ਪੀਰਾਂ ਦਾ ਵਿਰਸਾ ਭੁਲਾ ਦਿੱਤਾ ਅਤੇ 1947 ਦੇ ਕੁਝ ਹੀ ਸਮੇਂ ਵਿਚ ਲੱਖਾਂ ਲੋਕ ਇੱਕ-ਦੂਜੇ ਦੇ ਕਾਤਲ ਬਣ ਗਏ ਸਨ। ਅਜਿਹੇ ਜਨੂੰਨ 'ਚੋਂ ਮੁੜ ਹੋਸ਼ ਆਉਣ ਤੱਕ ਭਿਆਨਕ ਤਬਾਹੀ ਹੋ ਚੁੱਕੀ ਹੁੰਦੀ ਹੈ। ਬੁੱਧੀਮਤਾ 'ਚ ਅੱਵਲ ਮੰਨੇ ਜਾਣ ਵਾਲੇ ਜਰਮਨਾਂ ਨੂੰ ਵੀ ਨਾਜ਼ੀਵਾਦ ਨੂੰ ਸਮਝਣ ਲਈ ਦੇਸ਼ ਦੀ ਲੱਗਭੱਗ ਇਕ ਪੂਰੀ ਨੌਜਵਾਨ ਪੀੜ੍ਹੀ ਨੂੰ ਜੰਗ ਦੀ ਬਲੀ ਬੇਦੀ 'ਤੇ ਝੋਕਣਾ ਪਿਆ ਸੀ।

ਇਟਲੀ, ਜਰਮਨ ਤੇ ਜਪਾਨ ਵੱਲੋਂ ਸ਼ੁਰੂ ਕੀਤੀ ਦੂਜੀ ਸੰਸਾਰ ਜੰਗ ਦੌਰਾਨ ਲੱਗਭੱਗ ਪੰਜ ਕਰੋੜ ਲੋਕਾਂ ਨੂੰ ਆਪਣੀ ਜਾਨ ਗੁਆਉਣੀ ਪਈ। ਦਸ ਕਰੋੜ ਤੋਂ ਵੱਧ ਇਨਸਾਨ ਜ਼ਖ਼ਮੀ ਹੋਣ ਦਾ ਸੰਤਾਪ ਝਲਦੇ ਰਹੇ। ਹੀਰੋਸ਼ੀਮਾ ਤੇ ਨਾਗਾਸਾਕੀ ਵਾਲੇ ਜਪਾਨੀਆਂ ਦੀਆ ਕਿੰਨੀਆਂ ਹੀ ਪੀੜ੍ਹੀਆਂ ਐਟਮੀ ਰੇਡੀਏਸ਼ਨ ਕਾਰਨ ਸਰੀਰਕ ਤੇ ਮਾਨਸਿਕ ਪੀੜਾ ਭੁਗਤਦੀਆਂ ਰਹੀਆਂ ਹਨ।

ਬੁਲਗਾਰੀਆ ਦੇ ਪ੍ਰਧਾਨ ਮੰਤਰੀ ਅਤੇ ਕਮਿਊਨਿਸਟ ਇੰਟਰਨੈਸ਼ਨਲ ਦੇ ਜਨਰਲ ਸਕੱਤਰ ਦਮਿਤਰੋਵ ਨੇ ਚੇਤਾਵਨੀ ਦਿੱਤੀ ਸੀ ਕਿ ਫਾਸ਼ੀਵਾਦ ਇਕ ਬੁਰਜੂਆ ਸਰਕਾਰ ਵੱਲੋਂ ਦੂਜੀ ਬੁਰਜੂਆ ਸਰਕਾਰ ਵਿਚ ਤਬਦੀਲ ਹੋਣ ਨਾਲੋਂ ਬੁਨਿਆਦੀ ਤੌਰ 'ਤੇ ਵੱਖਰਾ ਅਮਲ ਹੈ। ਇਹ ਖੁੱਲ੍ਹਾ, ਸਰੇਆਮ ਦਹਿਸ਼ਤ ਅਤੇ ਨਾਗਰਿਕਾਂ ਵਿੱਚ ਨਫ਼ਰਤ ਦੀ ਰਾਜਨੀਤੀ 'ਤੇ ਅਧਾਰਿਤ ਡਿਕਟੇਟਰਸ਼ਿਪ ਵੱਲ ਵਧਣ ਦਾ ਸਿਲਸਿਲਾ ਹੈ। ਸਮਾਜ, ਖਾਸਕਰ ਰਾਜਨੀਤਕ ਲੋਕਾਂ ਵੱਲੋ ਇਸ ਅੰਤਰ ਨੂੰ ਨਾ ਸਮਝਣਾ ਬੱਜਰ ਗਲਤੀ ਸਿੱਧ ਹੁੰਦੀ ਹੈ।

ਉਸ ਨੇ ਇਹ ਵੀ ਦੱਸਿਆ ਸੀ ਕਿ ਅਜਿਹੇ ਕਾਰੇ ਕਰਵਾਉਣ ਵਾਲਾ ਫਾਸ਼ੀਵਾਦ ਆਮ ਤੌਰ 'ਤੇ ਡੈਮੋਕ੍ਰੇਟਿਕ ਦੇਸ਼ਾਂ ਅੰਦਰ ਦੂਜੀਆਂ ਸਰਮਾਏਦਾਰ ਪੱਖੀ ਪਾਰਟੀਆਂ ਨੂੰ ਇੱਕ ਹੱਦ ਤੱਕ ਆਪਣੀਆਂ ਰਾਜਨੀਤਕ ਗਤੀਵਿਧੀਆਂ ਜਾਰੀ ਰੱਖਣ ਦੀ ਇਜਾਜ਼ਤ ਵੀ ਜਾਰੀ ਰੱਖਦਾ ਹੈ, ਤਾਂ ਕਿ ਉਨ੍ਹਾਂ ਦੇ ਅਸਲੀ ਚਿਹਰੇ ਦਾ ਪਰਦਾ ਫਾਸ਼ ਨਾ ਹੋਏ ਪਰ ਕਈ ਦੇਸ਼ਾਂ ਅੰਦਰ ਉਹ ਇਕ ਹੀ ਝਟਕੇ ਵਿੱਚ ਜਿਵੇਂ ਕਿ ਫ਼ੌਜੀ ਰਾਜ ਪਲਟੇ ਆਦਿ ਰਾਹੀਂ ਸੱਤਾ 'ਤੇ ਕਾਬਜ਼ ਹੋ ਜਾਂਦੇ ਹਨ।

ਕਮਿਊਨਿਸਟ ਇੰਟਰਨੈਸ਼ਨਲ ਦੀ 7ਵੀਂ ਕਾਂਗਰਸ ਨੇ ਨੋਟ ਕੀਤਾ ਸੀ ਕਿ ਫਾਸ਼ੀਵਾਦੀ ਅਲੱਗ-ਅਲੱਗ ਦੇਸ਼ਾਂ ਵਿੱਚ ਵੱਖਰੇ-ਵੱਖਰੇ ਰੂਪ ਬਦਲ ਕੇ ਆਉਂਦੇ ਹਨ।

ਇੰਗਲੈਂਡ ਦੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਰਜਨੀ ਪਾਮ ਦੱਤ ਨੇ ਸਾਮਰਾਜੀ ਦੇਸ਼ਾਂ ਦੀ ਜਮਹੂਰੀਅਤ ਦੇ ਦੋਗਲੇ ਚਰਿੱਤਰ ਨੂੰ ਨੰਗਾ ਕੀਤਾ ਹੈ। ਉਸ ਅਨੁਸਾਰ ਫਾਸ਼ੀਵਾਦ ਨਿਰਾਪੁਰਾ ਇਟਲੀ ਤੇ ਜਰਮਨ ਦੇ ਵਹਿਸ਼ੀਆਨਾ ਰਾਜਨੀਤਕ ਰੂਪ ਤੱਕ ਸੀਮਤ ਨਹੀਂ ਸੀ, ਸਗੋਂ ਤਾਨਾਸ਼ਾਹੀ ਦੇ ਰੁਝਾਨ ਕੁਝ ਕੁ ਅੰਤਰਾਂ ਨਾਲ ਯੂਰਪ ਦੇ ਕਈ ਹੋਰ ਦੇਸ਼ਾਂ ਵਿਚ ਵੀ ਸਨ।

ਉਹ ਤਿੱਖੇ ਸਵਾਲ ਉਠਾਉਂਦਾ ਹੈ ਕਿ ਕੀ ਇੰਗਲੈਂਡ, ਫਰਾਂਸ ਤੇ ਅਮਰੀਕਾ ਦੇ ਆਗੂ ਜੰਗ ਸਮੇਂ ਕੋਈ ਭੋਲੀਭਾਲੇ ਸ਼ਾਂਤੀਦੂਤ ਸਨ ?

**ਅਜੋਕੇ ਸਮੇਂ ਵਿਚ ਫਾਸ਼ੀਵਾਦ** : 20ਵੀਂ ਸਦੀ ਵਿਚ ਫਾਸ਼ੀਵਾਦ ਕਈ ਦੇਸ਼ਾਂ ਵਿੱਚ ਅਲੱਗ-ਅਲੱਗ ਰੂਪਾਂ ਵਿਚ ਸਾਡੇ ਸਾਹਮਣੇ ਆਇਆ, ਪਰੰਤੂ ਇਹਨਾਂ ਵਿੱਚ ਕੁਝ ਪਹਿਲੂ ਸਾਂਝੇ ਸਨ, ਜਿਵੇਂ ਕਿ ਇਕ ਖ਼ਾਸ ਲੀਡਰ ਨੂੰ ਸਰਵੋਤਮ ਸ਼ਕਤੀਮਾਨ ਵਜੋਂ ਪੇਸ਼ ਕਰਨਾ, ਅਰਧ ਸੈਨਿਕ ਅਧਾਰ 'ਤੇ ਜਥੇਬੰਦੀ ਖੜੀ ਕਰਨਾ, ਅੰਧ-ਰਾਸ਼ਟਰਵਾਦ ਨੂੰ ਫੈਲਾਉਣਾ ਅਤੇ ਰੰਗ, ਨਸਲ, ਧਰਮ ਭੇਦ ਆਦਿ ਆਧਾਰ 'ਤੇ ਇੱਕ ਖਾਸ ਤਬਕੇ ਨੂੰ ਵਿਸ਼ੇਸ਼ ਮਹੱਤਵ ਦੇਣਾ।

ਭਾਵੇਂ ਇਤਿਹਾਸ ਵਿੱਚੋਂ ਬਹੁਤ ਕੁਝ ਸਿੱਖਣ ਲਈ ਹੁੰਦਾ ਹੈ, ਪਰ ਅਜੋਕੇ ਸਮੇਂ ਵਿੱਚ ਹਰ ਵਰਤਾਰੇ ਵਾਂਗ ਫਾਸ਼ਿਸਟ ਰੁਝਾਨਾਂ ਵਿਚ ਆਈ ਤਬਦੀਲੀ ਨੂੰ ਸਮਝਣਾ ਜ਼ਰੂਰੀ ਹੈ।

ਅੱਜਕੱਲ੍ਹ ਫਾਸ਼ਿਸਟ ਧੜੇ ਦੇਸ਼ ਦੇ ਸੰਵਿਧਾਨ, ਕਾਨੂੰਨ ਅਤੇ ਜਮਹੂਰੀਅਤ ਨੂੰ ਵਰਤ ਕੇ ਅੱਗੇ ਵਧ ਰਹੇ ਹਨ। ਇਹ ਬਹੁਤ ਹੀ ਵਿਉਂਤਮਈ ਢੰਗਾਂ ਨਾਲ ਉਦਾਰਵਾਦੀ ਡੈਮੋਕਰੇਸੀ ਨੂੰ ਕਮਜ਼ੋਰ ਕਰਦੇ ਹਨ ਅਤੇ ਦੇਸ਼ ਦੀਆਂ ਸੰਸਥਾਵਾਂ ਨੂੰ ਅਧੀਨ ਕਰਕੇ ਆਪਣੀ ਅੱਤਿਆਚਾਰੀ ਅਤੇ ਏਕਾਧਿਕਾਰ ਹਕੂਮਤ ਕਾਇਮ ਕਰਦੇ ਹਨ। ਭਾਰਤ ਵਿਚ ਸੱਤਾ ਅਜਿਹੇ ਹੀ ਢੰਗ-ਤਰੀਕੇ ਵਰਤ ਕੇ ਵਿਰੋਧੀਆਂ ਨੂੰ ਖਤਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਲੋਕਾਂ ਦੀ ਸਮਝ ਨੂੰ ਸਰਕਾਰੀ ਨੀਤੀਆਂ ਦੇ ਸਮਰਥਨ ਵਾਸਤੇ ਮੋੜਨ ਲਈ ਇਹ ਪਹਿਲਾਂ ਵੀ ਪ੍ਰਾਪੇਗੰਡੇ ਦੇ ਸਾਧਨਾਂ ਦਾ ਇਸਤੇਮਾਲ ਕਰਦੇ ਸਨ, ਪਰ ਹੁਣ ਮੀਡੀਆ ਦਾ ਇਸਤੇਮਾਲ ਅਨੇਕਾਂ ਗੁਣਾ ਵਧ ਗਿਆ ਹੈ।

ਸਰਕਾਰ ਦੀ ਕੋਸ਼ਿਸ਼ ਹੁੰਦੀ ਹੈ ਕਿ ਲੋਕ ਉਸ ਦੀਆਂ ਤਾਨਾਸ਼ਾਹੀ ਨੀਤੀਆਂ ਨੂੰ ਸਿਰਫ ਬਰਦਾਸ਼ਤ ਹੀ ਨਾ ਕਰਨ, ਸਗੋਂ ਪੂਰੇ ਜੋਸ਼ ਨਾਲ ਇਸ ਦਾ ਸਮਰਥਨ ਵੀ ਕਰਨ। ਲੋਕ ਸੱਚਾਈ ਤੋਂ ਦੂਰ ਰਹਿਣ ਅਤੇ ਭਰਮ ਵਿੱਚ ਜੀ ਕੇ ਖੁਸ਼ੀ ਮਹਿਸੂਸ ਕਰਨ।

ਕਾਰਨ: ਫਾਸ਼ੀਵਾਦ ਦੇ ਅਮਲ ਨੂੰ ਸਮੁੱਚੇ ਤੌਰ 'ਚ ਸਮਝਣ ਲਈ ਅਨੇਕ ਮਾਹਰਾਂ ਨੇ ਇਸ ਦੇ ਰਾਜਸੀ, ਆਰਥਿਕ, ਇਤਿਹਾਸਕ , ਸਮਾਜਿਕ ਤੇ ਮਾਨਸਿਕ ਖੇਤਰ ਆਦਿ ਦਾ ਅਧਿਐਨ ਕੀਤਾ ਹੈ। ਉਨ੍ਹਾਂ ਇਸ ਦੇ ਬੀਜ, ਜੜ੍ਹ, ਰੂਪਾਂ ਦੇ ਨਾਲ ਹੀ ਸਮਾਜਿਕ ਮੂਰਖਪੁਣੇ ਅਤੇ ਪਿਸ਼ਾਚਕ ਬਿਰਤੀਆਂ 'ਤੇ ਵੀ ਝਾਤ ਪਵਾਈ ਹੈ।

ਰਜਨੀ ਪਾਮ ਦੱਤ ਦੀ ਖੋਜ ਫਾਸ਼ੀਵਾਦ ਦੀਆਂ ਇਤਿਹਾਸਕ ਜੜ੍ਹਾਂ ਨੂੰ ਸਾਮਰਾਜੀ ਦੇਸ਼ਾਂ ਦੀ ਲੁੱਟ ਅਤੇ ਮੰਡੀਆਂ ਖਾਤਰ ਜੰਗ ਨਾਲ ਜੁੜਿਆ ਵੇਖਦੀ ਹੈ। ਫਾਸ਼ੀਵਾਦ ਵਧਣ ਦੇ ਰਾਜਸੀ ਤੇ ਆਰਥਿਕ ਖੇਤਰ ਦੇ ਕਾਰਨ ਤਾਂ ਸਿੱਧੇ ਹੀ ਮੰਡੀਆਂ ਅਤੇ ਕੱਚੇ ਮਾਲ ਦੀ ਲੁੱਟ ਦੇ ਬਟਵਾਰੇ ਵਿੱਚ ਅਸਾਨੀ ਨਾਲ ਹੀ ਲੱਭ ਜਾਂਦੇ ਹਨ।

**ਮਾਨਸਿਕ ਕਾਰਨ** : ਫਾਸ਼ੀਵਾਦ ਵਿਰੁੱਧ ਲੜਨ ਲਈ ਉਹ ਪ੍ਰਕਿਰਿਆ ਨੂੰ ਵੀ ਖੋਜਣਾ ਤੇ ਸਮਝਣਾ ਜ਼ਰੂਰੀ ਹੈ, ਜਿਸ ਕਾਰਨ ਘਰਾਂ ਵੱਲ ਪੈਦਲ ਪਰਤ ਰਹੇ, ਭੁੱਖੇ ਪਿਆਸੇ ਲੋਕ ਸਿਰਾਂ ਉਪਰ ਡੰਡੇ ਖਾਂਦੇ, ਆਪਣੇ ਇਨਸਾਨੀ ਤੇ ਜਮਹੂਰੀ ਅਧਿਕਾਰਾਂ ਨੂੰ ਹੁਕਮਰਾਨਾਂ ਦੇ ਬੂਟਾਂ ਹੇਠ ਕੁਚਲਿਆ ਜਾਂਦਾ, ਅਣਡਿੱਠ ਕਰ ਛੱਤਾਂ 'ਤੇ ਚੜ੍ਹ ਤਾੜੀਆਂ ਵਜਾਉਣ ਲੱਗ ਪੈਂਦੇ ਹਨ ਤੇ ਮੁੜ ਉਹਨਾਂ ਨੂੰ ਹੀ ਸੱਤਾ ਦੀ ਵਾਗਡੋਰ ਸੰਭਾਲ ਦੇਂਦੇ ਹਨ।

ਭਾਰਤ ਦੇ ਅਨੇਕਾਂ ਖਿੱਤਿਆਂ ਅੰਦਰ ਜਾਤੀ ਦੇ ਆਧਾਰ 'ਤੇ ਕਿਸੇ ਦੂਜੀ ਜਾਤੀ ਦੇ ਨੌਜਵਾਨ ਵੱਲੋਂ ਘੋੜੀ 'ਤੇ ਚੜ੍ਹਨ ਜਾਂ ਮੁੱਛਾਂ ਰੱਖਣ ਕਾਰਨ ਅਤੇ ਕਈ ਥਾਵਾਂ 'ਤੇ ਔਰਤਾਂ ਵੱਲੋਂ ਪੈਰ ਵਿੱਚ ਜੁੱਤੀ ਪਾਉਣ 'ਤੇ ਸ਼ਰੇਆਮ ਬੇਇੱਜ਼ਤੀ ਅਤੇ ਕਤਲ ਤੱਕ ਕਰ ਦਿੱਤੇ ਜਾਂਦੇ ਹਨ।

ਅਜਿਹੇ ਲੋਕ ਵੀ ਹਨ, ਜੋ ਕਠੂਆ ਵਿੱਚ ਅੱਠ ਸਾਲ ਦੀ ਬੱਚੀ ਨਾਲ ਰੇਪ ਅਤੇ ਕਤਲ ਕਰਨ ਨੂੰ ਨਿੰਦਣਯੋਗ ਅਪਰਾਧ ਮੰਨਣ ਦੀ ਬਜਾਏ ਜ਼ਾਲਮ ਮੁਜਰਮਾਂ ਦੇ ਹੱਕ ਵਿੱਚ ਪੰਚਾਇਤਾਂ ਕਰਦੇ ਹਨ। ਮਨੀਪੁਰ ਵਿੱਚ ਇਸਤਰੀਆਂ ਦੀ ਬੇਇਜ਼ਤੀ ਕਰਨ ਵਰਗੇ ਅਨੇਕ ਘਿਨਾਉਣੇ ਅਪਰਾਧਾਂ ਦੀ ਸਮਰਥਕ ਮਾਨਸਿਕਤਾ ਵਾਲੇ ਲੋਕ ਫਾਸ਼ੀਵਾਦ ਪਾਸੇ ਜਾਣ ਲਈ 'ਚੋਰ ਨਾਲੋਂ ਪੰਡ ਕਾਹਲੀ' ਦੀ ਤਰ੍ਹਾਂ ਪਹਿਲਾਂ ਹੀ ਫਾਸ਼ਿਸਟ ਸ਼ਕਤੀਆਂ ਲਈ ਤਿਆਰ ਮਾਲ ਹੁੰਦੇ ਹਨ।

(• ਬਾਕੀ ਸਫ਼ਾ 3 'ਤੇ)

# ਸਿੱਖਿਆ ਤੇ ਸਿਹਤ 'ਤੇ ਖਰਚ ਕਿਉਂ ਨਹੀਂ ਕੀਤਾ ਜਾਂਦਾ

ਲਵਪ੍ਰੀਤ

ਕੋਈ ਵੀ ਦੇਸ਼ ਉਦੋਂ ਤੱਕ ਖੁਸ਼ਹਾਲ ਨਹੀਂ ਹੋ ਸਕਦਾ, ਜਦੋਂ ਤੱਕ ਉਸ ਦੇ ਨੌਜਵਾਨ ਤਰੱਕੀ ਨਹੀਂ ਕਰਦੇ। ਭਾਰਤ ਨੇ ਆਪਣੀਆਂ ਚੰਗੀਆਂ ਵਿਦਿਅਕ ਸੰਸਥਾਵਾਂ ਦੇ ਕਾਰਨ ਦੁਨੀਆ ਵਿੱਚ ਨਾਮਣਾ ਖੱਟਿਆ ਹੈ, ਚਾਹੇ ਉਹ ਤਕਨਾਲੋਜੀ, ਦਵਾਈ ਜਾਂ ਸਮਾਜਿਕ-ਵਿਗਿਆਨ ਵਿੱਚ ਹੋਵੇ। ਦੇਸ਼ ਨੂੰ ਤਕਨੀਕੀ ਨਵੀਨਤਾ ਅਤੇ ਮੈਡੀਕਲ ਟੂਰਿਜ਼ਮ ਵਿੱਚ ਭਾਰਤੀਆਂ ਦੀ ਭੂਮਿਕਾ 'ਤੇ ਮਾਣ ਹੈ। ਸਾਡੀਆਂ ਖੇਤੀ ਸਿੱਖਿਆ ਸੰਸਥਾਵਾਂ ਨੇ ਖੇਤੀ ਕ੍ਰਾਂਤੀ ਵਿੱਚ ਆਪਣੀ ਭੂਮਿਕਾ ਨਿਭਾਈ ਹੈ, ਪਰ ਅੱਜ ਅਸੀਂ ਸਿਹਤ ਅਤੇ ਸਿੱਖਿਆ 'ਤੇ ਘੱਟ ਖਰਚੇ ਕਾਰਨ ਆਲੋਚਨਾ ਦਾ ਸਾਹਮਣਾ ਕਰ ਰਹੇ ਹਾਂ। ਦੁਨੀਆ ਭਰ ਵਿੱਚ ਪ੍ਰਵਾਨਿਤ ਪ੍ਰਤੀਸ਼ਤ ਤੋਂ ਘੱਟ ਖਰਚ ਕਰਨ ਦੇ ਪਿੱਛੇ ਸਰੋਤਾਂ ਦੀ ਘਾਟ ਦਾ ਕਾਰਨ ਦੱਸਿਆ ਗਿਆ ਹੈ, ਜਦੋਂ ਕਿ ਸਿੱਖਿਆ ਅਤੇ ਸਿਹਤ ਲਈ ਖਰਚੇ ਜਾਣ ਵਾਲੇ ਖਰਚੇ 'ਤੇ ਇਕ ਵਿਸ਼ੇਸ਼ ਸੈੱਸ ਬਣਾਇਆ ਗਿਆ ਹੈ, ਕਿਉਂਕਿ ਦੇਸ਼ ਦੇ ਸਾਰੇ ਨਾਗਰਿਕਾਂ ਲਈ ਪਹੁੰਚਯੋਗ ਅਤੇ ਸਸਤੀਆਂ ਸਿੱਖਿਆ-ਸਿਹਤ ਸੇਵਾਵਾਂ ਪ੍ਰਦਾਨ ਕਰਨਾ ਚੰਗੇ ਪ੍ਰਸ਼ਾਸਨ ਦੀ ਪਹਿਲੀ ਜ਼ਿੰਮੇਵਾਰੀ ਹੈ। ਧਿਆਨ ਵਿੱਚ ਰੱਖੋ ਕਿ ਟੈਕਸ ਅਤੇ ਉਪਕਰ ਵਿੱਚ ਅੰਤਰ ਇਹ ਹੈ ਕਿ ਟੈਕਸ ਬਿਨਾਂ ਕਿਸੇ ਪਰਿਭਾਸ਼ਿਤ ਅੰਤਮ ਵਰਤੋਂ ਦੇ ਦੇਸ਼ ਦੇ ਸੰਯੁਕਤ ਫੰਡ ਵਿੱਚ ਜਾਂਦਾ ਹੈ, ਜਦੋਂ ਕਿ ਸੈੱਸ ਦਾ ਇੱਕ ਸਪੱਸ਼ਟ ਉਦੇਸ਼ ਹੁੰਦਾ ਹੈ ਅਤੇ ਇਹ ਉਸ ਉਦੇਸ਼ ਲਈ ਖਰਚ ਕੀਤਾ ਜਾਂਦਾ ਹੈ, ਜਿਸ ਲਈ ਇਸ ਨੂੰ ਲਾਗੂ ਕੀਤਾ ਗਿਆ ਸੀ। ਨਾਗਰਿਕ ਵਿੱਤੀ ਸਾਲ 2018-19 ਤੋਂ ਨਿਯਮਤ ਤੌਰ 'ਤੇ ਸਿਹਤ ਅਤੇ ਸਿੱਖਿਆ ਸੈੱਸ ਦਾ ਭੁਗਤਾਨ ਕਰ ਰਹੇ ਹਨ। ਬਦਕਿਸਮਤੀ ਨਾਲ ਵੱਖਰੇ ਤੌਰ 'ਤੇ ਲੇਖਾ-ਜੋਖਾ ਕੀਤੇ ਜਾਣ ਦੀ ਬਜਾਏ ਇਹ ਰਕਮ ਭਾਰਤ ਦੇ ਏਕੀਕ੍ਰਿਤ ਫੰਡ ਨੂੰ ਜਾ ਰਹੀ ਹੈ, ਨਾ ਕਿ ਵਿਸ਼ੇਸ਼ ਉਦੇਸ਼ ਫੰਡ ਨੂੰ, ਤਾਂ ਜੋ ਇਸ ਨੂੰ ਵਿੱਤੀ ਸਾਲ ਵਿੱਚ ਖਰਚ ਨਾ ਹੋਣ 'ਤੇ ਅੱਗੇ ਵਧਾਇਆ ਜਾ ਸਕੇ।

ਸੰਸਦ ਦੁਆਰਾ ਇੱਕ ਸਮਰੱਥ ਕਾਨੂੰਨ ਦੁਆਰਾ ਇਸ ਦੇ ਗਠਨ ਨੂੰ ਅਧਿਕਾਰਤ ਕਰਨ ਤੋਂ ਬਾਅਦ ਹਰ ਸੈੱਸ ਇਕੱਠਾ ਕੀਤਾ ਜਾਂਦਾ ਹੈ। ਕਾਨੂੰਨ ਸੈੱਸ ਦੇ ਉਦੇਸ਼ ਨੂੰ ਸਪੱਸ਼ਟ ਕਰਦਾ ਹੈ, ਜਿਸ ਲਈ ਫੰਡ ਇਕੱਠੇ ਕੀਤੇ ਜਾ ਰਹੇ ਹਨ। ਸੰਵਿਧਾਨ ਦਾ ਆਰਟੀਕਲ 270 ਸੈੱਸ ਨੂੰ ਟੈਕਸਾਂ ਦੇ ਪੂਲ ਤੋਂ ਬਾਹਰ ਰੱਖਣ ਦੀ ਇਜਾਜ਼ਤ ਦਿੰਦਾ ਹੈ, ਜੋ ਕੇਂਦਰ ਸਰਕਾਰ ਨੂੰ ਰਾਜਾਂ ਨਾਲ ਸਾਂਝਾ ਕਰਨਾ ਹੁੰਦਾ ਹੈ। ਇਸ ਲਈ ਕੇਂਦਰ ਸਰਕਾਰ ਲਈ ਇਹ ਲਾਜ਼ਮੀ ਹੈ ਕਿ ਉਹ ਇਕੱਠੇ ਕੀਤੇ ਸੈੱਸ ਨੂੰ ਸਿਰਫ਼ ਆਪਣੇ ਨਿਰਧਾਰਿਤ ਮਕਸਦ ਲਈ ਹੀ ਖਰਚ ਕਰੇ, ਤਾਂ ਜੋ ਇਸ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਦੀ ਗੁਣਵੱਤਾ ਅਤੇ ਮਾਤਰਾ ਵਿੱਚ ਸੁਧਾਰ ਕੀਤਾ ਜਾ ਸਕੇ। ਵਿੱਤੀ ਸਾਲ 2021-22 ਦੌਰਾਨ ਸਿਹਤ ਅਤੇ ਸਿੱਖਿਆ ਸੈੱਸ ਲਈ 52,732 ਕਰੋੜ ਰੁਪਏ ਇਕੱਠੇ ਕੀਤੇ ਗਏ ਸਨ, ਜਿਨ੍ਹਾਂ ਵਿੱਚੋਂ 31,788 ਕਰੋੜ ਰੁਪਏ ਜਾਂ 60 ਫੀਸਦੀ ਐਲੀਮੈਂਟਰੀ ਐਜੂਕੇਸ਼ਨ ਫੰਡ ਵਿੱਚ ਟਰਾਂਸਫਰ ਕੀਤੇ ਗਏ ਸਨ। ਭਾਰਤ ਦੇ ਕੰਪਟਰੋਲਰ ਅਤੇ ਆਡੀਟਰ ਜਨਰਲ (ਕੈਗ) ਨੇ ਪਾਇਆ ਹੈ ਕਿ ਵਿੱਤੀ ਸਾਲ 2021-22 ਦੇ ਸੰਸ਼ੋਧਿਤ ਅਨੁਮਾਨਾਂ ਦੇ ਅਨੁਸਾਰ 25,000 ਕਰੋੜ ਰੁਪਏ ਅਤੇ 21,499 ਕਰੋੜ ਰੁਪਏ ਸੈਕੰਡਰੀ ਅਤੇ ਉੱਚ ਸਿੱਖਿਆ ਫੰਡ (MUSK) ਅਤੇ ਪ੍ਰਧਾਨ ਮੰਤਰੀ ਨੂੰ ਟ੍ਰਾਂਸਫਰ ਕੀਤੇ ਜਾਣ ਦੀ ਲੋੜ ਹੈ। ਕ੍ਰਮਵਾਰ ਸਿਹਤ ਸੁਰੱਖਿਆ ਫੰਡ (ਪੀ ਐੱਮ ਐੱਸ ਐੱਸ ਐੱਨ) ਲਈ ਮਨਜ਼ੂਰੀ ਦਿੱਤੀ ਗਈ ਸੀ। ਇੱਥੇ ਸਾਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ 52,732 ਕਰੋੜ ਰੁਪਏ ਦੇ ਉਗਰਾਹੀ ਦੇ ਮੁਕਾਬਲੇ ਸਿਰਫ਼ 46,499 ਕਰੋੜ ਰੁਪਏ ਅਲਾਟ ਕੀਤੇ ਗਏ ਸਨ।

ਸੰਸਦ ਵਿੱਚ ਵਿੱਤ ਮੰਤਰੀ ਨੇ ਸੈੱਸ ਲਈ ਇਕੱਠੇ ਕੀਤੇ ਗਏ ਇਸ ਪੈਸੇ ਨੂੰ ਰੱਖਣ ਲਈ ਇੱਕ ਵਿਸ਼ੇਸ਼ ਉਦੇਸ਼ ਫੰਡ ਸਥਾਪਤ ਕਰਨ ਲਈ ਵਚਨਬੱਧ ਕੀਤਾ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਹ 2022 ਵਿੱਚ ਆਪਣੇ ਉਦੇਸ਼ ਲਈ ਹੀ ਖਰਚਿਆ ਜਾਵੇ, ਪਰ ਹੁਣ ਤੱਕ ਕੈਗ ਵੱਲੋਂ ਮੁੱਦਾ ਉਠਾਏ ਜਾਣ ਦੇ ਬਾਵਜੂਦ ਅਜਿਹਾ ਨਹੀਂ ਕੀਤਾ ਗਿਆ। ਸਾਲ 2021-22 ਵਿੱਚ 23,874 ਕਰੋੜ ਰੁਪਏ ਟਰਾਂਸਫਰ ਨਾ ਹੋਣ ਕਾਰਨ ਵਰਤੇ ਨਹੀਂ ਜਾ ਸਕੇ। ਕੈਗ ਨੇ ਸਰਕਾਰੀ ਖਾਤਿਆਂ ਦੀ ਆਪਣੀ ਤਾਜ਼ਾ ਆਡਿਟ ਰਿਪੋਰਟ ਵਿੱਚ ਪਾਇਆ ਹੈ ਕਿ 2018-19 ਵਿੱਚ ਕੇਂਦਰ ਸਰਕਾਰ ਦੁਆਰਾ ਵੱਖ-ਵੱਖ ਸੈੱਸਾਂ ਰਾਹੀਂ ਇਕੱਠੇ ਕੀਤੇ ਗਏ ਲੱਗਭੱਗ 2.75 ਲੱਖ ਕਰੋੜ ਰੁਪਏ ਵਿੱਚੋਂ 1.1 ਲੱਖ ਕਰੋੜ ਰੁਪਏ ਤੋਂ ਵੱਧ ਭਾਰਤ ਦੇ ਸੰਯੁਕਤ ਫੰਡ ਵਿੱਚ ਜਮ੍ਹਾਂ ਕੀਤੇ ਗਏ ਸਨ। ਅਜਿਹੇ 'ਚ ਸਾਧਨਾਂ ਦੀ ਘਾਟ ਕਾਰਨ ਇਹ ਸਥਿਤੀ ਪੈਦਾ ਨਹੀਂ ਹੋਈ, ਕਿਉਂਕਿ ਇਕੱਠੇ ਕੀਤੇ ਸੈੱਸ ਨੂੰ ਸਿੱਖਿਆ ਅਤੇ ਸਿਹਤ ਦੇ ਖੇਤਰ 'ਚ ਕੀਤੇ ਗਏ ਖਰਚਿਆਂ 'ਤੇ ਪ੍ਰਤੀਬਿੰਬਤ ਨਹੀਂ ਕੀਤਾ ਜਾਂਦਾ।

ਨੌਜਵਾਨਾਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਅਤੇ ਭਾਰਤ ਦੇ ਸਾਰੇ ਨਿਵਾਸੀਆਂ ਨੂੰ ਬਿਹਤਰ ਸਿਹਤ ਸੰਭਾਲ ਯਕੀਨੀ ਬਣਾਉਣ ਲਈ ਸਮਾਜਿਕ ਆਡਿਟ ਲਈ ਸੈੱਸ ਅਤੇ ਇਸ ਦੇ ਖਰਚੇ ਦੇ ਪੈਟਰਨਾਂ ਦੀ ਨਿਗਰਾਨੀ ਕਰਨਾ ਲਾਜ਼ਮੀ ਹੈ। ਅੱਜ ਮਨੁੱਖੀ ਵਿਕਾਸ ਸੂਚਕ ਅੰਕ ਵਿੱਚ ਸਾਡੇ ਨੀਵੇਂ ਮਾਪਦੰਡ ਇਹਨਾਂ ਘੱਟ ਖਰਚਿਆਂ ਦਾ ਨਤੀਜਾ ਹਨ। ਸੰਵਿਧਾਨ ਦੇ ਅਨੁਛੇਦ 14 ਵਿੱਚ ਅਨੁਛੇਦ 21 ਦੇ ਤਹਿਤ ਕਾਨੂੰਨ ਦੇ ਸਾਹਮਣੇ ਸਮਾਨਤਾ ਇਹ ਯਕੀਨੀ ਬਣਾਉਂਦੀ ਹੈ ਕਿ ਕਿਸੇ ਵੀ ਵਿਅਕਤੀ ਨੂੰ ਸਹੂਲਤਾਂ ਆਦਿ ਦੀ ਘਾਟ ਕਾਰਨ ਸਿੱਖਿਆ ਦੇ ਅਧਿਕਾਰ ਤੋਂ ਵਾਂਝਾ ਨਹੀਂ ਕੀਤਾ ਜਾਵੇਗਾ ਅਤੇ ਇਹੀ ਸਬਸਿਡੀ ਦਰਾਂ ਤੇ ਸਿਹਤ ਸੰਭਾਲ ਦੇ ਅਧਿਕਾਰ 'ਤੇ ਲਾਗੂ ਹੁੰਦਾ ਹੈ।

# ਸੰਪਰਕ : 98155-15557

# ਧਰਮਾਂ ਨੇ ਮਨੁੱਖਤਾ ਨੂੰ ਤਬਾਹੀ ਤੇ ਵਿਗਿਆਨ ਨੇ ਜ਼ਿੰਦਗੀ ਦਿੱਤੀ



ਜਸਵੰਤ ਜੀਰਖ

ਜਦੋਂ ਉਤਪਤੀ ਤੋਂ ਲੈ ਕੇ ਅੱਜ ਤੱਕ ਦੀ ਮਨੁੱਖੀ ਜ਼ਿੰਦਗੀ ਵਿੱਚ ਆਈਆਂ ਤਬਦੀਲੀਆਂ ਦੇ ਵਿਗਿਆਨਕ ਤੇ ਇਤਿਹਾਸਕ ਪੱਖਾਂ ਦੀ ਪੜਚੋਲ ਕਰਦੇ ਹਾਂ ਤਾਂ ਪਤਾ ਚਲਦਾ ਹੈ ਕਿ ਧਰਮਾਂ ਦੇ ਨਾਂਅ 'ਤੇ ਮਨੁੱਖਤਾ ਦਾ ਬਹੁਮੁੱਲਾ ਖੂਨ ਵਗਿਆ, ਜੋ ਅੱਜ ਤੱਕ ਵੀ ਵਗਦਾ ਜਾ ਰਿਹਾ ਹੈ। ਅਧਿਆਤਮਿਕਤਾ ਦੇ ਵੱਖ-ਵੱਖ ਰੂਪਾਂ ਵਿੱਚ ਸਥਾਪਤ ਧਰਮਾਂ ਨੇ ਦੁਨੀਆ ਦੇ ਵੱਖ-ਵੱਖ ਖੇਤਰਾਂ ਵਿੱਚ ਤਰ੍ਹਾਂ-ਤਰ੍ਹਾਂ ਦੇ ਵਿਚਾਰਾਂ ਰਾਹੀਂ ਮਨੁੱਖਤਾ ਵਿੱਚ ਵੰਡੀਆਂ ਪਾ ਕੇ ਇਕ-ਦੂਜੇ ਪ੍ਰਤੀ ਨਫਰਤ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਇਹ ਨਫਰਤ ਅੱਜ ਤੱਕ ਵੀ ਮਨੁੱਖ ਨੂੰ ਇਨਸਾਨੀਅਤ ਤੋਂ ਦੂਰ ਕਰਨ ਦਾ ਮੁੱਖ ਸਰੋਤ ਬਣੀ ਹੋਈ ਹੈ। ਮਸਲਾ ਭਾਵੇਂ 1947 ਦਾ ਹੋਵੇ, ਗੁਜਰਾਤ ਜਾਂ ਦਿੱਲੀ ਦੰਗਿਆਂ ਦਾ ਜਾਂ ਬਾਬਰੀ ਮਸਜਿਦ ਤੇ ਮਨੀਪੁਰ ਦਾ ਹੋਵੇ। ਇਹਨਾਂ ਸਾਰਿਆਂ ਵਿੱਚ ਧਰਮਾਂ 'ਚ ਵੰਡੀ ਨਫਰਤੀ ਵਿਚਾਰਧਾਰਾ ਦੀ ਮੁੱਖ ਭੂਮਿਕਾ ਰਹੀ, ਜਿਸ ਨੇ ਬੇਕਸੂਰੇ ਲੋਕਾਂ ਨੂੰ ਆਪਣਾ ਨਿਸ਼ਾਨਾ ਬਣਾਇਆ। ਅੱਜ ਵੀ ਸਾਡੇ ਦੇਸ਼ ਵਾਸੀਆਂ ਨੂੰ ਧਰਮ ਅਧਾਰਤ ਅਜਿਹੇ ਦੌਰ ਵਿੱਚ ਧੱਕਣ ਦੀਆਂ ਵਾਰ-ਵਾਰ ਕੋਸ਼ਿਸ਼ਾਂ ਹੋ ਰਹੀਆਂ ਹਨ। ਇਹ ਕੋਸ਼ਿਸ਼ਾਂ ਕਰ ਕੌਣ ਰਿਹਾ ਹੈ ? ਬਾਰੇ ਚਿੰਤਨ ਕਰਨਾ ਬੇਹੱਦ ਜ਼ਰੂਰੀ ਹੈ। ਇਸ ਨੂੰ ਸਮਝਣ ਲਈ ਦੋ ਨਜ਼ਰੀਏ ਸਾਡੇ ਸਾਹਮਣੇ ਹਨ, ਪਹਿਲਾ ਅਧਿਆਤਮਿਕ ਤੇ ਦੂਜਾ ਵਿਗਿਆਨਕ।

ਅਧਿਆਤਮਵਾਦੀ ਜਾਂ ਧਰਮ ਅਧਾਰਤ ਨਜ਼ਰੀਆ ਜੋ ਹਰ ਵਰਤਾਰੇ ਨੂੰ ਕਿਸੇ ਅਖੌਤੀ 'ਅਗੰਮੀ ਹੁਕਮ' ਨਾਲ ਜੋੜ ਕੇ, ਉਸ ਦੀ ਪਾਲਣਾ ਕਰਨ ਨੂੰ ਆਪਣਾ ਧਰਮ ਸਮਝਦਾ ਹੈ, ਉਹ 'ਹੁਕਮ' ਅਕਸਰ ਹੀ ਕਿਸੇ ਅਧਿਆਤਮਿਕ ਪੁਰਸ਼ ਜਾਂ ਵੱਡੇ ਸਿਆਸਤਦਾਨ ਦੀ ਜ਼ੁਬਾਨੀ ਅਜਿਹਾ ਕਹਿ ਕੇ ਕਿ 'ਮਹਾਰਾਜ' ਨੇ ਸ਼ਾਇਦ ਇਹ ਕੰਮ ਕਰਨ ਲਈ ਮੇਰੀ ਹੀ ਸੇਵਾ ਲਗਾਈ ਹੈ ਜਾਂ ਮੈਂ ਬਾਇਓਲੋਜੀਕਲੀ ਨਹੀਂ ਵਿਸ਼ੇਸ਼ ਪੈਦਾ ਹੀ ਇਸ ਕੰਮ ਲਈ ਹੋਇਆ ਹਾਂ, ਆਦਿ-ਆਦਿ। ਇਹ ਕੰਮ ਧਰਮ ਦੇ ਨਾਂਅ ਵਿੱਚ ਲਪੇਟ ਕੇ ਆਮ ਲੋਕਾਂ / ਭਗਤਾਂ ਤੱਕ ਪਹੁੰਚਾਇਆ ਜਾਂਦਾ ਹੈ। ਅਕਸਰ ਹੀ ਅਜਿਹੇ ਵਿਖਿਆਨ ਧਰਮ ਵਿੱਚ ਪਹਿਲਾਂ ਹੀ ਚੱਲ ਰਹੇ ਵਖਰੇਵਿਆਂ ਨੂੰ ਹੋਰ ਹਵਾ ਦੇ ਕੇ ਲੋਕਾਂ ਲਈ ਆਪਸੀ ਨਫਰਤ ਫੈਲਾਉਣ ਦੀ ਭੂਮਿਕਾ ਨਿਭਾਉਂਦੇ ਹਨ। ਦੰਗੇ ਭੜਕਾਉਣ, ਕਤਲ ਕਰਨ, ਕੁੱਟਮਾਰ ਕਰਨ, ਲੁੱਟ-ਖਸੁੱਟ ਕਰਨ ਸਮੇਤ ਕਿਸੇ ਗੁਪਤ ਏਜੰਡੇ ਦੀ ਸਫਲਤਾ ਲਈ ਅਜਿਹੇ ਫੁਰਮਾਨ ਹਮੇਸ਼ਾ ਹੀ ਇਨਸਾਨੀਅਤ ਵਿਰੋਧੀ ਹੋ ਨਿੱਬੜਦੇ ਹਨ। ਜਿਸ ਕਾਰਨ ਹੁਣ ਤੱਕ ਮਨੁੱਖਤਾ ਦਾ ਬੇਥਾਹ ਖੂਨ ਇਸ ਧਰਤੀ 'ਤੇ ਵਹਿ ਚੁੱਕਾ ਹੈ।

ਦੂਜਾ ਹੈ ਵਿਗਿਆਨਕ ਨਜ਼ਰੀਆ, ਜਿਸ ਰਾਹੀਂ ਹਰ ਵਾਪਰ ਰਹੀ ਘਟਨਾ ਦੇ ਅਸਲ ਕਾਰਨਾਂ ਨੂੰ ਸਮਝਣਾ ਅਤੇ ਉਸ ਦੇ ਮਨੁੱਖਤਾ ਵਿਰੋਧੀ ਵਰਤਾਰੇ ਨੂੰ ਰੋਕਣ ਦਾ ਯਤਨ ਕਰਕੇ ਇਸ ਬੇਲੋੜੇ ਹੋ ਰਹੇ ਖੂਨ-ਖਰਾਬੇ ਦਾ ਇਸ ਨਜ਼ਰੀਏ ਰਾਹੀਂ ਹੱਲ ਪੇਸ਼ ਕਰਨਾ। ਮੁੱਢਲੀ ਮਨੁੱਖੀ ਜ਼ਿੰਦਗੀ ਦੌਰਾਨ ਜਦੋਂ ਮਨੁੱਖ ਦਿਨ ਤੋਂ ਬਾਅਦ ਰਾਤ ਹੋ ਜਾਣ, ਵਰਖਾ ਹੋਣ, ਝੱਖੜ-ਹਨੇਰੀਆਂ, ਬਾਰਸ਼, ਹੜ੍ਹ, ਅਸਮਾਨੀ ਬਿਜਲੀ, ਜੰਗਲ 'ਚ ਅੱਗ ਲੱਗਣਾ ਆਦਿ ਨੂੰ ਰਹੱਸਮਈ ਘਟਨਾਵਾਂ ਸਮਝਦਾ ਸੀ। ਅਗਿਆਨਤਾ ਕਾਰਨ ਇਹਨਾਂ ਦੇ ਵਰਤਾਰੇ ਪਿੱਛੇ ਕਿਸੇ ਅਗੰਮੀ ਤਾਕਤ ਨੂੰ ਸਮਝਣਾ ਅਤੇ ਉਸ ਸ਼ਕਤੀ ਤੋਂ ਡਰਦਿਆਂ ਇਹਨਾਂ ਸ਼ਕਤੀਆਂ ਨੂੰ ਅਗਨੀ ਦੇਵਤਾ, ਪੌਣ ਦੇਵਤਾ, ਜਲ ਦੇਵਤਾ ਆਦਿ ਦੇ ਨਾਂਅ ਹੇਠ ਵੱਖ-ਵੱਖ ਦੇਵਤੇ ਮੰਨਕੇ ਅਗੰਮੀ ਸ਼ਕਤੀਆਂ ਵਜੋਂ ਪੂਜਣ ਲੱਗਾ। ਮਨੁੱਖ ਦੇ ਡਰ ਤੇ ਅਗਿਆਨਤਾ 'ਚੋਂ ਪੈਦਾ ਹੋਏ ਇਸ ਅਧਿਆਤਮਵਾਦੀ ਨਜ਼ਰੀਏ ਬਾਰੇ ਭਾਵੇਂ ਅੱਜ ਦੇ ਵਿਗਿਆਨ ਨੇ ਮਨੁੱਖ ਨੂੰ ਉਪਰੋਕਤ ਘਟਨਾਵਾਂ ਪਿੱਛੇ ਛੁਪੇ ਕਾਰਨਾਂ ਬਾਰੇ ਸਮਝਾ ਕੇ ਸਪੱਸ਼ਟ ਕਰ ਦਿੱਤਾ ਹੈ, ਪਰ ਵੱਡੀ ਗਿਣਤੀ ਲੋਕਾਂ ਵਿੱਚ ਅਜੇ ਵੀ ਮੁੱਢਲੀ ਵਿਚਾਰਧਾਰਾ ਦਾ ਪ੍ਰਭਾਵ ਚਲਿਆ ਆ ਰਿਹਾ ਹੈ। ਅੱਜ ਵੀ ਵੱਖ-ਵੱਖ ਧਰਮਾਂ ਦੇ ਲੋਕ ਹਰ ਤਰ੍ਹਾਂ ਦੀ ਮਨੁੱਖ ਮਾਰੂ ਘਟਨਾ ਨੂੰ ਕਿਸਮਤ ਵਿੱਚ ਲਿਖੀ ਮੰਨ ਕੇ ਵਿਗਿਆਨਕ ਉਪਲੱਬਤਾ ਨੂੰ ਮਾਣਦੇ ਹੋਏ ਵੀ ਵਿਗਿਆਨ ਨੂੰ ਨਕਾਰਨ ਦੇ ਧਾਰਨੀ ਬਣੇ ਹੋਏ ਹਨ। ਆਪਣੀ ਜ਼ਿੰਦਗੀ ਵਿੱਚ ਮਾੜਾ ਨਾ ਵਾਪਰ ਜਾਣ ਦੇ ਡਰੋਂ ਉਹਨਾਂ ਵੱਲੋਂ ਅਜੇ ਵੀ ਅਖੌਤੀ ਦੈਵੀ ਸ਼ਕਤੀਆਂ ਦੀਆਂ ਵੱਖ-ਵੱਖ ਰੂਪਾਂ ਵਿੱਚ ਚੱਲਦੀਆਂ ਮਨੌਤਾਂ, ਪੂਜਾ-ਪਾਠ ਕਰਨ, ਭੇਟਾ ਦੇਣ, ਯੱਗ ਕਰਨ, ਸੂਰਜ ਨੂੰ ਪਾਣੀ ਦੇਣ, ਵਿਗੜੇ ਕੰਮਾਂ ਨੂੰ ਠੀਕ ਕਰਨ ਲਈ ਜੋਤਸ਼ੀਆਂ-ਤਾਂਤਰਿਕਾਂ ਆਦਿ ਵੱਲੋਂ ਉਪਾਅ ਕਰਵਾਉਣ ਵਿੱਚ ਯਕੀਨ ਕਰਨਾ ਜਾਰੀ ਹੈ।

ਚਿੰਤਨ ਕਰਨ ਵਾਲੀ ਗੱਲ ਇਹ ਹੈ ਕਿ ਜੇਕਰ ਅਧਿਆਤਮਿਕ ਨਜ਼ਰੀਆ ਮਨੁੱਖਤਾ ਨੂੰ ਧਰਮ ਦੇ ਨਾਂਅ 'ਤੇ ਵੰਡ ਕੇ ਖੂਨ ਵਹਾਉਣ ਲਈ ਜ਼ੁੰਮੇਵਾਰ ਹੈ ਅਤੇ ਵਿਗਿਆਨਕ ਨਜ਼ਰੀਆ ਇਹ ਸਭ ਕੁਝ ਖਤਮ ਕਰਕੇ ਹਰ ਮਨੁੱਖ ਨੂੰ ਬਰਾਬਰ ਸਮਝਦਾ ਹੈ ਤਾਂ ਲੋਕ ਇਸ ਨਜ਼ਰੀਏ ਨੂੰ ਅਪਣਾਉਂਦੇ ਕਿਉਂ ਨਹੀਂ ? ਇਹ ਹੈ ਅਸਲ ਨੁਕਤਾ ਜਿਸ ਨੂੰ ਹਰ ਧਰਮ ਦੇ ਲੋਕਾਂ ਨੂੰ ਸਮਝਣ ਦੀ ਅਹਿਮ ਲੋੜ ਹੈ। ਇਸ ਨੂੰ ਸਮਝੇ ਤੋਂ ਬਿਨਾਂ ਨਾ ਤਾਂ ਸਮਾਜ ਵਿੱਚੋਂ ਗਰੀਬੀ, ਬੇਰੋਜ਼ਗਾਰੀ, ਨਾ-ਬਰਾਬਰੀ, ਬੇਇਨਸਾਫੀ ਵਰਗੀਆਂ ਅਲਾਮਤਾਂ ਖਤਮ ਹੋ ਸਕਦੀਆਂ ਹਨ ਅਤੇ ਨਾ ਹੀ ਧਰਮਾਂ ਦੇ ਪਰਦੇ ਹੇਠ ਹੋ ਰਿਹਾ ਮਨੁੱਖੀ ਤੇ ਹੋਰ ਕਤਲੇਆਮ। ਵਿਗਿਆਨਕ ਨਜ਼ਰੀਆ ਹੀ ਹੈ, ਜਿਸ ਨੇ ਮਨੁੱਖੀ ਜ਼ਿੰਦਗੀ ਸੌਖੀ ਕਰਨ ਸਮੇਤ ਬਹੁਤ ਤਰ੍ਹਾਂ ਦੀਆਂ ਬਿਮਾਰੀਆਂ ਦੇ ਭੇਦਾਂ ਨੂੰ ਜਾਣ ਕੇ ਸਹੀ ਨਿਰਣੇ ਕਰਕੇ ਉਹਨਾਂ ਦੇ ਇਲਾਜ ਕੀਤੇ ਹਨ। ਇਹ ਗੱਲ ਵੱਖਰੀ ਹੈ ਕਿ ਵਿਗਿਆਨਕ ਪ੍ਰਾਪਤੀਆਂ ਨੂੰ ਮਨੁੱਖ ਦੀ ਭਲਾਈ ਲਈ ਵਰਤਣ ਦੀ ਬਜਾਏ ਇਹਨਾਂ ਨੂੰ ਕਮਾਈ ਦੇ ਸਾਧਨ ਬਣਾ ਕੇ ਬੇਵੱਸ ਲੋਕਾਂ ਦੀ ਆਰਥਿਕ ਲੁੱਟ ਕਰਨ ਲਈ ਵਰਤਿਆ ਜਾ ਰਿਹਾ ਹੈ, ਜਿਸ ਨੂੰ ਰੋਕਣਾ ਸਰਕਾਰਾਂ ਦਾ ਕੰਮ ਹੈ, ਪਰ ਅਫਸੋਸ ਕਿ ਸਾਡੀ ਵਿਦਿਅਕ ਪ੍ਰਣਾਲੀ ਵਿੱਚ ਸਰਕਾਰੀ ਤੌਰ 'ਤੇ ਇਹ ਨਜ਼ਰੀਆ ਵਿਕਸਤ ਕਰਨ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ, ਸਗੋਂ ਜੇ ਕਿਸੇ ਸਿਲੇਬਸ ਵਿੱਚ ਇਸ ਸੰਬੰਧੀ ਕੋਈ ਪਾਠ ਪੜ੍ਹਾਇਆ ਵੀ ਜਾ ਰਿਹਾ ਸੀ, ਉਸ ਨੂੰ ਬੰਦ ਕੀਤਾ ਜਾ ਰਿਹਾ ਹੈ।

ਦੂਜੇ ਪਾਸੇ ਕਿਸੇ ਵੀ ਧਰਮ ਨੇ ਜ਼ਿੰਦਗੀ ਸੌਖੀ ਕਰਨ ਲਈ ਕੁਝ ਕਰਨ ਜਾਂ ਖੋਜਣ ਦੀ ਬਜਾਏ ਸਰੀਰ ਨੂੰ ਜਪਾਂ-ਤਪਾਂ ਤਪੱਸਿਆਵਾਂ ਆਦਿ ਵਰਗੇ ਕਸ਼ਟ ਦੇਣ ਦੇ ਉਪਦੇਸ਼ਾਂ ਰਾਹੀਂ ਇਸ ਜ਼ਿੰਦਗੀ ਨੂੰ ਝੂਠੀ ਤੇ ਪਾਣੀ ਦਾ ਬੁਲਬੁਲਾ ਕਰਾਰ ਦਿੱਤਾ ਹੋਇਆ ਹੈ। ਮੌਤ ਤੋਂ ਬਾਅਦ ਇੱਕ ਹੋਰ ਸਵਰਗ, ਨਰਕ ਵਿੱਚ ਜਿਉਣ ਵਾਲੀ ਅਖੌਤੀ ਜ਼ਿੰਦਗੀ ਜਿਸ ਦੇ ਵਜੂਦ ਦਾ ਕਿਸੇ ਵੀ ਧਰਮ ਕੋਲ ਕੋਈ ਸਬੂਤ ਹੀ ਨਹੀਂ, ਨੂੰ ਵਧੇਰੇ ਮਹੱਤਤਾ ਦਿੱਤੀ ਜਾ ਰਹੀ ਹੈ। ਮੌਜੂਦਾ ਜ਼ਿੰਦਗੀ ਨੂੰ ਸਵਰਗ ਬਣਾਉਣ ਲਈ ਕੋਈ ਵੀ ਧਰਮ ਗੱਲ ਨਹੀਂ ਕਰਦਾ। ਮ੍ਰਿਤਕ ਦੇ ਸੁੱਖ-ਆਰਾਮ ਲਈ ਹਰ ਧਰਮ ਵਿੱਚ ਕੀਤੇ ਜਾ ਰਹੇ ਵੱਖ-ਵੱਖ ਤਰ੍ਹਾਂ ਦੇ ਧਾਰਮਿਕ ਕ੍ਰਿਆ ਕਰਮ ਅਸੀਂ ਪ੍ਰਤੱਖ ਵੇਖ ਹੀ ਰਹੇ ਹਾਂ, ਜਿਹਨਾਂ ਨੂੰ ਪੂਰਾ ਕਰਨ ਲਈ ਹਰ ਧਰਮ ਵਿੱਚ ਬੈਠਾ ਪੁਜਾਰੀ ਵਰਗ ਮੁੱਖ ਭੂਮਿਕਾ ਨਿਭਾਉਂਦਾ ਹੈ, ਕਿਉਂਕਿ ਉਹਨਾਂ ਦੀ ਜ਼ਿੰਦਗੀ ਇਹਨਾਂ ਮਾਨਤਾਵਾਂ ਨੂੰ ਬਰਕਰਾਰ ਰੱਖਣ ਨਾਲ ਹੀ ਚੱਲਦੀ ਹੈ। ਹਰ ਧਰਮ ਵਿੱਚ ਅਜਿਹੀਆਂ ਰਸਮਾਂ ਰਾਹੀਂ ਫੈਲਾਏ ਜਾਂਦੇ ਗੈਰ-ਵਿਗਿਆਨਕ ਅਤੇ ਸੰਵਿਧਾਨ ਵਿਰੋਧੀ ਵਿਚਾਰਾਂ ਨੂੰ ਰੋਕਣ ਲਈ ਸਰਕਾਰੀ ਮਸ਼ੀਨਰੀ ਸਿਰਫ ਦਰਸ਼ਕ ਬਣੀ ਹੋਈ ਹੈ। ਸਾਡੇ ਦੇਸ਼ ਦਾ ਸੰਵਿਧਾਨ ਭਾਵੇਂ ਕਿਸੇ ਵੀ ਤਰ੍ਹਾਂ ਦੀ ਗੈਰ ਵਿਗਿਆਨਕ ਗੱਲ ਦਾ ਖੰਡਨ ਕਰਕੇ ਵਿਗਿਆਨਕ ਨਜ਼ਰੀਆ ਵਿਕਸਿਤ ਕਰਨ ਲਈ ਹਰ ਨਾਗਰਿਕ ਨੂੰ ਜ਼ੁੰਮੇਵਾਰ ਬਣਨ ਲਈ ਆਗਿਆ ਦਿੰਦਾ ਹੈ, ਪਰ ਸਾਡੀਆਂ ਸਰਕਾਰਾਂ ਜੋ ਇਸੇ ਸੰਵਿਧਾਨ ਨੂੰ ਮੰਨਣ ਦਾ ਇਕਰਾਰ ਕਰਕੇ ਵੀ ਜਦੋਂ ਜ਼ੁੰਮੇਵਾਰੀ ਦੀਆਂ ਕੁਰਸੀਆਂ ਸਾਂਭਦੀਆਂ ਹਨ ਤਾਂ ਆਪਣਾ ਕੀਤਾ ਇਕਰਾਰ ਭੁੱਲ ਹੀ ਨਹੀਂ ਜਾਂਦੀਆਂ, ਸਗੋਂ ਗੈਰ ਵਿਗਿਆਨਕ ਧਾਰਨਾਵਾਂ ਦਾ ਪੱਖ ਪੂਰ ਕੇ, ਵਿਗਿਆਨਕ ਧਾਰਨਾਵਾਂ ਪ੍ਰਚੱਲਤ ਕਰਨ ਦਾ ਯਤਨ ਕਰਨ ਵਾਲਿਆਂ ਖਿਲਾਫ ਕੇਸ ਦਰਜ ਕਰਨ ਵੱਲ ਭੁਗਤਦੀਆਂ ਹਨ। ਇਸ ਦੇ ਪ੍ਰਤੱਖ ਸਬੂਤ ਵਜੋਂ ਵਿਗਿਆਨਕ ਨਜ਼ਰੀਏ ਖਿਲਾਫ ਦਰਜ ਹੋਏ 295-ਏ ਦੇ ਵੱਖ-ਵੱਖ ਵਿਅਕਤੀਆਂ ਦੇ ਕੇਸ ਸਾਹਮਣੇ ਹਨ। ਦੇਸ਼ ਨੂੰ ਸਹੀ ਦਿਸ਼ਾ ਦੇਣ ਲਈ ਵਿਗਿਆਨਕ ਨਜ਼ਰੀਆ ਅਪਨਾਉਣਾ ਹੀ ਇੱਕੋ-ਇੱਕ ਸਾਧਨ ਹੈ, ਜੋ ਦੇਸ਼ ਲਈ ਹਰ ਖੇਤਰ ਵਿੱਚ ਅਗਵਾਈ ਕਰਨ ਯੋਗ ਹੈ। ਇਹ ਵੀ ਸਾਹਮਣੇ ਹੈ ਕਿ ਦੁਨੀਆ ਵਿੱਚ ਜਿਹੜੇ ਮੁਲਕਾਂ ਨੇ ਵਿਗਿਆਨਕ ਨਜਰੀਆ ਅਪਣਾਇਆ ਹੈ , ਉਹ ਹੀ ਦੁਨੀਆਂ ਦੇ ਵਿਕਸਤ ਦੇਸਾਂ ਵਿੱਚ ਗਿਣੇ ਜਾਂਦੇ ਹਨ। ਜਿਹੜੇ ਅਧਿਆਤਮਵਾਦੀ ਰਹਿ ਕੇ ਧਰਮਾਂ ਦੇ ਚੱਕਰਾਂ ਵਿੱਚ ਉਲਝੇ ਹੋਏ ਹਨ, ਉਹਨਾਂ ਵਿੱਚ ਗਰੀਬੀ ਅਤੇ ਆਪਸੀ ਨਫਰਤ ਦਾ ਬੋਲਬਾਲਾ ਸਿਖਰਾਂ ਛੂਹ ਰਿਹਾ ਹੈ।

ਇਸ ਲਈ ਵਿਗਿਆਨਕ ਨਜ਼ਰੀਏ ਦੇ ਧਾਰਨੀ ਹਰ ਵਿਅਕਤੀ ਤੇ ਜਥੇਬੰਦੀ ਵੱਲੋਂ ਦੇਸ਼ ਨੂੰ ਧਰਮਾਂ ਅਤੇ ਸੱਤਾ ਦੀ ਸਾਂਝੀ, ਸੌੜੀ ਅਤੇ ਮਨੁੱਖਤਾ ਵਿਰੋਧੀ ਸਿਆਸਤ ਤੋਂ ਛੁਟਕਾਰਾ ਦਿਵਾਉਣ ਲਈ ਇੱਕਜੁੱਟ ਹੋ ਕੇ ਦੇਸ਼ ਦੀ ਅਗਵਾਈ ਕਰਨ ਲਈ ਜਮਹੂਰੀ ਅਤੇ ਸੰਵਿਧਾਨਕ ਜ਼ੁੰਮੇਵਾਰੀ ਨਿਭਾਉਣ ਨੂੰ ਫਰਜ਼ ਸਮਝ ਕੇ ਅੱਗੇ ਆਉਣਾ ਸਮੇਂ ਦੀ ਵੱਡੀ ਲੋੜ ਹੈ।

# ਸੰਪਰਕ : 98151-69825

# ਮਹਿਲਾ ਡਾਕਟਰ ਨਾਲ ਜਬਰ ਜ਼ਨਾਹ ਤੇ ਹੱਤਿਆ ਦੇ ਵਿਰੋਧ 'ਚ ਜਲ ਸਪਲਾਈ ਕਾਮਿਆਂ ਵੱਲੋਂ ਰੋਸ ਪ੍ਰਦਰਸ਼ਨ

## ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਫਾਂਸੀ ਦੀ ਸਜ਼ਾ ਦਿੱਤੀ ਜਾਵੇ : ਆਗੂ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਕੋਲਕਾਤਾ ਵਿਖੇ ਆਰ ਜੀ ਕਾਰ ਮੈਡੀਕਲ ਕਾਲਜ ਦੀ ਪੋਸਟ ਗ੍ਰੈਜੂਏਟ ਮਹਿਲਾ ਸਿੱਖਿਆਰਥੀ ਡਾਕਟਰ ਨਾਲ ਜਬਰ-ਜ਼ਨਾਹ ਤੋਂ ਬਾਅਦ ਉਸ ਦੀ ਹੱਤਿਆ ਕੀਤੇ ਜਾਣ ਦੇ ਰੋਸ ਵਜੋਂ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਸੂਬਾ ਵਰਕਿੰਗ ਕਮੇਟੀ ਦੇ ਸੱਦੇ 'ਤੇ ਬਲਾਕ ਘੱਲ ਖੁਰਦ ਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਸਾਰੇ ਬਲਾਕਾਂ ਬਲਾਕ ਗੁਰੂ ਹਰਸਹਾਏ, ਬਲਾਕ ਫਿਰੋਜ਼ਪੁਰ, ਜ਼ੀਰਾ, ਮੱਖੂ, ਮਮਦੋਟ ਵੱਲੋਂ ਜ਼ਿਲ੍ਹਾ ਪ੍ਰਧਾਨ ਬਲਕਾਰ ਸਿੰਘ ਪਿਆਰੇ ਆਨਾ, ਰੁਪਿੰਦਰ ਸਿੰਘ ਸਟੇਟ ਕਮੇਟੀ ਦੇ ਆਗੂਆਂ ਦੀ ਪ੍ਰਧਾਨਗੀ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਵੱਲੋਂ ਕੇਂਦਰ ਸਰਕਾਰ ਤੇ ਪੱਛਮੀ ਬੰਗਾਲ ਸਰਕਾਰ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਇਸ ਘਿਨੌਣੀ ਘਟਨਾ ਦੀ ਨਿਖੇਧੀ ਕੀਤੀ ਅਤੇ ਇਸ ਘਟਨਾ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਨੂੰ ਕਾਬੂ ਕਰਕੇ ਫਾਂਸੀ ਦੀ ਸਖ਼ਤ ਸਜ਼ਾ ਦੇਣ ਦੀ ਮੰਗ ਕੀਤੀ ਗਈ।ਇਸ ਮੌਕੇ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਆਗੂਆਂ ਨੇ ਕਿਹਾ ਕਿ ਕਲਕੱਤ ਦੇ ਆਰ ਜੀ ਕਰ ਮੈਡੀਕਲ ਕਾਲਜ ਹਸਪਤਾਲ ਦੀ ਮਹਿਲਾ ਡਾਕਟਰ ਨਾਲ ਜਬਰ-ਜ਼ਨਾਹ ਤੇ ਹੱਤਿਆ ਕਰਨ ਦੀ ਸਭ ਤੋਂ ਦੁੱਖਦਾਈ ਹਕੀਕਤ ਇਹ ਹੈ ਕਿ ਇੱਕ ਹਫਤਾ ਬੀਤ ਜਾਣ ਦੇ ਬਾਵਜੂਦ ਜਾਂਚ ਵਿੱਚ ਕੋਈ ਭਰੋਸੇਯੋਗ ਸਫਲਤਾ ਨਹੀਂ ਮਿਲੀ, ਪਰ ਦੂਜੇ ਪਾਸੇ ਮਹਿਲਾ ਡਾਕਟਰ ਦੀ ਨਿਆਂ, ਸੁਰੱਖਿਆ ਤੇ ਸੁਰੱਖਿਆ ਲਈ ਡਾਕਟਰਾਂ ਸਮੇਤ ਵੱਖ ਵੱਖ ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਜਥੇਬੰਦੀ ਵੱਲੋਂ ਮੰਗ ਕੀਤੀ ਗਈ ਕਿ ਔਰਤਾਂ ਦੀ ਹਰ ਅਦਾਰੇ ਵਿੱਚ ਸੁਰੱਖਿਆ ਯਕੀਨੀ ਬਣਾਈ ਜਾਵੇ, ਹਸਪਤਾਲਾਂ ਵਿੱਚ ਸੁਰੱਖਿਆ ਲਈ ਲੋੜੀਂਦੇ ਕਦਮ ਚੁੱਕੇ ਜਾਣ। ਕਲਕੱਤਾ ਵਿੱਚ ਮਹਿਲਾ ਡਾਕਟਰ ਨਾਲ ਜਬਰ-ਜ਼ਨਾਹ ਤੇ ਹੱਤਿਆ ਕਰਨ ਵਾਲੇ ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਦਿੱਤੀ ਜਾਵੇ।

ਉਨ੍ਹਾਂ ਕਿਹਾ ਕਿ ਕਲਕੱਤੇ ਦੇ ਹਸਪਤਾਲ ਵਿੱਚ ਸਿਖਿਆਰਥੀ ਮਹਿਲਾ ਡਾਕਟਰ ਨਾਲ ਜਬਰ-ਜ਼ਨਾਹ ਕਰਨ ਤੇ ਹੱਤਿਆ ਕਰਨ ਵਾਲੀ ਇਹ ਘਟਨਾ ਰੂਹ ਕੰਬਣਾਉਣ ਵਾਲੀ ਹੈ, ਇਹ ਸਭ ਕੁਝ ਦੇਸ਼ ਦੇ ਮਾੜੇ ਸਿਸਟਮ ਦੇ ਨਤੀਜੇ ਹਨ, ਜੋ ਸਾਡੀਆਂ ਧੀਆਂ, ਭੈਣਾਂ ਦੀਆਂ ਇੱਜ਼ਤਾਂ ਨਾਲ ਸ਼ਰੇਆਮ ਖਿਲਵਾੜ ਕੀਤਾ ਜਾ ਰਿਹਾ ਹੈ।ਇਸ ਘਟਨਾ ਦੇ ਵਿਰੋਧ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ. 31) ਵੱਲੋਂ ਅੱਜ ਸਾਰੇ ਪੰਜਾਬ ਵਿਚ ਜ਼ਿਲ੍ਹਾ ਤੇ ਤਹਿਸੀਲ ਪੱਧਰ 'ਤੇ ਕੇਂਦਰ ਸਰਕਾਰ ਅਤੇ ਪੱਛਮੀ ਬੰਗਾਲ ਸਰਕਾਰ ਦੀ ਅਰਥੀ ਫੂਕ ਕੇ ਰੋਸ ਪ੍ਰਗਟਾਉਂਦੇ ਹੋਏ ਪੁਰਜ਼ੋਰ ਮੰਗ ਕੀਤੀ ਕਿ ਉਕਤ ਘਟਨਾ ਨੂੰ ਅੰਜਾਮ ਦੇਣ ਵਾਲੇ ਸਾਰੇ ਦੋਸ਼ੀਆਂ ਨੂੰ ਫੜ ਕੇ ਜਲਦੀ ਫਾਂਸੀ ਦਿੱਤੀ ਜਾਵੇ ਤੇ ਪੀੜਤ ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ।ਇਸ ਮੌਕੇ ਸੁਖਬੀਰ ਸਿੰਘ ਬਲਾਕ ਘੱਲ ਖੁਰਦ, ਸਤਪਾਲ ਸਿੰਘ ਬਲਾਕ ਮਮਦੋਟ, ਸੰਤੋਖ ਸਿੰਘ ਬਲਾਕ ਫਿਰੋਜ਼ਪੁਰ, ਗੁਰਪ੍ਰੀਤ ਸਿੰਘ ਬਲਾਕ ਗੁਰੂ ਹਰਸਹਾਏ, ਗੁਰਮੁਖ ਸਿੰਘ ਬਲਾਕ ਮੱਖੂ, ਰਮੇਸ਼ ਕੁਮਾਰ, ਹਰਦੀਪ ਸਿੰਘ ਫਿੱਡੇ, ਸੁਰਜੀਤ ਸਿੰਘ ਆਦਿ ਵਰਕਰ ਹਾਜ਼ਰ ਸਨ।

# ਸ਼ਹੀਦ ਅਵਤਾਰ ਸਿੰਘ ਦੇ ਆਦਮ ਕੱਦ ਬੁੱਤ ਦੇ ਗੁੱਟ 'ਤੇ ਭੈਣਾਂ ਨੇ ਸਜਾਈ ਰੱਖੜੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦੇ ਪਿੰਡ ਕਪੂਰੇ ਦੇ ਸ਼ਹੀਦ ਅਵਤਾਰ ਸਿੰਘ ਦੀਆਂ ਭੈਣਾਂ ਨੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਆਪਣੇ ਸ਼ਹੀਦ ਭਰਾ ਦੇ ਆਦਮ ਕੱਦ ਬੁੱਤ ਦੇ ਗੁੱਟ 'ਤੇ ਰੱਖੜੀ ਬੰਨ੍ਹ ਭਰਾ ਦੀ ਸ਼ਹਾਦਤ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਹਮੇਸ਼ਾ ਇਸ ਗੱਲ ਦਾ ਮਾਣ ਰਹੇਗਾ ਕਿ ਉਨ੍ਹਾਂ ਦੇ ਭਰਾ ਨੇ ਦੇਸ਼ ਦੀ ਖਾਤਰ ਆਪਣੀ ਜਾਨ ਕੁਰਬਾਨ ਕੀਤੀ ਹੈ। ਇਸ ਮੌਕੇ ਸ਼ਹੀਦ ਦੀ ਭੈਣ ਦਵਿੰਦਰ ਕੌਰ ਬਬਲੀ, ਚੇਤੰਨ ਕੌਰ, ਕੁਲਵਿੰਦਰ ਕੌਰ ਕੋਕਰੀ, ਜਸਕੋਮਲ ਕੌਰ, ਕਿਰਨਪ੍ਰੀਤ ਕੌਰ ਤੋਂ ਇਲਾਵਾ ਅਵਨਿੰਦਰ ਸਿੰਘ ਤੇ ਜੋਰਾਵਰ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਸ਼ਹੀਦ ਦੀਆਂ ਭੈਣਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹੀਦ ਅਵਤਾਰ ਸਿੰਘ ਜੋ ਕਿ ਜੰਮ ਕਸ਼ਮੀਰ ਵਿਖੇ ਡਿਊਟੀ ਦੌਰਾਨ ਦੁਸ਼ਮਣਾਂ ਨਾਲ ਲੋਹਾ ਲੈਂਦੇ ਹੋਏ ਸ਼ਹੀਦ ਹੋ ਗਏ ਸਨ, ਉਨ੍ਹਾਂ ਦੀ ਯਾਦ ਵਿੱਚ ਨਗਰ ਨਿਵਾਸੀਆਂ ਤੇ ਅਮਰ ਸਿੰਘ ਵੈੱਲਫੇਅਰ ਕਲੱਬ ਵੱਲੋਂ ਸ਼ਹੀਦ ਦੇ ਨਾਮ 'ਤੇ ਬਣੇ ਸਕੂਲ ਵਿੱਚ ਸ਼ਹੀਦ ਦਾ ਆਦਮ ਕੱਦ ਬੁੱਤ ਲਗਾਇਆ ਗਿਆ ਹੈ, ਜਿੱਥੇ ਹਰ ਸਾਲ ਭੈਣਾਂ ਵੱਲੋਂ ਸ਼ਹੀਦ ਭਰਾ ਦੇ ਗੁੱਟ 'ਤੇ ਰੱਖੜੀ ਸਜਾਈ ਜਾਂਦੀ ਹੈ।

## ਪੇਸ਼ੀ ਭੁਗਤ ਕੇ ਆਏ ਹਵਾਲਾਤੀ ਕੋਲੋਂ ਮੋਬਾਇਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜਲੰਧਰ ਤੋਂ ਪੇਸ਼ੀ ਭੁਗਤ ਕੇ ਵਾਪਸ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਆਏ ਹਵਾਲਾਤੀ ਕੋਲੋਂ ਤਲਾਸ਼ੀ ਦੌਰਾਨ ਇੱਕ ਮੋਬਾਇਲ ਫੋਨ ਬਰਾਮਦ ਹੋਇਆ ਹੈ। ਇਸ ਸੰਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਉਕਤ ਹਵਾਲਾਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਐੱਸ ਆਈ ਸਵਰਨ ਸਿੰਘ ਨੇ ਦੱਸਿਆ ਕਿ ਰਛਪਾਲ ਗੋਇਲ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਪੱਤਰ ਨੰਬਰ 7625 ਰਾਹੀਂ ਦੱਸਿਆ ਕਿ 16 ਅਗਸਤ 2024 ਨੂੰ ਜਲੰਧਰ ਤੋਂ ਪੇਸ਼ੀ ਵਾਪਸੀ ਦੌਰਾਨ ਡਿਊੜੀ ਤਲਾਸ਼ੀ ਸਮੇਂ ਹਵਾਲਾਤੀ ਅਰਸ਼ਪ੍ਰੀਤ ਸਿੰਘ ਉਰਫ ਵੱਡਾ ਪੁੱਤਰ ਬੇਅੰਤ ਸਿੰਘ ਵਾਸੀ 06/03 ਸ਼ਹੀਦ ਬਾਬੂ ਲਾਭ ਸਿੰਘ ਨਗਰ ਜਲੰਧਰ ਡਵੀਜ਼ਨ ਨੰਬਰ 1 ਪੁਲਸ ਕਮਿਸ਼ਨਰ ਕੋਲੋਂ 1 ਕੀਪੈਡ ਫੋਨ ਕੰਪਨੀ ਐਨਮੀ ਬਿਨਾਂ ਸਿੰਮ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਹਵਾਲਾਤੀ ਅਰਸ਼ਪ੍ਰੀਤ ਸਿੰਘ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਕੋਲਕਾਤਾ ਵਿਖੇ ਡਾਕਟਰ ਨਾਲ ਅਪਰਾਧ ਕਰਨ ਵਾਲਿਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ : ਡਾ. ਮਿੱਤਰਾ




**ਲੁਧਿਆਣਾ (ਐਮ ਐਸ ਭਾਟੀਆ, ਪ੍ਰਦੀਪ ਸ਼ਰਮਾ)**-ਇੰਡੀਅਨ ਡਾਕਟਰਜ਼ ਫ਼ਾਰ ਪੀਸ ਐਂਡ ਡਿਵੈਲਪਮੈਂਟ (ਆਈ ਡੀ ਪੀ ਡੀ), ਸੋਸ਼ਲ ਥਿੰਕਰਜ਼ ਫੋਰਮ ਤੇ ਪੰਜਾਬ ਇਸਤਰੀ ਸਭਾ ਵੱਲੋਂ ਸਾਂਝੇ ਤੌਰ 'ਤੇ ਕਲਕੱਤਾ ਵਿਖੇ ਨੌਜਵਾਨ ਮਹਿਲਾ ਡਾਕਟਰ ਦੇ ਨਾਲ ਅਤਿ ਘਿਨਾਉਣੇ ਅਪਰਾਧ ਤੇ ਹੱਤਿਆ ਦੇ ਮਾਮਲੇ ਵਿੱਚ ਦੋਸ਼ੀਆਂ ਨੂੰ ਫੜ ਕੇ ਸਖਤ ਸਜ਼ਾਵਾਂ ਦੇਣ ਅਤੇ ਜਲਦੀ ਤੋਂ ਜਲਦੀ ਨਿਆਂ ਦਿਵਾਉਣ ਦੇ ਲਈ ਆਰਤੀ ਸਿਨੇਮਾ ਚੌਕ 'ਤੇ ਰੋਸ ਮਾਰਚ ਕੀਤਾ ਗਿਆ।

ਬੁਲਾਰਿਆਂ ਨੇ ਕਿਹਾ ਕਿ ਜਿਸ ਢੰਗ ਦੇ ਨਾਲ ਇਹ ਸਾਰੇ ਕੇਸ ਦੀ ਛਾਣਬੀਣ ਕੀਤੀ ਜਾ ਰਹੀ ਹੈ, ਉਹ ਅਨੇਕਾਂ ਸ਼ੰਕੇ ਪੈਦਾ ਕਰਦੀ ਹੈ।ਭਾਵੇਂ ਹੁਣ ਕੇਸ ਸੀਬੀਆਈ ਦੇ ਅਧੀਨ ਹੈ, ਪਰ ਇਸ ਕੇਸ ਦੀ ਜਾਣਕਾਰੀ ਦੇ ਜ਼ਰੂਰੀ ਪਹਿਲੂ ਲੋਕਾਂ ਨਾਲ ਸਾਂਝੇ ਕਰਨੇ ਚਾਹੀਦੇ ਹਨ ਤਾਂ ਜੁ ਛਾਣਬੀਣ ਤੇ ਲੋਕਾਂ ਦਾ ਵਿਸ਼ਵਾਸ ਬਣ ਸਕੇ।ਪਿਛਲੇ ਸਮੇਂ ਵਿੱਚ ਇਸ ਕਿਸਮ ਦੇ ਕੇਸਾਂ 'ਤੇ ਜੋ ਸਰਕਾਰਾਂ ਦੇ ਰੁਖ ਰਹੇ ਹਨ, ਉਹ ਬੜੇ ਨਿਖੇਧੀ ਪੂਰਨ ਹਨ।

ਬਿਲਕਿਸ ਬਾਨੋ ਦੇ ਪਰਿਵਾਰ ਦੇ ਬਲਾਤਕਾਰੀਆਂ ਤੇ ਹੱਤਿਆਰਿਆਂ ਨੂੰ ਰਿਹਾਅ ਕਰ ਦਿੱਤਾ ਗਿਆ ਤੇ ਭਰਵਾਂ ਸਵਾਗਤ ਕੀਤਾ ਗਿਆ।ਬਾਅਦ ਵਿੱਚ ਸੁਪਰੀਮ ਕੋਰਟ ਦੇ ਆਦੇਸ਼ 'ਤੇ ਉਨ੍ਹਾਂ ਨੂੰ ਦੁਬਾਰਾ ਜੇਲ ਵਿੱਚ ਭੇਜਿਆ ਗਿਆ।ਉਤਰਾਖੰਡ, ਹਾਥਰਸ, ਬਨਾਰਸ ਹਿੰਦੂ ਯੂਨੀਵਰਸਿਟੀ ਵਰਗੀਆਂ ਥਾਂਵਾਂ 'ਤੇ ਔਰਤਾਂ ਦੇ ਪ੍ਰਤੀ ਅਤੀ ਭਿਆਨਕ ਅਪਰਾਧਾਂ ਦੀ ਵੀ ਕੋਈ ਕਾਨੂੰਨੀ ਢੰਗ ਦੇ ਨਾਲ ਸਹੀ ਕਾਰਵਾਈ ਨਹੀਂ ਕੀਤੀ ਗਈ।ਇਸਤਰੀ ਪਹਿਲਵਾਨਾਂ ਦੇ ਕੇਸ ਦੇ ਸੰਬੰਧ ਵਿੱਚ ਜਿਸ ਐਮ ਪੀ ਬ੍ਰਿਜ ਭੂਸ਼ਣ ਸ਼ਰਨ ਸਿੰਘ 'ਤੇ ਦੋਸ਼ ਲਗਾਏ ਗਏ, ਉਸ ਨੂੰ ਮੋਦੀ ਸਰਕਾਰ ਵੱਲੋਂ ਬਚਾਉਣ ਦੀ ਪੂਰੀ ਕੋਸ਼ਿਸ਼ ਕੀਤੀ ਗਈ।

ਰਾਮ ਰਹੀਮ ਵਰਗੇ ਨੂੰ ਵਾਰ ਵਾਰ ਪੈਰੋਲ ਦੇ ਕੇ ਕਾਨੂੰਨੀ ਪ੍ਰਕਿਰਿਆ ਦਾ ਮਜ਼ਾਕ ਉਡਾਇਆ ਜਾ ਰਿਹਾ ਹੈ।ਇਥੋਂ ਤੱਕ ਕਿ ਪੀੜਤਾਂ ਦੇ ਧਰਮ ਜਾਂ ਜਾਤੀ ਨੂੰ ਦੇਖ ਕੇ ਵੀ ਇਨਸਾਫ ਦੀ ਪ੍ਰਕਿਰਿਆ ਵਿੱਚ ਰੋੜੇ ਅਟਕਾਏ ਜਾਂਦੇ ਹਨ। ਕਠੂਆ ਵਿਖੇ ਇਕ ਬਾਲੜੀ ਦੇ ਨਾਲ ਬਲਾਤਕਾਰ ਤੇ ਹੱਤਿਆ ਇਸ ਦੀ ਇਕ ਮਿਸਾਲ ਹੈ।ਰਿਪੋਰਟਾਂ ਦੇ ਮੁਤਾਬਕ ਦੇਸ਼ ਵਿੱਚ ਹਰ ਰੋਜ਼ ਅਨੇਕਾਂ ਦਲਿਤ ਲੜਕੀਆਂ ਦਾ ਬਲਾਤਕਾਰ ਹੁੰਦਾ ਹੈ ਪਰ ਉਹਨਾਂ ਦੀ ਕੋਈ ਸੁਣਵਾਈ ਨਹੀਂ ਤੇ ਉਨ੍ਹਾਂ ਦੇ ਮੂੰਹ ਨੂੰ ਉਨ੍ਹਾਂ ਦੀ ਗ਼ਰੀਬੀ ਦਾ ਲਾਭ ਉਠਾ ਕੇ ਕੁਝ ਪੈਸੇ ਦੇ ਕੇ ਬੰਦ ਕਰ ਦਿੱਤਾ ਜਾਂਦਾ ਹੈ।ਬ੍ਰਿਜ ਭੂਸ਼ਣ ਸ਼ਰਨ ਸਿੰਘ ਦੇ ਕੇਸ ਵਿੱਚ ਨਾਬਾਲਿਗ ਇਸਤਰੀ ਪਹਿਲਵਾਨ ਤੋਂ ਕੇਸ ਵਾਪਸ ਕਰਾਉਣਾ ਇੱਕ ਮਿਸਾਲ ਹੈ। ਮਨੀਪੁਰ ਵਿੱਚ ਔਰਤਾਂ ਦੇ ਖਿਲਾਫ ਘਿਣਾਉਣੀ ਹਿੰਸਾ ਹੋਈ ਹੈ, ਪਰ ਸਾਡੇ ਪ੍ਰਧਾਨ ਮੰਤਰੀ ਨੇ ਇਕ ਲਫ਼ਜ਼ ਨਹੀਂ ਬੋਲਿਆ ਤੇ ਇੱਕ ਵਾਰੀ ਵੀ ਮਨੀਪੁਰ ਦੀ ਫੇਰੀ ਨਹੀਂ ਲਾਈ।ਬੁਲਾਰਿਆਂ ਨੇ ਮੰਗ ਕੀਤੀ ਕਿ ਕਲਕੱਤਾ ਦੇ ਕੇਸ ਵਿੱਚ ਫੌਰਨ ਨਿਆਂ ਦਿੱਤਾ ਜਾਏ, ਜਿਸ ਨਾਲ ਲੋਕਾਂ ਵਿੱਚ ਭਰੋਸਾ ਪੈਦਾ ਹੋਏਗਾ।

## ਕਾਤਰਾਂ

### ਡੀ ਐੱਸ ਪੀ ਖਹਿਰਾ ਨੇ ਚਾਰਜ ਸੰਭਾਲਿਆ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ. ਹਰਵਿੰਦਰ ਸਿੰਘ ਖਹਿਰਾ ਵੱਲੋਂ ਅੱਜ ਡੀ.ਐੱਸ.ਪੀ. ਸੁਨਾਮ ਦਾ ਅਹੁਦਾ ਸੰਭਾਲਿਆ ਗਿਆ। ਇਸ ਮੌਕੇ ਉਨ੍ਹਾ ਗੱਲਬਾਤ ਕਰਦਿਆਂ ਕਿਹਾ ਕਿ ਸੀਨੀਅਰ ਅਫਸਰਾਂ ਮੁਤਾਬਿਕ ਕੰਮ ਕੀਤਾ ਜਾਵੇਗਾ। ਸੁਨਾਮ ਵਾਸੀਆਂ ਨੂੰ ਕਿਸੇ ਵੀ ਬਦਮਾਸ਼ ਤੋਂ ਡਰਨ ਦੀ ਲੋੜ ਨਹੀਂ, ਜੇਕਰ ਉਨ੍ਹਾਂ ਨੂੰ ਕੋਈ ਗੁਮਰਾਹ ਕਰਦਾ ਹੈ ਤਾਂ ਪੁਲਸ ਨਾਲ ਗੱਲਬਾਤ ਕੀਤੀ ਜਾਵੇ। ਉਨ੍ਹਾ ਕਿਹਾ ਕਿ ਨਸ਼ਾ ਕਰਨ ਵਾਲਿਆਂ ਤੇ ਨਸ਼ਾ ਵੇਚਣ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਤੇ ਗੁੰਡਾਗਰਦੀ ਕਿਸੇ ਵੀ ਤਰ੍ਹਾਂ ਦੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਭਾਈਚਾਰਕ ਸਾਂਝ ਬਣਾਈ ਰੱਖਣ 'ਤੇ ਜੋ ਵੀ ਕੋਈ ਮਾੜਾ ਅਸਰ ਦਿਖਾਈ ਦਿੰਦਾ ਹੈ ਤਾਂ ਉਸ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਜਾਵੇ, ਉਨ੍ਹਾਂ ਦਾ ਨਾਂ ਗੁਪਤ ਰੱਖਿਆ ਜਾਵੇਗਾ।

### ਗਾਂਜੇ ਸਮੇਤ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਅੱਧਾ ਕਿੱਲੋ ਗਾਂਜੇ ਸਣੇ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਮੰਡੀ ਗੋਬਿੰਦਗੜ੍ਹ ਦੀ ਇੱਕ ਪੁਲਸ ਪਾਰਟੀ ਮੰਡੀ ਗੋਬਿੰਦਗੜ੍ਹ ਦੇ ਅਗਰਸੈਨ ਪਾਰਕ ਨਜ਼ਦੀਕ ਮੌਜੂਦ ਸੀ ਤਾਂ ਪੁਲਸ ਪਾਰਟੀ ਵੱਲੋਂ ਐਕਟਿਵਾ ਸਕੂਟਰ ਦੇ ਹੈਂਡਲ ਨਾਲ ਲਿਫਾਫਾ ਟੰਗੀ ਆ ਰਹੇ ਮੁਹੰਮਦ ਫਾਰੂਕ ਉਰਫ ਰਾਜੂ ਵਾਸੀ ਮੰਡੀ ਗੋਬਿੰਦਗੜ੍ਹ ਨੂੰ ਰੋਕਿਆ ਗਿਆ।ਸਹਾਇਕ ਥਾਣੇਦਾਰ ਜਗਦੀਪ ਸਿੰਘ ਵੱਲੋਂ ਲਈ ਗਈ ਤਲਾਸ਼ੀ ਦੌਰਾਨ ਮੁਹੰਮਦ ਫਾਰੂਕ ਦੇ ਸਕੂਟਰ ਨਾਲ ਟੰਗੇ ਲਿਫਾਫੇ 'ਚੋਂ 500 ਗ੍ਰਾਮ ਗਾਂਜਾ ਬਰਾਮਦ ਹੋਇਆ।ਇਸ ਸਬੰਧੀ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਦਰਜ ਕਰਵਾਏ ਗਏ ਮੁਕੱਦਮੇ 'ਚ ਮੁਹੰਮਦ ਫਾਰੂਕ ਉਰਫ ਰਾਜੂ ਨੂੰ ਗ੍ਰਿਫਤਾਰ ਕਰਕੇ ਸਹਾਇਕ ਥਾਣੇਦਾਰ ਜਗਦੀਪ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਅੱਜ ਦੀ ਹੜਤਾਲ ਲਈ ਵਾਪਸ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਰੈਵੀਨਿਊ ਅਫ਼ਸਰ ਐਸੋਸੀਏਸ਼ਨ ਦੇ ਸੱਦੇ 'ਤੇ 19 ਅਗਸਤ ਤੋਂ ਕੀਤੀ ਜਾਣ ਵਾਲੀ ਹੜਤਾਲ ਮਾਲ ਅਧਿਕਾਰੀਆਂ ਨੇ ਵਾਪਸ ਲੈ ਲਈ ਹੈ।ਅੱਜ ਐਸੋਸੀਏਸ਼ਨ ਦੇ ਅਹੁਦੇਦਾਰਾਂ ਦੀ ਮਾਲ ਮੰਤਰੀ ਬ੍ਰਮ ਸ਼ੰਕਰ ਜਿੰਮਾ ਨਾਲ ਮੀਟਿੰਗ ਹੋਈ।ਮੀਟਿੰਗ ਵਿੱਚ ਵਿੱਤ ਕਮਿਸ਼ਨਰ (ਮਾਲ) ਕੇ ਏ ਪੀ ਸਿਨ੍ਹਾ ਤੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਹਿੱਸਾ ਲਿਆ।ਮੀਟਿੰਗ ਵਿੱਚ ਸਰਕਾਰ ਵੱਲੋਂ ਜਾਇਜ਼ ਮੰਗਾਂ ਮੰਨਣ ਦਾ ਭਰੋਸਾ ਦਿੱਤਾ ਗਿਆ।ਇਸ ਤੋਂ ਬਾਅਦ ਐਸੋਸੀਏਸ਼ਨ ਨੇ ਹੜਤਾਲ ਵਾਪਸ ਲੈ ਲਈ ਹੈ।

### ਘਿਰਾਓ ਭਲਕੇ

**ਮੋਗਾ (ਇਕਬਾਲ ਸਿੰਘ ਖਹਿਰਾ)**-ਲੋਕ ਨਿਰਮਾਣ ਵਿਭਾਗ ਬਿਜਲੀ ਵਿੰਗ ਦੇ ਕਾਰਜਕਾਰੀ ਇੰਜੀਨੀਅਰ ਵੱਲੋਂ ਆਊਟਸੋਰਸ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਜਾ ਰਿਹਾ, ਜਿਸ ਦੇ ਰੋਸ ਵਜੋਂ 20 ਅਗਸਤ ਨੂੰ ਕਾਰਜਕਾਰੀ ਇੰਜੀਨੀਅਰ ਦੇ ਦਫਤਰ ਦਾ ਘਿਰਾਓ ਕਰਕੇ ਧਰਨਾ ਦਿੱਤਾ ਜਾਵੇਗਾ। ਜੇਕਰ ਫਿਰ ਵੀ ਮੁਲਾਜ਼ਮਾਂ ਦੀਆਂ ਮੰਗਾਂ ਦਾ ਨਿਪਟਾਰਾ ਨਾ ਕੀਤਾ ਗਿਆ ਤਾਂ ਫਿਰ ਆਉਣ ਵਾਲੇ ਸਮੇਂ ਵਿੱਚ ਵੱਡਾ ਤੇ ਤਿੱਖਾ ਸੰਘਰਸ਼ ਕੀਤਾ ਜਾਵੇਗਾ, ਜਿਸ ਲਈ ਕਾਰਜਕਾਰੀ ਇੰਜੀਨੀਅਰ ਖੁਦ ਜ਼ਿੰਮੇਵਾਰ ਹੋਣਗੇ। ਸੂਬਾ ਪ੍ਰਧਾਨ ਜਸਪ੍ਰੀਤ ਸਿੰਘ ਗਗਨ ਵੱਲੋਂ ਕਾਰਜਕਾਰੀ ਇੰਜੀਨੀਅਰ ਦੇ ਇਸ ਅੜੀਅਲ ਰਵਈਏ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਹੈ। ਇਸ ਸਮੇਂ ਜਗਤਾਰ ਸਿੰਘ ਸੀਨੀਅਰ ਮੀਤ ਪ੍ਰਧਾਨ ਮੋਗਾ ਗੁਰਮੁੱਖ ਸਿੰਘ ਵਿਸ਼ਾਲ ਕੁਮਾਰ ਬਿਸ਼ਨ ਸਿੰਘ ਲਛਮਣ ਦਾਸ ਹਰਵਿੰਦਰ ਸਿੰਘ ਆਦਿ ਜ਼ਿਲ੍ਹਾ ਸਾਥੀ ਹਾਜ਼ਰ ਸਨ।

# ਜਗਤਜੀਤ ਗਰੁੱਪ ਦੀ ਕੋਈ ਵੀ ਖ਼ੇਤੀ ਮਸ਼ੀਨਰੀ ਖਰੀਦਣ 'ਤੇ ਮਿਲੇਗਾ ਲੱਕੀ ਕੂਪਨ

## ਲੱਕੀ ਕੂਪਨ ਦੌਰਾਨ ਕਰੋੜਾਂ ਰੁਪਏ ਦੇ ਦਿੱਤੇ ਜਾਣਗੇ ਇਨਾਮ



**ਚੀਮਾ ਮੰਡੀ (ਰਵਿੰਦਰ ਚੀਮਾ)**-ਪੰਜਾਬ ਹੀ ਨਹੀਂ ਬਲਕਿ ਦੇਸ਼ ਭਰ ਦੇ ਕਿਸਾਨਾਂ ਲਈ ਬਿਹਤਰੀਨ ਤੇ ਅੱਜ ਦੇ ਡਿਜੀਟਲ ਜ਼ਮਾਨੇ ਦੀ ਖੇਤੀਬਾੜੀ ਮਸ਼ੀਨਰੀ ਪ੍ਰਦਾਨ ਕਰਨ ਵਾਲੇ ਜਗਤਜੀਤ ਗਰੁੱਪ ਚੀਮਾ ਮੰਡੀ ਵੱਲੋਂ ਪਿਛਲੇ ਦਿਨੀਂ ਡੇਹਲੋਂ ਵਿਖੇ ਆਪਣੇ ਨਵੇਂ ਪਲਾਂਟ ਦੇ ਉਦਘਾਟਨ ਮੌਕੇ ਪਿਛਲੇ ਸਾਲ ਦੇ ਸੁਪਰ ਸੀਡਰ ਖ੍ਰੀਦਣ ਵਾਲੇ ਕਿਸਾਨਾਂ ਦੇ ਲੱਕੀ ਡਰਾਅ ਕੂਪਨਾਂ ਦੇ ਇਨਾਮ ਕੱਢੇ ਗਏ ਸਨ, ਜਿਸ ਵਿੱਚ ਪਹਿਲਾ ਇਨਾਮ ਫਾਜ਼ਿਲਕਾ ਦੇ ਕਿਸਾਨ ਜੰਗ ਸਿੰਘ ਨੂੰ ਥਾਰ ਦੇ ਰੂਪ ਵਿੱਚ ਮਿਲਿਆ ਸੀ।ਦੂਜਾ ਇਨਾਮ ਜੌਨਡੀਅਰ ਟਰੈਕਟਰ ਜਗਰਾਉਂ ਦੇ ਕਿਸਾਨ ਲਵਪ੍ਰੀਤ ਸਿੰਘ, ਤੀਜਾ ਨਾਮ ਅਲਟੋ ਕਾਰ ਚੀਕਾ (ਹਰਿਆਣਾ) ਦੇ ਕਿਸਾਨ ਲਖਵਿੰਦਰ ਸਿੰਘ ਨੂੰ ਨਿਕਲੇ ਸਨ।ਇਸ ਤੋਂ ਇਲਾਵਾ ਪੰਜ ਬੁਲਟ ਮੋਟਰਸਾਈਕਲ ਤੇ ਦਸ ਸਪਲੈਂਡਰ ਮੋਟਰਸਾਈਕਲ ਪੰਜਾਬ ਅਤੇ ਹਰਿਆਣਾ ਦੇ ਵੱਖ ਵੱਖ ਕਿਸਾਨਾਂ ਨੂੰ ਲੱਕੀ ਡਰਾਅ ਰਾਹੀਂ ਨਿਕਲੇ ਸਨ।ਉਕਤ ਵਿਜੇਤਾ ਕਿਸਾਨਾਂ ਨੂੰ ਜਗਤਜੀਤ ਗਰੁੱਪ ਚੀਮਾ ਮੰਡੀ ਵਿਖੇ ਬੁਲਾ ਕੇ ਡਰਾਅ ਰਾਹੀਂ ਨਿਕਲੀ ਸਾਰੀ ਮਸ਼ੀਨਰੀ ਉਨ੍ਹਾਂ ਦੇ ਸਪੁਰਦ ਕੀਤੀ ਗਈ।ਗਰੁੱਪ ਦੇ ਸੀਈਓ ਰਾਜੇਸ਼ ਮਲਿਕ ਨੇ ਦੱਸਿਆ ਕਿ ਇਹ ਲੱਕੀ ਡਰਾਅ ਵਾਲੀ ਸਕੀਮ ਅਗਲੇ ਸਾਲ ਲਈ ਵੀ ਅਨਾਊਂਸ ਕੀਤੀ ਗਈ ਹੈ, ਜਿਸ ਵਿੱਚ ਜਗਤਜੀਤ ਗਰੁੱਪ ਵੱਲੋਂ ਤਿਆਰ ਕੋਈ ਵੀ ਖੇਤੀਬਾੜੀ ਮਸ਼ੀਨਰੀ ਖਰੀਦਣ 'ਤੇ ਲੱਕੀ ਡਰਾਅ ਦਾ ਕੂਪਨ ਮਿਲੇਗਾ, ਜਿਸ ਵਿੱਚ ਪਹਿਲਾ ਇਨਾਮ ਜਗਤਜੀਤ ਗਰੁੱਪ ਦੀ ਏ ਸੀ ਕੰਬਾਈਨ, ਦੂਜਾ ਇਨਾਮ ਥਾਰ, ਤੀਜਾ ਇਨਾਮ ਜੌਹਨ ਡੀਅਰ ਟਰੈਕਟਰ (ਏਸੀ ਕੈਬਿਨ), ਚੌਥਾ ਇਨਾਮ ਅਲਟੋ ਕਾਰ, ਪੰਜਵਾਂ ਇਨਾਮ ਪੰਜ ਬੁਲਿਟ ਮੋਟਰਸਾਈਕਲ ਤੇ ਛੇਵੇਂ ਇਨਾਮ ਵਿੱਚ 10 ਸਪਲੈਂਡਰ ਮੋਟਰਸਾਈਕਲ ਰੱਖੇ ਗਏ ਹਨ।ਇਸ ਤੋਂ ਇਲਾਵਾ 32 ਕਿਸਾਨ ਅਜਿਹੇ ਹੋਣਗੇ ਜੋ ਦੁਬਈ ਦੇ ਟੂਰ 'ਤੇ ਜਾਣਗੇ।ਜਗਤਜੀਤ ਗਰੁੱਪ ਵੱਲੋਂ ਇਸ ਮੌਕੇ 2024 ਮਾਡਲ ਸੁਪਰ ਸੀਡਰ ਵੀ ਲਾਂਚ ਕੀਤਾ ਗਿਆ, ਜਿਸ ਦੀ ਲਾਂਚਿੰਗ ਤੋਂ ਗਰੁੱਪ ਦੇ ਵਰਕਰ ਬਹੁਤ ਖੁਸ਼ ਨਜ਼ਰ ਆ ਰਹੇ ਸਨ, ਕਿਉਂਕਿ ਭਾਰਤ ਦਾ ਸਭ ਤੋਂ ਵੱਧ ਵਿਕਣ ਵਾਲਾ ਸੁਪਰਸੀਡਰ ਤੇ ਸਭ ਤੋਂ ਵੱਧ ਐਡਵਾਂਸ ਟੈਕਨੋਲੋਜੀ ਵਾਲਾ ਇਸ ਤੋਂ ਪਹਿਲਾਂ ਸੁਪਰ ਸੀਡਰ ਵੀ ਕਿਸਾਨਾਂ ਨੇ ਬਹੁਤ ਪਸੰਦ ਕੀਤਾ ਹੈ।ਜਗਤਜੀਤ ਗਰੁੱਪ ਦੇ ਚੇਅਰਮੈਨ ਧਰਮ ਸਿੰਘ ਤੇ ਐੱਮ ਡੀ ਜਗਤਜੀਤ ਸਿੰਘ ਨੇ ਵੱਖ-ਵੱਖ ਲੱਕੀ ਕੂਪਨਾ ਰਾਹੀਂ ਇਨਾਮ ਜਿੱਤਣ ਵਾਲੇ ਕਿਸਾਨਾਂ ਨੂੰ ਵਧਾਈ ਦਿੱਤੀ।

# ਸੜਕ ਹਾਦਸੇ 'ਚ ਇੱਕ ਦੀ ਮੌਤ, ਇੱਕ ਜ਼ਖਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਭਟੇੜੀ ਨਜ਼ਦੀਕ ਸਕਾਰਪੀਓ ਗੱਡੀ ਦੀ ਲਪੇਟ 'ਚ ਆਏ ਦੋ ਮੋਟਰਸਾਈਕਲ ਸਵਾਰ ਵਿਅਕਤੀਆਂ ਵਿੱਚੋਂ ਇੱਕ 67 ਸਾਲਾ ਵਿਅਕਤੀ ਦੀ ਮੌਤ ਹੋ ਜਾਣ ਅਤੇ ਇੱਕ 70 ਸਾਲਾ ਵਿਅਕਤੀ ਦੇ ਜ਼ਖਮੀ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਭਾਰਤੀ ਬਾਂਸਲ ਵਾਸੀ ਧੂਰੀ (ਸੰਗਰੂਰ) ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਸ ਦੇ ਪਿਤਾ ਰਜਿੰਦਰਪਾਲ ਪਿੰਡ ਭਟੇੜੀ ਵਿਖੇ ਉਨ੍ਹਾਂ ਦੇ ਫੁੱਫੜ ਜੀ ਦੇ ਪੈਟਰੋਲ ਪੰਪ ਦੀ ਦੇਖ ਭਾਲ ਕਰਦੇ ਸਨ ਤੇ ਬੀਤੇ ਦਿਨ ਉਸ ਦੇ ਪਿਤਾ ਰਜਿੰਦਰਪਾਲ ਭਰੂਪੁਰ ਸਿੰਘ ਵਾਸੀ ਪਿੰਡ ਲੂਲੋਂ ਦੇ ਨਾਲ ਸਪਲੈਂਡਰ ਮੋਟਰਸਾਈਕਲ 'ਤੇ ਸਵਾਰ ਹੋ ਕੇ ਮੋਰਿੰਡਾ ਵਿਖੇ ਬੈਂਕ 'ਚ ਪੈਸੇ ਜਮ੍ਹਾਂ ਕਰਵਾਉਣ ਲਈ ਗਏ ਸਨ, ਜਿੱਥੋਂ ਵਾਪਸ ਆਉਂਦੇ ਸਮੇਂ ਸਵੇਰੇ ਕਰੀਬ 11.30 ਵਜੇ ਜਦੋਂ ਉਹ ਪਿੰਡ ਭਟੇੜੀ ਕੋਲ ਪਹੁੰਚੇ ਤਾਂ ਚੁੰਨੀ ਵੱਲੋਂ ਆ ਰਹੀ ਤੇਜ਼ ਰਫਤਾਰ ਸਕਾਰਪੀਓ ਗੱਡੀ ਨੰਬਰ ਪੀ.ਬੀ.23.ਵਾਈ-0042 ਨੇ ਉਨ੍ਹਾਂ ਦੇ ਸਪਲੈਂਡਰ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਸ ਦੇ ਪਿਤਾ ਰਜਿੰਦਰਪਾਲ ਤੇ ਭਰਪੂਰ ਸਿੰਘ ਸੜਕ 'ਤੇ ਡਿੱਗ ਪਏ, ਜਿਨ੍ਹਾਂ ਦੇ ਗੰਭੀਰ ਸੱਟਾਂ ਲੱਗੀਆਂ ਜਿਨ੍ਹਾਂ ਨੂੰ ਸੋਹਾਣਾ ਦੇ ਇੱਕ ਪ੍ਰਾਈਵੇਟ ਹਸਪਤਾਲ 'ਚ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਦੇ ਪਿਤਾ ਰਜਿੰਦਰਪਾਲ (67) ਨੂੰ ਮ੍ਰਿਤਕ ਕਰਾਰ ਦੇ ਦਿੱਤਾ ਜਦੋਂਕਿ ਭਰਪੂਰ ਸਿੰਘ (70) ਦੀ ਇਸ ਹਾਦਸੇ ਕਾਰਨ ਲੱਤ ਟੁੱਟ ਗਈ।ਭਾਰਤੀ ਬਾਂਸਲ ਦੇ ਬਿਆਨਾਂ 'ਤੇ ਥਾਣਾ ਬਸੀ ਪਠਾਣਾਂ ਵਿਖੇ ਸਕਾਰਪੀਓ ਗੱਡੀ ਦੇ ਕਥਿਤ ਚਾਲਕ ਗੁਰਬੀਰ ਸਿੰਘ ਵਾਸੀ ਪਿੰਡ ਤਿੰਬਰਪੁਰ ਵਿਰੁੱਧ ਮੁਕੱਦਮਾ ਦਰਜ ਕਰਕੇ ਸਹਾਇਕ ਥਾਣੇਦਾਰ ਪਵਨ ਕੁਮਾਰ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਕਾਲੇ ਪਾਣੀ ਦੇ ਮੋਰਚੇ ਦੀ ਸਤਲੁਜ ਦੇ ਪ੍ਰਦੂਸ਼ਣ ਵਿਰੁੱਧ ਮੁਹਿੰਮ ਹੋਈ ਤੇਜ਼



**ਮੋਗਾ (ਇਕਬਾਲ ਸਿੰਘ ਖਹਿਰਾ)**-ਬੁੱਢਾ ਦਰਿਆ ਤੇ ਹੋਰ ਪ੍ਰਦੂਸ਼ਤ ਨਾਲਿਆਂ ਦੇ ਕਰਕੇ ਪੰਜਾਬ ਦੇ ਦਰਿਆਵਾਂ ਦੇ ਵਿੱਚ ਹੋ ਰਹੇ ਜ਼ਹਿਰੀਲੇ ਪਾਣੀ ਦੇ ਪ੍ਰਦੂਸ਼ਣ ਨੂੰ ਠੱਲ੍ਹ ਪਾਉਣ ਲਈ ਉੱਠੀ ਮੁਹਿੰਮ ਕਾਲੇ ਪਾਣੀ ਦਾ ਮੋਰਚਾ ਨੂੰ ਅੱਜ ਇੱਕ ਵੱਡਾ ਹੁੰਗਾਰਾ ਉਦੋਂ ਮਿਲਿਆ, ਜਦੋਂ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਪ੍ਰਧਾਨ ਸਰਦਾਰ ਬਲਬੀਰ ਸਿੰਘ ਰਾਜੇਵਾਲ ਨੇ ਕਾਲੇ ਪਾਣੀ ਦਾ ਮੋਰਚਾ ਦੇ ਅਮਿਤੋਜ ਮਾਨ ਨਾਲ ਹੋਈ ਕਿਸਾਨ ਭਵਨ ਚੰਡੀਗੜ੍ਹ ਵਿਖੇ ਮੁਲਾਕਾਤ ਵਿੱਚ ਪੂਰਨ ਸਮਰਥਨ ਦਾ ਭਰੋਸਾ ਦਿਵਾਇਆ। ਉਥੇ ਹੀ ਕੌਮੀ ਕਿਸਾਨ ਯੂਨੀਅਨ ਦੇ ਪੰਜਾਬ ਪ੍ਰਧਾਨ ਬਿੰਦਰ ਸਿੰਘ ਗੋਲੇਵਾਲਾ ਨੇ ਵੀ ਵੱਡੇ ਪੱਧਰ 'ਤੇ ਸਮਰਥਨ ਕਰਨ ਤੇ ਆਪਣੇ ਸਾਥੀਆਂ ਸਮੇਤ 24 ਅਗਸਤ ਦੇ ਮਾਰਚ ਵਿੱਚ ਸ਼ਾਮਲ ਹੋਣ ਦੀ ਗੱਲ ਆਖੀ। ਵਰਨਣ ਯੋਗ ਹੈ ਕਿ ਪਹਿਲਾਂ ਹੀ ਐਸ.ਕੇ.ਐੱਮ. ਗੈਰ=ਸਿਆਸੀ ਵੱਲੋਂ ਕਾਲੇ ਪਾਣੀ ਦੇ ਮੋਰਚੇ ਦਾ ਸਮਰਥਨ ਕੀਤਾ ਜਾ ਚੁੱਕਾ ਹੈ ਤੇ ਬੀ.ਕੇ.ਯੂ. ਖੋਸਾ ਵੱਲੋਂ ਵੀ ਪੂਰੀ ਤੌਰ 'ਤੇ ਸਮਰਥਨ ਕਰਨ ਦਾ ਐਲਾਨ ਕੀਤਾ ਜਾ ਚੁੱਕਾ ਹੈ। ਕਾਲੇ ਪਾਣੀ ਦਾ ਮੋਰਚਾ ਦੇ ਅਮਿਤੋਜ ਮਾਨ ਨੇ ਦੱਸਿਆ ਕਿ ਉਨ੍ਹਾਂ ਦੀ ਇਸ ਮਿਲਣੀ ਵਿੱਚ ਬਲਬੀਰ ਸਿੰਘ ਰਾਜੇਵਾਲ ਤੇ ਕੌਮੀ ਕਿਸਾਨ ਯੂਨੀਅਨ ਦੇ ਪੰਜਾਬ ਪ੍ਰਧਾਨ ਬਿੰਦਰ ਸਿੰਘ ਗੋਲੇਵਾਲਾ ਨਾਲ ਗੱਲਬਾਤ ਹੋਈ ਹੈ, ਜਿਸ ਵਿੱਚ ਦੋਵੇਂ ਹੀ ਧਿਰਾਂ ਨੇ ਕਾਲੇ ਪਾਣੀ ਦੇ ਮੋਰਚੇ ਨੂੰ ਪੂਰੀ ਤਰ੍ਹਾਂ ਸਮਰਥਨ ਦੇਣ ਦਾ ਭਰੋਸਾ ਦਿਵਾਇਆ ਹੈ ਅਤੇ ਵੱਡੇ ਪੱਧਰ ਤੇ ਆਪਣੇ ਕਾਡਰ ਨੂੰ 24 ਅਗਸਤ 2024 ਦੇ ਮਾਰਚ ਵਿੱਚ ਸ਼ਿਰਕਤ ਕਰਨ ਲਈ ਆਖਿਆ ਹੈ। ਨਰੋਆ ਪੰਜਾਬ ਮੰਚ ਤੇ ਪੀ.ਏ.ਸੀ. ਮੱਤੇਵਾੜਾ ਦੇ ਜਸਕੀਰਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਇਸ ਮੁਹਿੰਮ ਨੂੰ ਪੂਰੇ ਪੰਜਾਬ ਤੋਂ ਬਹੁਤ ਵੱਡੇ ਪੱਧਰ 'ਤੇ ਸਮਰਥਨ ਮਿਲ ਰਿਹਾ ਹੈ ਅਤੇ ਕਿਸਾਨ ਜਥੇਬੰਦੀਆਂ ਤੋਂ ਇਲਾਵਾ ਵੀ ਸਮਾਜ ਦੇ ਹਰ ਵਰਗ ਦੇ ਲੋਕ ਇਸ ਦਾ ਸਮਰਥਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਲਾਮਬੰਦੀ ਲਈ ਮੋਗਾ, ਫਰੀਦਕੋਟ, ਫਿਰੋਜ਼ਪੁਰ, ਬਠਿੰਡਾ, ਫਤਿਹਗੜ੍ਹ ਸਾਹਿਬ ਤੇ ਲੁਧਿਆਣਾ ਵਿਖੇ ਤਾਂ ਪਿੰਡੋ ਪਿੰਡੀ ਵੀ ਪ੍ਰਚਾਰ ਚੱਲ ਰਿਹਾ ਹੈ।

# ਕਿਸਾਨਾਂ, ਮਜ਼ਦੂਰਾਂ ਵੱਲੋਂ ਗੁਰਦੁਆਰਾ ਗੁਰੂ ਅਮਰਦਾਸ ਵਿਖੇ ਮੀਟਿੰਗ

## 31 ਨੂੰ ਖਨੌਰੀ ਬਾਰਡਰ 'ਤੇ ਪਹੁੰਚਣ ਦਾ ਐਲਾਨ



**ਮੱਖੂ (ਰਛਪਾਲ ਸਿੰਘ ਸੰਧੂ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀਆਂ ਵੱਖ-ਵੱਖ ਇਕਾਈਆਂ ਦੇ ਪ੍ਰਧਾਨ, ਸਕੱਤਰ ਤੇ ਆਗੂਆਂ ਦੀ ਭਰਵੀਂ ਮੀਟਿੰਗ ਜ਼ੋਨ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ ਦੀ ਪ੍ਰਧਾਨਗੀ ਹੇਠ ਨੈਸ਼ਨਲ ਹਾਈਵੇ-54 'ਤੇ ਸਥਿਤ ਗੁਰਦੁਆਰਾ ਗੁਰੂ ਅਮਰਦਾਸ ਜੀ ਦੇ ਸਥਾਨ 'ਤੇ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਨੇ ਕਿਹਾ ਕਿ ਚੱਲ ਰਹੇ ਕਿਸਾਨੀ ਮੰਗਾਂ ਸਬੰਧਤ ਮੋਰਚਿਆਂ ਦੀ ਮਜ਼ਬੂਤੀ ਲਈ 31 ਅਗਸਤ ਨੂੰ ਮੋਰਚਿਆਂ ਦੇ 200 ਦਿਨ ਪੂਰੇ ਹੋਣ 'ਤੇ ਖਨੌਰੀ ਬਾਰਡਰ 'ਤੇ ਸੈਂਕੜੇ ਕਿਸਾਨ ਮਜ਼ਦੂਰ ਪਹੁੰਚਣਗੇ ਤੇ ਵੱਧ ਤੋਂ ਵੱਧ ਪਿੰਡ ਇਕਾਈਆਂ ਸਥਾਪਤ ਕਰਕੇ ਲੋਕਾਂ ਨੂੰ ਜਾਗਰੂਕ ਕਰਨ ਤੇ ਮੋਰਚੇ ਦੀਆਂ ਮੰਗਾਂ ਸਬੰਧੀ ਵਿਸਤਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ ਜਾਵੇ ਤੇ ਕਿਸ ਤਰ੍ਹਾਂ ਸਰਕਾਰ ਦੇ ਜਬਰ ਦਾ ਮੁਕਾਬਲਾ ਸਬਰ ਨਾਲ ਕਰਕੇ ਮੋਰਚੇ ਨੂੰ ਜਿੱਤ ਵੱਲ ਲਿਜਾਇਆ ਜਾ ਸਕਦਾ ਹੈ।

ਕਿਸਾਨ ਆਗੂਆਂ ਨੇ ਅੱਗੇ ਦੱਸਿਆ ਕਿ ਕਿਸਾਨ ਦਲੀਪ ਸਿੰਘ ਤਲਵੰਡੀ ਨਿਪਾਲਾਂ ਨੇ ਜੋ ਕਿ ਆਪਣੇ ਪੁੱਤਰ ਮਨਦੀਪ ਸਿੰਘ ਨੂੰ ਮੱਲਾਂਵਾਲਾ ਵਿਖੇ ਏਜੰਟ ਕਿਰਨ ਕੌਰ ਪਤਨੀ ਕੁਲਦੀਪ ਸਿੰਘ, ਕੁਲਦੀਪ ਸਿੰਘ ਪੁੱਤਰ ਜਸਵੰਤ ਸਿੰਘ ਬਸਤੀ ਚਿਰਾਗਵਾਲੀ ਪਿੰਡ ਹਸ਼ਮਤ ਵਾਲਾ ਰਾਹੀਂ ਕਨੇਡਾ ਵਿਖੇ ਭੇਜਿਆ ਹੈ। ਉਕਤ ਏਜੰਟ ਵੱਲੋਂ ਕਿਸਾਨ ਕੋਲੋਂ ਕੁੱਲ 17.10 ਲੱਖ ਰੁਪਏ ਲਏ ਹਨ ਤੇ ਜਿਸ ਵਿੱਚੋਂ 50 ਹਜ਼ਾਰ ਫ਼ਾਈਲ ਖਰਚਾ, 6.60 ਜੀਆਈਸੀ ਤੇ 10 ਲੱਖ ਕਾਲਜ ਦੀ ਫ਼ੀਸ ਕਹਿ ਕੇ ਬਟੋਰੇ ਹਨ, ਜਦਕਿ ਕਾਲਜ ਦੀ ਫ਼ੀਸ 2.40 ਲੱਖ ਹੀ ਭੇਜੀ ਹੈ, ਬਾਕੀ 7.60 ਲੱਖ ਰੁਪਏ ਦੀ ਠੱਗੀ ਮਾਰੀ ਹੈ ਤੇ ਕੋਈ ਵੀ ਨਿਆਂ ਨਹੀਂ ਦੇ ਰਿਹਾ, ਜੋ ਕਿਸਾਨ ਦਲੀਪ ਸਿੰਘ ਵਲੋਂ ਆਪਣੀ 2 ਏਕੜ ਜ਼ਮੀਨ ਵੇਚ ਕੇ ਸਾਰੇ ਪੈਸੇ ਦਿੱਤੇ ਹਨ, ਜਿਸ ਸਬੰਧੀ ਐੱਸਐੱਸਪੀ ਫ਼ਿਰੋਜ਼ਪੁਰ ਨੂੰ ਵੀ ਦਰਖਾਸਤ ਦੇ ਕੇ ਠੱਗ ਏਜੰਟ ਵਿਰੁੱਧ ਕਾਰਵਾਈ ਕਰਨ ਦੀ ਅਪੀਲ ਕੀਤੀ ਹੈ।ਜਥੇਬੰਦੀ ਵੱਲੋਂ ਫ਼ੈਸਲਾ ਕੀਤਾ ਗਿਆ ਹੈ ਕਿ ਇਸ ਠੱਗ ਏਜੰਟ ਦੇ ਵਿਰੁੱਧ 21 ਅਗਸਤ ਨੂੰ ਉਸਦੇ ਦਫ਼ਤਰ ਮੱਲਾਂਵਾਲਾ ਵਿਖੇ ਧਰਨਾ ਲਾ ਕੇ ਕਿਸਾਨ ਨੂੰ ਉਸਦੇ ਪੈਸੇ ਵਾਪਸ ਦਿਵਾਉਣ ਤੇ ਏਜੰਟ ਕਿਰਨ ਕੌਰ 'ਤੇ ਕੁਲਦੀਪ ਸਿੰਘ ਕਾਨੂੰਨੀ ਕਾਰਵਾਈ ਕਰਨ ਤੱਕ ਧਰਨਾ ਜਾਰੀ ਰਹੇਗਾ।ਜੇਕਰ ਪ੍ਰਸ਼ਾਸਨ ਵਲੋਂ ਕੋਈ ਕਾਰਵਾਈ ਨਾ ਕੀਤੀ ਗਈ ਤਾਂ ਧਰਨੇ ਦੀ ਰੂਪ ਰੇਖਾ ਮੌਕੇ 'ਤੇ ਬਦਲੀ ਜਾ ਸਕਦੀ ਹੈ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

# ਨੌਜਵਾਨਾਂ ਨੂੰ ਨਸ਼ਿਆਂ ਤੋਂ ਮੋੜ ਕੇ ਖੇਡਾਂ ਵੱਲ ਲਿਜਾਣ ਦਾ ਕੰਮ ਕਰ ਰਿਹੈ ਮੰਡੀ ਬੋਰਡ : ਬਰਸਟ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਪੰਜਾਬ ਮੰਡੀ ਬੋਰਡ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਵਿਕਸਤ ਕਰਨ, ਬੱਚਿਆਂ ਦੇ ਚੰਗੇ ਭਵਿੱਖ ਤੇ ਨਸ਼ੇ ਦੇ ਖਾਤਮੇ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਇਸ ਸਬੰਧੀ ਖੁਸ਼ੀ ਜਤਾਉਂਦਿਆਂ ਸ੍ਰ. ਬਰਸਟ ਨੇ ਦੱਸਿਆ ਕਿ ਆਫ਼ ਸੀਜ਼ਨ ਦੌਰਾਨ ਪੰਜਾਬ ਦੀਆਂ ਮੰਡੀਆਂ ਵਿੱਚ ਵੱਖ-ਵੱਖ ਖੇਡਾਂ ਦੀ ਸਿਖਲਾਈ ਸ਼ੁਰੂ ਕਰ ਦਿੱਤੀ ਗਈ ਹੈ।ਜਿੱਥੇ ਰਾਮਪੁਰਾ ਫੂਲ ਵਿਖੇ ਸਕੇਟਿੰਗ ਤੇ ਸੁਲਤਾਨਪੁਰ ਲੋਧੀ ਵਿਖੇ ਬਾਸਕਿਟਬਾਲ ਖੇਡ ਦੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ, ਉੱਥੇ ਹੀ ਮਲੋਟ ਵਿਖੇ ਬਾਸਕਿਟ ਬਾਲ ਗਰਾਊਂਡ ਤੇ ਸ੍ਰੀ ਮੁਕਤਸਰ ਸਾਹਿਬ ਵਿਖੇ ਬੈਡਮਿੰਟਨ ਕੋਰਟ ਦਾ ਉਦਘਾਟਨ ਕਰਕੇ ਖਿਡਾਰੀਆਂ ਦੇ ਮੈਚ ਕਰਵਾਏ ਗਏ ਅਤੇ ਜੇਤੂ ਖਿਡਾਰੀਆਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਬੱਚੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਚੰਗਾ ਪ੍ਰਦਸ਼ਨ ਕਰਕੇ ਪੂਰੀ ਦੁਨੀਆ ਵਿੱਚ ਪੰਜਾਬ, ਦੇਸ਼ ਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕਰਨਗੇ।ਉਨ੍ਹਾਂ ਦੱਸਿਆ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਵੱਡੇ-ਵੱਡੇ ਕਵਰ ਸ਼ੈੱਡ ਬਣੇ ਹੋਏ ਹਨ, ਜੋ ਝੋਨੇ ਤੇ ਕਣਕ ਦੇ ਸੀਜ਼ਨ ਵੇਲੇ ਹੀ ਵਰਤੋਂ ਵਿੱਚ ਆਉਂਦੇ ਹਨ ਤੇ ਬਾਕੀ ਸਮੇਂ ਖਾਲੀ ਰਹਿੰਦੇ ਸਨ।ਇਸ ਲਈ ਬੱਚਿਆਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਆਫ਼ ਸੀਜ਼ਨ ਦੌਰਾਨ ਮੰਡੀਆਂ ਦੇ ਕਵਰ ਸ਼ੈਡਾਂ ਨੂੰ ਵੱਖ-ਵੱਖ ਖੇਡਾਂ ਦੀ ਸਿਖਲਾਈ ਦੇਣ ਲਈ ਵਰਤੋਂ ਵਿੱਚ ਲਿਆਉਣ ਦੀ ਯੋਜਨਾ ਤਿਆਰ ਕੀਤੀ ਗਈ ਸੀ। ਯੋਜਨਾ ਨੂੰ ਅਮਲੀ ਜਾਮ੍ਹਾਂ ਪਹਿਨਾਉਂਦਿਆਂ ਹੋਇਆ ਮੰਡੀਆਂ ਵਿੱਚ ਖੇਡਾਂ ਦੀ ਟ੍ਰੇਨਿੰਗ ਦਾ ਆਗਾਜ਼ ਕਰ ਦਿੱਤਾ ਗਿਆ ਹੈ।ਚੇਅਰਮੈਨ ਨੇ ਦੱਸਿਆ ਕਿ ਜਲਦ ਹੀ ਪੰਜਾਬ ਦੀਆਂ ਹੋਰਨਾਂ ਮੰਡੀਆਂ ਵਿੱਚ ਵੀ ਇਸੇ ਤਰ੍ਹਾਂ ਇਨਡੋਰ ਖੇਡਾਂ ਦੀ ਟ੍ਰੇਨਿੰਗ ਸ਼ੁਰੂ ਕਰ ਦਿੱਤੀ ਜਾਵੇਗੀ।ਇਸ ਲਈ ਵੱਖ-ਵੱਖ ਐੱਨ.ਜੀ.ਓਜ਼, ਸੰਸਥਾਵਾਂ ਤੇ ਰਿਟਾਇਰ ਕੋਚਾਂ ਨਾਲ ਗੱਲਬਾਤ ਚੱਲ ਰਹੀ ਹੈ।

# ਰਿਸ਼ਵਤ ਦੀ ਦੂਜੀ ਕਿਸ਼ਤ ਲੈਂਦਾ ਏ ਐੱਸ ਆਈ ਵਿਜੀਲੈਂਸ ਵੱਲੋਂ ਕਾਬੂ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਰਿਸ਼ਵਤਖੋਰੀ ਵਿਰੁੱਧ ਜਾਰੀ ਮੁਹਿੰਮ ਦੌਰਾਨ ਥਾਣਾ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਵਿਖੇ ਤਾਇਨਾਤ ਏ.ਐੱਸ.ਆਈ. ਗੁਰਦੀਪ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਹਾਸਲ ਕਰਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਗਿਆ ਹੈ।ਇੱਥੇ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਏ.ਐੱਸ.ਆਈ. ਨੂੰ ਸ਼ਿਕਾਇਤਕਰਤਾ ਗੁਰਮੀਤ ਸਿੰਘ ਵਾਸੀ ਪਿੰਡ ਖੁੰਦੜ ਉਤਾੜ, ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਦਰਜ ਕਰਵਾਏ ਬਿਆਨਾਂ 'ਤੇ ਪੇਸ਼ ਰਿਕਾਰਡਿੰਗ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਉਕਤ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੇ ਦੱਸਿਆ ਕਿ ਉਸ ਦੇ ਛੋਟੇ ਭਰਾ ਉਪਰ ਇੱਕ ਮੁਕੱਦਮਾ ਥਾਣਾ ਗੁਰੂ ਹਰਸਹਾਏ ਵਿੱਚ ਦਰਜ ਸੀ, ਜਿਸ ਵਿੱਚ ਰਾਜ਼ੀਨਾਮਾ ਹੋ ਗਿਆ ਸੀ, ਪ੍ਰੰਤੂ ਉਸ ਕੇਸ ਵਿੱਚ ਸ਼ਿਕਾਇਤਕਰਤਾ ਨੇ ਉਸੇ ਮੁਕੱਦਮੇ ਦੇ ਸਬੰਧ ਵਿੱਚ ਥਾਣੇ ਵਿਖੇ ਦੁਬਾਰਾ ਇੱਕ ਦਰਖਾਸਤ ਦੇ ਦਿੱਤੀ, ਜਿਸ ਦੀ ਪੜਤਾਲ ਦੌਰਾਨ ਉਕਤ ਏ.ਐੱਸ.ਆਈ. ਗੁਰਦੀਪ ਸਿੰਘ ਨੇ ਉਸ ਦੇ ਭਰਾ ਨੂੰ ਥਾਣੇ ਬੁਲਾ ਕੇ ਬਿਠਾ ਲਿਆ ਅਤੇ ਉਸ ਨੂੰ ਛੱਡਣ ਦੇ ਇਵਜ਼ ਵਿੱਚ 150000 ਰੁਪਏ ਦੀ ਮੰਗ ਕੀਤੀ, ਪ੍ਰੰਤੂ ਸ਼ਿਕਾਇਤਕਰਤਾ ਧਿਰ ਵੱਲੋਂ ਏਨੀ ਰਿਸ਼ਵਤ ਨਾ ਦੇਣ ਕਾਰਨ ਉਸ ਦੇ ਭਰਾ ਦੀ ਗ੍ਰਿਫਤਾਰੀ ਪਾ ਦਿੱਤੀ ਗਈ।ਉਪਰੰਤ 7 ਦਿਨ ਦਾ ਰਿਮਾਂਡ ਹਾਸਲ ਕਰਨ ਤੇ ਜਮਾਨਤ ਨਾ ਹੋਣ ਦੇਣ ਦਾ ਡਰਾਵਾ ਦੇ ਕੇ ਸ਼ਿਕਾਇਤਕਰਤਾ ਪਾਸੋਂ 10000 ਰੁਪਏ ਰਿਸ਼ਵਤ ਵਜੋਂ ਲੈ ਲਏ।ਸ਼ਿਕਾਇਤਕਰਤਾ ਨੇ ਇਹ ਵੀ ਦੋਸ਼ ਲਾਇਆ ਕਿ ਉਕਤ ਏ.ਐੱਸ.ਆਈ. ਗੁਰਮੀਤ ਸਿੰਘ ਉਸ ਦੇ ਭਰਾ ਦੇ ਫੋਨ ਤੇ ਪਰਸ ਨੂੰ ਮੁਕੱਦਮੇ ਵਿੱਚ ਨਾ ਪਾਉਣ ਬਦਲੇ 10,000 ਰੁਪਏ ਦੀ ਹੋਰ ਮੰਗ ਕਰਨ ਲੱਗ ਪਿਆ, ਜਿਸ ਦੀ ਸ਼ਿਕਾਇਤਕਰਤਾ ਵੱਲੋਂ ਰਿਕਾਰਡਿੰਗ ਕਰ ਲਈ ਗਈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਰੇਂਜ ਫਿਰੋਜ਼ਪੁਰ ਥਾਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਅਧੀਨ ਮੁਕੱਦਮਾ ਦਰਜ ਕਰਕੇ ਦੋਸ਼ੀ ਏ.ਐੱਸ.ਆਈ. ਗੁਰਮੀਤ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਕੋਲੋਂ 10,000 ਰਿਸ਼ਵਤ ਹਾਸਲ ਕਰਦਿਆਂ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ ਅਤੇ ਇਸ ਕੇਸ ਦੀ ਅਲਗੇਰੀ ਤਫਤੀਸ਼ ਜਾਰੀ ਹੈ।

# ਜ਼ਮੀਨ ਦੇ ਵਾਜਬ ਰੇਟ ਨਾ ਮਿਲਣਾ ਹਕੂਮਤ ਦਾ ਗੰਮਰਾਹਕੁੰਨ ਪੈਂਤੜਾ : ਭੋਡੀਪੁਰ/ਮੰਨੇਵਾਲਾ



**ਜਲਾਲਾਬਾਦ (ਜੀਤ ਕੁਮਾਰ)**

ਭਾਰਤੀ ਕਿਸਾਨ ਯੂਨੀਅਨ (ਡਕੌਂਦਾ) ਦੇ ਜ਼ਿਲ੍ਹਾ ਪ੍ਰਧਾਨ ਜੋਗਾ ਸਿੰਘ ਭੋਡੀਪੁਰ ਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਮੰਨੇਵਾਲਾ ਨੇ ਕੇਂਦਰੀ ਹਕੂਮਤ ਵੱਲੋਂ ਪੰਜਾਬ ਅੰਦਰਲੇ ਸੜਕੀ ਪ੍ਰੋਜੈਕਟਾਂ ਦੇ ਮਸਲੇ ਬਾਰੇ ਕੀਤੀ ਕੀਤੀ ਜਾ ਰਹੀ ਪੇਸ਼ਕਾਰੀ ਨੂੰ ਰੱਦ ਕਰਦਿਆਂ ਭਾਰਤੀ ਕਿਸਾਨ ਯੂਨੀਅਨ (ਡਕੌਂਦਾ) ਵੱਲੋਂ ਇਸ ਨੂੰ ਕਿਸਾਨਾਂ ਤੋਂ ਜ਼ਮੀਨ ਐਕਵਾਇਰ ਕਰਨ ਦੀ ਹਕੂਮਤੀ ਨੀਤੀ ਦੀ ਸਮੱਸਿਆ ਕਰਾਰ ਦਿੱਤਾ ਹੈ।

ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਅਸਲ ਸਮੱਸਿਆ ਇਹ ਹੈ ਕਿ ਇਨ੍ਹਾਂ ਸੜਕੀ ਪ੍ਰੋਜੈਕਟਾਂ ਲਈ ਐਕਵਾਇਰ ਕੀਤੀ ਜਾ ਰਹੀ ਜ਼ਮੀਨ ਦੀ ਕਿਸਾਨਾਂ ਨੂੰ ਮਾਰਕੀਟ ਰੇਟ ਤੇ ਕੀਮਤ ਨਾ ਦਿੱਤੇ ਜਾਣ ਕਾਰਨ ਕਿਸਾਨ ਜਬਰੀ ਜ਼ਮੀਨਾਂ ਗ੍ਰਹਿਣ ਕਰਨ ਦਾ ਵਿਰੋਧ ਕਰ ਰਹੇ ਹਨ ਅਤੇ ਹਮੇਸ਼ਾ ਵਾਂਗ ਸਰਕਾਰ ਆਪਣੀ ਮਨਚਾਹੀ ਵਿਉਂਤ ਜਬਰੀ ਠੋਸਣ ਵਾਸਤੇ ਇਸ ਨੂੰ ਵਿਕਾਸ ਵਿੱਚ ਅੜਿੱਕਾ ਬਣਾ ਕੇ ਪੇਸ਼ ਕਰ ਰਹੀ ਹੈ। ਅਜਿਹਾ ਪਹਿਲੀ ਵਾਰ ਨਹੀਂ ਹੋ ਰਿਹਾ। ਪਿਛਲੇ ਦਹਾਕਿਆਂ ਦੌਰਾਨ ਜਦੋਂ ਟਰਾਈਡੈਂਟ ਕੰਪਨੀ ਵੱਲੋਂ ਅਤੇ ਫਿਰ ਇੰਡੀਆ ਬੁਲਜ ਨਾਂਅ ਦੀ ਕੰਪਨੀ ਵੱਲੋਂ ਕਿਸਾਨਾਂ ਦੀਆਂ ਜ਼ਮੀਨਾਂ ਐਕਵਾਇਰ ਕੀਤੀਆਂ ਜਾ ਰਹੀਆਂ ਸਨ ਤਾਂ ਉਦੋਂ ਵੀ ਪੰਜਾਬ ਦੀ ਸਰਕਾਰ ਵੱਲੋਂ ਕਿਸਾਨਾਂ ਦੇ ਵਿਰੋਧ ਨੂੰ ਵਿਕਾਸ ਵਿੱਚ ਅੜਿੱਕੇ ਵਜੋਂ ਪੇਸ਼ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕੀ ਪ੍ਰੋਜੈਕਟਾਂ ਦੌਰਾਨ ਪੰਜਾਬ ਅੰਦਰ ਬਹੁਤ ਸਾਰੇ ਥਾਂਵਾਂ 'ਤੇ ਕਿਸਾਨਾਂ ਨੂੰ ਜ਼ਮੀਨ ਦੇ ਮਾਰਕੀਟ ਰੇਟ ਤੋਂ ਬਹੁਤ ਘੱਟ ਕੀਮਤ ਦਿੱਤੀ ਜਾ ਰਹੀ ਹੈ, ਜਿਸ ਕਾਰਨ ਥਾਂ-ਥਾਂ ਕਿਸਾਨ ਲੰਮੇ ਸਮੇਂ ਤੋਂ ਜ਼ਮੀਨਾਂ ਜਬਰੀ ਐਕਵਾਇਰ ਕੀਤੇ ਜਾਣ ਖ਼ਿਲਾਫ਼ ਡਟੇ ਹੋਏ ਹਨ। ਕਿਸਾਨਾਂ ਨੂੰ ਬਣਦੀ ਕੀਮਤ ਦੇ ਕੇ ਮਸਲਾ ਹੱਲ ਕਰਨ ਦੀ ਥਾਂ ਮੋਦੀ ਸਰਕਾਰ ਇਸ ਨੂੰ ਪੰਜਾਬ ਸਰਕਾਰ ਨਾਲ ਆਪਣੀ ਸ਼ਰੀਕੇਬਾਜੀ ਵਾਲੀ ਸਿਆਸੀ ਖੇਡ ਲਈ ਵਰਤਣ ਦੀ ਕੋਸ਼ਿਸ਼ ਕਰ ਰਹੀ ਹੈ ਤੇ ਨਾਲ ਹੀ ਕਿਸਾਨਾਂ ਦੀ ਵਾਜਬ ਮੰਗ ਨੂੰ ਅਮਨ ਕਾਨੂੰਨ ਦੀ ਸਮੱਸਿਆ ਦੱਸ ਕੇ ਕਿਸਾਨਾਂ ਤੋਂ ਜਬਰੀ ਜ਼ਮੀਨਾਂ ਅਕਵਾਇਰ ਕਰਨ ਦੇ ਮਨਸੂਬੇ ਪਾਲ ਰਹੀ ਹੈ। ਉਨ੍ਹਾਂ ਕਿਹਾ ਕਿ ਉਂਜ ਵੀ ਜਿਨ੍ਹਾਂ ਸੜਕੀ ਪ੍ਰੋਜੈਕਟਾਂ ਨੂੰ ਵਿਕਾਸ ਪ੍ਰੋਜੈਕਟਾਂ ਵਜੋਂ ਉਭਾਰਿਆ ਜਾ ਰਿਹਾ ਹੈ, ਅਸਲ ਵਿੱਚ ਇਹ ਸਭ ਬਹੁਕੌਮੀ ਕਾਰਪੋਰੇਟ ਕੰਪਨੀਆਂ ਦੀ ਮਾਰਕੀਟ ਦੇ ਪਸਾਰੇ ਲਈ ਕੀਤਾ ਜਾ ਰਿਹਾ ਹੈ। ਇਸੇ ਖਾਤਰ ਸਾਮਰਾਜੀਆਂ ਦੀ ਸੰਸਾਰ ਬੈਂਕ ਤੋਂ ਕਰਜ਼ੇ ਲਏ ਜਾ ਰਹੇ ਹਨ, ਜਿਨ੍ਹਾਂ ਦਾ ਵਿਆਜ ਲੋਕਾਂ ਦੀ ਕਿਰਤ ਕਮਾਈ ਤੇ ਭਾਰੀ ਟੈਕਸ ਲਾ ਕੇ ਤਾਰਿਆ ਜਾਣਾ ਹੈ। ਲੋਕਾਂ ਤੋਂ ਇਨ੍ਹਾਂ ਸੜਕਾਂ ਦੇ ਸਫ਼ਰ ਲਈ ਭਾਰੀ ਟੋਲ ਟੈਕਸ ਵਸੂਲੇ ਜਾਣੇ ਹਨ ਤੇ ਇਨ੍ਹਾਂ ਸੜਕੀ ਰਸਤਿਆਂ ਰਾਹੀਂ ਕਾਰਪੋਰੇਟ ਜਗਤ ਨੇ ਪੰਜਾਬ ਦੀ ਆਰਥਿਕਤਾ ਤੇ ਆਪਣੀ ਜਕੜ ਹੋਰ ਮਜ਼ਬੂਤ ਕਰਨੀ ਹੈ। ਇਹ ਉਹੀ ਵਿਕਾਸ ਮਾਡਲ ਹੈ, ਜਿਸਦੀ ਕੀਮਤ ਪਹਿਲਾਂ ਹੀ ਕਿਰਤ ਕਮਾਈ ਵਿਚੋਂ ਲੁਟਾ ਕੇ ਅਤੇ ਵਾਤਾਵਰਣ ਨੂੰ ਤਬਾਹ ਕਰਕੇ ਪੰਜਾਬ ਦੇ ਲੋਕ ਤਾਰਦੇ ਆ ਰਹੇ ਹਨ। ਅਜਿਹੀਆਂ ਸੜਕਾਂ ਪੰਜਾਬ ਦੇ ਲੋਕਾਂ ਦੀ ਕਦੀ ਵੀ ਮੰਗ ਨਹੀਂ ਸੀ, ਇਹ ਤਾਂ ਪੰਜਾਬ ਦੇ ਲੋਕਾਂ ਤੇ ਜਬਰੀ ਠੋਸੀਆਂ ਜਾ ਰਹੀਆਂ ਹਨ, ਜਦਕਿ ਪੰਜਾਬ ਦੇ ਕਿਸਾਨਾਂ ਵੱਲੋਂ ਕੀਤੀ ਜਾ ਰਹੀ ਐਮ.ਐਸ.ਪੀ. ਤੇ ਗਰੰਟੀ ਕਾਨੂੰਨ ਦੀ ਮੰਗ ਨੂੰ ਮੰਨਣ ਤੋਂ ਇਨਕਾਰ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਨਾ ਸਿਰਫ਼ ਆਪਣੀ ਜ਼ਮੀਨ ਦੀ ਕੀਮਤ ਮਾਰਕੀਟ ਰੇਟ ਅਨੁਸਾਰ ਹਾਸਲ ਕਰਨਾ ਕਿਸਾਨਾਂ ਦਾ ਮੁੱਢਲਾ ਹੱਕ ਹੈ, ਸਗੋਂ ਜ਼ਮੀਨ ਵੇਚਣ ਜਾਂ ਨਾ ਵੇਚਣ ਲਈ ਵੀ ਕਿਸਾਨਾਂ ਦੀ ਜਮਹੂਰੀ ਸਹਿਮਤੀ ਲਾਜ਼ਮੀ ਹੈ।

# ਸਿੱਖਿਆ ਸੰਸਥਾਵਾਂ ਸਥਾਪਤ ਕਰਨਾ ਸਮਾਜ ਦੀ ਅਸਲ ਉਸਾਰੀ ਦਾ ਕੰਮ : ਰਾਜੇਵਾਲ



**ਸਮਰਾਲਾ (ਸੁਰਜੀਤ ਸਿੰਘ)**

ਇਲਾਕੇ ਵਿੱਚ ਸਿੱਖਿਆ ਸੰਸਥਾਵਾਂ ਸਥਾਪਤ ਕਰਨਾ ਤੇ ਉਨ੍ਹਾਂ ਨੂੰ ਚਲਾਉਣਾ ਜਿੱਥੇ ਸਮਾਜ ਉਸਾਰੀ ਦਾ ਅਸਲ ਕੰਮ ਹੈ, ਉਥੇ ਸੰਸਥਾਵਾਂ ਨੂੰ ਮਿਹਨਤ, ਸ਼ਿੱਦਤ ਤੇ ਸਿਦਕ ਦਿਲੀ ਨਾਲ ਚਲਾਉਣਾ ਇੱਕ ਮਹਾਨ ਕੰਮ ਹੈ।ਇਹ ਵਿਚਾਰ ਭਾਰਤੀ ਕਿਸਾਨ ਯੂਨੀਅਨ ਦੇ ਪ੍ਰਧਾਨ ਤੇ ਮਾਲਵਾ ਐਜੂਕੇਸ਼ਨ ਕੌਂਸਲ ਦੇ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਨੇ ਮਾਲਵਾ ਕਾਲਜ ਦੇ ਸਾਬਕਾ ਪ੍ਰਧਾਨ ਤੇ ਸਰਪ੍ਰਸਤ ਸ਼ਿਵਦੇਵ ਸਿੰਘ ਕੰਗ ਨੂੰ ਸ਼ਰਧਾਂਜਲੀ ਅਰਪਿਤ ਕਰਨ ਸਮੇਂ ਸ਼ਰਧਾਂਜਲੀ ਸਮਾਗਮ ਵਿੱਚ ਹਾਜ਼ਰ ਲੋਕਾਂ ਨੂੰ ਸੰਬੋਧਨ ਕਰਦਿਆਂ ਕਹੀ।ਉਨ੍ਹਾਂ ਕਿਹਾ ਕਿ ਕੰਗ ਪਰਿਵਾਰ ਦੇ ਯਤਨਾਂ ਸਦਕਾ ਮਾਲਵਾ ਕਾਲਜ ਦੀ ਸਥਾਪਨਾ ਸਾਲ 1964 ਵਿੱਚ ਹੋਈ।ਇਸ ਦੇ ਨਾਲ ਹੀ ਉਸ ਵੇਲੇ ਦੇ ਮੰਤਰੀ ਅਜਮੇਰ ਸਿੰਘ ਕੰਗ ਦੇ ਯਤਨਾਂ ਸਦਕਾ ਸਮਰਾਲੇ ਤੇ ਪਿੰਡ ਓਟਾਲਾਂ ਦੀ ਆਈ ਟੀ ਆਈ ਵੀ ਹੋਂਦ ਵਿੱਚ ਆਈਆਂ।ਇਸ ਤੋਂ ਪਹਿਲਾਂ ਇਸ ਇਲਾਕੇ ਵਿੱਚ ਉੱਚ ਸਿੱਖਿਆ ਲਈ ਕੋਈ ਸੰਸਥਾ ਨਹੀਂ ਸੀ।ਇਲਾਕੇ ਵਿਚ ਇਹਨਾਂ ਸੰਸਥਾਵਾਂ ਕਾਰਨ ਹਜ਼ਾਰਾਂ ਵਿਦਿਆਰਥੀ ਨੇ ਦੇਸ਼ ਦੇ ਕੋਨੇ ਕੋਨੇ ਤੇ ਸੇਵਾਵਾਂ ਦਿੱਤੀਆਂ।ਦੁਨੀਆ ਦੇ ਕੋਨੇ ਕੋਨੇ ਤੇ ਬੈਠੇ ਬਹੁਤ ਸਾਰੇ ਵਿਦਿਆਰਥੀ ਕੰਗ ਪਰਿਵਾਰ ਦੇ ਸਿੱਖਿਆ ਪ੍ਰਤੀ ਯੋਗਦਾਨ ਨੂੰ ਯਾਦ ਕਰਦੇ ਹਨ।ਰਾਜੇਵਾਲ ਨੇ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਉਸ ਵੇਲੇ ਦੇ ਮੰਤਰੀ ਅਜਮੇਰ ਕੰਗ ਤੋਂ ਬਾਅਦ ਵਿਧਾਨ ਸਭਾ ਹਲਕਾ ਸਮਰਾਲਾ ਦੀ ਬਾਗਡੋਰ ਵੱਖ ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੇ ਹੱਥਾਂ ਵਿਚ ਰਹੀ ਹੈ, ਪਰ ਉਨ੍ਹਾਂ ਵੱਲੋਂ ਇਲਾਕੇ ਵਿੱਚ ਸਹੁੰ ਖਾਣ ਨੂੰ ਵੀ ਕੋਈ ਅਜਿਹਾ ਕੰਮ ਨਹੀਂ ਕੀਤਾ, ਜਿਸ ਨੂੰ ਇਲਾਕੇ ਦੀ ਜਨਤਾ ਯਾਦ ਰੱਖ ਸਕਦੀ ਹੋਵੇ।ਉਨ੍ਹਾਂ ਕਿਹਾ ਹੀ ਕੰਗ ਪਰਿਵਾਰ ਦੇ ਯੋਗਦਾਨ ਕਰਕੇ ਇਲਾਕਾ ਉਨ੍ਹਾਂ ਦਾ ਹਮੇਸ਼ਾ ਰਿਣੀ ਰਹੇਗਾ।ਰਾਜੇਵਾਲ ਨੇ ਕਿਹਾ ਕਿ ਸਮਾਜ ਵਿਚ ਉਸਾਰੂ ਸੋਚ ਤੇ ਉਸਾਰੂ ਕੰਮ ਕਰਨ ਵਾਲੇ ਬਹੁਤ ਥੋੜ੍ਹੇ ਲੋਕ ਹੀ ਹੁੰਦੇ ਹਨ, ਜ਼ਿਆਦਾਤਰ ਤਾਂ ਸਮਾਜ ਵਿੱਚ ਵੰਡੀਆਂ ਪਾ ਕੇ ਹੀ ਖੁਸ਼ੀ ਹਾਸਲ ਕਰਦੇ ਹਨ।ਉਨ੍ਹਾਂ ਕਿਹਾ ਕਿ ਕੰਗ ਪਰਿਵਾਰ ਹਮੇਸ਼ਾ ਕਾਲਜ ਲਈ ਰਾਹ ਦਸੇਰਾ ਰਿਹਾ ਹੈ।ਇਸ ਮੌਕੇ ਬਲਬੀਰ ਸਿੰਘ ਰਾਜੇਵਾਲ ਨੇ ਕਾਲਜ ਦੇ ਇੱਕ ਬਲਾਕ ਦਾ ਨਾਂ ਸ਼ਿਵਦੇਵ ਸਿੰਘ ਕੰਗ ਦੇ ਨਾਂ 'ਤੇ ਰੱਖਣ ਦਾ ਐਲਾਨ ਕੀਤਾ।ਇਸ ਮੌਕੇ ਮਾਲਵਾ ਐਜੂਕੇਸ਼ਨ ਕੌਂਸਲ ਨੇ ਕੰਗ ਪਰਵਾਰ ਨੂੰ ਸਨਮਾਨਤ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਲਵਾ ਐਜੂਕੇਸ਼ਨ ਕੌਂਸਲ ਦੇ ਜਨਰਲ ਸਕੱਤਰ ਐਡਵੋਕੇਟ ਅਨਿਲ ਗੁਪਤਾ, ਐਡਵੋਕੇਟ ਜਸਪ੍ਰੀਤ ਸਿੰਘ ਕਲਾਲ ਮਾਜਰਾ ਤੇ ਕਾਲਜ ਪ੍ਰਿੰਸੀਪਲ ਹਰਿੰਦਰ ਕੌਰ ਨੇ ਵੀ ਹਾਜ਼ਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼ਿਵਦੇਵ ਸਿੰਘ ਕੰਗ ਦੇ ਕਾਲਜ ਪ੍ਰਤੀ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ। ਮਰਹੂਮ ਸ਼ਿਵਦੇਵ ਸਿੰਘ ਕੰਗ ਦੇ ਦਾਮਾਦ ਰਾਜਪਾਲ ਸਿੰਘ ਬਾਜਵਾ ਨੇ ਮਾਲਵਾ ਐਜੂਕੇਸ਼ਨ ਕੌਂਸਲ ਤੇ ਇਲਾਕੇ ਦੇ ਲੋਕਾਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਕਾਲਜ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਅਹਿਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਕੁਲਵਿੰਦਰ ਕੌਰ ਡੀਨ ਅਕਾਦਮਿਕ, ਡਾ. ਰੰਜਨ ਗਰਗ, ਪ੍ਰੋ. ਭੁਪਿੰਦਰ ਕੌਰ ਤੇ ਡਾ. ਹਰਿੰਦਰ ਸਿੰਘ ਕਲੇਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਵੀ ਸ਼ਰਧਾਂਜਲੀ ਸਮਾਗਮ ਦਾ ਹਿੱਸਾ ਬਣੇ।

# ਅਮਨ ਅਰੋੜਾ ਵੱਲੋਂ ਪ੍ਰਾਚੀਨ ਮੰਦਰ 'ਚ ਹੋਈ ਘਟਨਾ ਦਾ ਜਾਇਜ਼ਾ



**ਲੁਧਿਆਣਾ (ਰਾਜ ਸਿੰਗਲਾ)**-ਪੰਜਾਬ ਦੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਸ੍ਰੀ ਅਮਨ ਅਰੋੜਾ ਖੰਨਾ ਦੇ ਪ੍ਰਾਚੀਨ ਸ਼ਿਵਪੁਰੀ ਮੰਦਰ ਵਿੱਚ ਹੋਈ ਘਟਨਾ ਸਥਾਨ 'ਤੇ ਜਾਇਜ਼ਾ ਲੈਣ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿੱਥੇ 14 ਤੇ 15 ਅਗਸਤ ਦੀ ਦਰਮਿਆਨੀ ਰਾਤ ਨੂੰ ਦੋ ਚੋਰਾਂ ਨੇ ਦਾਖ਼ਲ ਹੋ ਕੇ ਨਾ ਸਿਰਫ਼ ਗਹਿਣੇ ਤੇ ਨਕਦੀ ਚੋਰੀ ਕਰ ਲਏ, ਸਗੋਂ ਸ਼ਿਵਲਿੰਗ ਦੇ ਆਲੇ-ਦੁਆਲੇ ਲਾਈ ਚਾਂਦੀ ਨੂੰ ਉਤਾਰ ਕੇ ਲਿਜਾਣ ਲਈ ਸ਼ਿਵਲਿੰਗ ਨੂੰ ਖੰਡਤ ਕੀਤਾ ਸੀ।

ਕੈਬਨਿਟ ਮੰਤਰੀ ਅਮਨ ਅਰੋੜਾ ਨਾਲ ਵਿਧਾਨ ਸਭਾ ਹਲਕਾ ਖੰਨਾ ਦੇ ਵਿਧਾਇਕ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਤੇ ਡੀ.ਆਈ.ਜੀ ਲੁਧਿਆਣਾ ਧਨਪ੍ਰੀਤ ਕੌਰ, ਸੀਨੀਅਰ ਪੁਲਿਸ ਕਪਤਾਨ ਖੰਨਾ ਅਸ਼ਵਿਨੀ ਗੋਟਿਆਲ, ਸਿਵਲ ਤੇ ਪੁਲਿਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ ਤੇ ਮੰਦਰ ਦੀ ਪ੍ਰਬੰਧਕ ਕਮੇਟੀ ਹਾਜ਼ਰ ਸੀ।ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਦੋ ਦਿਨ ਪਹਿਲਾਂ 15 ਅਗਸਤ ਵਾਲੇ ਦਿਨ ਬਹੁਤ ਹੀ ਮੰਦਭਾਗੀ ਘਟਨਾ ਖੰਨਾ ਸ਼ਹਿਰ ਵਿਚ ਹੋਈ ਸੀ, ਜਿਸ ਦੌਰਾਨ ਕੁੱਝ ਸ਼ਰਾਰਤੀ ਅਨਸਰਾਂ ਨੇ ਬਹੁਤ ਹੀ ਪ੍ਰਾਚੀਨ ਮੰਦਰ ਵਿੱਚ ਸ਼ਿਵਲਿੰਗ ਨੂੰ ਖੰਡਤ ਕੀਤਾ ਸੀ ਅਤੇ ਚੋਰੀ ਵੱਡੇ ਪੱਧਰ ਉੱਤੇ ਕੀਤੀ ਗਈ ਸੀ।ਉਸ ਦਿਨ ਤੋਂ ਹੀ ਸਾਡੇ ਖੰਨਾ ਦੇ ਵਿਧਾਇਕ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ, ਪੁਲਸ ਤੇ ਸਿਵਲ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕੰਨਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਸਾਰੀ ਮੰਦਰ ਕਮੇਟੀ ਦੇ ਸਾਥੀਆਂ ਤੇ ਖੰਨਾ ਨਿਵਾਸੀਆਂ ਨੂੰ ਮਿਲ ਕੇ ਇਸ ਘਟਨਾ ਬਾਰੇ ਜਾਣਕਾਰੀ ਹਾਸਲ ਕੀਤੀ।ਉਨ੍ਹਾਂ ਕਿਹਾ ਕਿ ਸਾਰੇ ਸਾਥੀਆਂ ਨੇ ਸਰਕਾਰ ਦੀ ਅਤੇ ਖਾਸ ਤੌਰ 'ਤੇ ਲੋਕਲ ਪੁਲਸ ਦੀ ਕਾਰਗੁਜ਼ਾਰੀ ਉੱਤੇ ਤਸੱਲੀ ਪ੍ਰਗਟਾਈ ਹੈ।

ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੈਂ ਯਕੀਨ ਦਿਵਾਉਂਦਾ ਹਾਂ ਕਿ ਇਹ ਸਿਰਫ ਖੰਨਾ ਦੀ ਹੀ ਨਹੀਂ, ਸਗੋਂ ਪੂਰੇ ਪੰਜਾਬ ਦੀ ਪੁਲਸ ਦੀ ਪਹਿਲਕਦਮੀ ਹੋਵੇਗੀ ਕਿ ਦੋਸ਼ੀਆਂ ਨੂੰ ਫੜ ਕੇ ਉਨ੍ਹਾਂ ਨੂੰ ਅੰਜਾਮ ਤੱਕ ਪੁਚਾਇਆ ਜਾਵੇਗਾ।

## ਆਕਸਫੋਰਡ ਦੇ ਵਿਹੜੇ 'ਚ ਮਨਾਇਆ ਸੁਤੰਤਰਤਾ ਦਿਵਸ



ਭਗਤਾ ਭਾਈ ਕਾ (ਰਾਜੀਵ ਗੋਇਲ)-ਦਿ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਦੇ ਵਿਹੜੇ ਵਿੱਚ 78ਵਾਂ ਅਜ਼ਾਦੀ ਦਿਵਸ ਧੂਮ-ਧਾਮ ਨਾਲ ਮਨਾਇਆ ਗਿਆ। ਪ੍ਰੋਗਰਾਮ ਦਾ ਅਗਾਜ਼ ਸਵੇਰ ਦੀ ਸਭਾ ਦੌਰਾਨ ਦੇਸ਼ ਭਗਤੀ ਦੇ ਗੀਤ "ਮਿੱਟੀ ਵਿੱਚ ਮਿਲ ਜਾਵਾਂ" ਨਾਲ ਹੋਇਆ। ਇਸ ਤੋਂ ਬਾਅਦ ਨਰਸਰੀ ਤੇ ਐੱਲ.ਕੇ.ਜੀ. ਦੇ ਵਿਦਿਆਰਥੀਆਂ ਵੱਲੋਂ "ਟਾਇਨੀ ਟੌਟਸ ਡਾਂਸ ਸ਼ੋਅ" ਪੇਸ਼ ਕੀਤਾ ਗਿਆ। ਯੂ.ਕੇ.ਜੀ. ਤੇ ਪਹਿਲੀ ਜਮਾਤ ਦੇ ਵਿਦਿਆਰਥੀਆਂ ਨੇ "ਜੂਨੀਅਰਜ਼ ਡਾਂਸ ਸ਼ੋਅ" ਪੇਸ਼ ਕੀਤਾ। ਦੂਸਰੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ 'ਹਮ ਹਿੰਦੁਸਤਾਨੀ' ਗੀਤ 'ਤੇ ਡਾਂਸ ਕਰਕੇ ਬੱਲੇ-ਬੱਲੇ ਕਰਵਾ ਦਿੱਤੀ। ਤਿਰੰਗੇ ਦੇ ਰੰਗਾਂ ਵਿੱਚ ਸਜੇ ਵਿਦਿਆਰਥੀ ਸਮੁੱਚਾ ਹਿੰਦੁਸਤਾਨ ਲੱਗ ਰਹੇ ਸਨ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਮੌਜੂਦ ਸਨ।

## ਮੌਤ ਦੇ ਸੌਦਾਗਰਾਂ ਨੇ 3 ਨੌਜਵਾਨਾਂ ਨੂੰ ਗੱਡੀ ਨਾਲ ਕੁਚਲਿਆ, 1 ਦੀ ਮੌਤ, 2 ਜ਼ਖ਼ਮੀ

### ਪਰਿਵਾਰਕ ਮੈਂਬਰਾਂ ਤੇ ਪਿੰਡ ਵਾਸੀਆਂ ਵੱਲੋਂ ਥਾਣੇ ਅੱਗੇ ਧਰਨਾ



ਧਰਨਾਕਾਰੀਆਂ ਦੀ ਗੱਲਬਾਤ ਸੁਣਦੇ ਹੋਏ ਵਿਧਾਇਕ ਦਿਆਲਪੁਰਾ, ਪਰਮਜੀਤ ਸਿੰਘ ਢਿੱਲੋਂ, ਡੀ ਐੱਸ ਪੀ ਤਰਲੋਚਨ ਸਿੰਘ। (ਇਨਸੈੱਟ) ਮ੍ਰਿਤਕ ਕੁਲਵਿੰਦਰ ਸਿੰਘ ਦੀ ਫਾਈਲ ਫੋਟੋ।

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਬੇਟ ਇਲਾਕੇ ਦੇ ਪਿੰਡ ਖੇੜਾ-ਚਕਲੀ ਮੰਗਾ ਲਿੰਕ ਰੋਡ 'ਤੇ ਕੱਲ੍ਹ ਰਾਤ ਮੌਤ ਦੇ ਸੌਦਾਗਰਾਂ ਨੇ ਇੱਕ ਦਰਦਨਾਕ ਘਟਨਾ ਨੂੰ ਅੰਜ਼ਾਮ ਦਿੰਦਿਆਂ 3 ਮੋਟਰਸਾਈਕਲ ਸਵਾਰ ਨੌਜਵਾਨਾਂ ਨੂੰ ਆਪਣੀ ਗੱਡੀ ਦੀ ਲਪੇਟ ਵਿੱਚ ਲੈ ਕੇ ਕੁਚਲ ਦਿੱਤਾ, ਜਿਸ ਦੇ ਸਿੱਟੇ ਵਜੋਂ ਇੱਕ ਨੌਜਵਾਨ ਦੀ ਮੌਤ ਹੋ ਗਈ, ਜਦਕਿ 2 ਜ਼ਖ਼ਮੀ ਹੋ ਗਏ। ਇਕੱਤਰ ਜਾਣਕਾਰੀ ਮੁਤਾਬਕ ਨੌਜਵਾਨ ਕੁਲਵਿੰਦਰ ਸਿੰਘ ਨੂੰ ਫੋਨ ਆਇਆ ਕਿ ਉਸ ਦੇ ਇੱਕ ਰਿਸ਼ਤੇਦਾਰ ਦੀ ਕਾਰ ਖ਼ਰਾਬ ਹੋ ਗਈ ਹੈ, ਜਿਸ 'ਤੇ ਉਹ ਆਪਣੇ ਮੋਟਰਸਾਈਕਲ 'ਤੇ ਸੋਹਣ ਸਿੰਘ ਤੇ ਮਨਮੋਹਣ ਸਿੰਘ ਨੂੰ ਨਾਲ ਲੈ ਕੇ ਪਿੰਡ ਚਕਲੀ ਮੰਗਾਂ ਵੱਲ ਨੂੰ ਚਲਾ ਗਿਆ। ਪਰਿਵਾਰ ਦੇ ਦੱਸਣ ਅਨੁਸਾਰ ਪਿੰਡ ਚਕਲੀ ਮੰਗਾ ਦਾ ਇੱਕ ਵਿਅਕਤੀ ਮਲਕੀਤ ਸਿੰਘ ਉਰਫ਼ ਮੰਤਰੀ ਤੇ ਸੋਨੂੰ ਜੋ ਕਿ ਦੋਵੇਂ ਭਰਾ ਨਸ਼ਾ ਵੇਚਣ ਦਾ ਕੰਮ ਕਰਦੇ ਹਨ, ਉਨ੍ਹਾਂ ਨਾਲ ਕੁਲਵਿੰਦਰ ਸਿੰਘ ਦੀ ਕੋਈ ਤਕਰਾਰਬਾਜ਼ੀ ਹੋ ਗਈ ਤੇ ਪਹਿਲਾਂ ਵੀ ਪਿੰਡ ਵਾਲੇ ਉਨ੍ਹਾਂ ਨੂੰ ਨਸ਼ਾ ਵੇਚਣ ਤੋਂ ਰੋਕਦੇ ਸਨ। ਕੁਲਵਿੰਦਰ ਸਿੰਘ ਆਪਣੇ 2 ਸਾਥੀਆਂ ਸਮੇਤ ਮੋਟਰਸਾਈਕਲ 'ਤੇ ਸਵਾਰ ਹੋ ਕੇ ਚਕਲੀ ਮੰਗਾ ਤੋਂ ਵਾਪਸ ਖੇੜਾ ਜਾ ਰਿਹਾ ਸੀ ਤਾਂ ਮਲਕੀਤ ਸਿੰਘ ਉਰਫ਼ ਮੰਤਰੀ ਤੇ ਉਸ ਦਾ ਭਰਾ ਸੋਨੂੰ ਅਤੇ ਕੁਝ ਹੋਰ ਅਣਪਛਾਤੇ ਵਿਅਕਤੀ, ਜੋ ਕਾਰ ਵਿਚ ਸਵਾਰ ਸਨ, ਨੇ ਮਾਰ ਦੇਣ ਦੀ ਨੀਅਤ ਨਾਲ ਕੁਲਵਿੰਦਰ ਸਿੰਘ ਤੇ ਉਸ ਦੇ ਸਾਥੀਆਂ 'ਤੇ ਕਾਰ ਚੜ੍ਹਾ ਦਿੱਤੀ, ਜਿਸ ਕਾਰਨ ਉਹ ਜ਼ਖ਼ਮੀ ਹੋ ਕੇ ਸੜਕ 'ਤੇ ਗਿਰ ਗਏ। ਇਨ੍ਹਾਂ ਕਾਰ ਸਵਾਰਾਂ ਨੇ ਵਾਰ-ਵਾਰ ਕਾਰ ਚੜ੍ਹਾ ਕੇ ਕੁਚਲਣ ਦੀ ਕੋਸ਼ਿਸ਼ ਕੀਤੀ ਅਤੇ ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਫ਼ਰਾਰ ਹੋ ਗਏ। ਜ਼ਖ਼ਮੀਆਂ ਨੂੰ ਜਦੋਂ ਹਸਪਤਾਲ ਲਿਆਂਦਾ ਗਿਆ ਤਾਂ ਉੱਥੇ ਕੁਲਵਿੰਦਰ ਸਿੰਘ ਨੂੰ ਡਾਕਟਰਾਂ ਨੇ ਮ੍ਰਿਤਕ ਐਲਾਨ ਦੇ ਦਿੱਤਾ। ਹਸਪਤਾਲ ਵਿੱਚ ਇਲਾਜ ਅਧੀਨ ਸੋਹਣ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਜਿਨ੍ਹਾਂ ਵਿਅਕਤੀਆਂ ਨੇ ਉਨ੍ਹਾਂ 'ਤੇ ਗੱਡੀ ਚੜ੍ਹਾਈ ਹੈ, ਉਹ ਨਸ਼ਾ ਵੇਚਣ ਤੇ ਕਰਨ ਦੇ ਆਦੀ ਹਨ। ਮਾਛੀਵਾੜਾ ਪੁਲਸ ਥਾਣਾ ਵਿਚ ਮਲਕੀਤ ਸਿੰਘ ਉਰਫ਼ ਮੰਤਰੀ ਨਾਮ ਦਾ ਵਿਅਕਤੀ ਜੋ ਕਿ ਪਿੰਡ ਚਕਲੀ ਮੰਗਾ ਦਾ ਵਾਸੀ ਹੈ, ਉਸ ਉੱਪਰ ਨਸ਼ੇ ਦੇ ਮਾਮਲੇ ਵੀ ਦਰਜ ਹਨ। ਮ੍ਰਿਤਕ ਕੁਲਵਿੰਦਰ ਸਿੰਘ ਵਿਆਹਿਆ ਹੋਇਆ, ਜਿ ਦੇ 2 ਬੱਚੇ ਹਨ ਤੇ ਉਹ ਸਮਰਾਲਾ ਦੇ ਇੱਕ ਪ੍ਰਾਈਵੇਟ ਬੈਂਕ ਵਿੱਚ ਮੈਨੇਜਰ ਵਜੋਂ ਨੌਕਰੀ ਕਰਦਾ ਸੀ। ਪੁਲਸ ਨੇ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕਰ ਕਾਨੂੰਨੀ ਕਾਰਵਾਈ ਆਰੰਭ ਦਿੱਤੀ ਹੈ, ਜਦਕਿ ਹਾਦਸੇ ਵਿੱਚ ਜ਼ਖ਼ਮੀ 2 ਵਿਅਕਤੀਆਂ ਨੂੰ ਪੀ.ਜੀ.ਆਈ. ਰੈਫ਼ਰ ਕਰ ਦਿੱਤਾ ਗਿਆ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਉਕਤ ਨੌਜਵਾਨਾਂ ਉੱਪਰ ਮੰਤਰੀ ਤੇ ਉਸਦੇ ਭਰਾ ਨੇ ਰੰਜਿਸ਼ ਕਾਰਨ ਗੱਡੀ ਨਾਲ ਕੁਚਲਿਆ ਹੈ, ਕਿਉਂਕਿ ਉਹ ਉਨ੍ਹਾਂ ਨੂੰ ਨਸ਼ਾ ਵੇਚਣ ਤੋਂ ਰੋਕਦੇ ਸਨ। ਇਸੇ ਦੌਰਾਨ ਪਰਿਵਾਰਕ ਮੈਂਬਰਾਂ ਨੇ ਮੌਕੇ 'ਤੇ ਪਹੁੰਚੇ ਡੀ.ਐੱਸ.ਪੀ. ਕੋਲ ਰੋਸ ਜ਼ਾਹਰ ਕਰਦਿਆਂ ਦੋਸ਼ ਲਗਾਇਆ ਕਿ ਕੱਲ੍ਹ ਹਾਦਸੇ ਤੋਂ ਬਾਅਦ ਸਹਾਇਕ ਥਾਣੇਦਾਰ ਸੰਜੀਵ ਕੁਮਾਰ ਉਨ੍ਹਾਂ ਨਾਲ ਗੱਲਬਾਤ ਕਰਨ ਆਇਆ ਤਾਂ ਉਸ ਦਾ ਵਿਵਹਾਰ ਠੀਕ ਨਹੀਂ ਸੀ। ਉਨ੍ਹਾਂ ਕਿਹਾ ਕਿ ਪਰਿਵਾਰ ਨਾਲ ਉਕਤ ਸਹਾਇਕ ਥਾਣੇਦਾਰ ਨੇ ਬਦਸਲੂਕੀ ਕੀਤੀ, ਇਸ ਲਈ ਉਸ ਨੂੰ ਤੁਰੰਤ ਸਸਪੈਂਡ ਕੀਤਾ ਜਾਵੇ। ਡੀ.ਐੱਸ.ਪੀ. ਤਰਲੋਚਨ ਸਿੰਘ ਨੇ ਪਰਿਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਬਦਸਲੂਕੀ ਕਰਨ ਵਾਲੇ ਸਹਾਇਕ ਥਾਣੇਦਾਰ ਸੰਜੀਵ ਕੁਮਾਰ ਨੂੰ ਲਾਈਨ ਹਾਜ਼ਰ ਕਰ ਦਿੱਤਾ ਗਿਆ ਹੈ।

ਇਸੇ ਦੌਰਾਨ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਕਰਨ ਲਈ ਮ੍ਰਿਤਕ ਕੁਲਵਿੰਦਰ ਸਿੰਘ ਦੇ ਪਰਿਵਾਰਕ ਮੈਂਬਰਾਂ ਤੇ ਪਿੰਡ ਵਾਸੀਆਂ ਨੇ ਮਾਛੀਵਾੜਾ ਥਾਣੇ ਦੇ ਬਾਹਰ ਧਰਨਾ ਲਗਾ ਦਿੱਤਾ ਅਤੇ ਅੱਤ ਦੀ ਗਰਮੀ ਵਿੱਚ ਉਹ ਕਰੀਬ 2 ਘੰਟੇ ਸੜਕ ਜਾਮ ਕਰਕੇ ਬੈਠੇ ਰਹੇ। ਪਰਿਵਾਰਕ ਮੈਂਬਰਾਂ ਨੇ ਮੰਗ ਕੀਤੀ ਕਿ ਉਨ੍ਹਾਂ ਦੇ ਲੜਕੇ ਕੁਲਵਿੰਦਰ ਸਿੰਘ ਦਾ ਕਤਲ ਕੀਤਾ ਗਿਆ ਹੈ ਅਤੇ ਇਹ ਨਸ਼ਾ ਤਸਕਰ ਬੇਖੌਫ਼ ਹੋ ਕੇ ਘੁੰਮਦੇ ਹਨ ਅਤੇ ਪੰਜਾਬ ਦੀ ਜਵਾਨੀ ਨੂੰ ਤਬਾਹ ਕਰ ਰਹੇ ਹਨ। ਮੌਕੇ 'ਤੇ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਅਕਾਲੀ ਆਗੂ ਪਰਮਜੀਤ ਸਿੰਘ ਢਿੱਲੋਂ, ਡੀ.ਐੱਸ.ਪੀ. ਸਮਰਾਲਾ ਤਰਲੋਚਨ ਸਿੰਘ, ਜਥੇਦਾਰ ਮਨਮੋਹਨ ਸਿੰਘ ਖੇੜਾ, ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਬਲਾਕ ਸੰਮਤੀ ਮੈਂਬਰ ਹਰਜੋਤ ਸਿੰਘ ਮਾਂਗਟ ਵੀ ਪੁੱਜੇ, ਜਿਨ੍ਹਾਂ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ। ਵਿਧਾਇਕ ਦਿਆਲਪੁਰਾ ਨੇ ਪੁਲਸ ਨੂੰ ਕਿਹਾ ਕਿ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਕਰ ਪਰਿਵਾਰ ਨੂੰ ਇਨਸਾਫ਼ ਦਿਵਾਇਆ ਜਾਵੇ।

## ਸ਼ੇਖੂਪੁਰ ਖੁਡਾਲ 'ਚ ਵਿਕਾਸ ਕਾਰਜ ਸ਼ੁਰੂ



ਬਰੇਟਾ (ਗੋਰਵਾਲ)

ਹਲਕਾ ਵਿਧਾਇਕ ਬੁੱਧ ਰਾਮ ਕਾਰਜਕਾਰੀ ਪ੍ਰਧਾਨ ਦੀ ਅਗਵਾਈ ਹੇਠ ਪਿੰਡ ਸ਼ੇਖੂਪੁਰ ਖੁਡਾਲ ਵਿੱਚ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ।ਇਸ ਵਿੱਚ 50×90 ਦੇ ਸ਼ੈੱਡ ਬਣਾਉਣ ਲਈ ਨੀਂਹ ਰੱਖੀ ਗਈ।ਇਹ ਸ਼ੈੱਡ ਤਕਰੀਬਨ 6 ਲੱਖ ਰੁਪਏ ਦੀ ਲਾਗਤ ਨਾਲ ਬਣੇਗਾ।ਇਹ ਸ਼ੈੱਡ ਗਰੀਬ ਲੋਕਾਂ ਲਈ ਬਣਾਇਆ ਗਿਆ ਹੈ ਤਾਂ ਜੋ ਉਹ ਆਪਣੇ ਪ੍ਰੋਗਰਾਮ ਇਸ ਵਿੱਚ ਕਰ ਸਕਣ।

ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਵਿਕਾਸ ਕਾਰਜਾਂ ਦੇ ਹੋਰ ਵੀ ਕੰਮਾਂ ਦੀ ਸ਼ੁਰੂਆਤ ਕੀਤੀ ਜਾਵੇਗੀ।ਇਸ ਮੌਕੇ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ, ਅਵਤਾਰ ਸਿੰਘ, ਹਰਵਿੰਦਰ ਸਿੰਘ, ਪ੍ਰਗਟ ਸਿੰਘ ਮੈਂਬਰ, ਜੋਗਾ ਸਿੰਘ ਮੈਂਬਰ, ਪ੍ਰਸ਼ੋਤਮ ਮੈਂਬਰ, ਧਰਮਪ੍ਰੀਤ ਸਿੰਘ ਤੋਂ ਇਲਾਵਾ ਆਮ ਆਦਮੀ ਪਾਰਟੀ ਦੀ ਟੀਮ ਦੇ ਮੈਂਬਰ ਹਾਜ਼ਰ ਸਨ।

## ਪਿੰਗਲਵਾੜਾ ਦੇ ਵਿਹੜੇ ਤੀਆਂ ਦੀਆਂ ਰੌਣਕਾਂ



ਸੰਗਰੂਰ (ਪ੍ਰਵੀਨ ਸਿੰਘ)-ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਵੱਲੋਂ ਸਥਾਨਕ ਧੂਰੀ ਰੋਡ ਸਥਿਤ ਪਿੰਗਲਵਾੜਾ ਸ਼ਾਖਾ ਵਿਖੇ ਤੀਜ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਤੀਆਂ ਦੀਆਂ ਰੌਣਕਾਂ ਲੱਗੀਆਂ।ਇਸ ਮੌਕੇ ਤਰਲੋਚਨ ਸਿੰਘ ਚੀਮਾ ਮੁੱਖ ਪ੍ਰਬੰਧਕ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਮੂਲੀਅਤ ਕੀਤੀ।ਉਨ੍ਹਾਂ ਦੇ ਨਾਲ ਮਾਸਟਰ ਸੱਤਪਾਲ ਸ਼ਰਮਾ, ਜਰਨੈਲ ਸਿੰਘ, ਡਾ. ਗੁਰਮੇਲ ਸਿੰਘ ਸਿੱਧੂ ਵੀ ਹਾਜ਼ਰ ਹੋਏ। ਮੁਖਤਿਆਰ ਸਿੰਘ ਹੈੱਡ ਮਾਸਟਰ ਵੱਲੋਂ ਪੰਜਾਬੀ ਵਿਰਸੇ ਦੀਆਂ ਬੋਲੀਆਂ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਸੁਰਿੰਦਰ ਪਾਲ ਸਿੰਘ ਸਿਦਕੀ ਪ੍ਰੈਸ ਮੀਡੀਆ ਇੰਚਾਰਜ ਨੇ ਦੱਸਿਆ ਕਿ ਪਿੰਗਲਵਾੜਾ ਦੇ ਡਾ. ਉਪਾਸਨਾ ਅਤੇ ਰਾਣੀ ਬਾਲਾ ਦੀ ਸੇਧ ਅਤੇ ਅਗਵਾਈ ਵਿੱਚ ਪਿੰਗਲਵਾੜਾ ਦੇ ਮਰੀਜ਼ਾਂ ਤੇ ਸਟਾਫ ਮੈਂਬਰਾਂ ਨੇ ਨਾਚ ਦੀਆਂ ਵੱਖ ਵੱਖ ਵੰਨਗੀਆਂ ਦੀ ਪੇਸ਼ਕਾਰੀ ਕੀਤੀ। ਜਦੋਂ ਕਿ ਉਚੀਆਂ ਹੇਕਾਂ ਅਤੇ ਬੋਲੀਆਂ ਨਾਲ ਗਿੱਧੇ ਦਾ ਪਿੜ ਬੰਨ੍ਹ ਦਿੱਤਾ।ਪੰਜਾਬ ਮਲਟੀਪਰਪਜ਼ ਇੰਸਟੀਚਿਊਟ ਆਫ ਨਰਸਿੰਗ ਸ਼ਹਿਣਾ ਜ਼ਿਲ੍ਹਾ ਬਰਨਾਲਾ ਦੀਆਂ ਵਿਦਿਆਰਥਣਾਂ ਬਲਜੀਤ ਕੌਰ ਅਤੇ ਮਨਪ੍ਰੀਤ ਕੌਰ, ਨਾਮਦੇਵ ਸਿੰਘ ਦੇ ਭੰਗੜੇ ਅਤੇ ਮੈਡਮ ਸ਼ਰਨਜੀਤ ਕੌਰ ਦੇ ਨਾਚ ਨੂੰ ਵੀ ਸਲਾਹਿਆ ਗਿਆ। ਤਰਲੋਚਨ ਸਿੰਘ ਚੀਮਾ ਨੇ ਪੰਜਾਬੀ ਵਿਰਸੇ ਨਾਲ ਜੁੜੇ ਤੀਆਂ ਦੇ ਤਿਉਹਾਰ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਨਰਸਿੰਗ ਕਾਲਜ ਦੀ ਮੈਡਮ ਸੋਨਿਕਾ ਦੁੱਗਲ, ਸ਼ਾਖਾ ਡੈਂਟਲ ਡਾ. ਆਕਾਸ਼, ਮਨਦੀਪ ਕੌਰ, ਪ੍ਰੇਮ ਲਤਾ, ਵੀਰਪਾਲ ਕੌਰ, ਰਵਨੀਤ ਕੌਰ ਪਿੰਕੀ, ਰਿਤੂ, ਮਨਦੀਪ ਕੌਰ ਚੱਠਾ, ਹਰਦੀਪ ਸਿੰਘ, ਗੁਰਸੇਵਕ ਸਿੰਘ, ਸੰਦੀਪ ਸਿੰਘ, ਸਰਬਜੀਤ ਸਿੰਘ, ਗੁਰਮੇਲ ਸਿੰਘ ਆਦਿ ਸਮੇਤ ਪਿੰਗਲਵਾੜਾ ਦੇ ਮਰੀਜ਼ਾਂ ਨੇ ਇਸ ਪ੍ਰੋਗਰਾਮ ਦਾ ਆਨੰਦ ਮਾਣਿਆ।

## ਨਹਿਰੀ ਢਾਂਚੇ ਦੀ ਮੁਰੰਮਤ ਲਈ ਦਿੱਤਾ ਮੰਗ ਪੱਤਰ



ਦਿੜ੍ਹਬਾ (ਜਸਵੀਰ ਲਾਡੀ)-ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਪੰਜਾਬ ਦੀਆ ਕਿਸਾਨ ਜਥੇਬੰਦੀਆਂ ਵੱਲੋਂ ਪੰਜਾਬ ਦੇ ਖ਼ਜ਼ਾਨਾ ਮੰਤਰੀ ਤੇ ਦਿੜ੍ਹਬਾ ਹਲਕਾ ਦੇ ਵਿਧਾਇਕ ਹਰਪਾਲ ਸਿੰਘ ਚੀਮਾ ਦੇ ਦਿੜ੍ਹਬਾ ਮੰਡੀ ਸਥਿਤ ਦਫ਼ਤਰ ਅੱਗੇ ਧਰਨਾ ਦਿੱਤਾ ਗਿਆ।ਇਸ ਉਪਰੰਤ ਉਨ੍ਹਾਂ ਦੇ ਨਿੱਜੀ ਸਹਾਇਕ ਨੂੰ ਮੰਗ ਪੱਤਰ ਦਿੱਤਾ ਗਿਆ। ਮੰਗ ਪੱਤਰ ਵਿੱਚ ਕਿਹਾ ਗਿਆ ਕਿ ਹਰ ਖੇਤ ਨੂੰ ਨਹਿਰੀ ਪਾਣੀ, ਹਰ ਘਰ ਨੂੰ ਪੀਣ ਵਾਲਾ ਸਾਫ਼ ਪਾਣੀ ਤੇ ਇਸੇ ਤਹਿਤ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਤਹਿਸ਼-ਨਹਿਸ਼ ਹੋ ਚੁੱਕੇ ਨਹਿਰੀ ਢਾਂਚੇ ਦੀ ਮੁੜ ਮੁਰੰਮਤ ਕਰਾਈ ਜਾਵੇ ਅਤੇ ਨਵੇਂ ਨਹਿਰੀ ਢਾਂਚੇ ਦੇ ਵਿਸਥਾਰ ਲਈ ਲੋੜੀਂਦੇ ਵਿੱਤੀ ਬੱਜਟ ਦਾ ਪ੍ਰਬੰਧ ਕੀਤਾ ਜਾਵੇ।ਸੰਯੁਕਤ ਕਿਸਾਨ ਮੋਰਚੇ ਨੇ ਸੈਂਟਰ ਸਰਕਾਰ ਤੋਂ ਵੀ ਵਿੱਤੀ ਪੈਕੇਜ ਦੀ ਮੰਗ ਕੀਤੀ ਹੈ।

## ਨਵੇਂ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਸੈਸ਼ਨਾਂ ਦਾ ਆਯੋਜਨ



ਤਲਵੰਡੀ ਸਾਬੋ (ਜਗਦੀਪ ਗਿੱਲ)-ਪੰਜਾਬੀ ਯੂਨੀਵਰਸਿਟੀ ਦੇ ਕੈਂਪਸ ਅਧੀਨ ਚੱਲ ਰਹੇ ਵੱਖ-ਵੱਖ ਵਿਭਾਗਾਂ ਵੱਲੋਂ ਸੈਸ਼ਨ 2024-25 ਲਈ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਸੈਸ਼ਨਾਂ ਦਾ ਆਯੋਜਨ ਕੈਂਪਸ ਡਾਇਰੈਕਟਰ ਪ੍ਰੋ. ਕਮਲਜੀਤ ਸਿੰਘ ਦੀ ਰਹਿਨੁਮਾਈ ਹੇਠ ਕਰਾਇਆ ਗਿਆ। ਬਿਜ਼ਨੈੱਸ ਸਟੱਡੀਜ਼ ਵਿਭਾਗ ਵੱਲੋਂ ਬੀ.ਕਾਮ ਤੇ ਬੀ.ਬੀ.ਏ. ਕਲਾਸਾਂ ਲਈ ਦੋ ਦਿਨ ਤੱਕ ਚੱਲੇ ਓਰੀਐਂਟੇਸ਼ਨ ਸੈਸ਼ਨਾਂ ਦੌਰਾਨ ਵਿਭਾਗ ਦੇ ਮੁਖੀ ਪ੍ਰੋਫੈਸਰ ਆਨੰਦ ਬਾਂਸਲ ਨੇ ਨਵੇਂ ਆਏ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਆਪਣੇ ਬਚਪਨ ਤੇ ਸਕੂਲ ਦੌਰਾਨ ਗ੍ਰਹਿਣ ਕੀਤੀ ਗਈ ਨੈਤਿਕ ਸਿੱਖਿਆ ਉਨ੍ਹਾਂ ਦੇ ਜੀਵਨ ਵਿੱਚ ਸਫ਼ਲਤਾ ਗ੍ਰਹਿਣ ਕਰਨ ਦੇ ਫ਼ਲਸਫ਼ੇ ਦੀ ਮਹੱਤਵਪੂਰਨ ਕੁੰਜੀ ਹੈ।ਕੈਂਪਸ ਦੇ ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਵੱਲੋਂ ਬੀ.ਟੈੱਕ., ਡਿਪਲੋਮਾ, ਬੀ.ਸੀ.ਏ., ਐੱਮ.ਜੀ.ਡੀ.ਸੀ.ਏ. ਤੇ ਡੀ.ਸੀ.ਏ. ਕੋਰਸਾਂ ਦੇ ਪਹਿਲੇ ਸਾਲ ਵਿੱਚ ਦਾਖਲ ਹੋਏ ਵਿਦਿਆਰਥੀਆਂ ਲਈ ਵੀ ਓਰੀਐਂਟੇਸ਼ਨ ਪ੍ਰੋਗਰਾਮ ਕਰਾਇਆ ਗਿਆ।ਇਸ ਮੌਕੇ ਵਿਭਾਗ ਦੇ ਮੁਖੀ ਡਾ. ਸਿੰਪਲ ਜਿੰਦਲ ਨੇ ਵਿਦਿਆਰਥੀਆਂ ਆਖਿਆ ਕਿ ਕੈਂਪਸ ਵੱਲੋਂ ਲਗਾਤਾਰ ਅਕਾਦਮਿਕ ਯੋਗਤਾਵਾਂ ਨੂੰ ਵਧਾਉਣ ਦੇ ਨਾਲ-ਨਾਲ ਟੀਮ ਵਰਕ, ਅਨੁਕੂਲਤਾ, ਲੀਡਰਸ਼ਿਪ ਹੁਨਰ, ਆਤਮ-ਵਿਸ਼ਵਾਸ, ਪਰਸਪਰ-ਸਤਿਕਾਰ ਤੇ ਆਮ ਨੈਤਿਕ ਕਦਰਾਂ-ਕੀਮਤਾਂ ਉਜਾਗਰ ਕਰਨ ਵਰਗੇ ਗੁਣਾਂ ਦੇ ਵਿਕਾਸ ਲਈ ਉਚੇਚੇ ਤੌਰ 'ਤੇ ਯਤਨ ਕੀਤੇ ਜਾਂਦੇ ਹਨ। ਗੁਰੂ ਕਾਸ਼ੀ ਸੋਸ਼ਲ ਸਾਇੰਸਜ਼ ਤੇ ਭਾਸ਼ਾਵਾਂ ਵਿਭਾਗਾਂ ਨੇ ਸਾਂਝੇ ਤੌਰ 'ਤੇ ਬੀ ਏ ਭਾਗ ਪਹਿਲਾ ਦੇ ਵਿਦਿਆਰਥੀਆਂ ਦਾ ਓਰੀਐਂਟੇਸ਼ਨ ਪ੍ਰੋਗਰਾਮ ਕਰਾਇਆ।ਇਸ ਸੈਸ਼ਨ ਵਿੱਚ ਭਾਸ਼ਾਵਾਂ ਵਿਭਾਗ ਦੇ ਮੁਖੀ ਪ੍ਰੋਫੈਸਰ ਕੁਮਾਰ ਸੁਸ਼ੀਲ ਨੇ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਦੇ ਮਕਸਦ ਬਾਰੇ ਦੱਸਿਆ।ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ ਬਲਦੇਵ ਸਿੰਘ ਸ਼ੇਰਗਿੱਲ ਨੇ ਵਿਦਿਆਰਥੀ ਨੂੰ ਕਲਾਸਰੂਮ ਦੀ ਪੜ੍ਹਾਈ ਦੇ ਲਾਜ਼ਮੀ ਹੋਣ ਦੇ ਕਾਰਨਾਂ ਬਾਰੇ ਆਪਣੇ ਵਿਚਾਰ ਰੱਖੇ। ਉਨ੍ਹਾਂ ਕਿਹਾ ਕਿ ਚੰਗੇ ਸਮਾਜ ਦੀ ਸਿਰਜਣਾ ਲਈ ਇਸ ਕੈਂਪਸ ਵਿੱਚ ਜਾਤੀਵਾਦ, ਲਿੰਗਵਾਦ, ਨਸਲਵਾਦ ਤੋਂ ਉੱਪਰ ਉੱਠਕੇ ਵਿਚਰਨਾ ਪਹਿਲੀ ਸ਼ਰਤ ਹੈ।

## ਗਤਕਾ ਟੀਮ ਨੇ ਪੰਜਾਬ ਰਾਜ ਭਵਨ 'ਚ ਦਿਖਾਏ ਆਪਣੇ ਜੌਹਰ




ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਬੀਤੇ ਦਿਨੀਂ 78ਵੇਂ ਸੁਤੰਤਰਤਾ ਦਿਵਸ ਦੇ ਮੌਕੇ ਪੰਜਾਬ ਰਾਜ ਭਵਨ ਚੰਡੀਗੜ੍ਹ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਗਤਕਾ ਟੀਮ ਨੇ ਜਥੇਦਾਰ ਗੁਰਦੇਵ ਸਿੰਘ ਤੇ ਤਲਵਿੰਦਰ ਸਿੰਘ ਗਤਕਾ ਕੋਚ ਦੀ ਯੋਗ ਅਗਵਾਈ ਹੇਠ ਸਿੱਖ ਮਾਰਸ਼ਲ ਆਰਟ ਗਤਕੇ ਦੇ ਜੌਹਰ ਦਿਖਾਏ।ਇਸ ਮੌਕੇ ਤਲਵਿੰਦਰ ਸਿੰਘ ਗਤਕਾ ਕੋਚ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਉੜੀਸਾ ਤੋਂ ਗੋਟੀਪੁਆ ਆਰਟ, ਉੱਤਰ ਪ੍ਰਦੇਸ਼ ਤੋਂ ਕਥਕ ਡਾਂਸ, ਬਸੰਤ ਬੰਗਾਲ ਤੋਂ ਨਾਟੁਆ ਆਰਟ ਤੇ ਪੰਜਾਬ ਰਾਜ ਤੋਂ ਗਤਕਾ ਟੀਮ, ਗੱਭਰੂਆਂ ਦਾ ਭੰਗੜਾ ਪੇਸ਼ ਕੀਤਾ ਗਿਆ।ਇਸ ਮੌਕੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ, ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਯ, ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਪੰਜਾਬ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੋਂ ਇਲਾਵਾ ਹੋਰ ਵੀ ਰਾਜਨੀਤਕ ਹਸਤੀਆਂ ਨੇ ਸਮਾਗਮ ਵਿੱਚ ਸ਼ਿਰਕਤ ਕੀਤੀ।

## ਭਾਈ ਘਨੱਈਆ ਵੈਲਫੇਅਰ ਸੋਸਾਇਟੀ ਨੇ ਪੌਦਿਆਂ ਦਾ ਲਗਾਇਆ ਲੰਗਰ



ਜਲਾਲਾਬਾਦ (ਜੀਤ ਕੁਮਾਰ)-ਵਾਤਾਵਰਣ ਦੀ ਸ਼ੁੱਧਤਾ ਲਈ ਹਰੇਕ ਨਾਗਰਿਕ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕਰ ਰਹੀ ਭਾਈ ਘਨੱਈਆ ਵੈਲਫੇਅਰ ਸੋਸਾਇਟੀ (ਰਜਿ.) ਜਲਾਲਾਬਾਦ ਵੱਲੋਂ ਸ਼ਨੀਵਾਰ ਨੂੰ ਸਥਾਨਕ ਸ਼ਹੀਦ ਊਧਮ ਸਿੰਘ ਚੌਕ ਦੇ ਨਜ਼ਦੀਕ ਸਥਿਤ ਗੁਰਦੁਆਰਾ ਰਾਮਗੜ੍ਹੀਆ ਵਿਖੇ ਪੌਦਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਲੋਕਾਂ ਨੂੰ ਵਾਤਾਵਰਣ ਦੀ ਸ਼ੁੱਧਤਾ ਅਤੇ ਹਰਿਆਲੀ ਲਿਆਉਣ ਲਈ ਫਲਦਾਰ, ਫੁੱਲਦਾਰ ਅਤੇ ਛਾਂਦਾਰ ਪੌਦੇ ਵੰਡੇ ਗਏ ਅਤੇ ਲੋਕਾਂ ਨੂੰ ਪੌਦੇ ਲਗਾਉਣ ਅਤੇ ਇਨ੍ਹਾਂ ਦੀ ਵੱਡੇ ਹੋਣ ਤੱਕ ਸਾਂਭ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਸੋਸਾਇਟੀ ਦੇ ਸੈਕਟਰੀ ਭਗਵਾਨ ਸਿੰਘ ਨੇ ਦੱਸਿਆ ਕਿ ਸੇਵਾ ਭਾਵਨਾ ਨਾਲ ਹੁਣ ਤੱਕ 2 ਹਜ਼ਾਰ ਤੋਂ ਵੱਧ ਪੌਦੇ ਮੁਫਤ ਵੰਡੇ ਗਏ ਹਨ। ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਗੁਰਮੁੱਖ ਸਿੰਘ, ਸਕੱਤਰ ਭਗਵਾਨ ਸਿੰਘ ਅਤੇ ਮੈਂਬਰ ਹਰਭਜਨ ਸਿੰਘ, ਸਮਾਜ ਸੇਵੀ ਗੁਰਬਚਨ ਸਿੰਘ ਮਦਾਨ ਮੌਜੂਦ ਸਨ।

## ਦਸਮੇਸ਼ ਮਿਸ਼ਨ ਸਕੂਲ ਹਰੀ ਨੌਂ ਨੇ ਆਜ਼ਾਦੀ ਦਿਹਾੜਾ ਮਨਾਇਆ



ਕੋਟਕਪੂਰਾ (ਰਛਪਾਲ ਭੁੱਲਰ)-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਦੇ ਸਮੂਹ ਵਿਦਿਆਰਥੀਆਂ ਵੱਲੋਂ ਆਜ਼ਾਦੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ ਸੁਣਾਏ ਤੇ ਰਾਸ਼ਟਰੀ ਗੀਤ ਗਾ ਕੇ ਦੇਸ਼ ਭਗਤਾਂ ਨੂੰ ਯਾਦ ਕੀਤਾ। ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਨੇ ਆਜ਼ਾਦੀ ਦਿਵਸ ਸਬੰਧੀ ਪੰਜਾਬ ਦੇ ਨੌਜਵਾਨਾਂ ਵੱਲੋਂ ਦੇਸ਼ ਦੀ ਆਜ਼ਾਦੀ ਸੰਗਰਾਮ ਵਿੱਚ ਪਾਈਆਂ ਸ਼ਹੀਦੀਆਂ ਬਾਰੇ ਜਾਣਕਾਰੀ ਦਿੱਤੀ।ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਨੇ ਦੇਸ਼ ਦੀ ਆਜ਼ਾਦੀ ਲਈ ਮਹਾਨ ਸ਼ਹੀਦਾਂ ਭਗਤ ਸਿੰਘ, ਰਾਜਗੁਰੂ, ਸੁਖਦੇਵ, ਸ਼ਹੀਦ ਊਧਮ ਸਿੰਘ, ਗਦਰੀ ਬਾਬਾ ਸੋਹਣ ਭਕਨਾ ਤੇ ਰਾਮ ਸਿੰਘ ਕੂਕਾ ਦੀਆਂ ਜੀਵਨੀਆਂ ਬਾਰੇ ਸੰਖੇਪ ਵਿੱਚ ਜਾਣਕਾਰੀ ਦਿੱਤੀ।ਇਸ ਸਮਾਗਮ ਵਿੱਚ ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਨੇ ਵੀ ਭਾਗ ਲਿਆ।ਇਸ ਮੌਕੇ ਸ੍ਰੀਮਤੀ ਸੋਮਾ ਦੇਵੀ ਪ੍ਰਿੰਸੀਪਲ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ, ਸ੍ਰੀਮਤੀ ਰੁਬੀਨਾ ਧੀਰ ਪ੍ਰਿੰਸੀਪਲ ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਹਰੀ ਨੌਂ ਤੇ ਸਮੂਹ ਸਟਾਫ਼ ਨੇ ਤਿਰੰਗੇ ਝੰਡੇ ਨੂੰ ਸਲਾਮ ਕੀਤੀ।

## ਚੇਅਰਮੈਨ ਸੁਰਿੰਦਰ ਪਾਲ ਜ਼ਿਲ੍ਹਾ ਐਵਾਰਡ ਨਾਲ ਸਨਮਾਨਤ



ਨਾਭਾ (ਵਰਿੰਦਰ ਵਰਮਾ)-ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਵੱਲੋਂ ਵਾਤਾਵਰਣ ਦੀ ਸ਼ੁੱਧਤਾ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਬੂਟੇ ਲਗਾਏ ਗਏ ਤੇ ਉਨ੍ਹਾਂ ਦੀ ਸਾਂਭ ਸੰਭਾਲ ਵੀ ਕੀਤੀ ਜਾ ਰਹੀ ਹੈ, ਜਿਸ ਨੂੰ ਲੈ ਕੇ ਅਜ਼ਾਦੀ ਦਿਵਸ 15 ਅਗਸਤ 2024 ਦੇ ਜ਼ਿਲ੍ਹਾ ਪੱਧਰੀ ਸਮਾਗਮ ਦੇ ਮੌਕੇ 'ਤੇ ਪੋਲੋ ਗਰਾਊਂਡ ਪਟਿਆਲਾ ਵਿਖੇ ਹੋਏ ਸਮਾਗਮ ਵਿੱਚ ਮਾਣਯੋਗ ਕੈਬਨਿਟ ਮੰਤਰੀ ਵਿੱਤ, ਯੋਜਨਾ ਤੇ ਕਰ ਤੇ ਆਬਕਾਰੀ ਵਿਭਾਗ, ਪੰਜਾਬ ਵੱਲੋਂ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਨੂੰ ਖੇਤਰ ਵਿੱਚ ਕੀਤੀ ਗਈ ਵੱਡਮੁੱਲੀ ਸੇਵਾ ਦੀ ਮਾਨਤਾ ਵਜੋਂ ਪੰਜਾਬ ਸਰਕਾਰ ਵੱਲੋਂ ਪ੍ਰਮਾਣ ਪੱਤਰ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਸਨਮਾਨਤ ਹੋਣ ਉਪਰੰਤ ਸੁਰਿੰਦਰ ਪਾਲ ਸ਼ਰਮਾ ਨੇ ਪੰਜਾਬ ਦੇ ਕ੍ਰਾਂਤੀਕਾਰੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਪੰਜਾਬ ਸਰਕਾਰ ਦੀ ਤਰਫੋਂ ਇਹ ਪ੍ਰਣਾਮ ਪੱਤਰ ਪ੍ਰਦਾਨ ਕਰਦੇ ਹੋਏ ਸਨਮਾਨ ਮਹਿਸੂਸ ਕਰ ਰਿਹਾ ਹਾਂ।ਸੁਰਿੰਦਰ ਪਾਲ ਸ਼ਰਮਾ ਨੇ ਬੱਚਿਆਂ ਨੂੰ ਕਿਹਾ ਕਿ ਉਹ ਆਪਣੇ ਜਨਮ ਦਿਨ ਮੌਕੇ ਘੱਟੋ ਘੱਟ 10 ਪੌਦੇ ਜ਼ਰੂਰ ਲਗਾਉਣ।ਇਸ ਮੌਕੇ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ, ਮੁੱਖ ਮੰਤਰੀ ਪੰਜਾਬ ਦੇ ਮੀਡੀਆ ਸਲਾਹਕਾਰ ਬਲਤੇਜ ਪੰਨੂ, ਵਿਧਾਇਕ ਪਟਿਆਲਾ ਅਜੀਤ ਪਾਲ ਸਿੰਘ ਕੋਹਲੀ ਆਦਿ ਹਾਜ਼ਰ ਸਨ।

## ਡੀ ਏ ਵੀ ਕਕਰਾਲਾ 'ਚ ਰੱਖੜੀ ਦਾ ਤਿਓਹਾਰ ਮਨਾਇਆ



ਸਮਾਣਾ (ਇਕਬਾਲ ਸਿੰਘ)-ਡੀ ਏ ਵੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਕਰਾਲਾ ਵਿਖੇ ਰੱਖੜੀ ਦਾ ਤਿਉਹਾਰ ਬਹੁਤ ਹੀ ਖੁਸ਼ੀ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਪੂਰੇ ਪ੍ਰੋਗਰਾਮ ਦਾ ਆਯੋਜਨ ਸਕੂਲ ਮੁਖੀ ਦੇ ਨਿਰਦੇਸ਼ਾਂ ਅਨੁਸਾਰ ਸ੍ਰ. ਭਗਤ ਸਿੰਘ ਹਾਊਸ ਦੇ ਇੰਚਾਰਜ ਤੇ ਸਾਰੇ ਅਧਿਆਪਕਾਂ ਦੇ ਸਹਿਯੋਗ ਨਾਲ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਕੀਤੀ ਗਈ, ਜਿਸ ਵਿੱਚ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਰੱਖੜੀ ਦੇ ਮਹੱਤਵ, ਇਸ ਦਾ ਇਤਿਹਾਸ ਤੇ ਇਸ ਤਿਉਹਾਰ ਨੂੰ ਕਿਵੇਂ ਮਨਾਇਆ ਜਾਂਦਾ ਹੈ, ਇਸ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਪਰੰਤ ਰੱਖੜੀ ਬਣਾਉਣ ਦੀ ਗਤੀਵਿਧੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਨਾ ਸਿਰਫ ਅਧਿਆਪਕਾਂ ਤੇ ਸਹਿਪਾਠੀਆਂ ਨੂੰ ਰੱਖੜੀ ਬੰਨ੍ਹੀ, ਬਲਕਿ ਦਰੱਖਤਾਂ ਨੂੰ ਵੀ ਰੱਖੜੀ ਬੰਨ੍ਹ ਕੇ ਕੁਦਰਤ ਦੇ ਪ੍ਰਤੀ ਆਪਣੀ ਪ੍ਰੀਤ ਤੇ ਪਿਆਰ ਨੂੰ ਦਰਸਾਇਆ।ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਮੁਖੀ ਨੇ ਆਪਣੇ ਸ਼ਬਦਾਂ ਵਿੱਚ ਸਭ ਦਾ ਧੰਨਵਾਦ ਕੀਤਾ ਤੇ ਭਾਈ ਭੈਣ ਦੇ ਪਿਆਰ ਦੇ ਪ੍ਰਤੀਕ ਇਸ ਤਿਉਹਾਰ ਦੀ ਸਭ ਨੂੰ ਵਧਾਈ ਦਿੱਤੀ।



ਡਾਕਟਰ ਕੌਰ ਸਿੰਘ ਤੇ ਬਲੌਰ ਸਿੰਘ ਸੋਹੀ ਵਾਸੀ ਫੂਲ ਟਾਊਨ ਨੂੰ ਨੇੜੇ ਜਾਂਦੀ ਨਹਿਰ ਕੋਲੋਂ ਡਿੱਗਿਆ ਪਰਸ ਮਿਲਿਆ।ਉਨ੍ਹਾਂ ਪਰਸ ਦੇ ਮਾਲਕ ਗੌਰਵ ਪੁੱਤਰ ਸਤਪਾਲ ਵਾਸੀ ਬੰਸੋਵਾਲ ਕਲੋਨੀ, ਪੋਸਟ ਆਫਿਸ ਗੰਗੂਵਾਲ, ਰੂਪਨਗਰ ਨੂੰ ਘਰ ਬਲਾ ਕੇ ਪਰਸ ਵਾਪਸ ਕੀਤਾ, ਜਿਸ ਵਿੱਚ 2030 ਰੁਪਏ ਨਗਦ, ਗੱਡੀ ਆਰ ਸੀ, ਚਾਰ ਏ ਟੀ ਐੱਮ, ਅਧਾਰ ਕਾਰਡ ਤੇ ਪੈਨ ਕਾਰਡ ਸੀ।(ਫੋਟੋ ਤੇ ਵੇਰਵਾ-ਦਰਸ਼ਨ ਜਿੰਦਲ, ਰਾਮਪੁਰਾ ਫੂਲ।

## ਮਾਂ ਨੈਣਾਂ ਦੇਵੀ ਸੇਵਾ ਸੰਸਥਾ ਦਾ ਸਨਮਾਨ ਕੀਤਾ



ਸਮਰਾਲਾ (ਸੁਰਜੀਤ ਸਿੰਘ)

78ਵੇਂ ਅਜ਼ਾਦੀ ਦਿਵਸ ਮੌਕੇ ਵਿਖੇ ਨੈਣਾਂ ਦੇਵੀ ਸੇਵਾ ਸੰਸਥਾ ਸੁਸਾਇਟੀ ਰਜ਼ਿ. ਦੇ ਅਹੁਦੇਦਾਰਾਂ ਦਾ ਰਜਨੀਸ਼ ਅਰੋੜਾ ਐਸ.ਡੀ.ਐਮ. ਵੱਲੋਂ ਸਨਮਾਨ ਕੀਤਾ ਗਿਆ।ਮਾਂ ਨੈਣਾਂ ਦੇਵੀ ਸੇਵਾ ਸੰਸਥਾ ਸੁਸਾਇਟੀ ਰਜ਼ਿ. ਵੱਲੋਂ ਹਰ ਸਾਲ ਪ੍ਰਸਿੱਧ ਸ਼ਕਤੀ ਪੀਠ ਮਾਤਾ ਨੈਣਾ ਦੇਵੀ ਹਿਮਾਚਲ ਪ੍ਰਦੇਸ਼ ਵਿਖੇ ਲੰਗਰ ਦੇ ਕੋਲ ਫਰੀ ਦਵਾਈਆਂ ਦੀ ਸੇਵਾ ਤੇ ਲੋੜ ਪੈਣ ਤੇ ਫਰੀ ਐਂਬੂਲੈਂਸ ਦੀ ਸੇਵਾ ਨਿਭਾਈ ਜਾਂਦੀ ਹੈ। ਐਂਬੂਲੈਂਸ ਦੀ ਫ੍ਰੀ ਸੇਵਾ ਸਮਾਜ ਸੇਵੀ ਸਤੀਸ਼ ਕੁਮਾਰ ਡੀਸੀ ਵੱਲੋਂ ਨਿਭਾਈ ਜਾਂਦੀ ਹੈ, ਜੋ ਸੰਸਥਾ ਦੇ ਅਹੁਦੇਦਾਰ ਵੀ ਹਨ।ਸਨਮਾਨ ਲੈਣ ਦੇ ਮੌਕੇ ਸੰਸਥਾ ਦੇ ਪ੍ਰਧਾਨ ਕ੍ਰਿਸ਼ਨ ਲਾਲ ਚਾਨਣਾ ਤੇ ਸੈਕਟਰੀ ਕਮਲਪ੍ਰੀਤ ਪਾਸੀ ਮੌਜੂਦ ਸਨ।ਇਸ ਮੌਕੇ ਸੈਕਟਰੀ ਕਮਲਪ੍ਰੀਤ ਪਾਸੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਵਣ ਦੇ ਚਾਲੇ 'ਤੇ 4 ਅਗਸਤ ਤੋਂ 14 ਅਗਸਤ ਤੱਕ ਫ੍ਰੀ ਦਵਾਈਆਂ ਦੇ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਦਿਨ-ਰਾਤ 24 ਘੰਟੇ ਚੱਲਦਾ ਸੀ, ਜਿਸ ਵਿੱਚ ਮਰੀਜ਼ਾਂ ਨੂੰ ਫਰੀ ਦਵਾਈਆਂ ਤੇ ਲੋੜ ਪੈਣ 'ਤੇ ਜ਼ਖ਼ਮੀ ਮਰੀਜ਼ਾਂ ਨੂੰ ਐਂਬੂਲੈਂਸ ਦੀ ਸਹਾਇਤਾ ਦਿੱਤੀ ਜਾਂਦੀ ਹੈ।ਕੈਂਪ ਵਿੱਚ ਮਾਂ ਨੈਣਾਂ ਦੇਵੀ ਮੰਦਿਰ ਟਰੱਸਟ ਅਤੇ ਪੰਜਾਬ, ਹਰਿਆਣਾ, ਹਿਮਾਚਲ, ਜੈਪਰ ਤੇ ਚੰਡੀਗੜ੍ਹ ਤੋਂ ਮਾਹਰ ਡਾਕਟਰਾਂ ਅਤੇ ਉਨ੍ਹਾਂ ਦੀਆਂ ਟੀਮਾਂ ਵੱਲੋਂ ਦਿਨ ਰਾਤ 24 ਘੰਟੇ ਸੇਵਾ ਨਿਭਾਈ ਜਾਂਦੀ ਹੈ ਤੇ ਆਜ਼ਾਦੀ ਦੇ ਦਿਹਾੜੇ ਤੇ ਐਸਡੀਐਮ ਸਮਰਾਲਾ ਵੱਲੋਂ ਸਾਡੀ ਸੰਸਥਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

## ਸੈਣ ਵੈੱਲਫੇਅਰ ਸਭਾ ਦਾ ਵਫ਼ਦ ਵੜਿੰਗ ਨੂੰ ਮਿਲਿਆ



ਕੋਟਕਪੂਰਾ (ਰਛਪਾਲ ਭੁੱਲਰ)-ਭਾਰਤੀ ਕਿਸਾਨ ਏਕਤਾ ਸੈਣ ਵੈਲਫੇਅਰ ਸਭਾ ਦੇ ਸੂਬਾ ਪ੍ਰਧਾਨ ਡਾ. ਪ੍ਰਗਟ ਸਿੰਘ ਧੀਰਾ ਪੱਤਰਾ ਦੀ ਰਹਿਨੁਮਾਈ ਹੇਠ ਮੀਤ ਪ੍ਰਧਾਨ ਨੀਲਾ ਸਿੰਘ, ਜਨਰਲ ਸਕੱਤਰ ਬੂਟਾ ਸਿੰਘ ਰਤੀ ਰੋੜੀ, ਦਰਸ਼ਨ ਸਿੰਘ ਮੱਲਣ ਜਨਰਲ ਸਲਾਹਕਾਰ, ਇਕਾਈ ਪ੍ਰਧਾਨ ਬਿੰਦਰ ਸਿੰਘ, ਮੇਜਰ ਸਿੰਘ ਜੈਤੋ ਇਕਾਈ ਪ੍ਰਧਾਨ, ਇਕਾਈ ਪ੍ਰਧਾਨ ਗੁਰਮੇਲ ਸਿੰਘ ਮੱਲਣ ਦੇ ਨਾਲ ਸੈਣ ਸਭਾ ਦੀਆਂ ਸਮੱਸਿਆਵਾਂ ਬਾਰੇ ਪੰਜਾਬ ਕਾਂਗਰਸ ਦੇ ਪ੍ਰਧਾਨ ਤੇ ਲੁਧਿਆਣੇ ਤੋਂ ਐਮ ਪੀ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੀਟਿੰਗ ਕੀਤੀ ਅਤੇ ਕੰਮਾਂ ਬਾਰੇ ਜਾਣੂ ਕਰਾਉਂਦਿਆਂ ਮੰਗ ਪੱਤਰ ਸੌਂਪਿਆ ਗਿਆ।ਮੀਟਿੰਗ ਬਹੁਤ ਵਧੀਆ ਮਾਹੌਲ ਵਿੱਚ ਹੋਈ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵਿਸ਼ਵਾਸ ਦਿਵਾਇਆ ਕਿ ਸਾਡੇ ਸਮਾਜ ਦੀਆਂ ਸਮੱਸਿਆਵਾਂ ਤੇ ਮੰਗਾਂ ਨੂੰ ਜਲਦ ਹੱਲ ਕਰਨ ਦੇ ਯਤਨ ਕੀਤੇ ਜਾਣਗੇ।ਧੀਰਾ ਪੱਤਰਾ ਵੱਲੋਂ ਦਰਸ਼ਨ ਸਿੰਘ ਮੱਲਣ ਦਾ ਮੀਟਿੰਗ ਕਰਾਉਣ ਦਾ ਧੰਨਵਾਦ ਕੀਤਾ।

## ਲਵਿੰਗ ਲਿਟਲ ਪਲੇਵੇ 'ਚ ਰੱਖੜੀ ਦਾ ਤਿਉਹਾਰ ਮਨਾਇਆ



ਮਲੋਟ (ਗੁਰਮੀਤ ਸਿੰਘ ਮੱਕੜ)-ਭੈਣ ਭਰਾ ਦੇ ਅਟੁੱਟ ਪਿਆਰ ਦੇ ਰਿਸ਼ਤੇ ਦਾ ਤਿਉਹਾਰ ਰੱਖੜੀ ਸਥਾਨਕ ਲਵਿੰਗ ਲਿਟਲ ਪਲੇਵੇ ਐਂਡ ਪ੍ਰੇਪਰੇਟਰੀ ਸਕੂਲ ਵਿਖੇ ਧੂਮਧਾਮ ਨਾਲ ਮਨਾਇਆ ਗਿਆ। ਇਸ ਦੌਰਾਨ ਛੋਟੀਆਂ ਛੋਟੀਆਂ ਭੈਣਾਂ ਨੇ ਆਪਣੇ ਭਰਾਵਾਂ ਦੇ ਗੁੱਟ 'ਤੇ ਰੱਖੜੀਆਂ ਬੰਨ੍ਹੀਆਂ ਗਈਆਂ ਤੇ ਚਾਕਲੇਟ, ਟਾਫ਼ੀਆਂ ਤੇ ਮਠਿਆਈਆਂ ਨਾਲ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਭਰਾਵਾਂ ਨੇ ਆਪਣੀਆਂ ਭੈਣਾਂ ਨੂੰ ਤੋਹਫ਼ੇ ਦਿੱਤੇ। ਸਕੂਲ ਪ੍ਰਿੰਸੀਪਲ ਮੀਨਾ ਅਰੋੜਾ ਨੇ ਕਿਹਾ ਕਿ ਭਾਰਤੀ ਸੱਭਿਆਚਾਰਕ ਦਾ ਪ੍ਰਤੀਕ ਰੱਖੜੀ ਦਾ ਤਿਉਹਾਰ ਯੁਗਾਂ ਤੋਂ ਮਨਾਇਆ ਜਾ ਰਿਹਾ ਹੈ। ਇਸ ਸਮੇਂ ਇਸ ਤਿਉਹਾਰ ਦੀ ਮਿਠਾਸ ਕੁੱਝ ਘੱਟ ਨਜ਼ਰ ਆ ਰਹੀ ਹੈ, ਇਹੀ ਕਾਰਨ ਹੈ ਕਿ ਦੇਸ਼ ਵਿੱਚ ਭਰੂਣ ਹੱਤਿਆ ਕਾਰਨ ਲੜਕੀਆਂ ਤੇ ਲੜਕਿਆਂ ਦੀ ਜਨਮ ਦਰ ਵਿੱਚ ਕਾਫ਼ੀ ਅੰਤਰ ਪੈਦਾ ਹੋ ਗਿਆ ਹੈ। ਉਨ੍ਹਾ ਭਰੂਣ ਹੱਤਿਆ 'ਤੇ ਰੋਸ ਪ੍ਰਗਟ ਕਰਦੇ ਹੋਏ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਪੰਜਾਬੀ ਆਪਣੇ ਤਨ ਤੇ ਮਨ ਨਾਲ ਇਸ ਹੱਤਿਆ ਦੇ ਵਿਰੁੱਧ ਬੀੜਾ ਚੁੱਕੇ। ਇਸ ਮੌਕੇ ਮੈਡਮ ਅਨੂੰ, ਨਿਸ਼ਾ, ਗਗਨ, ਸ਼ੀਨੂੰ ਨੇ ਵੀ ਆਪਣਾ ਅਹਿਮ ਯੋਗਦਾਨ ਪਾਇਆ।

## ਨਗਰ ਨਿਗਮ ਤੇ ਸਿਟੀ ਨੀਡਜ਼ ਨੇ 22000 ਬੂਟੇ ਲਾਏ



ਲੁਧਿਆਣਾ (ਰਾਜ ਸਿੰਗਲਾ)

ਨਗਰ ਨਿਗਮ ਲੁਧਿਆਣਾ ਤੇ ਸਿਟੀ ਨੀਡਜ਼ ਨੇ ਸ਼ਹਿਰ ਭਰ ਵਿੱਚ 63 ਥਾਂਵਾਂ 'ਤੇ 22000 ਬੂਟੇ ਲਾਉਣ ਤੋਂ ਬਾਅਦ ਟਰੀ ਏ.ਟੀ.ਐਮ 3.0 ਮੁਹਿੰਮ ਦੀ ਸਮਾਪਤੀ ਦਾ ਐਲਾਨ ਕੀਤਾ।ਮਹੀਨਾ ਭਰ ਚੱਲਣ ਵਾਲੀ ਇਸ ਮੁਹਿੰਮ ਦੀ ਸਮਾਪਤੀ ਦਾ ਐਲਾਨ ਸ਼ਨੀਵਾਰ ਨੂੰ ਸਰਕਟ ਹਾਊਸ ਵਿਖੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਦੇ ਨੁਮਾਇੰਦੇ ਸਰਤਾਜ ਸਿੰਘ ਸਿੱਧੂ, ਨਗਰ ਨਿਗਮ ਦੇ ਸਹਾਇਕ ਕਮਿਸ਼ਨਰ ਜਸਦੇਵ ਸਿੰਘ ਸੇਖੋਂ, ਸਿਟੀ ਨੀਡਜ਼ ਦੇ ਮਨੀਤ ਦੀਵਾਨ ਸਮੇਤ ਹੋਰਨਾਂ ਨੇ ਕੀਤਾ।ਸਮਾਪਤੀ ਸਮਾਰੋਹ ਦੌਰਾਨ ਐਕਟ ਹਿਊਮਨ ਤੋਂ ਹਰਲੀਨ ਕੌਰ, ਸਮਾਲ ਆਈਡੀਆ ਗ੍ਰੇਟ ਆਈਡੀਆ ਤੋਂ ਡਾ.ਐਸ.ਬੀ.ਪਾਂਧੀ, ਮਾਰਸ਼ਲ ਏਡ ਫਾਊਂਡੇਸ਼ਨ ਤੋਂ ਮਨਦੀਪ ਕੇਸ਼ਵ ਗੁੱਡੂ, ਨੇਕੀ ਕੀ ਰਸੋਈ ਤੋਂ ਹਰਜੇਸ਼ ਜੈਨ ਆਦਿ ਵੀ ਹਾਜ਼ਰ ਸਨ।ਸੇਖੋਂ ਅਤੇ ਦੀਵਾਨ ਨੇ ਦੱਸਿਆ ਕਿ 22000 ਬੂਟੇ ਲਾਉਣ ਦਾ ਇਹ ਮੀਲ ਪੱਥਰ ਐਕਟ ਹਿਊਮਨ ਵੱਲੋਂ ਵਿੱਤੀ ਸਹਾਇਤਾ ਅਤੇ ਮਾਰਸ਼ਲ ਏਡ ਫਾਊਂਡੇਸ਼ਨ ਦੇ ਯਤਨਾਂ ਸਦਕਾ ਪੂਰਾ ਹੋਇਆ ਹੈ।ਨੇਕੀ ਕੀ ਰਸੋਈ ਦੇ ਹਰਜੇਸ਼ ਜੈਨ ਨੇ ਮੁਹਿੰਮ ਦੌਰਾਨ ਸਾਰੇ ਵਲੰਟੀਅਰਾਂ ਨੂੰ ਭੋਜਨ ਮੁਹੱਈਆ ਕਰਾਇਆ ਤੇ ਮਸ਼ੀਨਰੀ ਨਗਰ ਨਿਗਮ ਲੁਧਿਆਣਾ ਵੱਲੋਂ ਮੁਹੱਈਆ ਕਰਾਈ ਗਈ।ਇਸ ਪਹਿਲਕਦਮੀ ਦਾ ਉਦਘਾਟਨ ਡਿਪਟੀ ਕਮਿਸ਼ਨਰ (ਡੀ.ਸੀ) ਸਾਕਸ਼ੀ ਸਾਹਨੀ ਤੇ ਨਗਰ ਨਿਗਮ ਦੇ ਸਹਾਇਕ ਕਮਿਸ਼ਨਰ ਜਸਦੇਵ ਸੇਖੋਂ ਨੇ ਕੀਤਾ ਸੀ।ਆਪਣੇ-ਆਪਣੇ ਸਥਾਨਾਂ 'ਤੇ ਬੂਟੇ ਲਵਾਉਣ ਦੇ ਇੱਛੁਕ ਵਸਨੀਕਾਂ ਲਈ ਟੋਲ ਫਰੀ ਨੰਬਰ ਜਾਰੀ ਕੀਤਾ ਗਿਆ ਸੀ।ਇੱਛੁਕ ਵਿਅਕਤੀਆਂ ਤੋਂ ਪੁਸ਼ਟੀ ਹੋਣ ਤੋਂ ਬਾਅਦ ਵਲੰਟੀਅਰਾਂ ਦੀ ਟੀਮ ਨੇ ਖੁਦ ਮੌਕੇ 'ਤੇ ਪਹੁੰਚ ਕੇ ਬੂਟੇ ਲਗਾਏ।ਜਸਦੇਵ ਸਿੰਘ ਸੇਖੋਂ ਤੇ ਮਨੀਤ ਦੀਵਾਨ ਨੇ ਦੱਸਿਆ ਕਿ ਬੂਟਿਆਂ ਨੂੰ ਜੀਓ-ਟੈਗ ਕੀਤਾ ਗਿਆ ਹੈ ਅਤੇ ਸਿਟੀ ਨੀਡਜ਼ ਵੀ ਇਨ੍ਹਾਂ ਰੁੱਖਾਂ ਦੇ ਬਚਾਅ ਨੂੰ ਯਕੀਨੀ ਬਣਾਉਣ ਲਈ ਸਥਿਤੀ ਦੀ ਨਿਗਰਾਨੀ ਕਰੇਗੀ।ਇਸ ਮੁਹਿੰਮ ਤਹਿਤ ਪਿੱਪਲ, ਨਿੰਮ, ਟਾਹਲੀ, ਅੰਬ, ਜਾਮੁਨ, ਮੋਰਿੰਗਾ, ਅਮਲਤਾਸ, ਕਚਨਾਰ ਆਦਿ ਪੰਜਾਬ ਦੇ ਦੇਸੀ ਰੁੱਖ ਲਾਏ ਗਏ ਹਨ।ਸੇਖੋਂ ਤੇ ਦੀਵਾਨ ਨੇ ਕਿਹਾ ਕਿ ਟ੍ਰੀ ਏ.ਟੀ.ਐਮ 3.0 ਸਿਰਫ਼ ਪੌਦੇ ਲਾਉਣ ਦੀ ਮੁਹਿੰਮ ਤੋਂ ਵੱਧ ਹੈ।ਇਹ ਜਵਾਬਦੇਹੀ, ਸਥਿਰਤਾ ਤੇ ਭਾਈਚਾਰਕ ਸ਼ਮੂਲੀਅਤ ਵੱਲ ਇੱਕ ਅੰਦੋਲਨ ਹੈ।

## ਚੇਅਰਮੈਨ ਜੱਸੀ ਦੀ ਅਗਵਾਈ 'ਚ ਕੇਜਰੀਵਾਲ ਦਾ ਜਨਮ ਦਿਨ ਮਨਾਇਆ



ਨਾਭਾ (ਵਰਿੰਦਰ ਵਰਮਾ)-ਦੇਸ਼ ਦੀ ਰਾਜਨੀਤੀ ਨੂੰ ਨਵੀਂ ਦਿਸ਼ਾ ਤੇ ਦਸ਼ਾ ਦੇਣ ਵਾਲੇ ਇਮਾਨਦਾਰ ਨੇਤਾ, ਕ੍ਰਾਂਤੀਕਾਰੀ ਲੀਡਰ ਤੇ ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀਆਂ ਲੋਕ ਪੱਖੀ ਨੀਤੀਆਂ ਤੋਂ ਅੱਜ ਦੇਸ਼ ਦਾ ਬੱਚਾ-ਬੱਚਾ ਸੰਤੁਸ਼ਟ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਤੇ ਨਾਭਾ ਹਲਕੇ ਦੇ ਹੋਣਹਾਰ ਨੌਜਵਾਨ ਆਗੂ ਜੱਸੀ ਸੋਹੀਆਂ ਵਾਲਾ ਨੇ ਰਾਇਲ ਕਿੰਗ ਕਲੱਬ ਨਾਭਾ ਨਿਵਾਸ ਵਿਖੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦਾ ਜਨਮ ਦਿਨ ਮਨਾਉਣ ਮੌਕੇ ਹਲਕੇ ਦੇ ਵੱਡੀ ਗਿਣਤੀ ਵਿੱਚ ਆਪ ਵਲੰਟੀਅਰਾਂ ਤੇ ਆਗੂਆਂ ਦੀ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਦੇਸ਼ ਦੇ ਇਮਾਨਦਾਰ ਤੇ ਕ੍ਰਾਂਤੀਕਾਰੀ ਨੇਤਾ ਕੇਜਰੀਵਾਲ ਨੂੰ ਭਾਜਪਾ ਨੇ ਜਾਣਬੁੱਝ ਕੇ ਜੇਲ੍ਹ 'ਚ ਡੱਕਿਆ ਹੈ। ਚੇਅਰਮੈਨ ਨੇ ਆਪ ਅਹੁਦੇਦਾਰਾਂ, ਵਲੰਟੀਅਰਾਂ ਤੇ ਆਗੂਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਉਣ ਵਾਲੀਆਂ ਲੋਕ ਸਭਾ, ਜ਼ਿਲ੍ਹਾ ਪ੍ਰੀਸ਼ਦ, ਬਲਾਕ ਸੰਮਤੀ ਤੇ ਪੰਚਾਇਤੀ ਚੋਣਾਂ ਦੀ ਤਿਆਰੀ ਵਿੱਚ ਹੁਣੇ ਤੋਂ ਜੁੱਟ ਜਾਣ ਤਾਂ ਜੋ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੱਡੀ ਗਿਣਤੀ ਵਿੱਚ ਜਿੱਤ ਦਿਵਾ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਦੇ ਹੱਥ ਹੋਰ ਮਜ਼ਬੂਤ ਕਰ ਸਕੀਏ। ਇਸ ਵੱਡੇ ਇਕੱਠ ਵਿੱਚ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸੁਰਿੰਦਰਪਾਲ ਸ਼ਰਮਾ, ਬਲਾਕ ਪ੍ਰਧਾਨ ਸੁੱਖ ਘੁੰਮਣ ਚਾਸਵਾਲ, ਬਲਾਕ ਪ੍ਰਧਾਨ ਕੁਲਦੀਪ ਸਿੰਘ ਰਾਮਗੜ੍ਹ, ਜਗਮੇਲ ਸਿੰਘ ਸੋਹੀ, ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਦਵਿੰਦਰ ਸਿੰਘ ਕੁਲਾਰਾ, ਬੁੱਧ ਸਿੰਘ ਸੰਧਨੋਲੀ, ਯੂਥ ਆਗੂ ਲਾਲੀ ਫ਼ਤਿਹਪੁਰ, ਗੋਬਿੰਦ ਸਿੰਘ ਜੰਡੂ, ਲਾਡੀ ਖਹਿਰਾ ਨੇ ਵੀ ਸਮੂਹ ਵਲੰਟੀਅਰਾਂ ਨੂੰ ਵਧਾਈ ਦਿੱਤੀ।

ਸਮਾਗਮ ਦੌਰਾਨ ਹੋਰਨਾਂ ਤੋਂ ਇਲਾਵਾ ਯੂਥ ਆਗੂ ਸਤਗੁਰ ਸਿੰਘ ਖਹਿਰਾ, ਦਵਿੰਦਰ ਸਿੰਘ ਬੂਹੀ, ਬਾਵਾ ਸਿੰਘ ਕਕਰਾਲਾ, ਦਲਜੀਤ ਸਿੰਘ ਬਾਜਵਾ, ਖੁਸ਼ਵਿੰਦਰ ਸ਼ਰਮਾ ਨਰਮਾਣਾ, ਅਕਾਸ਼ ਕੁਮਾਰ ਗੋਲੂ ਪ੍ਰਧਾਨ ਤੇ ਗੁਰਦੀਪ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਹਲਕੇ ਦੇ ਲੋਕਾਂ ਨੇ ਸ਼ਮੂਲੀਅਤ ਕੀਤੀ।

## ਐੱਨ ਐੱਚ ਪੀ ਸੀ ਨੇ ਲਗਾਇਆ 100 ਫੁੱਟ ਉੱਚਾ ਤਿਰੰਗਾ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ)-ਭਾਰਤ ਸਰਕਾਰ ਦੇ ਬਿਜਲੀ ਮੰਤਰਾਲੇ ਅਧੀਨ ਚੱਲ ਰਹੇ ਜਨਤਕ ਅਦਾਰੇ ਨੈਸ਼ਨਲ ਹਾਈਡਰੋ ਇਲੈਕਟ੍ਰੀਕਲ ਪਾਵਰ ਕਾਰਪੋਰੇਸ਼ਨ ਵੱਲੋਂ ਸ਼ਹੀਦ ਊਧਮ ਸਿੰਘ ਦੇ ਜਨਮ ਸਥਾਨ ਸੁਨਾਮ ਦੇ ਰੇਲਵੇ ਸਟੇਸ਼ਨ 'ਤੇ 100 ਫੁੱਟ ਉੱਚਾ ਤਿਰੰਗਾ ਲਗਾਇਆ ਗਿਆ ਹੈ, ਜਿਸ ਦਾ ਉਦਘਾਟਨ ਰਾਸ਼ਟਰੀ ਸਵੈਮ ਸੇਵਕ ਸੰਘ ਦੇ ਉੱਤਰੀ ਜ਼ੋਨ ਦੇ ਸੰਪਰਕ ਮੁਖੀ ਤੇ ਸੰਘ ਦੇ ਸੀਨੀਅਰ ਪ੍ਰਚਾਰਕ ਜਸਵੀਰ ਸਿੰਘ ਨੇ ਸੁਤੰਤਰ ਨਿਰਦੇਸ਼ਕ, ਐੱਨ.ਐੱਚ.ਪੀ.ਸੀ. ਡਾ. ਅਮਿਤ ਕਾਂਸਲ ਦੀ ਹਾਜ਼ਰੀ ਵਿੱਚ ਕੀਤਾ। ਸੁਤੰਤਰਤਾ ਦਿਵਸ ਮੌਕੇ ਪ੍ਰੋਗਰਾਮ ਦੀ ਸ਼ੁਰੂਆਤ ਭਾਰਤ ਮਾਤਾ ਤੇ ਰਾਸ਼ਟਰੀ ਝੰਡੇ ਦੀ ਪੂਜਾ ਅਤੇ ਜੋਤੀ ਪ੍ਰਜਵਲਿਤ ਕਰਕੇ ਕੀਤੀ ਗਈ।ਜਸਵੀਰ ਸਿੰਘ ਤੇ ਡਾ: ਅਮਿਤ ਕਾਂਸਲ ਸਮੇਤ ਸੰਗਠਨ ਦੇ ਪ੍ਰਮੁੱਖ ਕਾਰਜਕਰਤਾਵਾਂ ਵੱਲੋਂ ਭਾਰਤ ਮਾਤਾ ਦੀ ਤਸਵੀਰ ਅੱਗੇ ਜੋਤ ਜਗਾਈ ਗਈ ਤੇ ਫੁੱਲ ਮਾਲਾਵਾਂ ਭੇਟ ਕੀਤੀਆਂ ਗਈਆਂ।ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਕੌਮੀ ਕਾਰਜਕਾਰਨੀ ਮੈਂਬਰ ਪ੍ਰੇਮ ਗੁਗਲਾਨੀ, ਭਾਜਪਾ ਦੇ ਸੂਬਾ ਕਾਰਜਕਾਰਨੀ ਮੈਂਬਰ ਰਿਸ਼ੀਪਾਲ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਅੰਮ੍ਰਿਤਰਾਜ ਸਿੰਘ, ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਯੋਗੇਸ਼, ਭਾਜਪਾ ਦੇ ਸਾਬਕਾ ਜ਼ਿਲ੍ਹਾ ਕੈਸ਼ੀਅਰ ਭਗਵਾਨ ਦਾਸ ਕਾਂਸਲ, ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਮੌਜੂਦਾ ਪ੍ਰਧਾਨ ਡਾ: ਰਾਜੀਵ ਜਿੰਦਲ, ਡਾ: ਅਤੁਲ ਗੁਪਤਾ, ਬਨਵਾਸੀ ਕਲਿਆਣ ਆਸ਼ਰਮ ਤੋਂ ਰਾਜ ਕੁਮਾਰ ਗਰਗ, ਸਥਾਨਿਕ ਸਰਵਹਿੱਤਕਾਰੀ ਸਿੱਖਿਆ ਸਮਿਤੀ ਦੇ ਪ੍ਰਧਾਨ ਦੀਵਾਨ ਗੋਇਲ, ਬ੍ਰਹਮਾ ਕੁਮਾਰੀ ਸੰਸਥਾਨ ਤੋਂ ਮੀਰਾ ਭੈਣ, ਭਾਜਪਾ ਜ਼ਿਲ੍ਹਾ ਮਾਨਸਾ ਦੇ ਮੀਤ ਪ੍ਰਧਾਨ ਸਮੀਰ ਛਾਬੜਾ, ਬਰਨਾਲਾ ਤੋਂ ਲਖਨ ਗੋਇਲ, ਸ਼ਹੀਦ ਊਧਮ ਸਿੰਘ ਯਾਦਗਰ ਕਮੇਟੀ ਤੋਂ ਹਰਦਿਆਲ ਸਿੰਘ ਕੰਬੋਜ, ਕਰਨਵੀਰ ਕਾਂਸਲ ਅਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਆਗੂ ਤੇ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਪਤਵੰਤੇ ਹਾਜ਼ਰ ਸਨ।

## ਬੀ ਬੀ ਐੱਸ ਬੀ ਕਾਨਵੈਂਟ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ

ਜਗਰਾਉਂ (ਅਮਿਤ ਖੰਨਾ)-ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਰੱਖੜੀ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਰੱਖੜੀ ਦੇ ਤਿਉਹਾਰ ਦੇ ਇਸ ਖਾਸ ਦਿਨ ਦੀ ਮਹੱਤਤਾ ਬਾਰੇ ਸਭ ਤੋਂ ਪਹਿਲਾਂ ਵਿਦਿਆਰਥੀਆਂ ਨੂੰ ਦੱਸਿਆ ਗਿਆ ਤੇ ਇਸ ਤੋਂ ਬਾਅਦ ਬੱਚਿਆਂ ਦੁਆਰਾ ਬਣਾਈ ਗਈ ਰੱਖੜੀ ਬੱਚਿਆਂ ਤੇ ਅਧਿਆਪਕਾਂ ਨੇ ਮਿਲ ਕੇ ਰੁੱਖ ਨੂੰ ਬੰਨ੍ਹੀਂ ਅਤੇ ਇਸ ਮੌਕੇ ਪਿੰਸੀਪਲ ਮੈਡਮ ਮੋਨਾ ਠਾਕੁਰ ਨੇ ਦੱਸਿਆ ਕੇ ਰੁੱਖ ਵੀ ਆਪਣੇ ਪਰਿਵਾਰ ਦਾ ਹਿੱਸਾ ਹੁੰਦੇ ਹਨ ਤੇ ਇਨ੍ਹਾਂ ਦੀ ਸੰਭਾਲ ਕਰਨਾ ਵੀ ਸਾਡਾ ਫਰਜ਼ ਹੈ। ਉਨ੍ਹਾ ਹੋਰ ਰੁੱਖ ਲਗਾਉਣ ਲਈ ਵੀ ਬੱਚਿਆਂ ਨੂੰ ਪ੍ਰੇਰਿਤ ਕੀਤਾ। ਸਮੂਹ ਮੈਨੇਜਮੈਂਟ ਵੱਲੋਂ ਵੀ ਬੱਚਿਆਂ ਨੂੰ ਰੱਖੜੀ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਗਈਆਂ ਤੇ ਨਾਲ ਹੀ ਬੱਚਿਆਂ ਨੂੰ ਰੱਖੜੀ ਦੇ ਇਸ ਖਾਸ ਦਿਨ ਨੂੰ ਮਨਾਉਣ ਲਈ ਨਰਸਰੀ ਤੋਂ ਯੂ. ਕੇ. ਜੀ ਕਲਾਸ ਤੱਕ ਦੇ ਵਿਦਿਆਰਥੀਆਂ ਦੁਆਰਾ ਹੱਥ ਨਾਲ ਰੱਖੜੀ ਬਣਾਉਣ ਦੀ ਪ੍ਰਤੀਯੋਗਤਾ ਵਿੱਚ ਹਿੱਸਾ ਲਿਆ ਗਿਆ। ਵਿਦਿਆਰਥੀਆਂ ਦੁਆਰਾ ਬਹੁਤ ਹੀ ਸੁੰਦਰ ਰੱਖੜੀਆਂ ਬਣਾਈਆਂ ਗਈਆਂ। ਇਸ ਮੌਕੇ ਪ੍ਰਿੰਸੀਪਲ ਮੈਡਮ ਤੇ ਸਮੂਹ ਪ੍ਰਬੰਧਕੀ ਕਮੇਟੀ, ਜਿਸ ਵਿੱਚ ਚੇਅਰਮੈਨ ਸਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਟਰ ਸ਼ਾਮ ਸੁੰਦਰ ਭਾਰਦਵਾਜ ਤੇ ਗਗਨਦੀਪ ਬਾਵਾ ਹਾਜ਼ਰ ਸਨ।



## ਕਿੰਡਰ ਗਾਰਟਨ 'ਚ ਰੱਖੜੀ ਦਾ ਤਿਉਹਾਰ ਮਨਾਇਆ



ਸਮਰਾਲਾ (ਸੁਰਜੀਤ ਸਿੰਘ)-ਕਿੰਡਰ ਗਾਰਟਨ ਐਂਡ ਸੀ. ਸੈ. ਸਕੂਲ ਵਿਖੇ ਰੱਖੜੀ ਦਾ ਤਿਉਹਾਰ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ ਨੇ ਰੱਖੜੀ ਦੇ ਤਿਉਹਾਰ ਬਾਰੇ ਦੱਸਦੇ ਹੋਏ ਕਿਹਾ ਕਿ ਇਹ ਤਿਉਹਾਰ ਸਾਉਣ ਮਹੀਨੇ ਦੀ ਪੂਰਨਮਾਸ਼ੀ ਨੂੰ ਮਨਾਇਆ ਜਾਂਦਾ ਹੈ।ਕਈ ਇਲਾਕਿਆਂ ਵਿੱਚ ਰੱਖੜੀ ਨੂੰ ਰਾਖੀ ਕਹਿੰਦੇ ਹਨ।ਇਸ ਦਿਨ ਭੈਣਾਂ ਆਪਣੇ ਵੀਰ ਦੀ ਵੀਣੀ 'ਤੇ ਰੱਖੜੀ ਬੰਨ੍ਹਦੀਆਂ ਹਨ।ਰੱਖੜੀ ਦਾ ਮੋਟੇ ਤੌਰ 'ਤੇ ਅਰਥ ਹੈ ਰਾਖੀ ਕਰਨਾ।ਇਸ ਲਈ ਇਸ ਤਿਉਹਾਰ ਸਮੇਂ ਭੈਣਾਂ ਆਪਣੀ ਰਾਖੀ ਲਈ ਆਪਣੇ ਵੀਰਾਂ ਦੇ ਰੱਖੜੀ ਬੰਨ੍ਹਦੀਆਂ ਹਨ।ਆਪਣੇ ਵੀਰਾਂ ਦੀ ਲੰਮੀ ਉਮਰ ਦੀਆਂ ਸੁੱਖਾਂ ਸੁੱਖਦੀਆਂ ਹਨ।ਪਹਿਲੇ ਸਮਿਆਂ ਵਿੱਚ ਰੱਖੜੀ ਦਾ ਤਿਉਹਾਰ ਬਹੁਤ ਹੀ ਸਾਦਾ ਮਨਾਇਆ ਜਾਂਦਾ ਸੀ।ਦੁਕਾਨ ਤੋਂ ਰੰਗ ਬਰੰਗੀ ਲੋਗੜੀ ਖਰੀਦੀ ਜਾਂਦੀ ਸੀ, ਉਸ ਦੀ ਡੋਰ ਵੱਟ ਕੇ ਵੀਰ ਦੇ ਗੁੱਟ 'ਤੇ ਬੰਨ੍ਹ ਦਿੱਤੀ ਜਾਂਦੀ ਸੀ।ਵੀਰ ਆਪਣੀ ਭੈਣ ਨੂੰ ਇੱਕ ਰੁਪਇਆ ਸ਼ਗਨ ਵਜੋਂ ਦੇ ਦਿੰਦਾ ਸੀ।ਕਈ ਭੈਣਾਂ ਵੱਟੀ ਡੋਰ ਵਿੱਚ ਲੋਗੜੀ ਦਾ ਫੁੱਲ ਬਣਾ ਕੇ ਲਾ ਦਿੰਦੀਆਂ ਸਨ।ਇਹ ਰੱਖੜੀ ਕਈ ਕਈ ਮਹੀਨੇ ਵੀਰਾਂ ਦੇ ਗੁੱਟ 'ਤੇ ਬੰਨ੍ਹੀ ਰਹਿੰਦੀ ਸੀ।

ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਆਪਣੇ ਹੱਥੀਂ ਰੱਖੜੀਆਂ ਤੇ ਕਾਰਡ ਬਣਾਏ।ਅੰਤ ਵਿੱਚ ਸਕੂਲ ਦੇ ਚੇਅਰਮੈਨ ਦਲਜੀਤ ਸਿੰਘ, ਡਾਇਰੈਕਟਰ ਸਰਬਜੀਤ ਕੌਰ, ਪ੍ਰਿੰਸੀਪਲ ਰਣਜੋਤ ਕੌਰ ਨੇ ਸਾਰੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਰੱਖੜੀ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ।

# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਵਰ੍ਹਦੇ ਮੀਂਹ 'ਚ ਧਰਨਾ



**ਮਾਹਿਲਪੁਰ (ਸ਼ਫ਼ਰੀ)**-32 ਕਿਸਾਨ ਜਥੇਬੰਦੀਆਂ ਦੇ ਸੱਦੇ 'ਤੇ ਵਰਦੇ ਮੀਂਹ ਵਿੱਚ ਰੋਹ ਭਰਿਆ ਧਰਨਾ ਡਿਪਟੀ ਸਪੀਕਰ ਪੰਜਾਬ ਦੇ ਘਰ ਸਾਹਮਣੇ ਧਰਨਾ ਲਗਾਇਆ ਗਿਆ।ਇਸ ਧਰਨੇ ਕੁੱਲ ਹਿੰਦ ਕਿਸਾਨ ਸਭਾ ਦੇ ਦਰਸ਼ਨ ਸਿੰਘ ਮੱਟੂ, ਗੁਰਨੇਕ ਸਿੰਘ ਭੱਜਲ, ਸੁਭਾਸ਼ ਮੱਟੂ, ਕਿਰਤੀ ਕਿਸਾਨ ਯੂਨੀਅਨ ਦੇ ਹਰਮੇਸ਼ ਸਿੰਘ ਢੇਸੀ, ਸੁਰਿੰਦਰ ਸਿੰਘ ਬੈਂਸ, ਜਮਹੂਰੀ ਕਿਸਾਨ ਸਭਾ ਦੇ ਕੁਲਭੂਸ਼ਨ ਕੁਮਾਰ ਮਹਿੰਦਵਾਨੀ, ਰਾਮਜੀ ਦਾਸ ਚੌਹਾਨ ਤੇ ਹੋਰਨਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਐਮ ਐਸ ਪੀ ਦੀ ਕਾਨੂੰਨੀ ਗਰੰਟੀ ਦਿੱਤੀ ਜਾਵੇ, ਮਜ਼ਦੂਰਾਂ ਕਿਸਾਨਾਂ ਦਾ ਕਰਜ਼ਾ ਮੁਆਫ਼ ਕੀਤਾ ਜਾਵੇ। ਇਸ ਮੌਕੇ ਚੌਧਰੀ ਅੱਛਰ ਸਿੰਘ ਬਿਲੜੋ, ਇਕਬਾਲ ਸਿੰਘ ਜੱਸੋਵਾਲ, ਕਸ਼ਮੀਰ ਸਿੰਘ ਭੱਜਲ, ਮਹਿੰਦਰ ਕੁਮਾਰ ਬਡੋਆਣ, ਗੋਪਾਲ ਥਾਂਦੀ, ਭੁਪਿੰਦਰ ਸਿੰਘ ਵੜੈਚ, ਤਰਸੇਮ ਸਿੰਘ ਬੈਂਸ, ਜਰਨੈਲ ਸਿੰਘ ਕਾਹਮਾ, ਰਾਮਜੀਤ ਸਿੰਘ ਦੇਣੋਵਾਲ, ਪਰਮਜੀਤ ਸਿੰਘ ਸਹਾਬ ਪੁਰ, ਸੁਰਜੀਤ ਕੌਰ ਅਟਾਲ, ਦਵਿੰਦਰ ਰਾਨਾ, ਸ਼ਾਮ ਸੁੰਦਰ ਕਪੂਰ, ਸੂਬੇਦਾਰ ਅਸ਼ੋਕ ਕੁਮਾਰ , ਕੁਲ ਹਿੰਦ ਕਿਸਾਨ ਸਭਾ ਨਿਹਾਲ ਸਿੰਘ ਵਾਲਾ ਜੁਝਾਰ ਸਿੰਘ ਕੁੱਕੜ ਮਜਾਰਾ, ਕੌਮੀ ਕਿਸਾਨ ਯੂਨੀਅਨ ਦੇ ਪਵਨ ਸ਼ਰਮਾ, ਸੰਤੋਖ ਸਿੰਘ ਬੀ ਕੇ ਯੂ ਰਾਜੇਵਾਲ ਆਦਿ ਹਾਜ਼ਰ ਸਨ। ਸ਼ੇਰ ਜੰਗ ਬਹਾਦਰ ਸਿੰਘ, ਸੁਰਿੰਦਰ ਸਿੰਘ ਢਿੱਲੋਂ, ਸ਼ਿੰਗਾਰਾ ਰਾਮ ਭੱਜਲ ਦੀ ਪ੍ਰਧਾਨਗੀ ਹੇਠ ਧਰਨੇ ਦੀ ਕਾਰਵਾਈ ਚਲਾਈ ਗਈ, ਸ਼ੇਰ ਜੰਗ ਬਹਾਦਰ ਸਿੰਘ ਨੇ ਆਏ ਕਿਸਾਨਾਂ ਤੇ ਹੋਰ ਲੋਕਾਂ ਦਾ ਧੰਨਵਾਦ ਕੀਤਾ।

## ਸ਼ਰਾਰਤੀ ਅਨਸਰਾਂ ਨੂੰ ਜਲਦ ਗ੍ਰਿਫ਼ਤਾਰ ਕਰੇ ਪੁਲਸ ਪ੍ਰਸ਼ਾਸਨ : ਰਾਹੁਲ ਖੰਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ )**- ਬੀਤੇ ਦਿਨੀਂ ਖੰਨਾ ਵਿੱਚ ਸ਼ਿਵਪੁਰੀ ਮੰਦਰ ਅੰਦਰ ਸ਼ਿਵਲਿੰਗ ਦੀ ਭੰਨਤੋੜ ਅਤੇ ਹੋਰ ਮੂਰਤੀਆਂ ਦਾ ਅਨਾਦਰ ਕਰਨ ਤੋਂ ਇਲਾਵਾ ਮੰਦਰ ਦੀ ਗੋਲਕ ਵਿੱਚੋਂ ਪੈਸੇ ਕੱਢਣ ਤੇ ਜ਼ੇਵਰਾਤ ਚੁਰਾਉਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਅਜੇ ਤੱਕ ਗ੍ਰਿਫ਼ਤਾਰ ਨਾ ਕਰਨ ਦੇ ਰੋਸ ਵਜੋਂ ਅੱਜ ਸ਼ਿਵ ਸੈਨਾ ਹਿੰਦੁਸਤਾਨ ਦੇ ਯੂਵਾ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਮੂਹ ਸ਼ਿਵ ਸੈਨਾ ਵਰਕਰਾਂ ਨੇ ਖੰਨਾ ਪੁਲਸ ਪ੍ਰਸ਼ਾਸਨ ਖਿਲਾਫ਼ ਰੋਸ ਦਾ ਪ੍ਰਗਟਾਵਾ ਕੀਤਾ। ਮੀਟਿੰਗ 'ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਖੰਨਾ ਨੇ ਕਿਹਾ ਕਿ ਪੰਜਾਬ ਭਰ ਵਿੱਚ ਹਿੰਦੂ ਮੰਦਰਾਂ ਦੀ ਭੰਨਤੋੜ ਕੀਤੀ ਜਾ ਰਹੀ ਹੈ ਅਤੇ ਹਿੰਦੂ ਨੇਤਾਵਾਂ 'ਤੇ ਹਮਲੇ ਕਰਕੇ ਸ਼ਰਾਰਤੀ ਅਨਸਰ ਹਿੰਦੂਆਂ ਦੇ ਦਿਲਾਂ ਵਿੱਚ ਡਰ ਦਾ ਮਾਹੌਲ ਪੈਦਾ ਕਰ ਰਹੇ ਹਨ ਜਿਸ ਨੂੰ ਸ਼ਿਵ ਸੈਨਾ ਹਿੰਦੁਸਤਾਨ ਕਿਸੇ ਵੀ ਕੀਮਤ ਬਰਦਾਸ਼ਤ ਨਹੀਂ ਕਰੇਗੀ।ਰਾਹੁਲ ਖੰਨਾ ਨੇ ਪੰਜਾਬ ਸਰਕਾਰ ਅਤੇ ਖੰਨਾ ਪੁਲਸ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਰਕਾਰ ਨੇ ਖੰਨਾ ਦੇ ਸ਼ਿਵਪੁਰੀ ਮੰਦਰ ਦੇ ਅਨਾਦਰ ਕਰਨ ਵਾਲੇ ਸ਼ਰਾਰਤੀ ਅਨਸਰਾਂ ਨੂੰ ਜਲਦ ਗ੍ਰਿਫ਼ਤਾਰ ਕਰਕੇ ਸਖਤ ਤੋਂ ਸਖਤ ਸਜ਼ਾ ਨਾ ਦਿਲਵਾਈ ਤਾਂ ਸ਼ਿਵ ਸੈਨਾ ਹਿੰਦੁਸਤਾਨ ਪੰਜਾਬ ਦੇ ਹਿੰਦੂ ਸੰਗਠਨਾਂ ਦੇ ਸਹਿਯੋਗ ਨਾਲ ਸੰਘਰਸ਼ ਵਿੱਢਣ ਲਈ ਮਜਬੂਰ ਹੋ ਜਾਵੇਗੀ । ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜ਼ਨ, ਬਲਾਕ ਪ੍ਰਧਾਨ ਗਣੇਸ਼ ਵੈਦ, ਸਿਟੀ ਪ੍ਰਧਾਨ ਰਜੀਵ ਖੰਨਾ, ਰਾਜੂ ਖੋਸਲਾ, ਬਬਲੂ ਸੈਨੀ, ਵਿਸ਼ਾਲ ਪਰੋਜ, ਰੇਬਨ ਜਾਜਾ, ਬਬਲੂ ਅਤੇ ਹੋਰ ਸ਼ਿਵ ਸੈਨਿਕਾਂ ਨੇ ਪੁਲਸ ਪ੍ਰਸ਼ਾਸਨ ਖਿਲਾਫ ਰੋਸ ਦਾ ਪ੍ਰਗਟਾਵਾ ਕੀਤਾ।

## ਆਈਕੋਨਿਕ ਹੱਬ ਬਿਲਗਾ 'ਚ ਸੁਤੰਤਰਤਾ ਦਿਵਸ ਮਨਾਇਆ




**ਬਿਲਗਾ (ਵਿਜੇ ਕੁਮਾਰ)** ਭਾਰਤ ਵਿਕਾਸ ਪ੍ਰੀਸ਼ਦ ਅਤੇ ਲਾਈਨ ਕਲੱਬ ਬਿਲਗਾ ਆਸਥਾ ਵੱਲੋਂ ਸੁਤੰਤਰਤਾ ਦਿਵਸ ਆਈਕੋਨਿਕ ਹੱਬ ਬਿਲਗਾ ਵਿੱਚ ਮਨਾਇਆ ਗਿਆ ਰਾਸ਼ਟਰੀ ਝੰਡੇ ਨੂੰ ਪ੍ਰਿੰਸੀਪਲ ਰਵੀ ਸ਼ਰਮਾਂ, ਬਲਜੀਤ ਸਿੰਘ ਈ ਓ ਅਤੇ ਅਸ਼ੋਕ ਗੁਪਤਾ ਨੇ ਸਾਂਝੇ ਤੌਰ 'ਤੇ ਸਲਾਮੀ ਦਿੱਤੀ। ਸਮਾਰੋਹ 'ਚ ਜੈ ਗੋਪਾਲ ਸੱਚਦੇਵਾ, ਤੇਜਾ ਸਿੰਘ ਨੰਬਰਦਾਰ, ਵਿਜੇ ਕੁਮਾਰ ਬਾਵਾ, ਕਮਲਜੀਤ ਕਾਲੀਆ, ਬਹਾਦਰ ਸਿੰਘ, ਤੀਰਥ ਰਾਮ ਮਿਠੜਾ, ਮਨਜਿੰਦਰ ਸਿੰਘ ਜੌਹਲ, ਦਵਿੰਦਰ ਸਿੰਘ ਜੌਹਲ, ਕੁਲਦੀਪ ਸਿੰਘ, ਬਲਬੀਰ ਸਿੰਘ , ਅਸ਼ਵਨੀ ਕੁਮਾਰ, ਪੁਸ਼ਪਿੰਦਰ ਜੋਸ਼ੀ, ਬਲਜਿੰਦਰ ਸਿੰਘ, ਭੁਪਿੰਦਰ ਸਿੰਘ, ਜਤਿੰਦਰ ਸਿੰਘ, ਨਰੇਸ਼ ਕੁਮਾਰ, ਸਤੀਸ਼ ਕੁਮਾਰ, ਸੰਜੀਵ ਵਰਮਾਂ, ਅਨੀਤਾ ਸ਼ਰਮਾਂ, ਰਾਜਵਿੰਦਰ ਕੌਰ, ਬਲਜੀਤ ਸਿੰਘ ਅੰਜੋਲਾ, ਦੇਸ ਰਾਜ, ਡਾਕਟਰ ਮਹਿੰਦਰ ਪਾਲ ਸੁੰਮਨ ਸ਼ਰਮਾਂ ਅਤੇ ਹੋਰ ਪਤਵੰਤੇ ਸੱਜਣਾਂ ਨੇ ਭਾਗ ਲਿਆ। ਡਾਕਟਰ ਮਹਿੰਦਰ ਪਾਲ, ਪ੍ਰਿੰਸੀਪਲ ਰਵੀ ਸ਼ਰਮਾਂ ਅਤੇ ਬਲਜੀਤ ਸਿੰਘ ਈ ਓ ਨੇ ਆਜ਼ਾਦੀ ਦਿਵਸ ਦੇ ਬਾਰੇ ਵਿਸਥਾਰ ਨਾਲ ਦੱਸਿਆ। ਜਸਕੀਰਤ ਸਿੰਘ ਸਮਰਾ ਅਤੇ ਸੁਖਰਾਮ ਨੇ ਭਾਰਤ ਵਿਕਾਸ ਪ੍ਰੀਸ਼ਦ ਅਤੇ ਲਾਈਨ ਕਲੱਬ ਬਿਲਗਾ ਵੱਲੋਂ ਆਈਕੋਨਿਕ ਹੱਬ ਦੇ ਡਾਇਰੈਕਟਰ ਰਵੀ ਸ਼ਰਮਾਂ ਦਾ ਅਤੇ ਬੱਚਿਆਂ ਨੂੰ ਇਸ ਪ੍ਰੋਗਰਾਮ ਨੂੰ ਸਫਲ ਕਰਨ ਲਈ ਧੰਨਵਾਦ ਕੀਤਾ।

# ਕੋਲਕਾਤਾ ਕਾਂਡ ਦੇ ਵਿਰੋਧ 'ਚ ਸੀ ਟੀ ਗਰੁੱਪ ਨੇ ਕੱਢਿਆ ਸ਼ਾਂਤੀ ਮਾਰਚ




**ਜਲੰਧਰ ( ਸ਼ੈਲੀ ਐਲਬਰਟ)** -ਸੀਟੀ ਗਰੁੱਪ ਨੇ ਕੋਲਕਾਤਾ ਵਿੱਚ ਘਿਨਾਉਣੇ ਡਾਕਟਰੀ ਬਲਾਤਕਾਰ ਅਤੇ ਕਤਲ ਕੇਸ ਦੀ ਨਿੰਦਾ ਕਰਨ ਲਈ ਇੱਕ ਮੌਨ ਪ੍ਰਦਰਸ਼ਨ ਕੀਤਾ, ਵਿਦਿਆਰਥੀਆਂ ਅਤੇ ਫੈਕਲਟੀ ਨੂੰ ਇਨਸਾਫ਼ ਦੀ ਮੰਗ ਕਰਨ ਵਾਲੇ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨਾਂ ਨਾਲ ਏਕਤਾ ਵਿੱਚ ਖੜ੍ਹੇ ਹੋਏ। 66 ਫੁੱਟ ਰੋਡ 'ਤੇ ਇਸ ਪ੍ਰਦਰਸ਼ਨ ਦਾ ਉਦੇਸ਼ ਹਿੰਸਾ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਪੀੜਤ ਲਈ ਤੁਰੰਤ ਕਾਰਵਾਈ ਅਤੇ ਨਿਆਂ ਦੀ ਮੰਗ ਕੀਤੀ। ਭਾਗੀਦਾਰਾਂ ਨੇ ਬੈਨਰ ਫੜੇ ਹੋਏ ਸਨ ਜੋ ਉਨ੍ਹਾਂ ਦੇ ਸਾਂਝੇ ਗੁੱਸੇ ਅਤੇ ਅਜਿਹੇ ਭਿਆਨਕ ਅਪਰਾਧਾਂ ਦੇ ਵਿਰੁੱਧ ਨੂੰ ਦਰਸਾਉਂਦੇ ਸਨ । ਸੀਟੀ ਗਰੁੱਪ ਦੇ ਪ੍ਰਬੰਧਨ ਨੇ ਸਮੂਹਿਕ ਭਾਵਨਾਵਾਂ ਦਾ ਪ੍ਰਗਟਾਵਾ ਕੀਤਾ। ਇਹ ਵਿਰੋਧ ਨਾ ਸਿਰਫ਼ ਹਾਲ ਹੀ ਵਿੱਚ ਹੋਏ ਅੱਤਿਆਚਾਰ ਦੇ ਖਿਲਾਫ ਇੱਕ ਸਟੈਂਡ ਹੈ, ਸਗੋਂ ਸਾਡੇ ਸਾਰਿਆਂ ਲਈ ਖੜ੍ਹੇ ਹੋਣ ਦਾ ਸਮਾਂ ਵੀ ਹੈ। ਸਾਡਾ ਉਦੇਸ਼ ਹਿੰਸਾ ਦੇ ਮੁੱਦੇ ਬਾਰੇ ਵਧੇਰੇ ਜਾਗਰੂਕਤਾ ਅਤੇ ਸਮਝ ਨੂੰ ਵਧਾਉਣਾ ਹੈ।। ਸਾਨੂੰ ਸਾਡੇ ਸਮਾਜ ਨਾਲ ਖੜ੍ਹੇ ਹੋਣ ਦੀ ਲੋੜ ਹੈ ਅਤੇ ਇਹੋ ਜਿਹੀਆਂ ਸਮਾਜਿਕ ਕਰੋਪੀਆਂ ਖਿਲਾਫ ਆਵਾਜ਼ ਚੱਕਣ ਦੀ ਵੀ ਲੋੜ ਹੈ ।

# ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਕਾਲਜ ਕੈਂਪਸ 'ਚ ਆਜ਼ਾਦੀ ਦਿਹਾੜਾ ਮਨਾਇਆ



**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਕਾਲਜ ਕੈਂਪਸ, ਐਨ.ਆਈ.ਟੀ. ਨੇੜੇ ਸਥਿਤ ਵਿਦਿਆਰਥੀਆਂ ਵੱਲੋਂ 78ਵਾਂ ਆਜ਼ਾਦੀ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਗਰੁੱਪ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਦਾ ਸਮੂਹ ਕਾਲਜਾਂ ਦੇ ਡਾਇਰੈਕਟਰਾਂ, ਪ੍ਰਿੰਸੀਪਲਾਂ, ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਅਨਿਲ ਚੋਪੜਾ ਅਤੇ ਸੰਗੀਤਾ ਚੋਪੜਾ ਨੇ ਸਮੂਹ ਡਾਇਰੈਕਟਰਾਂ ਅਤੇ ਪ੍ਰਿੰਸੀਪਲਾਂ ਦੇ ਨਾਲ ਕਾਲਜ ਕੈਂਪਸ ਵਿੱਚ ਤਿਰੰਗਾ ਝੰਡਾ ਲਹਿਰਾਇਆ ਅਤੇ ਸਮੂਹ ਵਿਦਿਆਰਥੀਆਂ ਵੱਲੋਂ ਰਾਸ਼ਟਰੀ ਗੀਤ ਗਾਇਆ ਗਿਆ। ਇਸ ਉਪਰੰਤ ਐਨ ਸੀ ਸੀ ਕੈਡਿਟਾਂ, ਐਨ ਐਸ ਐਸ ਯੂਨਿਟਾਂ ਅਤੇ ਸੇਂਟ ਸੋਲਜਰ ਗਰੁੱਪ ਦੀਆਂ ਵੱਖ-ਵੱਖ ਕਾਲਜ ਸ਼ਾਖਾਵਾਂ ਦੇ ਵਿਦਿਆਰਥੀਆਂ ਨੇ ਤਿਰੰਗੇ ਝੰਡੇ ਨੂੰ ਸਲਾਮੀ ਮਾਰਚ ਪਾਸਟ ਨਾਲ ਦਿੱਤੀ। ਗਰੁੱਪ ਦੇ ਸਕੂਲੀ ਵਿਦਿਆਰਥੀਆਂ ਨੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਦੇ ਜੀਵਨ, ਸੰਘਰਸ਼ ਅਤੇ ਯੋਗਦਾਨ 'ਤੇ ਕੋਰੀਓਗ੍ਰਾਫੀ ਪੇਸ਼ ਕੀਤੀ । ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ, ਲੋਕ ਗੀਤ, ਭੰਗੜਾ ਅਤੇ ਗਿੱਧੇ ਰਾਹੀਂ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕੀਤੀ। ਸਾਰਿਆਂ ਨੇ ਤਿਰੰਗੇ ਨੂੰ ਸਲਾਮੀ ਦਿੱਤੀ ਅਤੇ ਦੇਸ਼ ਨੂੰ ਹਮੇਸ਼ਾ ਪਿਆਰ ਕਰਨ ਅਤੇ ਇਸ ਦਾ ਮਾਣ ਵਧਾਉਣ ਦਾ ਪ੍ਰਣ ਲਿਆ। ਇਸ ਮੌਕੇ ਗਰੁੱਪ ਚੇਅਰਮੈਨ ਅਨਿਲ ਚੋਪੜਾ, ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਾਰਿਆਂ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ ਅਤੇ ਦੇਸ਼ ਨੂੰ ਭ੍ਰਿਸ਼ਟਾਚਾਰ ਅਤੇ ਨਸ਼ਾ ਮੁਕਤ ਬਣਾਉਣ ਦਾ ਸੰਦੇਸ਼ ਦਿੰਦੇ ਹੋਏ ਵਿਦਿਆਰਥੀਆਂ ਨੂੰ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਗਿਆ।

# ਐੱਲ ਪੀ ਯੂ 'ਚ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਰਾਸ਼ਟਰੀ ਝੰਡਾ ਲਹਿਰਾਇਆ



**ਜਲੰਧਰ (ਸ਼ੈਲੀ ਐਲਬਰਟ)**- ਤਿਰੰਗੇ ਦੇ ਰੰਗਾਂ ਵਿੱਚ ਸਜੇ ਐਲ ਪੀ ਯੂ ਕੈਂਪਸ ਵਿੱਚ 78ਵਾਂ ਸੁਤੰਤਰਤਾ ਦਿਵਸ ਦੇਸ਼ ਭਗਤੀ ਅਤੇ ਏਕਤਾ ਨਾਲ ਮਨਾਇਆ ਗਿਆ। ਤਿਰੰਗੇ ਦੇ ਪਹਿਰਾਵੇ ਵਿੱਚ ਸਜੇ, ਐਲ ਪੀ ਯੂ ਸਟਾਫ ਜਸ਼ਨ ਮਨਾਉਣ ਲਈ ਇਕੱਠੇ ਹੋਏ। ਮੁੱਖ ਮਹਿਮਾਨ ਸੰਸਦ ਮੈਂਬਰ (ਰਾਜ ਸਭਾ) ਅਤੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਝੰਡਾ ਲਹਿਰਾਇਆ। ਐਲ ਪੀ ਯੂ ਦੇ ਪ੍ਰੋ-ਚਾਂਸਲਰ ਕਰਨਲ ਰਸ਼ਮੀ ਮਿੱਤਲ ਵੀ ਪ੍ਰੀਜ਼ਾਇਡਿੰਗ ਅਫਸਰ ਵਜੋਂ ਉੱਥੇ ਮੌਜੂਦ ਸਨ । ਐਨ ਸੀ ਸੀ, ਐਨ ਐਸ ਐਸ, ਇਨੋਵੇਸ਼ਨ, ਖੋਜ, ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਰਗੀਆਂ ਵੱਖ-ਵੱਖ ਪ੍ਰਾਪਤੀਆਂ ਦੀ ਪ੍ਰਤੀਨਿਧਤਾ ਕਰਨ ਵਾਲੇ ਬਹੁਤ ਸਾਰੇ ਹੋਣਹਾਰ ਵਿਦਿਆਰਥੀਆਂ ਨੇ ਮਾਰਚ-ਪਾਸਟ ਵਿੱਚ ਹਿੱਸਾ ਲਿਆ ਅਤੇ ਰਾਸ਼ਟਰ ਝੰਡੇ ਨੂੰ ਸ਼ਰਧਾਂਜਲੀ ਭੇਟ ਕੀਤੀ।। ਸੰਸਦ ਮੈਂਬਰ (ਰਾਜ ਸਭਾ) ਅਤੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਸ਼ਹੀਦ ਹੋਏ ਫ਼ੌਜੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਡਾ. ਮਿੱਤਲ ਨੇ ਯੂਨੀਕੋਰਨ ਸਟਾਰਟਅੱਪ, ਡਿਜੀਟਾਈਜੇਸ਼ਨ, ਖੇਡਾਂ, ਸਿੱਖਿਆ, ਵਿਗਿਆਨ ਅਤੇ ਮਨੋਰੰਜਨ ਸਮੇਤ ਵੱਖ-ਵੱਖ ਖੇਤਰਾਂ ਵਿੱਚ ਭਾਰਤ ਦੀਆਂ ਸ਼ਾਨਦਾਰ ਪ੍ਰਾਪਤੀਆਂ ਨੂੰ ਉਜਾਗਰ ਕੀਤਾ ਅਤੇ ਓਲੰਪਿਕ ਐਥਲੀਟਾਂ ਦੀਆਂ ਅਸਾਧਾਰਨ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ। ਡਾ. ਮਿੱਤਲ ਨੇ 24 ਐਲ ਪੀ ਯੂ ਵਿਦਿਆਰਥੀਆਂ ਦੇ ਮਾਣ ਨੂੰ ਸਾਂਝਾ ਕੀਤਾ ਜਿਨ੍ਹਾਂ ਨੇ 2024 ਵਿੱਚ ਪੈਰਿਸ ਓਲੰਪਿਕ ਵਿੱਚ ਭਾਰਤੀ ਦਲ ਦੇ ਦੀ ਨੁਮਾਇੰਦਗੀ ਕੀਤੀ ਸੀ। ਸਵਰਾਗ ਬੈਂਡ ਨੇ ਆਪਣੀ ਸੁਰੀਲੀ ਦੇਸ਼ ਭਗਤੀ ਦੀ ਪੇਸ਼ਕਾਰੀ ਨਾਲ ਐਲ ਪੀ ਯੂ ਭਾਈਚਾਰੇ ਨੂੰ ਮੋਹਿਤ ਕੀਤਾ।

ਸਮਾਗਮ ਵਿੱਚ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ ਜਿਸ ਵਿੱਚ ਮਾਈਮ ਐਕਟ, ਸਕਿੱਟ, ਸੁਰੀਲੇ ਪ੍ਰਦਰਸ਼ਨ ਅਤੇ ਕਵਿਤਾ ਪਾਠ ਸ਼ਾਮਲ ਸਨ । ਭਾਰਤ ਮਾਤਾ ਕੀ ਜੈ , ਵੰਦੇ ਮਾਤਰਮ , ਜੈ ਹਿੰਦ ਆਦਿ ਦੇ ਨਾਅਰੇ ਪੂਰੇ ਕੈਂਪਸ ਵਿੱਚ ਗੂੰਜਦੇ ਰਹੇ ।

## ਐੱਸ ਡੀ ਕਾਲਜ 'ਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ

**ਜਲੰਧਰ (ਇਕਬਾਲ ਸਿੰਘ ਉਭੀ)**-ਸਥਾਨਕ ਪੀ.ਸੀ.ਐਮ.ਐਸ.ਡੀ. ਕਾਲਜ ਲੜਕੀਆਂ ਵਲੋਂ ਨਵੇਂ ਅਕਾਦਮਿਕ ਸੈਸ਼ਨ 2024-25 ਦੀ ਸ਼ੁਰੂਆਤ ਇੱਕ ਪਵਿੱਤਰ ਹਵਨ ਯੱਗ ਨਾਲ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਵਲੋਂ ਨਵੇਂ ਵਿਦਿਆਰਥੀਆਂ ਦਾ ਨਿੱਘਾ ਸੁਆਗਤ ਕੀਤਾ ਗਿਆ ਅਤੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ ਸਮੇਤ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਵੱਲੋਂ ਨਵੇਂ ਅਧਿਆਏ ਨੂੰ ਸ਼ੁਰੂ ਕਰਨ ਲਈ ਸਾਰਿਆਂ ਨੂੰ ਵਧਾਈ ਦਿੱਤੀ।

## ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਵੱਲੋਂ ਪ੍ਰਜ਼ੀਡੀਅਮ ਦਾ ਐਲਾਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ )**-ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਕਨਵੀਨਰ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਵੱਲੋਂ ਪ੍ਰਜ਼ੀਡੀਅਮ ਦੇ ਮੈਂਬਰ ਸਕੱਤਰ ਅਤੇ ਮੁੱਖ ਬੁਲਾਰਿਆਂ ਦਾ ਐਲਾਨ ਕੀਤਾ ਗਿਆ ਹੈ। ਇਨ੍ਹਾਂ ਵਿੱਚ ਚਰਨਜੀਤ ਸਿੰਘ ਬਰਾੜ ਨੂੰ ਪ੍ਰਜ਼ੀਡੀਅਮ ਦਾ ਮੈਂਬਰ ਸਕੱਤਰ ਬਣਾਇਆ ਗਿਆ ਹੈ ਜੋ ਕਿ ਦਫ਼ਤਰ ਤੇ ਹੋਰ ਸਾਰੀਆਂ ਕਮੇਟੀਆਂ ਦਾ ਕੰਮਕਾਜ ਦੇਖਣਗੇ।ਮੁੱਖ ਬੁਲਾਰਿਆਂ ਵਿੱਚ ਚਰਨਜੀਤ ਸਿੰਘ ਬਰਾੜ, ਹਰਿੰਦਰਪਾਲ ਸਿੰਘ ਚੰਦੂਮਾਜਰਾ, ਭਾਈ ਮਨਜੀਤ ਸਿੰਘ, ਬੀਬੀ ਪਰਮਜੀਤ ਕੌਰ ਲਾਂਡਰਾ ਅਤੇ ਭੋਲਾ ਸਿੰਘ ਗਿੱਲਪੱਤੀ ਨੂੰ ਸ਼ਾਮਲ ਕੀਤਾ ਗਿਆ ਹੈ।

## ਫਿਲੌਰ ਸਿਵਲ ਹਸਪਤਾਲ ਦੇ ਸਮੂਹ ਡਾਕਟਰਾਂ ਵੱਲੋਂ ਇੱਕ ਦਿਨ ਦੀ ਹੜਤਾਲ



**ਫਿਲੌਰ (ਨਿਰਮਲ)**-ਕੋਲਕਾਤਾ ਵਿੱਚ ਜੂਨੀਅਰ ਲੇਡੀ ਡਾਕਟਰ ਦੀ ਰੇਪ ਤੋਂ ਬਾਅਦ ਹੱਤਿਆ ਦੇ ਮਾਮਲੇ ਵਿੱਚ ਫਿਲੌਰ ਦੇ ਸਿਵਲ ਹਸਪਤਾਲ ਦੇ ਸਮੂਹ ਸਰਕਾਰੀ ਡਾਕਟਰਾਂ ਵੱਲੋਂ ਪੰਜਾਬ ਮੈਡੀਕਲ ਐਸੋਸੀਏਸ਼ਨ ਦੇ ਸਰਕਾਰੀ ਡਾਕਟਰਾਂ ਨੇ ਅੱਜ ਫਿਲੌਰ ਦੇ ਸਿਵਲ ਹਸਪਤਾਲ ਵਿਖੇ ਸਮੂਹ ਡਾਕਟਰਾਂ ਵੱਲੋਂ ਇੱਕ ਦਿਨ ਦੀ ਹੜਤਾਲ ਕੀਤੀ ਜਿਸ ਕਾਰਨ ਅੱਜ ਓਪੀਡੀ ਬੰਦ ਰੱਖੀ ਗਈ ਸਿਰਫ ਐਮਰਜੈਂਸੀ ਸੇਵਾਵਾਂ ਹੀ ਚਾਲੂ ਰੱਖੀਆਂ ਗਈਆਂ ਹਨ।

## ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਨੇ ਈਸਪੁਰ ਸਕੂਲ 'ਚ ਬੂਟੇ ਦਿੱਤੇ




**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਈਸਪੁਰ, ਮਖਸੂਸਪੁਰ, ਚੇਲਾ ਹੁਸ਼ਿਆਰਪੁਰ ਵਿਖੇ ਦਵਾਈਆਂ ਵਾਲੇ, ਛਾਂਦਾਰ ਤੇ ਫਲਦਾਰ ਬੂਟੇ ਦਿੱਤੇ ਗਏ ।ਉਨ੍ਹਾਂ ਕਿਹਾ ਕਿ ਇਸ ਵਕਤ ਸਾਨੂੰ ਕੁਦਰਤ ਨਾਲ ਸਾਂਝ ਪਾਉਣ ਦੀ ਲੋੜ ਹੈ ।ਆਉਣ ਵਾਲੀਆਂ ਪੀੜੀਆਂ ਨੂੰ ਵਧੀਆ ਵਾਤਾਵਰਨ ਦੇਣ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਨੇ ।ਆਓ ਕੁਦਰਤ ਨਾਲ ਪਿਆਰ ਵਧਾਈਏ ਵੱਧ ਤੋਂ ਵੱਧ ਬੂਟੇ ਲਗਾਈਏ । ਇਸ ਮੌਕੇ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਬੀਬੀ ਹਰਦੀਪ ਕੌਰ, ਪ੍ਰਿੰਸੀਪਲ ਸੁਖਵਿੰਦਰ ਸਿੰਘ ਖਾਲਸਾ ਭਾਮ, ਲੈਕਚਰਾਰ ਗੁਰਮੀਤ ਸਿੰਘ ,ਹਰਜਿੰਦਰ ਸਿੰਘ, ਇੰਗਲਿਸ਼ ਮਾਸਟਰ ਕੁਲਵੰਤ ਸਿੰਘ, ਕੰਪਿਊਟਰ ਟੀਚਰ ਜਗਜੀਤ ਸਿੰਘ ਸਹੋਤਾ,ਦਲਵਿੰਦਰ ਸਿੰਘ, ਐਸ.ਐਸ.ਟੀ ਮਾਸਟਰ ਸੁਰਜੀਤ ਕੌਰ ,ਸੁਮਨ ਲਤਾ, ਹਿੰਦੀ ਮਾਸਟਰ ਏਕਤਾ ਸ਼ਰਮਾ, ਕੈਂਪ ਮੈਨੇਜਰ ਜਸਬੀਰ ਸਿੰਘ ਕੈਂਪ ਆਦਿ ਹਾਜਰ ਸਨ।

# ਬੋਰਡ ਦੀਆਂ ਇਸਤਰੀ ਕਰਮਚਾਰੀਆਂ ਵੱਲੋਂ ਤੀਆਂ ਤੀਜ ਦੀਆਂ ਰੰਗਾਰੰਗ ਸਮਾਰੋਹ




**ਐੱਸ.ਏ.ਐੱਸ ਨਗਰ: (ਗੁਰਜੀਤ ਬਿੱਲਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵਿਖੇ ਬੁੱਧਵਾਰ ਨੂੰ ਬੋਰਡ ਦੇ ਮੈਗਜ਼ੀਨ ਸੈੱਲ ਅਤੇ ਮੁੜ ਸੁਰਜੀਤ ਕੀਤੀ ਸ਼ਾਖਾ ਪੰਜਾਬੀ ਵਿਕਾਸ ਸੈੱਲ ਵੱਲੋਂ ਕੀਤੇ ਸਾਂਝੇ ਉਪਰਾਲਿਆਂ ਸਦਕਾ ਬੋਰਡ ਦੀਆਂ ਇਸਤਰੀ ਕਰਮਚਾਰੀਆਂ ਵੱਲੋਂ ਤੀਆਂ ਤੀਜ ਦੀਆਂ ਸਰਨਾਵੇਂ ਤਹਿਤ ਸਿੱਖਿਆ ਬੋਰਡ ਦੇ ਆਡੀਟੋਰੀਅਮ ਵਿਖੇ ਪੰਜਾਬ ਦੇ ਸੱਭਿਆਚਾਰ ਨੂੰ ਉਜਾਗਰ ਕਰਦੇ ਇੱਕ ਰੰਗਾਰੰਗ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਿੱਖਿਆ ਬੋਰਡ ਦੇ ਵਾਈਸ ਚੇਅਰਮੈਨ ਪ੍ਰੇਮ ਕੁਮਾਰ ਦੇ ਧਰਮ ਪਤਨੀ ਕੁਲਵਿੰਦਰ ਕੁਮਾਰੀ ਨੇ ਇਸ ਆਯੋਜਨ ਦੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਿੱਖਿਆ ਬੋਰਡ ਦੀਆਂ ਸ਼ਾਖਾਵਾਂ ਪੰਜਾਬੀ ਵਿਕਾਸ ਸੈੱਲ ਅਤੇ ਮੈਗਜ਼ੀਨ ਸੈੱਲ ਦੀ ਇੰਚਾਰਜ ਪਰਮਿੰਦਰ ਕੌਰ ਵੱਲੋਂ ਕੀਤੇ ਯਤਨਾਂ ਸਦਕਾ ਆਯੋਜਿਤ ਤੀਆਂ ਤੀਜ ਦੀਆਂ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ। ਉਪਰੰਤ ਬੋਰਡ ਦੀਆਂ ਇਸਤਰੀ ਕਰਮਚਾਰੀਆਂ ਵੱਲੋਂ ਪੰਜਾਬੀ ਸੱਭਿਆਚਾਰ ਨਾਲ ਜੁੜੇ ਅਨੇਕਾਂ ਹੀ ਰੰਗ ਪੰਜਾਬੀ ਲੋਕ ਗੀਤ, ਟੱਪੇ, ਮਾਹੀਆ, ਸੋਲੋ ਡਾਂਸ, ਭੰਗੜਾ, ਗਿੱਧਾ ਆਦਿ ਦਾ ਪ੍ਰਦਰਸ਼ਨ ਕੀਤਾ ਗਿਆ। ਸਮਾਰੋਹ ਦਾ ਵਿਸ਼ੇਸ਼ ਆਕਰਸ਼ਨ ਸਿੰਮੀ ਵੱਲੋਂ ਪੇਸ਼ ਕੀਤਾ ਗਿੱਧਾ ਰਿਹਾ । ਪੰਜਾਬੀ ਵਿਰਾਸਤ ਨਾਲ ਜੁੜੀਆਂ ਵਸਤਾਂ ਚਰਖੇ, ਮਧਾਣੀਆਂ, ਛੱਜ, ਫੁਲਕਾਰੀ, ਪੀੜ੍ਹੀਆਂ, ਚੱਕੀਆਂ ਆਦਿ ਜੋ ਕਿ ਵਿਲੁਪਤ ਹੋਣ ਦੇ ਕੰਢੇ ਹਨ, ਵੀ ਸਮਾਰੋਹ ਵਿੱਚ ਪ੍ਰਦਰਸ਼ਿਤ ਕੀਤੀਆਂ ਗਈਆਂ। ਮੁੱਖ ਮਹਿਮਾਨ ਵੱਲੋਂ ਸਿੱਖਿਆ ਬੋਰਡ ਅਤੇ ਕੈਂਪਸ ਵਿੱਚ ਸਥਿਤ ਹੋਰ ਵਿਭਾਗਾਂ ਵੱਲੋਂ ਸਮਾਰੋਹ ਵਿੱਚ ਕੀਤੀਆਂ ਪੇਸ਼ਕਾਰੀਆਂ ਦੀ ਭਰਪੂਰ ਸ਼ਲਾਘਾ ਕੀਤੀ ਗਈ।

# ਸ਼ਹੀਦ ਹੋਏ ਕਿਸਾਨ ਦੀ ਪਤਨੀ ਨੂੰ ਰਾਜਾ ਨੇ ਨੌਕਰੀ ਦਾ ਨਿਯੁਕਤੀ ਪੱਤਰ ਸੌਂਪਿਆ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**- ਚੌਲਾਂਗ ਟੋਲ ਪਲਾਜ਼ਾ 'ਤੇ ਕਿਸਾਨੀ ਸੰਘਰਸ਼ ਦੌਰਾਨ ਆਪਣੀ ਜਾਨ ਗਵਾਉਣ ਵਾਲੇ ਪਿੰਡ ਜਹੂਰਾ (ਟਾਂਡਾ) ਨਾਲ ਸਬੰਧਤ ਜਗਮੋਹਨ ਸਿੰਘ ਦੀ ਪਤਨੀ ਨੂੰ ਸਰਕਾਰੀ ਨੌਕਰੀ ਦਾ ਨਿਯੁਕਤੀ ਪੱਤਰ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਭੇਟ ਕੀਤਾ ।

ਕਿਸਾਨੀ ਸੰਘਰਸ਼ ਵਿੱਚ ਆਪਣੀ ਜਾਨ ਗਵਾਉਣ ਵਾਲੇ ਕਿਸਾਨ ਜਗਮੋਹਨ ਸਿੰਘ ਦੀ ਧਰਮ ਪਤਨੀ ਨੂੰ ਰਾਜਦੀਪ ਕੌਰ ਨੂੰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਿੱਚ ਬਲਾਕ ਖੇਤੀਬਾੜੀ ਦਫਤਰ, ਟਾਂਡਾ ਵਿਖੇ ਬਤੌਰ ਬੇਲਦਾਰ ਭਰਤੀ ਕਰਨ ਲਈ ਨਿਯੁਕਤੀ ਪੱਤਰ ਸੌਂਪਦੇ ਹੋਏ ਵਿਧਾਇਕ ਜਸਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ ਦੇ ਪਰਵਾਰਕ ਮੈਂਬਰਾਂ ਨੂੰ ਜਿੱਥੇ ਆਰਥਿਕ ਸਹਾਇਤਾ ਦਿੱਤੀ ਗਈ ਹੈ ਉੱਥੇ ਹੀ ਇੱਕ-ਇੱਕ ਪਰਵਾਰ ਨੂੰ ਸਰਕਾਰੀ ਨੌਕਰੀ ਵੀ ਦਿੱਤੀ ਜਾ ਰਹੀ ਹੈ। ਇਸ ਮੌਕੇ ਰਾਜਦੀਪ ਕੌਰ, ਮਾਸਟਰ ਕੁਲਵੰਤ ਸਿੰਘ ਜਹੂਰਾ ਤੇ ਪਿੰਡ ਨਿਵਾਸੀਆਂ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੇ ਵਿਧਾਇਕ ਜਸਵੀਰ ਸਿੰਘ ਰਾਜਾ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਇਹ ਸਰਕਾਰੀ ਨੌਕਰੀ ਵਿਧਾਇਕ ਜਸਵੀਰ ਸਿੰਘ ਰਾਜਾ ਦੇ ਵਿਸ਼ੇਸ਼ ਉਦਮ ਉਪਰਾਲੇ ਸਦਕਾ ਉਨਾਂ ਨੂੰ ਉਪਲਬਧ ਹੋਈ ਹੈ।ਇਸ ਮੌਕੇ ਡਾ. ਹਰਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ, ਡਾ. ਲਵਜੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਟਾਂਡਾ, ਕੇਸ਼ਵ ਸਿੰਘ ਸੈਣੀ ਬਲਾਕ ਪ੍ਰਧਾਨ ਟਾਂਡਾ, ਇਕਬਾਲ ਸਿੰਘ, ਸ਼੍ਰੀਮਤੀ ਜਸਵੀਰ ਕੌਰ, ਪ੍ਰੇਮ ਪਡਵਾਲ ਅਤੇ ਹੋਰ ਮੌਜੂਦ ਸਨ।

## ਮੁੱਖ ਮੰਤਰੀ ਨੇ ਦੁੱਧ ਉਤਪਾਦਕਾਂ ਨੂੰ ਦਿੱਤੀ ਸੌਗਾਤ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ 78ਵੇਂ ਸੁਤੰਤਰਤਾ ਦਿਵਸ ਦੇ ਮੌਕੇ ਵੱਡੀ ਸੌਗਾਤ ਦਿੰਦੇ ਹੋਏ ਮੁੱਖ ਮੰਤਰੀ ਦੁੱਧ ਉਤਪਾਦਕ ਪ੍ਰੋਤਸਾਹਨ ਯੋਜਨਾ ਤਹਿਤ 35 ਹਜ਼ਾਰ ਦੁੱਧ ਉਤਪਾਦਕਾਂ ਨੂੰ ਅਪ੍ਰੈਲ, ਮਈ ਅਤੇ ਜੂਨ, 2024 ਲਈ 15 ਕਰੋੜ 59 ਲੱਖ ਰੁਪਏ ਦੀ ਸਬਸਿਡੀ ਜਾਰੀ ਕੀਤੀ ਹੈ।ਇਸ ਮੌਕੇ ਮੁੱਖ ਮੰਤਰੀ ਨੇ ਵੱਡੇ ਐਲਾਨ ਕਰਦੇ ਹੋਏ ਕਿਹਾ ਕਿ ਪ੍ਰਧਾਨ ਮੰਤਰੀ ਬੀਮਾ ਯੋਜਨਾ ਤਹਿਤ ਹਰਿਆਣਾ ਵਿੱਚ ਘਰਾਂ ਤੱਕ ਦੁੱਧ ਸਪਲਾਈ ਕਰਨ ਵਾਲਿਆਂ ਬੀਮਾ ਪ੍ਰੀਮੀਅਮ ਰਾਜ ਸਰਕਾਰ ਖਰਚ ਕਰੇਗੀ।

ਉਨ੍ਹਾ ਕਿਹਾ ਮੁੱਖ ਮੰਤਰੀ ਦੁੱਧ ਉਤਪਾਦਕ ਪ੍ਰੋਤਸਾਹਨ ਯੋਜਨਾ ਤਹਿਤ ਸਾਲ 2022-23 ਵਿਚ 32 ਕਰੋੜ 51 ਲੱਖ ਰੁਪਏ ਅਤੇ ਸਾਲ 2023-24 ਵਿੱਚ 39 ਕਰੋੜ 37 ਲੱਖ ਰੁਪਏ ਦੀ ਸਬਸਿਡੀ ਦਿੱਤੀ ਗਈ। ਉਨ੍ਹਾਂ ਨੇ ਕਿਹਾ ਕਿ ਇਸੀ ਯੋਜਨਾ ਨੂੰ ਹੋਰ ਅੱਗੇ ਵਧਾਉਂਦੇ ਹੋਏ ਸਰਕਾਰ ਨੇ ਸਾਲ 2024-25 ਦੌਰਾਨ ਅੰਤੋਂਦੇਯ ਪਰਵਾਰਾਂ ਦੇ ਮੈਂਬਰਾਂ ਨਦੀ ਪ੍ਰੋਤਸਾਹਨ ਰਕਮ 5 ਰੁਪਏ ਤੋਂ ਵਧਾ ਕੇ 10 ਰੁਪਏ ਪ੍ਰਤੀ ਲੀਟਰ ਕਰ ਦਿੱਤੀ ਹੈ।

## ਧਰਮਿੰਦਰ ਕੁਮਾਰ ਬਣਿਆ ਪੰਜਾਬ ਦਾ ਵਾਈਸ ਪ੍ਰਧਾਨ



**ਬਿਲਗਾ (ਵਿਜੇ ਕੁਮਾਰ)** ਭਾਰਤੀ ਕਿਸਾਨ ਯੂਨੀਅਨ ਦੇ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਹੋਈ, ਜਿਸ ਵਿਚ ਧਰਮਿੰਦਰ ਕੁਮਾਰ ਬਸਰਾ ਵਾਸੀ ਬਿਲਗਾ ਪੱਤੀ ਨੀਲੋਵਾਲ ਨੂੰ ਪੰਜਾਬ ਦਾ ਉਪ ਪ੍ਰਧਾਨ ਅਤੇ ਕੁਲਵਿੰਦਰ ਸਿੰਘ ਵਾਸੀ ਬਿਲਗਾ ਪੱਤੀ ਦੁਨੀਆਂ ਮਨਸੂਰ ਨੂੰ ਜ਼ਿਲ੍ਹਾ ਜਲੰਧਰ ਦਾ ਪਬਲੀਸਿਟੀ ਸੈਕਟਰੀ ਨਿਯੁਕਤ ਕੀਤਾ ਗਿਆ ਹੈ। ਧਰਮਿੰਦਰ ਕੁਮਾਰ ਅਤੇ ਕੁਲਵਿੰਦਰ ਸਿੰਘ ਨੇ ਆਪਣੇ ਉੱਚ ਅਹੁਦੇਦਾਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਾਨੂੰ ਜੋ ਜੁੰਮੇਵਾਰੀ ਸੌਂਪੀ ਗਈ ਹੈ ਅਸੀਂ ਉਸ ਪੂਰੀ ਮਿਹਨਤ,ਲਗਨ ਅਤੇ ਈਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗੇ।

## ਸੁਤੰਤਰਤਾ ਦਿਵਸ ਧੂਮਧਾਮ ਨਾਲ ਮਨਾਇਆ

**ਫਿਲੌਰ (ਬੀ ਐੱਸ ਕੈਨੇਡੀ)**-ਰਣਜੀਤ ਸਿੰਘ ਪੁਲਸ ਪਬਲਿਕ ਸਕੂਲ ਫਿਲੌਰ ਵਿਖੇ ਭਾਰਤ ਦਾ 78ਵਾਂ ਸੁਤੰਤਰਤਾ ਦਿਵਸ ਬੜੇ ਹੀ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਹ ਸਮਾਗਮ ਸਕੂਲ ਦੇ ਵਿਹੜੇ ਵਿੱਚ ਕਰਵਾਇਆ ਗਿਆ ਅਤੇ ਸ਼ਾਨਦਾਰ ਸਫਲਤਾ ਪ੍ਰਾਪਤ ਕੀਤੀ।ਸਮਾਗਮ ਦੀ ਸ਼ੁਰੂਆਤ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ, ਜਿੱਥੇ ਪ੍ਰਿੰਸੀਪਲ ਡਾ. ਅੰਮਿਤ ਕੁਮਾਰ ਨੇ ਰਾਸ਼ਟਰੀ ਝੰਡਾ ਲਹਿਰਾਇਆ। ਵਿਦਿਆਰਥੀਆਂ ਅਤੇ ਸਟਾਫ਼ ਨੇ ਰਾਸ਼ਟਰੀ ਗੀਤ ਗਾਇਆ, ਇਸ ਤੋਂ ਬਾਅਦ ਇੱਕ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਕੂਲ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ ਪੇਸ਼ ਕੀਤੇ । ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਵਿਸ਼ੇ ਦੇ ਨਾਲ ਇੱਕ ਪ੍ਰਤਿਭਾ ਖੋਜ ਮੁਕਾਬਲੇ ਵਿੱਚ ਵੀ ਹਿੱਸਾ ਲਿਆ, ਜਿਸ ਵਿੱਚ ਗਾਇਨ, ਡਾਂਸ ਅਤੇ ਕਵਿਤਾ ਪਾਠ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਪ੍ਰਿੰਸੀਪਲ ਡਾ. ਅੰਮ੍ਰਿਤਾ ਕੁਮਾਰ ਨੇ ਸੁਤੰਤਰਤਾ ਦਿਵਸ ਦੀ ਮਹੱਤਤਾ 'ਤੇ ਪ੍ਰੇਰਨਾਦਾਇਕ ਭਾਸ਼ਣ ਦਿੱਤਾ। ਸਮਾਗਮ ਦੀ ਸਮਾਪਤੀ ਵਿਦਿਆਰਥੀਆਂ ਵਿੱਚ ਮਠਿਆਈਆਂ ਅਤੇ ਬੂਟੇ ਵੰਡਣ ਨਾਲ ਹੋਈ।

## ਭੁਲੱਥ 'ਚ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਨੇ ਕੱਢਿਆ ਟਰੈਕਟਰ ਮਾਰਚ

**ਭੁਲੱਥ (ਮਨਪ੍ਰੀਤ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨਡਾਲਾ ਜ਼ੋਨ ਨੇ ਕੇਂਦਰ ਸਰਕਾਰ ਵਲੋਂ ਲਿਆਂਦੇ ਤਿੰਨ ਨਵੇਂ ਕਨੂੰਨ ਦੇ ਵਿਰੋਧ ਵਿਚ ਅੱਜ ਇਬਰਾਹੀਮਵਾਲ ਤੋਂ ਟਰੈਕਟਰ ਰੋਸ ਮਾਰਚ ਕੱਢਿਆ ਜੋ ਨਡਾਲਾ, ਮਾਡਲ ਟਾਊਨ ਤੋਂ ਹੁੰਦਾ ਹੋਇਆ ਭੁਲੱਥ ਤਹਿਸੀਲ ਵਿਖੇ ਨਵੇਂ ਕਨੂੰਨ ਦੀਆਂ ਕਾਪੀਆ ਸਾੜ ਕੇ ਸਮਾਪਤ ਕੀਤਾ। ਇਸ ਮੌਕੇ ਨਿਰਮਲ ਸਿੰਘ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਸਕੱਤਰ ਨੇ ਕਿਹਾ ਕਿ ਜ਼ੋਨ ਨਡਾਲਾ ਪ੍ਰਧਾਨ ਨਿਸ਼ਾਨ ਸਿੰਘ ਦੀ ਅਗਵਾਈ ਹੇਠ ਵੱਡਾ ਰੋਸ ਮਾਰਚ ਟਰੈਕਟਰਾਂ ਦਾ ਕੀਤਾ ਗਿਆ । ਉਹਨਾਂ ਕਿਹਾ ਕਿ ਜਿਹੜੇ ਤਿੰਨ ਅਪਰਾਧਿਕ ਮਾਮਲਿਆਂ ਦੇ ਵਿੱਚ ਵਾਧਾ ਕੀਤਾ ਗਿਆ, ਉਹ ਵਾਧੇ ਦਾ ਰੋਸ ਕਰਦੇ ਹੋਏ ਅੱਜ ਪੂਰੇ ਭਾਰਤ ਵਿੱਚ ਪੂਰੇ ਪੰਜਾਬ ਵਿੱਚ ਭਰਾਤਰੀ ਜਥੇਬੰਦੀਆਂ ਵੱਲੋਂ ਰੋਸ ਮਾਰਚ ਕਰਕੇ ਅਪਰਾਧਿਕ ਮਾਮਲਿਆਂ ਦੀਆਂ ਕਾਪੀਆਂ ਤਹਿਸੀਲਾਂ ਵਿੱਚ ਸਾੜੀਆ ਗਈਆਂ । ਉਹਨਾਂ ਕਿਹਾ ਕਿ ਜਿਹੜੇ ਇਹ ਕਾਨੂੰਨ ਹਨ, ਇਹ ਸਾਡੀ ਲੋਕਾਂ ਦੀ ਆਵਾਜ਼ ਦਬਾਉਣ ਵਾਸਤੇ ਬਣਾਏ ਗਏ ਹਨ। ਜੇਕਰ ਕਾਲੇ ਕਾਨੂੰਨ ਵਾਪਸ ਨਹੀਂ ਲਏ ਜਾਂਦੇ ਤਾਂ ਆਉਣ ਵਾਲਾ ਸਮਾਂ ਬਹੁਤ ਮਾੜਾ ਹੋਊਗਾ, ਅਸੀਂ ਆਪਣੀ ਆਵਾਜ਼ ਨਹੀਂ ਚੁੱਕ ਸਕਾਂਗੇ, ਚਾਹੇ ਉਹ ਟੀਚਰ ਵਰਗ ਹੋਵੇ, ਚਾਹੇ ਉਹ ਵਪਾਰੀ ਵਰਗ ਹੋਵੇ, ਚਾਹੇ ਉਹ ਮਜ਼ਦੂਰ ਵਰਗ ਹੋਵੇ ਸਾਰਿਆਂ ਦੀ ਆਵਾਜ਼ ਦਬਾਉਣ ਵਾਸਤੇ ਕੇਂਦਰ ਸਰਕਾਰ ਨ ਤਿੰਨ ਅਪਰਾਧਿਕ ਮਾਮਲਿਆਂ ਵਿੱਚ ਵਾਧਾ ਕੀਤਾ ਹੈ। ਉਹਨਾਂ ਕਿਹਾ ਕਿ ਅੱਜ ਦਾ ਰੋਸ ਮੁਜ਼ਾਹਰਾ ਕਰਕੇ ਉਹਨਾਂ ਨੂੰ ਵਾਪਸ ਕਰਵਾਉਣ ਤੱਕ ਇਹਦੀ ਲੜਾਈ ਲੜੀ ਜਾਊਗੀ ।

# ਜ਼ਿਲ੍ਹਾ ਹਸਪਤਾਲ ਦੇ ਡਾਕਟਰਾਂ ਨੇ ਓ ਪੀ ਡੀ ਦਾ ਕੰਮਕਾਜ ਪੂਰੀ ਤਰ੍ਹਾਂ ਨਾਲ ਬੰਦ ਰੱਖਿਆ

**ਨਵਾਂਸ਼ਹਿਰ (ਮਨੋਜ ਲਾਡੀ)**-ਕਲੱਕਤਾ ਦੇ ਆਰਜੀ ਕਰ ਮੈਡੀਕਲ ਕਾਲਜ ਦੇ ਜੂਨੀਅਰ ਡਾਕਟਰ ਦੀ ਦੁਸ਼ਕਰਮ ਤੋਂ ਬਾਅਦ ਹੱਤਿਆ ਦੇ ਵਿਰੋਧ ਵਿਚ ਪੀ. ਸੀ.ਐੱਮ. ਐੱਸ. ਐਸੋਸੀਏਸ਼ਨ ਪੰਜਾਬ ਦੇ ਸੱਦੇ 'ਤੇ ਪੰਜਾਬ ਦੀ ਸਮੂਹ ਸਿਹਤ ਸੰਸਥਾਵਾਂ ਵਲੋਂ ਦਿੱਤੀ ਹੜਤਾਲ ਦੀ ਕਾਲ 'ਤੇ ਜ਼ਿਲ੍ਹਾ ਹਸਪਤਾਲ ਦੇ ਡਾਕਟਰਾਂ ਨੇ ਹੜਤਾਲ ਰੱਖ ਕੇ ਓ.ਪੀ.ਡੀ. ਦਾ 2 ਕੰਮਕਾਜ ਪੂਰੀ ਤਰ੍ਹਾਂ ਨਾਲ ਬੰਦ ਰੱਖਿਆ। ਹਾਲਾਂਕਿ ਹਸਪਤਾਲ ਵਿਚ ਐਮਰਜੈਂਸੀ ਸੇਵਾਵਾਂ ਅਤੇ ਮੈਡੀਕੋ ਲੀਗਲ ਸੇਵਾਵਾਂ ਨੂੰ ਜਾਰੀ ਰੱਖਿਆ ਗਿਆ। ਇਸ ਮੌਕੇ ਡਾਕਟਰਾਂ ਦੀ ਐਸੋਸੀਏਸ਼ਨ ਨੇ ਸਟੇਟ ਸਰਕਾਰ ਤੋਂ ਹੈਲਥ ਕੇਅਰ ਪ੍ਰੋਫੈਸ਼ਨਲ ਲਈ ਸੈਂਟਰਲ ਪ੍ਰੋਟੈਕਸ਼ਨ ਐਕਟ ਲਾਗੂ ਕਰਨ ਅਤੇ ਸਕਿਓਰਿਟੀ ਦੇ ਪੁਖਤਾ ਪ੍ਰਬੰਧ ਕਰਨ ਦੀ ਮੰਗ ਕੀਤੀ। ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸੀਨੀਅਰ ਮੈਡੀਕਲ ਅਧਿਕਾਰੀ ਡਾ. ਸਤਵਿੰਦਰ ਪਾਲ ਸਿੰਘ ਨੇ ਕਿਹਾ ਕਿ ਕਲੱਕਤਾ ਦੇ ਜੂਨੀਅ ਮੈਡੀਕਲ ਕਾਲਜ ਵਿਚ ਵਾਪਰੀ ਇਹ ਘਿਨੌਣੀ ਵਾਰਦਾਤ ਦੀ ਉਨ੍ਹਾਂ ਦੀ ਐਸੋਸੀਏਸ਼ਨ ਤਿੱਖੇ ਸ਼ਬਦਾਂ ਦੇ ਨਾਲ ਨਿੰਦਾ ਕਰਦੀ ਹੈ ਅਤੇ ਘਟਨਾ ਦੇ ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਦੇ ਕੇ ਪੀੜਤਾ ਦੇ ਪਰਵਾਰ ਨੂੰ ਇਨਸਾਫ ਦੇਣ ਦੀ ਮੰਗ ਕਰਦੀ ਹੈ।ਡਾ. ਅਜੈ ਬਸਰਾ, ਡਾ. ਨਿਰਮਲ ਕੁਮਾਰ, ਕਮਲਦੀਪ ਸਿੰਘ ਐੱਮ.ਐੱਲ.ਟੀ., ਪਰਮਵੀਰ ਪ੍ਰਿੰਸ ਫਾਰਮੇਸੀ ਅਫਸਰ ਅਤੇ ਸਟਾਫ ਨਰਸ ਕਮਲਜੀਤ ਕੌਰ ਨੇ ਵਿਚਾਰ ਰੱਖਦੇ ਹੋਏ ਉਕਤ ਘਟਨਾ ਦੀ ਸ਼ਖਤ ਸ਼ਬਦਾਂ ਵਿਚ ਨਿੰਦਾ ਕੀਤੀ।ਇਸ ਮੌਕੇ ਡਾ. ਗੁਰਪਾਲ ਕਟਾਰੀਆ, ਡਾ. ਹਰਪਿੰਦਰ ਸਿੰਘ, ਡਾ. ਵਰਿੰਦਰ ਕੁਮਾਰ, ਡਾ. ਬਰਿੰਦਰ ਡੈਂਟਿਸਟ, ਡਾ. ਅਮਿਤ ਕੁਮਾਰ, ਡਾ. ਨੀਨਾ ਅਤੇ ਡਾ. ਗੁਰਦੀਪ ਸਿੰਘ ਤੋਂ ਇਲਾਵਾ ਪੈਰਾ ਮੈਡੀਕਲ ਸਟਾਫ ਹਾਜ਼ਰ ਸੀ।

## ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਅੰਦਰ ਤੇ ਬਾਹਰ 100 ਮੀਟਰ ਦੇ ਘੇਰੇ 'ਚ ਧਰਨੇ, ਰੈਲੀਆਂ ਕਰਨ 'ਤੇ ਪਾਬੰਦੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**-ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਸ਼੍ਰੀਮਤੀ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ-2023 ਦੀ ਧਾਰਾ 163 ਅਧੀਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਚਾਰਦੀਵਾਰੀ ਦੇ ਅੰਦਰ ਅਤੇ ਚਾਰਦੀਵਾਰੀ ਦੇ ਬਾਹਰ 100 ਮੀਟਰ ਤੱਕ ਦੇ ਘੇਰੇ ਵਿੱਚ ਧਰਨੇ ਅਤੇ ਰੈਲੀਆਂ ਕਰਨ ਉਤੇ ਪੂਰਨ ਤੌਰ ਉਤੇ ਪਾਬੰਦੀ ਲਾਉਣ ਦੇ ਹੁਕਮ ਜਾਰੀ ਕੀਤੇ ਹਨ।ਇਨ੍ਹਾਂ ਹੁਕਮਾਂ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਮੈਮੋਰੰਡਮ ਵਗੈਰਾ ਦੇਣ ਲਈ ਪੰਜ ਵਿਅਕਤੀਆਂ ਤੋਂ ਘੱਟ ਗਿਣਤੀ ਵਿੱਚ ਵਿਅਕਤੀਆਂ ਦੇ ਇਸ ਚਾਰਦੀਵਾਰੀ ਦੇ ਮੁੱਖ ਗੇਟ ਵਿੱਚੋਂ ਲੰਘ ਕੇ ਇਸ ਦਫਤਰ ਵਿੱਚ ਆਉਣ ਉਤੇ ਕੋਈ ਪਾਬੰਦੀ ਨਹੀਂ ਹੋਵੇਗੀ। ਬੀਤੇ 13 ਅਗਸਤ ਨੂੰ ਜਾਰੀ ਇਹ ਹੁਕਮ 10 ਅਕਤੂਬਰ, 2024 ਤੱਕ ਲਾਗੂ ਰਹਿਣਗੇ। ਆਸ਼ਿਕਾ ਜੈਨ ਨੇ ਦੱਸਿਆ ਕਿ ਧਿਆਨ ਵਿੱਚ ਆਇਆ ਹੈ ਕਿ ਆਮ ਤੌਰ 'ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ 76, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਬਿਲਡਿੰਗ ਦੇ ਆਲੇ ਦੁਆਲੇ ਆਮ ਜਨਤਾ, ਰਾਜਸੀ ਪਾਰਟੀਆਂ ਅਤੇ ਕਰਮਚਾਰੀ ਸੰਗਠਨਾਂ ਆਦਿ ਵੱਲੋਂ ਰੈਲੀਆਂ ਧਰਨੇ ਕੀਤੇ ਜਾਂਦੇ ਹਨ। ਅਜਿਹਾ ਕਰਨ ਨਾਲ ਦਫ਼ਤਰ ਵਿੱਚ ਕੰਮ ਕਰਦੇ ਕਰਮਚਾਰੀਆਂ ਅਤੇ ਆਮ ਜਨਤਾ ਨੂੰ ਦਫ਼ਤਰ ਵਿੱਚ ਆਉਣ ਵਿੱਚ ਮੁਸ਼ਕਲ ਪੇਸ਼ ਆਉਂਦੀ ਹੈ।ਉਨ੍ਹਾਂ ਦੱਸਿਆ ਕਿ ਇਸ ਨਾਲ ਅਮਨ ਤੇ ਕਾਨੂੰਨ ਦੀ ਸਥਿਤੀ ਵੀ ਭੰਗ ਹੋ ਸਕਦੀ ਹੈ। ਇਸ ਸਥਿਤੀ ਦੇ ਮੱਦੇਨਜ਼ਰ ਇਨ੍ਹਾਂ ਕਾਰਵਾਈਆਂ ਨੂੰ ਰੋਕਣ ਲਈ ਇਹ ਹੁਕਮ ਲਾਗੂ ਕੀਤੇ ਗਏ ਹਨ ।

## ਨਗਦੀ, ਮੋਬਾਈਲ ਖੋਹ ਕੇ ਚੋਰ ਫਰਾਰ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)** ਇੱਕ ਕਾਰ ਚਾਲਕ ਨੂੰ ਗੱਡੀ 'ਚ ਹੀ ਅਗਵਾ ਕਰਕੇ ਉਸ ਪਾਸੋਂ ਨਗਦੀ, ਗਹਿਣੇ, ਮੋਬਾਈਲ ਤੇ ਹੋਰ ਸਾਮਾਨ ਖੋਹ ਕੇ ਲੈ ਜਾਣ ਦੇ ਸੰਬੰਧ 'ਚ ਸਤਨਾਮਪੁਰਾ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ਼ ਕੇਸ ਦਰਜ ਕੀਤਾ ਹੈ।

ਐਸ.ਪੀ. ਰੁਪਿੰਦਰ ਕੌਰ ਭੱਟੀ ਨੇ ਦੱਸਿਆ ਕਿ ਸ਼ਿਕਾਇਤ ਕਰਤਾ ਵਿਸ਼ਾਲ ਨਈਅਰ ਪੁੱਤਰ ਲੇਟ ਧਰਮਪਾਲ ਨਈਅਰ ਵਾਸੀ ਗੁਰੂ ਰਾਮਦਾਸ ਇੰਨਕਲੇਵ ਜਲੰਧਰ ਜੋ ਕਿ ਜਰਨੇਟਰਾਂ ਦਾ ਕੰਮ ਕਰਦਾ ਹੈ ਤੇ 11 ਅਗਸਤ ਨੂੰ ਉਹ ਜਰਨੇਟਰ ਚੈੱਕ ਕਰਨ ਲਈ ਫਗਵਾੜਾ ਵਿਖੇ ਆਇਆ ਸੀ ਤੇ ਜਦੋਂ ਉਹ ਸਿਵਲ ਹਸਪਤਾਲ ਫਗਵਾੜਾ ਪੁਲ ਸੰਤੋਖਪੁਰਾ ਵਾਲੇ ਫਾਟਕ ਤੋਂ ਆਪਣੀ ਗੱਡੀ ਰੋਕ ਕੇ ਸਿਗਰੇਟ ਲੈਣ ਲਈ ਰੁਕਿਆ ਤਾਂ ਅਚਾਨਕ ਦੋ ਵਿਅਕਤੀ ਉਸਦੀ ਗੱਡੀ 'ਚ ਦਾਖ਼ਲ ਹੋਏ ਤੇ ਉਸਨੂੰ ਧੱਕਾ ਮਾਰ ਕੇ ਗੱਡੀ ਦੀ ਪਿਛਲੀ ਸੀਟ 'ਤੇ ਬਿਠਾ ਦਿੱਤਾ। ਜਿਨ੍ਹਾਂ 'ਚੋਂ ਇੱਕ ਵਿਅਕਤੀ ਨੇ ਗੱਡੀ ਸਟਾਰਟ ਕੀਤੀ ਤੇ ਦੂਸਰਾ ਉਸਦੀ ਪਿਛਲੀ ਸੀਟ 'ਤੇ ਬੈਠ ਗਿਆ ਤੇ ਇਨ੍ਹਾਂ ਗੱਡੀ ਸੰਤੋਖਪੁਰਾ ਫਾਟਕ ਕਰਾਸ ਕਰਕੇ ਰੋਕ ਲਈ ਤੇ ਉਸਨੂੰ ਪਲਾਹੀ ਰੋਡ ਦੀ ਲਿੰਕ ਰੋਡ 'ਤੇ ਲੈ ਗਏ ਜਿਥੇ ਉਨ੍ਹਾਂ ਉਸ ਦੀ ਜੇਬ੍ਹ 'ਚੋਂ 20 ਹਜ਼ਾਰ ਰੁਪਏ, ਇੱਕ ਸੋਨੇ ਦਾ ਦੋ ਤੋਲੇ ਦਾ ਕੜਾ, ਉਸਦੀ ਪਤਨੀ ਦੀਆਂ ਝਾਜਰਾ, ਮੋਬਾਈਲ ਫ਼ੋਨ ਖੋਹ ਲਿਆ ਤੇ ਫ਼ਰਾਰ ਹੋ ਗਏ। ਜਿਸ ਸਬੰਧ 'ਚ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ਼ ਕੇਸ ਦਰਜ ਕੀਤਾ ਹੈ

## ਸੰਗਰਾਂਦ ਮੌਕੇ ਗੁਰੂ ਘਰ ਦੇ ਸੇਵਾਦਾਰ ਵੱਲੋਂ ਝੂਮਰ ਦੀ ਸੇਵਾ




**ਅੱਡਾ ਸਰਾਂ (ਜਸਵੀਰ ਕਾਜਲ)**-ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ ਰਜਿ. ਕੰਧਾਲਾ ਜੱਟਾਂ ਵਿਖੇ ਭਾਦੋਂ ਮਹੀਨੇ ਦੀ ਆਰੰਭਤਾ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਅਤੇ ਸ੍ਰੀ ਬਾਰਹ ਮਾਹਾ ਦੇ ਪਾਠਾਂ ਦੇ ਭੋਗ ਪਾਏ ਗਏ।ਉਪਰੰਤ ਚਾਹ ਮਠਿਆਈਆਂ ਦੇ ਲੰਗਰ ਵੀ ਲਗਾਏ ਗਏ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਕੈਪਟਨ ਹਰੀ ਓਮ ਸਿੰਘ ਨੇ ਦੱਸਿਆ ਕਿ ਗੁਰੂ ਘਰ ਦੇ ਸੇਵਾਦਾਰ ਤਰਸੇਮ ਸਿੰਘ ਫੌਜੀ ਦੇ ਪਰਵਾਰ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਝੂਮਰ ਦੀ ਸੇਵਾ ਕੀਤੀ ਗਈ। ਉਨ੍ਹਾਂ ਨੂੰ ਸਿਰੋਪਾਓ ਦੇ ਕੇ ਗੁਰੂ ਘਰ ਵੱਲੋਂ ਸਨਮਾਨ ਕੀਤਾ ਗਿਆ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਪ ਪ੍ਰਧਾਨ ਸੂਬੇਦਾਰ ਬਖਸ਼ੀਸ਼ ਸਿੰਘ, ਸੂਬੇਦਾਰ ਅਰਜਿੰਦਰ ਸਿੰਘ, ਸਰਪੰਚ ਜੋਗਿੰਦਰ ਸਿੰਘ ਹੀਰ, ਧਰਮ ਸਿੰਘ ਖਜ਼ਾਨਚੀ, ਮਨਦੀਪ ਸਿੰਘ ਸਹਾਇਕ ਖਜ਼ਾਨਚੀ, ਜਸਵੀਰ ਲੱਕੀ, ਅਮਰੀਕ ਸਿੰਘ, ਸੂਬੇਦਾਰ ਸੋਹਣ ਸਿੰਘ , ਪ੍ਰਿੰਸ, ਲਵਪ੍ਰੀਤ ਬੌਬੀ, ਹਰਪ੍ਰੀਤ ਹੈਪੀ, ਗੁਰਦੇਵ ਸਿੰਘ, ਲਖਵੀਰ ਸਿੰਘ, ਡਾ. ਅਮਰਜੀਤ ਸਿੰਘ, ਦਵਿੰਦਰ ਸਿੰਘ, ਅਮਰਜੀਤ ਹੀਰ ਅਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

# ਡਾਕਟਰਾਂ ਨੇ ਕੋਲਕਾਤਾ ਕਾਂਡ ਦੇ ਵਿਰੋਧ 'ਚ ਰੋਸ ਪ੍ਰਗਟ ਕਰਦਿਆਂ ਇਨਸਾਫ਼ ਦੀ ਕੀਤੀ ਮੰਗ



**ਅੱਡਾ ਸਰਾਂ (ਕਾਜਲ)**-ਕੋਲਕਾਤਾ ਵਿਚ ਇਕ ਸਿਖਿਆਰਥੀ ਮਹਿਲਾ ਡਾਕਟਰ ਜਬਰ ਜਨਾਹ ਅਤੇ ਹੱਤਿਆ ਦੇ ਮਾਮਲੇ ਦੇ ਵਿਰੋਧ 'ਚ ਸ਼ੁਰੂ ਕੀਤੇ ਗਏ ਦੇਸ਼ ਵਿਆਪੀ ਅੰਦੋਲਨ ਦਾ ਹਿੱਸਾ ਬਣਦੇ ਹੋਏ ਟਾਂਡਾ ਦੀ ਆਈ. ਐੱਮ. ਏ.ਇਕਾਈ ਨਾਲ ਜੁੜੇ ਡਾਕਟਰਾਂ ਨੇ ਪ੍ਰਧਾਨ ਡਾ.ਡੀ.ਐੱਲ .ਬਡਵਾਲ, ਡਾ.ਐੱਨ. ਡੀ.ਪਾਠਕ, ਡਾ.ਕੇਵਲ ਸਿੰਘ ਕਾਜਲ, ਡਾ.ਪ੍ਰੀਤ ਮਹਿੰਦਰ ਸਿੰਘ ਅਤੇ ਡਾ. ਜਤਿੰਦਰ ਨਾਗਰਥ ਦੀ ਅਗਵਾਈ ਹੇਠ ਰੋਹ ਦਾ ਪ੍ਰਗਟਾਵਾ ਕਰਦਿਆਂ ਇਸ ਅਤਿ ਘਿਨਾਉਣੇ ਅਪਰਾਧ ਦੀ ਸ਼ਖ਼ਤ ਨਿਖੇਧੀ ਕਰਦਿਆਂ ਇਨਸਾਫ਼ ਦੀ ਮੰਗ ਕਰਦਿਆਂ ਦੇਸ਼ ਦੀਆਂ ਸਰਕਾਰਾਂ ਨੂੰ ਡਾਕਟਰਾਂ ਅਤੇ ਮੈਡੀਕਲ ਸੇਵਾਵਾਂ ਨਾਲ ਜੁੜੇ ਲੋਕਾਂ ਦੀ ਸੁਰੱਖਿਆ ਪ੍ਰਤੀ ਗੰਭੀਰ ਹੋਣ ਲਈ ਕਿਹਾ । ਇਸ ਮੌਕੇ ਡਾ.ਬਡਵਾਲ ਨੇ ਦੱਸਿਆ ਕਿ ਅੱਜ ਪ੍ਰਾਈਵੇਟ ਡਾਕਟਰ ਵੀ ਹੜਤਾਲ 'ਤੇ ਹਨ। ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਸੱਦੇ 'ਤੇ ਡਾਕਟਰਾਂ ਨੇ ਵੀ ਅੱਜ ਸਵੇਰੇ 6 ਵਜੇ ਤੋਂ ਆਪਣੇ-ਆਪਣੇ ਹਸਪਤਾਲਾਂ ਅਤੇ ਕਲੀਨਿਕਾਂ 'ਤੇ ਓ. ਪੀ. ਡੀ. ਬੰਦ ਕਰ ਦਿੱਤਾ । ਇਸ ਮੌਕੇ ਡਾ. ਕਰਮਜੀਤ ਸਿੰਘ, ਡਾ. ਨਵਜੋਤ ਕੌਰ, ਡਾ. ਮੀਨੂੰ ਪੁਰੀ, ਡਾ. ਕਰਨਦੀਪ ਰਿਸ਼ੀ, ਡਾ. ਸਰਬਜੀਤ ਕੌਰ, ਡਾ. ਮਨਮੀਤ ਕੌਰ, ਡਾ.ਦਵਿੰਦਰ ਸਿੰਘ, ਡਾ. ਲਵਪ੍ਰੀਤ ਸਿੰਘ ਪਾਬਲਾ, ਡਾ.ਅੰਕਿਤ ਰੇਖੀ, ਡਾ.ਰੋਹਿਤ ਪਾਠਕ, ਡਾ.ਗੀਤੂ ਸ਼ਰਮਾ, ਡਾ.ਅਨੁਪਮਾ ਪਾਠਕ, ਡਾ.ਸੌਰਭ ਨਾਗਰਥ, ਡਾ. ਅਮੋਲਕ ਸਿੰਘ ਮਰਵਾਹਾ, ਡਾ. ਪ੍ਰੀਤ ਕੰਵਲ ਰੇਖੀ ਹਾਜ਼ਰ ਸਨ।

## ਪਿੰਦਰ ਪੰਡੋਰੀ ਵੱਲੋਂ ਨੰਗਲ ਅੰਬੀਆਂ 'ਚ ਬੱਚਿਆਂ ਨੂੰ ਖੇਡ ਕਿੱਟਾਂ ਵੰਡੀਆਂ

**ਕਾਲਾ ਸੰਘਿਆਂ (ਮਨਜੀਤ ਮਾਨ)** ਆਮ ਆਦਮੀ ਪਾਰਟੀ ਸ਼ਾਹਕੋਟ ਦੇ ਹਲਕਾ ਇੰਚਾਰਜ ਪਿੰਦਰ ਪੰਡੋਰੀ ਵੱਲੋਂ ਪਿੰਡ ਨੰਗਲ ਅੰਬੀਆ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਪਹੁੰਚ ਕੇ ਸਕੂਲ ਦੇ 168 ਬੱਚਿਆਂ ਨੂੰ ਖੇਡ ਜਰਸੀਆਂ ਦਿੱਤੀਆਂ ਗਈਆਂ।

ਇਸ ਮੌਕੇ ਹਲਕਾ ਇੰਚਾਰਜ ਪਿੰਦਰ ਪੰਡੋਰੀ ਨੇ ਕਿਹਾ ਕਿ ਬੱਚੇ ਸਾਡੇ ਸਮਾਜ ਤੇ ਦੇਸ਼ ਦਾ ਭਵਿੱਖ ਹਨ ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਪਿੰਡਾਂ ਦੀਆਂ ਪੰਚਾਇਤਾਂ, ਸਕੂਲ ਮੁਖੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੁੰਗਰ ਰਹੀ ਪਨੀਰੀ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਚੰਗੇ ਉਪਰਾਲੇ ਕਰਨੇ ਚਾਹੀਦੇ ਹਨ ਤਾਂ ਜੋ ਬੱਚੇ ਆਪਣੇ ਪਿੰਡ, ਸਮਾਜ ਆਪਣੇ ਮਾਂ ਬਾਪ ਤੇ ਦੇਸ਼ ਦਾ ਨਾਂਅ ਰੌਸ਼ਨ ਕਰ ਸਕਣ। ਇਸ ਮੌਕੇ ਬੇਟੀ ਤਾਨੀਆਂ ਪਿੰਡ ਢੰਡੋਵਾਲ ਨੂੰ ਨਕਦ ਰਾਸ਼ੀ ਨਾਲ ਸਨਮਾਨਿਤ ਕੀਤਾ ਤੇ ਸਾਰੇ ਬੱਚਿਆਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਸਮੂਹ ਸਟਾਫ਼ ਤੋਂ ਇਲਾਵਾ ਪਿੰਡ ਤੇ ਨਗਰ ਨਿਵਾਸੀਆਂ ਤੋਂ ਇਲਾਵਾ ਬੱਚਿਆਂ ਦੇ ਮਾਪੇ ਵੀ ਹਾਜ਼ਰ ਸਨ ।




# ਮਾਤਾ ਗੁਜਰੀ ਖਾਲਸਾ ਕਾਲਜ ਕਰਤਾਰਪੁਰ ਵਿਖੇ ਨਵੇਂ ਸੈਸ਼ਨ ਦੀ ਸ਼ੁੱਭ ਆਰੰਭਤਾ



**ਕਰਤਾਰਪੁਰ (ਹਰਮੇਸ਼ ਦੱਤ)** ਸ਼੍ਰੋਮਣੀ ਗੁਰੂਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਸ੍ਰੀ ਗੁਰੁਦੁਆਰਾ ਸਾਹਿਬ ਦੇ ਪ੍ਰਬੰਧ ਅਧੀਨ ਚਲਾਏ ਜਾ ਰਹੇ ਮਾਤਾ ਗੁਜਰੀ ਖਾਲਸਾ ਕਾਲਜ ਕਰਤਾਰਪੁਰ ਵਿਖੇ ਕਾਲਜ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਗਿੱਲ ਦੀ ਯੋਗ ਅਗਵਾਈ ਹੇਠ ਧਾਰਮਿਕ ਵਿਭਾਗ ਤੇ ਸੰਗੀਤ ਵਿਭਾਗ ਦੁਆਰਾ ਬੀਬੀ ਰਾਜਵਿੰਦਰ ਕੌਰ ਅਤੇ ਪ੍ਰੋ ਗੁਰਇਕਬਾਲ ਸਿੰਘ ਦੀ ਦੇਖ ਰੇਖ ਹੇਠ ਨਵੇਂ ਸੈਸ਼ਨ ਦੀ ਸ਼ੁੱਭ ਅਰੰਭਤਾ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀਆ ਦੁਆਰਾ ਸੁਖਮਨੀ ਸਾਹਿਬ ਜੀ, ਬਾਰਹ ਮਾਹਾ, ਅਨੰਦ ਸਾਹਿਬ ਜੀ ਦੇ ਪਾਠ ਕੀਤੇ ਗਏ। ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਗਿੱਲ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਕਾਲਜ ਵਿਖੇ 10+1, 10+2, ਡਿਗਰੀ, ਡਿਪਲੋਮਾ ਕੋਰਸ ਸਫਲਤਾਪੂਰਵਕ ਚੱਲ ਰਹੇ ਹਨ। ਉਨ੍ਹਾਂ ਨੇ ਕਿਹਾ ਕੀ ਵਿਦਿਆਰਥੀ ਅਕਾਦਮਿਕ ਖੇਡਾਂ ਅਤੇ ਸੱਭਿਆਚਾਰਕ ਖੇਤਰ 'ਚ ਮਾਣਯੋਗ ਪ੍ਰਾਪਤੀਆ ਕਰਦੇ ਆ ਰਹੇ ਹਨ। ਇਸ ਮੌਕੇ ਕਾਲਜ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਫਿਲੌਰ ਦੇ ਸਮੂਹ ਡਾਕਟਰਾਂ ਵੱਲੋਂ ਰੋਸ ਪ੍ਰਦਰਸ਼ਨ



**ਫਿਲੌਰ ( ਨਿਰਮਲ)** ਕੋਲਕਾਤਾ ਵਿੱਚ ਜੂਨੀਅਰ ਲੇਡੀ ਡਾਕਟਰ ਦੀ ਰੇਪ ਤੋਂ ਬਾਅਦ ਹੱਤਿਆ ਦੇ ਕਰਨ ਦੇ ਮਾਮਲੇ ਵਿੱਚ ਫਿਲੌਰ ਦੇ ਸਮੂਹ ਨਿੱਜੀ ਹਸਪਤਾਲ ਦੇ ਡਾਕਟਰਾਂ ਵੱਲੋ ਫ਼ਿਲੌਰ ਵਿਖੇ ਸਮੂਹ ਡਾਕਟਰਾਂ ਵੱਲੋਂ ਹੜਤਾਲ ਕੀਤੀ ਅਤੇ ਸ਼ਹਿਰ ਵਿੱਚ ਤਖਤੀਆਂ ਫੜ ਰੋਸ ਮਾਰਚ ਕੀਤਾ ਗਿਆ।ਡਾਕਟਰਾਂ ਦੀ ਹੜਤਾਲ ਕਾਰਨ ਓ ਪੀ ਡੀ ਬੰਦ ਰੱਖੀਆਂ ਗਈਆਂ।ਜਿਸ ਕਾਰਨ ਹਸਪਤਾਲਾਂ 'ਚ ਮਰੀਜ਼ ਪ੍ਰੇਸ਼ਾਨ ਅਤੇ ਖ਼ੱਜਲ ਖੁਆਰ ਹੁੰਦੇ ਦਿਖਾਈ ਦਿੱਤੇ। ਡਾਕਟਰਾਂ ਵੱਲੋਂ ਸਿਰਫ ਐਮਰਜੈਂਸੀ ਸੇਵਾਵਾਂ ਹੀ ਚਾਲੂ ਰੱਖੀਆਂ ਗਈਆਂ ਹਨ। ਇਸ ਮੌਕੇ ਹਾਜ਼ਰ ਡਾਕਟਰ ਯਸ਼ਪਾਲ ਸ਼ਰਮਾ, ਡਾਕਟਰ ਸਤੀਸ਼ ਅਰੋੜਾ, ਡਾ ਹਰੀ ਸਿੰਘ ਰਾਓ, ਡਾਕਟਰ ਬਾਠ, ਡਾਕਟਰ ਅਸ਼ੋਕ, ਡਾਕਟਰ ਮਹਿੰਗੀ ਅਤੇ ਹੋਰ ਸਨ।

19-AUG-PAGE-9.qxd 8/18/2024 10:23 PM Page 1



# ਧਰਨਾ ਲਾ ਕੇ ਪਿੰਡ ਵਾਸੀਆਂ ਨੇ ਪੁਲਸ ਪ੍ਰਸ਼ਾਸਨ ਖਿਲਾਫ ਕੀਤੀ ਨਾਅਰੇਬਾਜ਼ੀ



**ਫਿਲੌਰ (ਨਿਰਮਲ)** ਲਸਾੜਾ ਦੀ ਚੌਕੀ ਅਧੀਨ ਪੈਂਦੇ ਪਿੰਡ ਸੇਲਕੀਆਣਾ ਵਿਖੇ ਪੁਲਸ ਦੀ ਢਿੱਲੀ ਕਾਰਵਾਈ ਨੂੰ ਮੁੱਖ ਰੱਖਦੇ ਹੋਏ ਪਿੰਡ ਵਾਸੀਆ ਨੇ ਪੁਲਸ ਪ੍ਰਸ਼ਾਸਨ ਖਿਲਾਫ ਸੜਕ 'ਤੇ ਧਰਨਾ ਲਗਾਕੇ ਜੰਮ ਕੇ ਨਾਅਰੇਬਾਜੀ ਕੀਤੀ ਸਰਪੰਚ ਸੀਮਾ ਰਾਣੀ ਸੇਲਕੀਆਣਾ ਨੇ ਦੱਸਿਆ ਕਿ ਬੀਤੀ ਰਾਤ ਕੁਝ ਅਣਪਛਾਤੇ ਨੌਜਵਾਨਾਂ ਵਲੋ ਕ੍ਰਿਪਾਨਾ, ਦਾਤਰ ਲੈ ਕੇ ਪਿੰਡ ਦੇ ਦੋ ਨੌਜਵਾਨਾਂ ਨੂੰ ਵੱਢਕੇ ਚਲੇ ਗਏ ਤੇ ਉਨ੍ਹਾ ਦੱਸਿਆ ਕਿ ਅੱਜ ਤੋਂ ਚਾਰ ਮਹੀਨੇ ਪਹਿਲਾਂ ਵੀ ਅਣਪਛਾਤਿਆਂ ਗੁਦਾਵਰ ਸਾਹਨੀ ਜਿਨ੍ਹਾ 'ਚ ਗੁਰਦਾਵਰ ਸਾਹਨੀ ਦੀ ਵੱਡ ਟੁੱਕ ਕਰਕੇ ਗੰਭੀਰ ਰੂਪ ਵਿੱਚ ਜਖਮੀ ਕਰ ਗਏ ਸੀ ਤੇ ਉਸ ਤੋ ਬਾਅਦ ਪੁਲਸ ਵਲੋਂ ਕੋਈ ਕਾਰਵਾਈ ਨਹੀ ਹੋਈ ਬੀਤੀ ਰਾਤ ਵੀ ਦੋ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਚਾਰ ਜਣੇ ਆਏ ਤੇ ਉਨ੍ਹਾ ਨੇ ਹੁਲੜਬਾਜ਼ੀ ਕੀਤੀ ਤੇ ਜਦੋ ਉਨ੍ਹਾ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਇਕ ਮੋਟਰਸਾਈਕਲ ਛੱਡ ਕੇ ਫਰਾਰ ਹੋ ਗਏ ਉਹ ਦੋ ਨੌਜਵਾਨਾਂ ਗੰਭੀਰ ਰੂਪ ਵਿੱਚ ਜਖਮੀ ਕਰ ਜਿਨ੍ਹਾ ਵਿੱਚ ਗੁਰਦੀਪ ਪੁੱਤਰ ਸੋਹਣ ਲਾਲ ਜੋ ਗੰਭੀਰ ਹੋਣ ਕਾਰਨ ਲੁਧਿਆਣਾ ਵਿੱਚ ਅਤੇ ਜੱਗੀ ਪੁਤਰ ਹੰਸ ਰਾਜ ਜੋ ਫਿਲੌਰ ਦੇ ਸਿਵਲ ਹਸਪਤਾਲ ਵਿੱਚ ਜੇਰੇ ਇਲਾਜ ਹੈ। ਉਨ੍ਹਾ ਕਿਹਾ ਕਿ ਉਸਨੇ ਇਨਾਂ ਅਣਪਛਾਤਿਆਂ ਕਾਰਵਾਈ ਕੀਤੀ ਹੁੰਦੀ ਤਾਂ ਰਾਤ ਵਾਲੀ ਘਟਨਾ ਨਾ ਵਾਪਰਦੀ ਤੇ ਸਰਪੰਚ ਵਲੋਂ ਪੁਲਸ ਨੂੰ ਸੂਚਿਤ ਕੀਤਾ ਤਾਂ ਬੀਤੀ ਰਾਤ ਪੁਲਸ ਚੌਕੀ ਲਸਾੜਾ ਦੇ ਇੰਚਾਰਜ ਸੁਖਦੇਵ ਸਿੰਘ ਮੌਕੇ 'ਤੇ ਪਹੁੰਚੇ ਤੇ ਉਨ੍ਹਾ ਮੋਟਰਸਾਈਕਲ ਨੂੰ ਜਬਤ ਕਰ ਲਿਆ ਤੇ ਸਵੇਰ ਪਿੰਡ ਵਾਸੀਆਂ ਨੇ ਫਿਲੌਰ ਤੇ ਰਾਹੋ ਰੋਡ ਜਾਮ ਕਰਕੇ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਖਿਲਾਫ ਮੁਰਦਾਬਾਦ ਦੇ ਨਾਅਰੇ ਲਗਾਏ ਤੇ ਪੁਲੀਸ ਥਾਣਾ ਫਿਲੌਰ ਤੋਂ ਐਸ ਐਚ ਓ ਸੁਖਦੇਵ ਸਿੰਘ ਧਰਨੇ ਵਾਲੇ ਸਥਾਨ ਤੇ ਪਹੁੰਚੇ ਤੇ ਪਿੰਡ ਵਾਸੀਆ ਨੇ ਇਨਸਾਫ ਦੀ ਮੰਗ ਕੀਤੀ।

## ਕਾਲਜ ਬੱਸ ਖੇਤ 'ਚ ਪਲਟੀ, ਇੱਕ ਵਿਦਿਆਰਥਣ ਜ਼ਖਮੀ



**ਬੰਗਾ (ਅਵਤਾਰ ਕਲੇਰ)** ਵੱਖ-ਵੱਖ ਪਿੰਡਾਂ ਤੋਂ ਵਿਦਿਆਰਥਣਾਂ ਨੂੰ ਕਾਲਜ ਲਿਆ ਰਹੀ ਸ਼ੇਰਗਿਲ ਕਾਲਜ ਮੁਕੰਦਪੁਰ ਦੀ ਬੱਸ ਨੰਬਰ ਪੀ ਬੀ 32 ਪੀ 2177 ਪਿੰਡ ਚੱਕ ਰਾਮੂੰ ਵਿਖੇ ਕਿਸੇ ਵਾਹਨ ਨੂੰ ਸਾਈਡ ਦੇਣ ਲੱਗੇ ਖੇਤ ਵਿੱਚ ਪਲਟ ਗਈ, ਜਿਸ ਕਾਰਨ ਇੱਕ ਵਿਦਿਆਰਥਣ ਸਾਨੀਆ ਵਾਸੀ ਪਿੰਡ ਚੱਕ ਬਿਲਗਾਂ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਈ ਅਤੇ ਲਗਭਗ ਦੱਸ ਵਿਦਿਆਰਥਣਾਂ ਨੂੰ ਗੁਝੀਆਂ ਸੱਟਾਂ ਲੱਗੀਆਂ।ਗੰਭੀਰ ਜ਼ਖਮੀ ਵਿਦਿਆਰਥਣ ਨੂੰ ਲੋਕਾਂ ਦੀ ਮੱਦਦ ਨਾਲ ਨਜ਼ਦੀਕੀ ਹਸਪਤਾਲ ਪਹੁੰਚਾਇਆ ਗਿਆ। ਇਸ ਸੰਬੰਧੀ ਮੌਕੇ ਤੋਂ ਇਕੱਤਰ ਜਾਣਕਾਰੀ ਅਨੁਸਾਰ ਸੜਕ ਦੇ ਕਿਨਾਰੇ ਤਾਜ਼ੀ ਮਿੱਟੀ ਪਾਈ ਹੋਈ ਸੀ ਜਿੱਥੋਂ ਬੱਸ ਕਿਸੇ ਦੂਸਰੇ ਵਾਹਨ ਨੂੰ ਸਾਈਡ ਦੇਣ ਲੱਗੇ ਮਿੱਟੀ ਧੱਸ ਗਈ ਅਤੇ ਬੱਸ ਤਿੰਨ ਫੁੱਟ ਡੂੰਘੇ ਖੇਤ 'ਚ ਪਲਟ ਗਈ।ਹਾਦਸੇ ਵਾਲੀ ਥਾਂ 'ਤੇ ਇਕੱਤਰਤ ਲੋਕਾਂ ਨੇ ਵਿਦਿਆਰਥਣਾਂ ਨੂੰ ਬੱਸ ਡਰਾਈਵਰ ਵਾਲੀ ਖਿੜਕੀ ਰਾਹੀਂ ਪੌੜੀ ਲਗਾ ਕੇ ਬਾਹਰ ਕੱਢਿਆ।

## ਪੈਨਸ਼ਨਰ ਵੈੱਲ.ਫੇਅਰ ਫੈਡਰੇਸ਼ਨ ਪੰਜਾਬ ਦੇ ਦਸੂਹਾ ਸਰਕਲ ਮੈਂਬਰਾਂ ਨੇ ਵਿਧਾਇਕ ਨੂੰ ਮੰਗ ਪੱਤਰ ਸੌਂਪਿਆ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**-ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਉਹਨਾਂ ਦੇ ਗ੍ਰਹਿ ਵਿਖੇ ਪੈਨਸ਼ਨਰ ਵੈਲਫ਼ੇਅਰ ਫੈਡਰੇਸ਼ਨ ਪੰਜਾਬ ਦਸੂਹਾ ਸਰਕਲ ਦੇ ਮੈਂਬਰਾਂ ਨੇਂ ਮੰਗ ਪੱਤਰ ਸੌਂਪਿਆ।ਪੰਜਾਬ ਰਾਜ ਪਾਵਰ ਕਾਮ ਦੇ ਬਿਜਲੀ ਬੋਰਡ ਨਾਲ ਸੰਬੰਧਿਤ ਸੇਵਾ ਮੁਕਤ ਮੁਲਾਜ਼ਮਾਂ ਨੇ ਉਹਨਾਂ ਨੂੰ ਦਰਪੇਸ਼ ਆ ਰਹੀਆਂ ਵੱਖ-ਵੱਖ ਮੁਸ਼ਕਿਲਾਂ ਸੰਬੰਧੀ ਵਿਧਾਇਕ ਜਸਵੀਰ ਰਾਜਾ ਨਾਲ ਵਿਚਾਰ ਵਟਾਂਦਰਾ ਕੀਤਾ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨਾਲ ਮੁਲਾਕਾਤ ਕਰਾਉਣ ਵਾਸਤੇ ਵੀ ਵਿਚਾਰ ਚਰਚਾ ਕੀਤੀ।ਇਸ ਮੌਕੇ ਜਸਵੀਰ ਸਿੰਘ ਰਾਜਾ ਨੇ ਫੈਡਰੇਸ਼ਨ ਦੇ ਮੈਂਬਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਜਿੱਥੇ ਉਹਨਾਂ ਦੀਆਂ ਮੰਗਾਂ ਪੰਜਾਬ ਸਰਕਾਰ ਤੱਕ ਪਹੁੰਚਾਈਆਂ ਜਾਣਗੀਆਂ ਉਥੇ ਹੀ ਮੁੱਖ ਮੰਤਰੀ ਭਗਵੰਤ ਮਾਨ ਨਾਲ ਵੀ ਮੁਲਾਕਾਤ ਕਰਨ ਵਾਸਤੇ ਢੁਕਵਾਂ ਸਮਾਂ ਤੈਅ ਕੀਤਾ ਜਾਵੇਗਾ।ਵਿਧਾਇਕ ਜਸਵੀਰ ਰਾਜਾ ਹੋਰ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰੇਕ ਵਰਗ ਨੂੰ ਸੁੱਖ ਸਹੂਲਤ ਦੇਣ ਵਾਸਤੇ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ। ਇਸ ਮੌਕੇ ਕੇਸ਼ਵ ਸੈਣੀ, ਪਰਮਜੀਤ ਸਿੰਘ, ਰਾਮ ਸਰਨ ਪ੍ਰਾਸ਼ਰ ਸਰਕਲ ਪ੍ਰਧਾਨ, ਮਨਜੀਤ ਸਿੰਘ ਸੂਬਾ ਕੈਸ਼ੀਅਰ , ਗੁਰਦੀਪ ਸਿੰਘ ਖੁੱਡਾ ਸਕੱਤਰ, ਬਲਵਿੰਦਰ ਸਿੰਘ ਮੀਤ ਪ੍ਰਧਾਨ, ਨਰਿੰਦਰ ਸਿੰਘ ਮੁਲਤਾਨੀ , ਪਲਮਿੰਦਰ ਸਿੰਘ, ਬਲਦੇਵ ਸਿੰਘ ਉੜਮੁੜ, ਸੁਰਜੀਤ ਸਿੰਘ ਤੋਂ ਇਲਾਵਾ ਅੰਮ੍ਰਿਤਪਲ ਸਿੰਘ ਕੈਸ਼ੀਅਰ, ਰਾਜਿੰਦਰ ਸਿੰਘ ਪ੍ਰਧਾਨ, ਸ਼ਿੰਗਾਰਾ ਸਿੰਘ , ਸ਼ਿਵ ਚਰਨ ਗਹੋਤ, ਕਰਮਜੀਤ ਸਿੰਘ ਖੁੱਡਾ, ਬਲਵੀਰ ਸਿੰਘ, ਸੁਖਦੇਵ ਸਿੰਘ, ਚਮਨ ਲਾਲ ਤੋਂ ਇਲਾਵਾ ਦਵਿੰਦਰ ਸਿੰਘ ਦਸੂਹਾ, ਦਵਿੰਦਰ ਸਿੰਘ ਬਾਬਾ, ਉਮ ਪ੍ਰਕਾਸ਼, ਜਸਵਿੰਦਰ ਸਿੰਘ ਜੇ.ਈ, ਬਲਜੀਤ ਸਿੰਘ ਜ਼ਹੂਰਾ, ਸਰੂਪ ਸਿੰਘ, ਅਮਰ ਸਿੰਘ ਮੌਜੂਦ ਸਨ।

## ਸਰਕਾਰੀ ਕਾਲਜਾਂ ਨੂੰ ਨਿੱਜੀਕਰਨ ਕਰਨ ਦੇ ਰੋਹ ਵਜੋਂ ਮੁੱਖ ਮੰਤਰੀ ਦਾ ਪੁਤਲਾ ਫੂਕਿਆ



**ਫਿਲੌਰ (ਨਿਰਮਲ, ਬੀ ਐੱਸ ਕੈਨੇਡੀ)** ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਸੱਦੇ 'ਤੇ ਫਿਲੌਰ ਵਿਖੇ ਪੰਜਾਬ ਸਰਕਾਰ ਦੇ ਫੈਸਲੇ 8 ਸਰਕਾਰੀ ਕਾਲਜਾਂ ਨੂੰ ਨਿੱਜੀਕਰਨ ਕਰਨ ਦੇ ਰੋਹ ਵਜੋਂ ਮੁੱਖ ਮੰਤਰੀ ਦਾ ਪੁਤਲਾ ਫੂਕ ਮੁਜਾਹਰਾ ਕੀਤਾ ਗਿਆ। ਇਸ ਦੀ ਪ੍ਰਧਾਨਗੀ ਗੁਰਦੀਪ ਬੇਗਮਪੁਰ ਅਤੇ ਬਲਦੇਵ ਸਾਹਨੀ ਨੇ ਕੀਤੀ। ਇਸ ਮੌਕੇ ਸਭਾ ਦੇ ਪ੍ਰਧਾਨ ਮਨਜਿੰਦਰ ਢੇਸੀ, ਅਜੈ ਫਿਲੌਰ ਅਤੇ ਤਹਿ. ਸਕੱਤਰ ਮੱਖਣ ਸੰਗਰਾਮੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਦੇ 8 ਸਰਕਾਰੀ ਕਾਲਜਾਂ ਨੂੰ ਨਿੱਜੀ ਹੱਥਾਂ 'ਚ ਦੇਣ ਦੇ ਫੈਸਲੇ ਖਿਲਾਫ ਪੁਤਲਾ ਫੂਕ ਮੁਜਾਹਰਾ ਕੀਤਾ ਅਤੇ ਇਸ ਲੋਕ ਵਿਰੋਧੀ ਫੈਸਲੇ ਨੂੰ ਵਾਪਸ ਲੈਣ ਦੀ ਮੰਗ ਕੀਤੀ। ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਇਸ ਫੈਸਲੇ ਨੂੰ ਵਾਪਸ ਨਾ ਲਿਆ ਤਾਂ ਆਉਣ ਵਾਲੇ ਸਮੇਂ 'ਚ ਇਸ ਖਿਲਾਫ ਸੰਘਰਸ਼ ਤੇਜ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋ ਇਲਾਵਾ ਪ੍ਰਭਾਤ ਕਵੀ, ਸਨੀ ਜੱਸਲ, ਸੰਦੀਪ ਫਿਲੌਰ, ਗਗਨਦੀਪ ਗੱਗਾ, ਓਂਕਾਰ ਬਿਰਦੀ, ਜੱਸਾ ਫਿਲੌਰ, ਜਸਵੀਰ ਰਾਜੂ, ਰਮਨ, ਹਰਪ੍ਰੀਤ ਲੱਧੜ, ਤਰਜਿੰਦਰ ਧਾਲੀਵਾਲ, ਗੁਰਵਿੰਦਰ, ਤਲਵਿੰਦਰ ਸਿੰਘ ਆਦਿ ਹਾਜ਼ਰ ਸੀ।

## ਤੀਆਂ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਇਥੇ ਲਵ ਕੁਸ਼ ਟਿਊਸ਼ਨ ਸੈਂਟਰ ਵਿਖੇ ਤੀਆਂ ਦਾ ਤਿਉਹਾਰ ਧੂਮ ਧਾਮ ਨਾਲ ਮਨਾਇਆ ਗਿਆ। ਬੱਚਿਆਂ ਵਲੋਂ ਅੱਜ ਗਿੱਧਾ ਭੰਗੜਾ ਪਾਇਆ ਗਿਆ ਅਤੇ ਪੀਘਾਂ ਝੂਟੀਆਂ ਗਈਆਂ। ਕੌਂਸਲਰ ਨੰਦ ਕਿਸ਼ੋਰ ਗਿੱਲ ਨੇ ਤੀਜ ਤਿਉਹਾਰ ਦੀ ਵਧਾਈ ਦਿੰਦੇ ਹੋਏ ਤਿਉਹਾਰ ਬਾਰੇ ਚਾਨਣਾ ਪਾਇਆ। ਇਸ ਮੌਕੇ ਪੂੜੀ ਛੋਲਿਆਂ ਦਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਖੁਸ਼ੀ ਮੌਕੇ ਕੌਂਸਲਰ ਨੰਦ ਕਿਸ਼ੋਰ ਗਿੱਲ , ਮੁਨੀਸ਼ ਗਿੱਲ ਉਰਫ਼ ਕਾਲੀ ਗਿੱਲ, ਦਿਨੇਸ਼ ਗਿੱਲ, ਮੈਡਮ ਸ਼ਹਿਨਾਜ ਤੋਂ ਇਲਾਵਾ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ



**ਲੋਹੀਆਂ ਖਾਸ (ਰੀਨਾ ਸ਼ਰਮਾ, ਯੋਗੇਸ਼ਵਰ)**- ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਅਮਨਪ੍ਰੀਤ ਕੌਰ ਦੀ ਅਗਵਾਈ ਹੇਠ ਤੀਆਂ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਸਕੂਲ ਵਿਦਿਆਰਥਣਾਂ ਦੁਆਰਾ ਰੰਗਾਰੰਗ ਪ੍ਰੋਗਰਾਮ ਗਿੱਧਾ, ਭੰਗੜਾ ਅਤੇ ਵੱਖ-ਵੱਖ ਲੋਕ ਗੀਤਾਂ ਤੇ ਸ਼ਾਨਦਾਰ ਪ੍ਰਫਾਰਮੈਂਸ ਦਿੱਤੀ ਗਈ। ਸਕੂਲ ਦੇ ਮਿਊਜ਼ਿਕ ਅਧਿਆਪਕ ਹਰਦੀਪ ਸਿੰਘ ਅਤੇ ਰਾਜਨ ਵਿਰਦੀ ਦੇ ਸਹਿਯੋਗ ਨਾਲ ਵਿਦਿਆਰਥਣਾਂ ਨੇ ਬਹੁਤ ਹੀ ਸੋਹਣੇ ਲੋਕ ਗੀਤ ਗਾ ਕੇ ਬੱਚਿਆਂ ਦਾ ਮਨ ਪਰਚਾਇਆ। ਸਕੂਲ ਅਕੈਡਮਿਕ ਕੰਸਲਟੈਂਟ ਮੈਡਮ ਦੀਪਿਕਾ ਦੁਆਰਾ ਵਿਦਿਆਰਥੀਆਂ ਨੂੰ ਤੀਆਂ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ।ਪ੍ਰਿੰਸੀਪਲ ਮੈਡਮ ਦੁਆਰਾ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਵਿੱਚ ਹਰ ਇੱਕ ਦਿਨ ਮਨਾਉਣ ਦਾ ਮੰਤਵ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਹਨਾਂ ਦੇ ਸੱਭਿਆਚਾਰ ਅਤੇ ਵਿਰਸੇ ਨਾਲ ਜੋੜ ਕੇ ਰੱਖਣਾ ਹੈ।

## ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਵਿਖੇ ਮਨਾਇਆ ਤੀਆਂ ਦਾ ਤਿਉਹਾਰ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਇਥੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਵਿਖੇ ਤੀਆਂ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਪਿੰਡ ਤੇਹਿੰਗ ਦੀਆਂ ਮੋਹਤਬਰ ਸ਼ਖਸ਼ੀਅਤਾਂ ਰਾਜਵਿੰਦਰ ਕੌਰ ਜੌਹਲ, ਬੀਬੀ ਮਹਿੰਦਰ ਕੌਰ ਅਤੇ ਸ਼੍ਰੀਮਤੀ ਕੁਲਵਿੰਦਰ ਕੌਰ ਆਦਿ ਹੁੰਮ-ਹੁਮਾ ਕੇ ਆਪੋ-ਆਪਣੀਆਂ ਸਾਥਣਾਂ ਸਮੇਤ ਪੁੱਜੀਆਂ।

ਕਾਲਜ ਦੇ ਪ੍ਰਿੰਸੀਪਲ ਡਾਕਟਰ ਪਰਮਜੀਤ ਕੌਰ ਜੱਸਲ ਨੇ ਜੀ ਆਇਆ ਆਖਿਆਂ ਅਤੇ ਤੀਆਂ ਦੀ ਮੁਬਾਰਕਬਾਦ ਦਿੰਦੇ ਹੋਏ ਵਿਦਿਆਰਥਣਾਂ ਨੂੰ ਆਤਮ ਨਿਰਭਰ ਬਣਨ ਲਈ ਪ੍ਰੇਰਿਤ ਕੀਤਾ। ਇਸਦੇ ਨਾਲ ਹੀ ਉਹਨਾਂ ਕੁੜੀਆਂ ਨੂੰ ਇਹ ਵੀ ਸੁਨੇਹਾ ਦਿੱਤਾ ਕਿ ਉਹ ਆਪਣੇ ਮਨ ਦੇ ਚਾਵਾਂ ਤੇ ਇੱਛਾਵਾਂ ਨੂੰ ਪੂਰੀ ਤਨਦੇਹੀ ਨਾਲ ਹੰਡਾਉਣ। ਮੰਚ ਸੰਚਾਲਨ ਦੀ ਭੂਮਿਕਾ ਪ੍ਰੋਫੈਸਰ ਜਗਜੀਤ ਸਿੰਘ (ਪੰਜਾਬੀ ਵਿਭਾਗ) ਵੱਲੋਂ ਬਾਖੂਬੀ ਨਿਭਾਈ ਗਈ। ਜਸਪ੍ਰੀਤ ਕੌਰ, ਹਿਨਾ, ਰੂਪਮ, ਰਣਦੀਪ, ਹਰਲੀਨ, ਲਵਪ੍ਰੀਤ, ਜਸਪ੍ਰੀਤ ਕੌਰ, ਮੋਨਿਕਾ, ਮੁਸਕਾਨ, ਮਨੀਸ਼ਾ, ਸੁਮਨ, ਕਾਵੇਰੀ ਅਤੇ ਰੀਆ ਆਦਿ ਨੇ ਲੋਕ ਨਾਚ ਗਿੱਧੇ ਦੀ ਪੇਸ਼ਕਾਰੀ ਕੀਤੀ। ਹਰਲੀਨ ਕੌਰ, ਸੁਮਨ ਅਤੇ ਕਾਵੇਰੀ ਨੇ ਲੋਕ ਗੀਤ ਪੇਸ਼ ਕਰਕੇ ਸਰੋਤਿਆਂ ਦਾ ਮਨੋਰੰਜਨ ਕੀਤਾ।ਮਿਸ ਤੀਜ ਦਾ ਖਿਤਾਬ ਲਵਪ੍ਰੀਤ ਕੌਰ ਬੀ.ਏ ਭਾਗ ਪਹਿਲਾ, ਖੂਬਸੂਰਤ ਪਹਿਰਾਵਾ ਤਨੂੰ ਬੀ.ਏ ਭਾਗ ਤੀਜਾ, ਖੂਬਸੂਰਤ ਮੁਟਿਆਰ ਰਣਦੀਪ ਕੌਰ ਬੀ.ਕਾਮ ਭਾਗ ਦੂਜਾ ਨੇ ਪ੍ਰਾਪਤ ਕੀਤਾ।ਇਸ ਮੌਕੇ ਪ੍ਰੋ: ਵਿਸ਼ਾਲੀ ਪਸਰੀਚਾ, ਪ੍ਰੋ: ਜਸਪ੍ਰੀਤ ਕੌਰ, ਪ੍ਰੋ: ਰੁਪਿੰਦਰ ਸਿੰਘ, ਪ੍ਰੋ: ਕਮਲਪ੍ਰੀਤ ਕੌਰ, ਪ੍ਰੋ: ਰਾਜਨ ਮਿੱਤੂ, ਡਾ. ਜਸਵਿੰਦਰ ਕੌਰ, ਪ੍ਰੋ: ਮਨਿੰਦਰ ਸਿੰਘ, ਪ੍ਰੋ: ਬਬੀਤਾ ਕੁਮਾਰੀ, ਪ੍ਰੋ: ਮਨਦੀਪ ਕੌਰ, ਪ੍ਰੋ: ਸੋਨੀਆ, ਪ੍ਰੋ: ਕਿਰਨਦੀਪ ਕੌਰ, ਪ੍ਰੋ: ਮਨੀਸ਼ ਅਤੇ ਪ੍ਰੋ: ਨਵਦੀਪ ਕੌਰ ਆਦਿ ਸ਼ਾਮਲ ਸਨ।

## ਹੈਰੋਇਨ ਸਮੇਤ 2 ਗ੍ਰਿਫਤਾਰ

**ਨਵਾਂਸ਼ਹਿਰ (ਮਨੋਜ ਲਾਡੀ)**- ਥਾਣਾ ਸਿਟੀ ਬਲਾਚੌਰ ਦੀ ਪੁਲਸ ਵੱਲੋ ਵੱਖ-ਵੱਖ ਮਾਮਲਿਆਂ ਵਿਚ 10 ਗ੍ਰਾਮ ਹੈਰੋਇਨ ਸਮੇਤ 2 ਵਿਅਕਤੀਆਂ ਨੂੰ ਗਿਫਤਾਰ ਕੀਤਾ ਹੈ।ਐੱਸ.ਐੱਚ.ਓ.ਸਬ ਇੰਸਪੈਕਟਰ ਸਤਨਾਮ ਸਿੰਘ ਨੇ ਦੱਸਿਆ ਕਿ ਏ.ਐੱਸ.ਆਈ. ਨਿਰਮਲ ਕੁਮਾਰ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਦੇ ਮੇਨ ਚੌਕ ਤੋਂ ਦਾਣਾ ਮੰਡੀ ਹੁੰਦੇ ਹੋਏ ਪਿੰਡ ਗਹੂਨ ਵੱਲ ਜਾ ਰਹੀ ਸੀ ਕਿ ਸ਼ਮਸ਼ਾਨ ਘਾਟ 7 ਦੇ ਨਜ਼ਦੀਕ ਦੂਜੇ ਪਾਸੇ ਤੋਂ ਆ ਰਿਹਾ ਇਕ ਵਿਅਕਤੀ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਅਤੇ ਜੇਬ ਵਿੱਚੋ ਪਾਰਦਰਸ਼ੀ ਲਿਫ਼ਾਫ਼ਾ ਕੱਢ ਕੇ ਘਾਹ ਫੂਸ ਵਿੱਚ ਸੁੱਟ ਦਿੱਤਾ। ਪੁਲਸ ਕਰਮਚਾਰੀਆਂ ਦੀ ਮਦਦ ਨਾਲ ਉਕਤ ਵਿਅਕਤੀ ਨੂੰ ਕਾਬੂ ਕਰ ਕੇ ਜਦੋਂ ਲਿਫਾਫੇ ਦੀ ਜਾਂਚ ਕੀਤੀ ਤਾਂ ਉਸ ਵਿੱਚੋ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਕਾਬੂ ਕੀਤੇ ਵਿਅਕਤੀ ਦੀ ਪਛਾਣ ਚੰਗਣ ਵਾਸੀ ਬਲਾਚੌਰ ਵਜੋਂ ਹੋਈ ਹੈ। ਇਸੇ ਤਰ੍ਹਾਂ ਏ. ਐੱਸ.ਆਈ . ਨਿਰਮਲ ਸਿੰਘ ਦੀ ਪੁਲਸ ਪਾਰਟੀ ਸਾਹਿਲ ਵਿਰੇ ਵਾਸੀ ਖੋਜਾ ਬੇਟ ਥਾਣੇ ਬਲਾਚੌਰ ਨੂੰ ਗ੍ਰਿਫਤਾਰ ਕਰ ਕੇ 5 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ । ਐੱਸ. ਐੱਚ. ਓ. ਨੇ ਦੱਸਿਆ ਕਿ ਗ੍ਰਿਫਤਾਰ ਮੁਲਜ਼ਮਾਂ ਖਿਲਾਫ ਐੱਨ. ਡੀ. ਪੀ. ਐੱਸ ਤਹਿਤ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਈ ਸ਼ੁਰੂ ਕਰ ਦਿੱਤੀ ਹੈ।

## ਸੁਨੀਲ ਭੂੰਬਲਾ ਵਾਈਸ ਪ੍ਰਧਾਨ ਤੇ ਜਸਵਿੰਦਰ ਮਜਾਰਾ ਵਾਈਸ ਸੈਕਟਰੀ ਬਣੇ



**ਬਲਾਚੌਰ (ਜਸਵਿੰਦਰ ਬੈਂਸ)** ਆਜ਼ਾਦ ਪ੍ਰੈਸ ਐਂਡ ਵੈਲਫੇਅਰ ਕਲੱਬ ਰਜਿਸਟਰ ਬਲਾਚੌਰ ਦੀ ਮਾਸਿਕ ਮੀਟਿੰਗ ਭੱਦੀ ਰੋਡ ਬਲਾਚੌਰ ਸਥਿਤ ਪੰਡਤ ਸਵੀਟ ਸ਼ਾਪ ਭੱਦੀ ਰੋਡ ਬਲਾਚੌਰ ਵਿਖੇ ਕਲੱਬ ਦੇ ਪ੍ਰਧਾਨ ਰਾਣਾ ਨਰੇਸ਼ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਡੀ ਐਸ ਪੀ ਬਲਾਚੌਰ ਸ਼ਾਮ ਸੁੰਦਰ ਸ਼ਰਮਾ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ। ਕਲੱਬ ਦੇ ਪ੍ਰਧਾਨ ਰਾਣਾ ਨਰੇਸ਼ ਕੁਮਾਰ ਹੈਪੀ ਵੱਲੋਂ ਮੀਟਿੰਗ ਦੀ ਸ਼ੁਰੂਆਤ ਕਰਦਿਆ ਕਿਹਾ ਕਿ ਕਲੱਬ ਦੇ ਸਮੂਹ ਮੈਂਬਰ ਵਧਾਈ ਦੇ ਪਾਤਰ ਹਨ ਜਿਹੜੇ ਕਿ ਪੱਤਰਕਾਰੀ ਖੇਤਰ 'ਚ ਲੋਕਾਂ ਦੀਆਂ ਸਮੱਸਿਆਵਾਂ ਨੂੰ ਬਾਖੂਬੀ ਪੁਲਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਧਿਆਨ 'ਚ ਲਿਆਉਣ ਵਿੱਚ ਆਪਣੀ ਵਿਸ਼ੇਸ਼ ਭੂਮਿਕਾ ਨਿਭਾ ਰਹੇ ਹਨ। ਇਸ ਮੌਕੇ ਡੀ ਐਸ ਪੀ ਬਲਾਚੌਰ ਸ਼ਾਮ ਸੁੰਦਰ ਸ਼ਰਮਾ ਵੱਲੋਂ ਆਖਿਆ ਕਿ ਪੱਤਰਕਾਰ ਭਾਈਚਾਰੇ ਅਤੇ ਪੁਲਸ ਪ੍ਰਸ਼ਾਸਨ ਦਾ ਆਹ ਰਿਸ਼ਤਾ ਨੂੰਹ ਮਾਸ ਵਾਲਾ ਹੁੰਦਾ ਹੈ, ਇਹਨਾਂ ਦੋਨਾਂ ਕੜੀਆਂ ਦੇ ਆਪਸੀ ਸਹਿਯੋਗ ਨਾਲ ਇਲਾਕੇ ਅੰਦਰ ਨਸ਼ਿਆਂ ਅਤੇ ਕ੍ਰਾਈਮ ਵਰਗੇ ਜੁਲਮਾਂ ਉੱਪਰ ਹੋਰ ਵੀ ਠੱਲ੍ਹ ਪਾਈ ਜਾ ਸਕਦੀ ਹੈ। ਕਲੱਬ ਦੇ ਚੇਅਰਮੈਨ ਸੀਨੀਅਰ ਪੱਤਰਕਾਰ ਸਤੀਸ਼ ਕੁਮਾਰ ਸ਼ਰਮਾ ਵੱਲੋਂ ਆਪਣੇ ਸੰਬੋਧਨ 'ਚ ਆਖਿਆ ਕਿ ਤੇ ਸਾਰੇ ਪੱਤਰਕਾਰ ਫੀਲਡ ਵਿੱਚ ਅਤੇ ਕਲੱਬ ਦੇ ਹਿੱਤ 'ਚ ਪੂਰੀ ਵਫਾਦਾਰੀ ਅਤੇ ਇਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਨਿਭਾਉਣ। ਇਸ ਮੌਕੇ ਸੁਨੀਲ ਭੂੰਬਲਾਂ ਨੂੰ ਵਾਇਸ ਪ੍ਰਧਾਨ ਅਤੇ ਜਸਵਿੰਦਰ ਮਜਾਰਾ ਨੂੰ ਵਾਈਸ ਸੈਕਟਰੀ ਲਗਾਇਆ ਅਤੇ ਪੱਤਰਕਾਰ ਜਸਵਿੰਦਰ ਸਿੰਘ ਨਿਵਾਸੀ ਬਲਾਚੌਰ ਦੀ ਇਸ ਕਲੱਬ 'ਚ ਨਵੀਂ ਮੈਂਬਰਸ਼ਿਪ ਹੋਈ।

## ਹਲਕਾ ਭੁਲੱਥ ਦੇ ਸਾਬਕਾ ਸੈਨਿਕਾਂ ਨੇ ਆਜ਼ਾਦੀ ਦਿਵਸ ਮਨਾਇਆ

**ਭੁਲੱਥ (ਮਨਪ੍ਰੀਤ ਸਿੰਘ)**-ਸਬ ਡਵੀਜ਼ਨ ਕਸਬਾ ਭੁਲੱਥ ਦੇ ਸਮੂਹ ਸਾਬਕਾ ਸੈਨਿਕਾ ਵੱਲੋਂ ਇਕੱਠੇ ਹੋ ਕੇ ਕੈਪਟਨ ਬਲਵੀਰ ਸਿੰਘ ਪ੍ਰਧਾਨ ਇੰਡੀਅਨ ਐਕਸ ਸਰਵਿਸ ਲੀਗ ਅਤੇ ਸੂਬੇਦਾਰ ਮੇਜਰ ਜਰਨੈਲ ਸਿੰਘ ਪ੍ਰਧਾਨ ਜ਼ਿਲ੍ਹਾ ਕਪੂਰਥਲਾ ਦੀ ਅਗਵਾਈ ਹੇਠ 78ਵਾਂ ਆਜ਼ਾਦੀ ਦਿਹਾੜਾ ਮਨਾਇਆ ਗਿਆ, ਜਿਸ ਵਿੱਚ ਰਾਸ਼ਟਰੀ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ । ਇਸ ਮੌਕੇ ਸੂਬੇਦਾਰ ਮੇਜਰ ਜਰਨੈਲ ਸਿੰਘ ਵੱਲੋਂ ਭੁਲੱਥ ਵਿਖੇ ਨਵੀਂ ਮੈਡੀਕਲ ਪੋਲੀ ਕਲੀਨਿਕ ਲਿਆਉਣ ਸਬੰਧੀ ਚੱਲ ਰਹੇ ਕੰਮ, ਮੈਡੀਕਲ ਸਹੂਲਤਾਂ ਅਤੇ ਕੰਟੀਨ ਵਿੱਚ ਆ ਰਹੀਆਂ ਦਰਪੇਸ਼ ਮੁਸ਼ਕਲਾਂ ਦੇ ਹੱਲ ਕਰਨ ਦੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪ੍ਰਧਾਨ ਕੈਪਟਨ ਬਲਵੀਰ ਸਿੰਘ ਭੁਲੱਥ, ਮੀਤ ਪ੍ਰਧਾਨ ਕੈਪਟਨ ਜੋਗਾ ਸਿੰਘ, ਜਨਰਲ ਸੈਕਟਰੀ ਸੂਬੇਦਾਰ ਜਸਵੰਤ ਸਿੰਘ ਮਿਆਣੀ, ਕੈਸ਼ੀਅਰ ਸੂਬੇਦਾਰ ਤਰਲੋਕ ਸਿੰਘ ਮਕਸੂਦਪੁਰ, ਸਾਰਜੈਂਟ ਜਸਵੰਤ ਸਿੰਘ, ਕੈਪਟਨ ਮਹਿੰਦਰ ਸਿੰਘ, ਕੈਪਟਨ ਪੂਰਨ ਸਿੰਘ, ਕੈਪਟਨ ਸਤਪਾਲ ਸਿੰਘ, ਕੈਪਟਨ ਮਨਜੀਤ ਸਿੰਘ, ਕੈਪਟਨ ਨਿਸ਼ਾਨ ਸਿੰਘ, ਸੂਬੇਦਾਰ ਜਸਵਿੰਦਰ ਸਿੰਘ, ਹਵਲਦਾਰ ਚਰਨਜੀਤ ਸਿੰਘ, ਹਵਾਲਦਾਰ ਸੁਖਦੀਪ ਸਿੰਘ ਹਾਜ਼ਰ ਸਨ ।

## ਆਜ਼ਾਦੀ ਦਿਵਸ ਮੌਕੇ ਛੇ ਅਧਿਕਾਰੀਆਂ ਤੇ ਕਰਮਚਾਰੀਆਂ ਦਾ ਵਿਸ਼ੇਸ਼ ਸਨਮਾਨ



**ਨਵਾਂਸ਼ਹਿਰ (ਮਨੋਜ ਲਾਡੀ)**-ਪੰਜਾਬ ਸਰਕਾਰ ਨੇ ਦੇਸ਼ ਦੇ 78ਵੇਂ ਆਜ਼ਾਦੀ ਦਿਵਸ ਮੌਕੇ ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਪ੍ਰਤੀਬੱਧਤਾ ਨਾਲ ਨਿਭਾਉਣ ਲਈ ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ ਸਮੇਤ ਜ਼ਿਲ੍ਹਾ ਸਿਹਤ ਵਿਭਾਗ, ਸ਼ਹੀਦ ਭਗਤ ਸਿੰਘ ਨਗਰ ਦੇ ਛੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਹੈ। ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਪੂੰਜੀ ਨਿਵੇਸ਼ ਪ੍ਰੋਤਸਾਹਨ, ਕਿਰਤ ਅਤੇ ਪ੍ਰਾਹੁਣਚਾਰੀ ਮੰਤਰੀ ਅਨਮੋਲ ਗਗਨ ਮਾਨ ਨੇ ਦੇਸ਼ ਦੇ 78ਵੇਂ ਆਜ਼ਾਦੀ ਦਿਵਸ ਸਮਾਰੋਹ ਦੌਰਾਨ ਆਈ.ਟੀ.ਆਈ ਗਰਾਊਂਡ, ਨਵਾਂਸ਼ਹਿਰ ਵਿਖੇ ਝੰਡਾ ਲਹਿਰਾਉਣ ਦੀ ਰਸਮ ਨਿਭਾਉਣ ਉਪਰੰਤ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾਉਣ ਲਈ ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ, ਜ਼ਿਲ੍ਹਾ ਅਕਾਊਂਟ ਅਫਸਰ ਦੀਪਕ ਵਰਮਾ, ਇਨਫਰਮੇਸ਼ਨ ਅਸਿਸਟੈਂਟ ਸ਼ਿਵ ਕੁਮਾਰ ਕਮਿਊਨਿਟੀ ਹੈਲਥ ਅਫਸਰ ਮਨਪ੍ਰੀਤ ਕੌਰ, ਏ.ਐਨ.ਐਮ. ਚੰਦਰਕਾਂਤਾ, ਆਸ਼ਾ ਵਰਕਰ ਹਰਜਿੰਦਰ ਕੌਰ ਨੂੰ ਸਨਮਾਨ ਚਿੰਨ੍ਹ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨ ਕੀਤਾ।ਇਸ ਮੌਕੇ ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਨੇ ਲੋਕਾਂ ਦੀ ਸੇਵਾ ਵਿੱਚ ਸਮਰਪਿਤ ਸਿਹਤ ਵਿਭਾਗ ਦੇ ਇਨ੍ਹਾਂ ਸਿਹਤ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਬੇਮਿਸਾਲ ਯੋਗਦਾਨ ਨੂੰ ਸਲਾਮ ਕੀਤਾ।ਉਨ੍ਹਾਂ ਕਿਹਾ ਕਿ ਇਨ੍ਹਾਂ ਸਿਹਤ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਆਪਣੇ-ਆਪ ਵਿੱਚ ਇਕ ਵੱਡੀ ਮਿਸਾਲ ਹੈ।

## ਜੰਡਿਆਲਾ ਦੀਆਂ ਵੱਖ-ਵੱਖ ਥਾਵਾਂ 'ਤੇ ਪੌਦੇ ਲਗਾਉਣ ਦੀ ਸ਼ੁਰੂਆਤ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**—ਜੰਡਿਆਲਾ ਮੰਜਕੀ-ਸਥਾਨਕ ਕਸਬੇ ਦੇ ਵੱਖ-ਵੱਖ ਸਥਾਨਾਂ 'ਤੇ 1100 ਵੱਖ-ਵੱਖ ਤਰ੍ਹਾਂ ਦੇ ਪੌਦੇ ਲਗਾਉਣ ਦਾ ਟੀਚਾ ਮਿਥਿਆ ਗਿਆ ਹੈ। ਪੌਦੇ ਲਾਉਣ ਦੀ ਸ਼ੁਰੂਆਤ ਜੰਡਿਆਲਾ ਲੋਕ ਭਲਾਈ ਮੰਚ, ਗ੍ਰਾਮ ਪੰਚਾਇਤ ਵੱਲੋਂ ਰੇਡੀਓ ਮਿਰਚੀ ਦੇ ਹੋਸਟ ਆਰ.ਜੇ ਹਿਨਾ ਅਤੇ ਜੰਗਲਾਤ ਵਿਭਾਗ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਗਈ।ਸਰਕਾਰੀ ਹਸਪਤਾਲ, ਸ਼ਮਸ਼ਾਨ ਘਾਟ, ਪ੍ਰਾਇਮਰੀ ਸਕੂਲ ਜਲੰਧਰ ਰੋਡ ਆਦਿ ਥਾਵਾਂ 'ਤੇ ਪੌਦੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ।ਸਰਪੰਚ ਮੱਖਣ ਪੱਲਨ ਨੇ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਸਰਕਾਰੀ ਕਾਲਜ ਅਤੇ ਦਸਹਿਰਾ ਗਰਾਊਂਡ ਵਿੱਚ ਵੀ ਵੱਖ-ਵੱਖ ਤਰ੍ਹਾਂ ਦੇ ਪੌਦੇ ਲਗਾਏ ਜਾਣ ਦੀ ਯੋਜਨਾ ਹੈ।ਇਸ ਮੌਕੇ ਜੰਗਲਾਤ ਵਿਭਾਗ ਦੇ ਅਧਿਕਾਰੀ ਜਰਨੈਲ ਸਿੰਘ, ਸਰਪੰਚ ਮੱਖਣ ਪੱਲਨ, ਆਰਜੇ ਹਿਨਾ,ਡਾਕਟਰ ਪ੍ਰਿਅੰਕਾ, ਤਰਸੇਮ ਸਿੰਘ, ਮੱਖਣ ਸਿੰਘ ਜੌਹਲ, ਸੁਖਵੀਰ ਸਿੰਘ,ਪੰਮਾ ਜੌਹਲ, ਮਾਸਟਰ ਸੁਖਜੀਤ ਸਿੰਘ, ਬਲਕਾਰ ਸਿੰਘ, ਵਿਜੈ ਧਰਨੀ, ਸੁਖਵਿੰਦਰ ਸਿੰਘ,ਸੁਰਜੀਤ ਸਿੰਘ, ਗੁਰਚੇਤਨ ਸਿੰਘ, ਜਸਵਿੰਦਰ ਸਿੰਘ, ਹਰਵਿੰਦਰ ਕੌਰ, ਅਮਰੀਕ ਸਿੰਘ ਮਗਨਰੇਗਾ ਵਰਕਰ, ਸਕੂਲ ਅਤੇ ਹਸਪਤਾਲ ਸਟਾਫ ਤੋਂ ਇਲਾਵਾ ਪਿੰਡ ਦੇ ਪਤਵੰਤੇ ਹਾਜ਼ਰ ਸਨ।

## ਕਿਰਾਏਦਾਰਾਂ, ਨੌਕਰਾਂ ਤੇ ਪੇਇੰਗ ਗੈਸਟ ਦਾ ਪੂਰਾ ਵੇਰਵਾ ਨਜ਼ਦੀਕੀ ਥਾਣੇ ਨੂੰ ਦੇਣਾ ਲਾਜ਼ਮੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ-2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤਾ ਹੈ ਕਿ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਹਦੂਦ ਅੰਦਰ ਸਥਿਤ ਮਿਊਂਸਪਲ ਕੌਂਸਲਾਂ, ਨਗਰ ਪੰਚਾਇਤਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਅਧਿਕਾਰ ਖੇਤਰ ਵਿੱਚ ਰਹਿਣ ਵਾਲਾ ਕੋਈ ਵੀ ਵਿਅਕਤੀ ਆਪਣੇ ਘਰ ਵਿੱਚ ਜਦੋਂ ਕਿਰਾਏਦਾਰ/ਨੌਕਰ/ਪੇਇੰਗ ਗੈਸਟ ਰੱਖੇਗਾ ਤਾਂ ਉਹ ਉਸ ਦਾ ਪੂਰਾ ਵੇਰਵਾ ਇੱਕ ਹਫ਼ਤੇ ਦੇ ਵਿੱਚ-ਵਿੱਚ ਨੇੜਲੇ ਪੁਲਸ ਥਾਣੇ ਨੂੰ ਦੇਣਾ ਯਕੀਨੀ ਬਣਾਏਗਾ। ਇਹ ਹੁਕਮ ਉਨ੍ਹਾਂ 'ਤੇ ਵੀ ਲਾਗੂ ਹੋਵੇਗਾ, ਜਿਨ੍ਹਾਂ ਨੇ ਪਹਿਲਾਂ ਤੋਂ ਹੀ ਰੱਖੇ ਹੋਏ ਕਿਰਾਏਦਾਰਾਂ, ਨੌਕਰਾਂ ਅਤੇ ਪੇਇੰਗ ਗੈਸਟ ਦਾ ਵੇਰਵਾ ਹਾਲਾਂ ਤੱਕ ਪੁਲਸ ਨੂੰ ਨਹੀਂ ਦਿੱਤਾ ਹੈ।ਮਨਾਹੀ ਦੇ ਇਨ੍ਹਾਂ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹੇ ਵਿੱਚ ਦੂਜੇ ਰਾਜਾਂ ਅਤੇ ਬਾਹਰਲੇ ਜ਼ਿਲ੍ਹਿਆਂ ਤੋਂ ਬਹੁਤ ਸਾਰੇ ਲੋਕ ਨੌਕਰੀ/ਕੰਮ ਕਾਰ ਵਗੈਰਾ ਕਰਨ ਲਈ ਆਉਂਦੇ ਹਨ। ਇਸ ਤੋਂ ਇਲਾਵਾ ਹੋਰ ਵਿਦਿਅਕ ਅਦਾਰਿਆਂ/ਸੰਸਥਾਵਾਂ ਵਿੱਚ ਪੜ੍ਹਾਈ ਲਈ ਦੂਜੇ ਰਾਜਾਂ ਤੋਂ ਵਿਦਿਆਰਥੀ/ਸਿਖਿਆਰਥੀ, ਵੱਖ-ਵੱਖ ਕਿੱਤਿਆਂ/ਕਾਰੋਬਾਰਾਂ ਨਾਲ ਸਬੰਧਤ ਵਿਅਕਤੀ ਬਤੌਰ ਪੇਇੰਗ ਗੈਸਟ ਅਤੇ ਕਾਲ ਸੈਂਟਰਾਂ ਵਿੱਚ ਸਰਵਿਸ ਕਰ ਰਹੇ ਕਰਮਚਾਰੀ ਵੀ ਕਿਰਾਏ 'ਤੇ ਰਹਿ ਰਹੇ ਹਨ। ਇਨ੍ਹਾਂ ਵਿੱਚੋਂ ਕਈ ਵਿਅਕਤੀ ਨਸ਼ੇ, ਅਸਮਾਜਿਕ ਅਤੇ ਅਪਰਾਧਿਕ ਪਿਛੋਕੜ ਦੇ ਹੁੰਦੇ ਹਨ ਅਤੇ ਕਿਰਾਏ ਵਾਲੀਆਂ ਥਾਂਵਾਂ ਅਤੇ ਜਨਤਕ ਸਥਾਨਾਂ 'ਤੇ ਹੁੜਦੰਗ ਮਚਾਉਂਦੇ ਹਨ। ਮਕਾਨ ਮਾਲਕਾਂ ਵੱਲੋਂ ਇਨ੍ਹਾਂ ਕਿਰਾਏਦਾਰਾਂ ਦੀ ਸੂਚਨਾ ਪੁਲਸ ਕੋਲ ਦਰਜ ਨਹੀਂ ਕਰਵਾਈ ਜਾਂਦੀ ਜਿਸ ਕਰਕੇ ਅਮਨ ਤੇ ਕਾਨੂੰਨ ਦੀ ਸਥਿਤੀ ਦੇ ਭੰਗ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਬੀਤੇ 13 ਅਗਸਤ ਨੂੰ ਜਾਰੀ ਇਹ ਹੁਕਮ 10 ਅਕਤੂਬਰ, 2024 ਤੱਕ ਲਾਗੂ ਰਹਿਣਗੇ।

## ਤਿੰਨ ਨਸ਼ਾ ਤਸਕਰ 11 ਕਿਲੋ ਚੂਰਾ ਪੋਸਤ 1 ਲੱਖ 22 ਹਜ਼ਾਰ ਰੁਪਏ ਡਰੱਗ ਮਨੀ ਤੇ ਕਾਰ ਸਮੇਤ ਕਾਬੂ

**ਫਿਲੌਰ (ਨਿਰਮਲ)**- ਸੁਖਦੇਵ ਸਿੰਘ ਐਸ.ਐਚ.ਓ ਥਾਣਾ ਫਿਲੌਰ ਵੱਲੋਂ ਤਿੰਨ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਗਿਆ । ਜਿਨ੍ਹਾਂ ਕੋਲੋਂ 11 ਕਿਲੋ ਪੋਸਤ ਚੂਰਾ (ਡੋਡੇ) 1 ਲੱਖ 22 ਹਜ਼ਾਰ ਡਰੱਗ ਮਨੀ ਅਤੇ ਇੱਕ ਕਾਰ ਸ਼ੇਵਰਲੈਟ ਕਰੂਜ ਪੀ ਬੀ 06 ਐਸ 0070 ਬਰਾਮਦ ਕੀਤੀ। ਫੜੇ ਗਏ ਵਿਅਕਤੀਆਂ ਵਿੱਚ ਅਤਿੰਦਰਜੀਤ ਸਿੰਘ ਉਰਫ ਹੈਪੀ ਪੁੱਤਰ ਕਰਨੈਲ ਸਿੰਘ ਵਾਸੀ ਖਹਿਰਾ, ਬਲਜਿੰਦਰ ਕੁਮਾਰ ਉਰਫ ਬਿੰਦਰ ਪੁੱਤਰ ਸੀਤਲ ਰਾਮ ਵਾਸੀ ਬਕਾਪੁਰ (ਫਿਲੌਰ) ਅਤੇ ਸੀਤਲ ਸਿੰਘ ਉਰਫ ਸੀਤੂ ਪੁੱਤਰ ਦੂੱਲਾ ਸਿੰਘ ਵਾਸੀ ਅਕਲਪੁਰ (ਫਿਲੌਰ) ਸਭਨਾਂ ਵਿਰੁੱਧ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਜਾਰੀ ਹੈ।

## ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪਾਬੰਦੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**-ਜ਼ਿਲ੍ਹੇ 'ਚ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਜ਼ਿਲ੍ਹਾ ਮੈਜਿਸਟ੍ਰੇਟ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ-2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਲਗਾਈ ਹੈ। ਇਸ ਦੇ ਨਾਲ-ਨਾਲ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ 'ਤੇ ਵੀ ਮੁਕੰਮਲ ਪਾਬੰਦੀ ਰਹੇਗੀ। ਇਸ ਤੋਂ ਇਲਾਵਾ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿੱਚ ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ ਦੀ ਪੂਰਨ ਮਨਾਹੀ ਹੋਵੇਗੀ ਅਤੇ ਕਿਸੇ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ 'ਤੇ ਵੀ ਪਾਬੰਦੀ ਲਾਗੂ ਰਹੇਗੀ। ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਜੇਕਰ ਕੋਈ ਵੀ ਆਮ ਅਤੇ ਖਾਸ, ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਬੀਤੇ 13 ਅਗਸਤ ਨੂੰ ਜਾਰੀ ਇਹ ਹੁਕਮ 10 ਅਕਤੂਬਰ, 2024 ਤੱਕ ਲਾਗੂ ਰਹਿਣਗੇ।

## ਸੰਤ ਬਾਬਾ ਭਾਗ ਸਿੰਘ 'ਵਰਸਿਟੀ 'ਚ ਤੀਆਂ ਦਾ ਤਿਉਹਾਰ ਮਨਾਇਆ



**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿੱਚ 'ਤੀਆਂ ਦਾ ਤਿਉਹਾਰ' ਬੜੇ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਚਾਂਸਲਰ ਸੰਤ ਮਨਮੋਹਨ ਸਿੰਘ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ ਤੇ ਸ. ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਵਿਚ ਮਨਾਇਆ ਗਿਆ ।ਅਮਰਜੀਤ ਸਿੰਘ, ਕੁਲਵੰਤ ਸਿੰਘ, ਜੋਗਿੰਦਰ ਸਿੰਘ ਅਜੜਾਮ, ਰਾਮ ਕੁਮਾਰ ਧੀਰ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ।ਸਮਾਰੋਹ ਦੀ ਸ਼ੁਰੂਆਤ ਪ੍ਰੋ. ਕੈਲਾਸ਼ ਅਤੇ ਉਨ੍ਹਾਂ ਦੇ ਸਾਥੀਆਂ ਨੇ ਗੁਰਮਤਿ ਸ਼ਬਦ ਗਾਇਨ ਨਾਲ ਕੀਤੀ।ਇਸ ਤੋਂ ਬਾਅਦ ਵਿਦਿਆਰਥਣਾਂ ਨੇ ਸੱਭਿਆਚਾਰਕ ਅਤੇ ਲੋਕਧਾਰਾਈ ਗੀਤਾਂ ਰਾਹੀਂ ਪੇਸ਼ਕਾਰੀ ਦੇ ਕੇ ਸਮਾਗਮ ਨੂੰ ਚਾਰ ਚੰਦ ਲਾ ਦਿੱਤੇ। ਸਮਾਰੋਹ ਵਿੱਚ ਗਿੱਧਾ ਅਤੇ ਭੰਗੜੇ ਦੀ ਪੇਸ਼ਕਸ਼ ਨੇ ਸਭ ਦਾ ਮਨ ਮੋਹ ਲਿਆ।ਕੈਂਪਸ ਵਿਚ ਵਿਦਿਆਰਥਣਾਂ ਵੱਲੋਂ ਵੱਖ-ਵੱਖ ਤਰ੍ਹਾਂ ਦੀਆਂ ਫਰੂਟ ਸਟਾਲਾਂ ਲਗਾਈਆਂ ਗਈਆਂ। ਰੁੱਖਾਂ ਹੇਠ ਪੀਘਾਂ ਵੀ ਪਾਈਆਂ ਅਤੇ ਝੂਲੀਆਂ ਗਈਆਂ। ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ ਨੇ ਤੀਆਂ ਦੇ ਤਿਉਹਾਰ ਦੀ ਵਧਾਈ ਦਿੱਤੀ।ਮਹਿਮਾਨਾਂ ਅਤੇ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮੇਂ ਡਾ. ਵਿਜੈ ਧੀਰ, ਡੀਨ ਅਕਾਦਮਿਕ, ਰੂਪ ਸਿੰਘ ਡਿਪਟੀ ਰਜਿਸਟਰਾਰ, ਵੱਖ-ਵੱਖ ਵਿਭਾਗਾਂ ਦੇ ਡੀਨ, ਮੁਖੀ, ਪ੍ਰੋਫ਼ੈਸਰ ਵੀ ਹਾਜ਼ਰ ਸਨ।ਡਾ. ਸਰਬਜੀਤ ਸਿੰਘ ਅਤੇ ਪ੍ਰੋ ਪਰਮਜੀਤ ਕੌਰ ਨੇ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ।

## ਆਪ ਪੰਜਾਬ ਦੇ ਆਗੂਆਂ ਤੇ ਵਲੰਟੀਅਰਾਂ ਮਨਾਇਆ ਕੇਜਰੀਵਾਲ ਦਾ ਜਨਮ ਦਿਨ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਸ਼ੁੱਕਰਵਾਰ ਨੂੰ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਜਨਮ ਦਿਨ ਮਨਾਇਆ। ਆਪ ਪੰਜਾਬ ਦੇ ਆਗੂ ਅਤੇ ਵਲੰਟੀਅਰ ਚੰਡੀਗੜ੍ਹ ਸਥਿਤ ਪਾਰਟੀ ਦਫ਼ਤਰ ਵਿਖੇ ਇਕੱਠੇ ਹੋਏ, ਜਿੱਥੇ ਉਨ੍ਹਾਂ ਨੇ ਕੇਕ ਕੱਟਿਆ ਅਤੇ ਕੇਜਰੀਵਾਲ ਦੀ ਲੰਬੀ ਅਤੇ ਸਿਹਤਮੰਦ ਜ਼ਿੰਦਗੀ ਦੀ ਕਾਮਨਾ ਕੀਤੀ।

ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਅਰਵਿੰਦ ਕੇਜਰੀਵਾਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਇੱਕ ਕ੍ਰਾਂਤੀਕਾਰੀ ਆਗੂ ਹਨ, ਜਿਨ੍ਹਾਂ ਨੇ ਭਾਰਤ ਵਿੱਚ ਇਮਾਨਦਾਰ ਰਾਜਨੀਤੀ ਦੀ ਸ਼ੁਰੂਆਤ ਕੀਤੀ ਹੈ। ਜੌੜਾਮਾਜਰਾ ਨੇ ਕੇਜਰੀਵਾਲ ਨੂੰ ਰਾਸ਼ਟਰੀ ਹੀਰੋ ਦੱਸਦਿਆਂ ਭਰੋਸਾ ਪ੍ਰਗਟਾਇਆ ਕਿ ਮੌਜੂਦਾ ਝੂਠੇ ਦੋਸ਼ਾਂ ਤੋਂ ਕੇਜਰੀਵਾਲ ਹੋਰ ਵੀ ਮਜ਼ਬੂਤ ਹੋ ਕੇ ਉੱਭਰਨਗੇ। ਇਸ ਮੌਕੇ ਉਨ੍ਹਾਂ ਨਾਲ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਚੰਡੀਗੜ੍ਹ ਦੇ ਮੇਅਰ ਕੁਲਦੀਪ ਕੁਮਾਰ, ਪੀ.ਆਰ.ਟੀ.ਸੀ. ਦੇ ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾਰਵਾਂ, 'ਆਪ' ਆਗੂ ਪ੍ਰੇਮ ਗਰਗ, ਪਾਰਟੀ ਦੇ ਬੁਲਾਰੇ ਹਰਸੁਖਇੰਦਰ ਸਿੰਘ ਬੱਬੀ ਬਾਦਲ ਅਤੇ ਵਿਕਰਮ ਜੀਤ ਪਾਸੀ, ਸੁਰੇਸ਼ ਗੋਇਲ (ਆਪ ਪੰਜਾਬ ਦੇ ਖ਼ਜ਼ਾਨਚੀ) ਸਮੇਤ ਚੰਡੀਗੜ੍ਹ ਦੇ ਕੌਂਸਲਰ ਅਤੇ ਪਾਰਟੀ ਵਰਕਰ ਵੀ ਹਾਜ਼ਰ ਸਨ।

## ਅਜ਼ਾਦੀ ਦਿਹਾੜੇ 'ਤੇ ਕਿਸਾਨਾਂ ਰੋਸ ਵਜੋਂ ਕੱਢਿਆ ਟਰੈਕਟਰ ਮਾਰਚ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ )**- ਕਿਸਾਨ ਮਜਦੂਰ ਸੰਘਰਸ਼ ਕਮੇਟੀ ਪੰਜਾਬ ਦੀ ਹੁਸ਼ਿਆਰਪੁਰ ਇਕਾਈ ਵਲੋਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਦੀ ਅਗਵਾਈ ਵਿੱਚ ਕੇਂਦਰ ਅਤੇ ਹਰਿਆਣਾ ਸਰਕਾਰ ਖ਼ਿਲਾਫ਼ ਰੋਸ ਜਤਾਉਂਦੇ ਹੋਏ ਸੈਂਕੜੇ ਟਰੈਕਟਰਾਂ ਨਾਲ ਮਾਰਚ ਕੱਢਿਆ ਤੇ ਪੁਤਲਾ ਫੂਕ ਰੋਸ ਮੁਜਾਹਰਾ ਕੀਤਾ। ਭੁੱਲਾ ਨੇ ਕਿਹਾ ਕਿ ਕੇਂਦਰ ਤੇ ਹਰਿਆਣਾ ਸਰਕਾਰ ਵਲੋਂ ਕਿਸਾਨ ਅੰਦੋਲਨ ਦੌਰਾਨ ਕਿਸਾਨਾਂ ਮਜਦੂਰਾਂ 'ਤੇ ਗੋਲੀਆਂ ਚਲਾਉਣ ਵਾਲੇ 6 ਪੁਲਸ ਅਫਸਰਾਂ ਨੂੰ 15 ਅਗਸਤ ਦੇ ਮੌਕੇ ਪੁਰਸਕਾਰ ਦੇਣ ਦੇ ਵਿਰੋਧ ਵਿੱਚ ਇਹ ਰੋਸ ਮੁਜਾਹਰਾ ਕੀਤਾ ਹੈ। ਉਨਾਂ ਕਿਹਾ ਕਿ ਸਰਕਾਰਾਂ ਵਲੋਂ ਪਲਿਸ ਨੂੰ ਖੁੱਲੀ ਛੁੱਟੀ ਦਿੱਤੀ ਜਾ ਰਹੀ ਕਿ ਉਹ ਲੋਕਾਂ 'ਤੇ ਖੁੱਲ੍ਹਾ ਤਸ਼ੱਦਦ ਕਰੇ ।ਇਸ ਫੈਸਲੇ ਨਾਲ ਕੇਂਦਰ ਅਤੇ ਹਰਿਆਣਾ ਸਰਕਾਰ ਦੀ ਕਿਸਾਨਾਂ ਪ੍ਰਤੀ ਮਨਸ਼ਾ ਜੱਗ ਜ਼ਾਹਰ ਹੋ ਗਈ ਹੈ ।ਕੇਂਦਰ ਤੇ ਹਰਿਆਣਾ ਸਰਕਾਰ ਦੇ ਇਸ ਫੈਸਲੇ ਦੇ ਵਿਰੋਧ 'ਚ ਸੈਂਕੜੇ ਟਰੈਕਟਰਾਂ ਨਾਲ ਕਿਸਾਨਾਂ ਨੇ ਰੋਸ ਮਾਰਚ ਕੱਢਦੇ ਹੋਏ ਕਾਲੇ ਕਾਨੂੰਨਾਂ ਦੀਆਂ ਕਾਪੀਆਂ ਵੀ ਸਾੜੀਆਂ ।ਸਾਰੇ ਜ਼ਿਲ੍ਹੇ ਵਿੱਚ ਪਿੰਡ-ਪਿੰਡ ਮੀਟਿੰਗਾ ਕੀਤੀਆਂ ਜਾ ਰਹੀਆਂ ਹਨ ਤੇ 10 ਸਤੰਬਰ ਨੂੰ ਆਪਣੀ ਵਾਰੀ ਮੁਤਾਬਕ ਸ਼ੰਭੂ ਬਾਰਡਰ 'ਤੇ ਵੱਡਾ ਕਾਫ਼ਲਾ ਭੇਜਿਆ ਜਾਵੇਗਾ।ਆਗੂਆਂ ਨੇ ਕਿਹਾ ਕਿ ਜਿੰਨਾ ਚਿਰ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਨਹੀਂ ਮੰਗੀਆਂ ਜਾਂਦੀਆਂ ਉਦੋਂ ਤੱਕ ਸ਼ੰਭੂ ਬਾਰਡਰ 'ਤੇ ਧਰਨਾ ਜਾਰੀ ਰਹੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਵਿੰਦਰ ਸਿੰਘ ਕਾਲੋ, ਜਗਦੀਪ ਸਿੰਘ ਜੱਗੀ ਗਿੱਲ, ਗੁਰਸੇਵਕ ਸਿੰਘ ਟਾਹਲੀ, ਬਲਵੀਰ ਸਿੰਘ ਝਿੰਗੜ ਖੁਰਦ, ਹਰਮਨ ਸਿੰਘ ਟਾਹਲੀ, ਨਿਸ਼ਾਨ ਸਿੰਘ ਫੌਜੀ ਕਲੋਨੀ, ਕਸ਼ਮੀਰ ਸਿੰਘ ਫੱਤਾਕੁੱਲਾ , ਗੁਰਪ੍ਰੀਤ ਸਿੰਘ ਗੋਰੂ, ਕਮਲਜੀਤ ਕੌਰ ਅਤੇ ਪਰਮਜੀਤ ਕੌਰ ਆਦਿ ਆਗੂ ਹਾਜ਼ਰ ਸਨ।

## ਧਨੀ ਪਿੰਡ 'ਚ ਮਨਾਇਆ ਆਜ਼ਾਦੀ ਦਿਹਾੜਾ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** — ਧਨੀ ਪਿੰਡ ਵਿੱਚ ਗ੍ਰਾਮ ਪੰਚਾਇਤ, ਪ੍ਰਵਾਸੀ ਪੰਜਾਬੀਆਂ, ਸਮੂਹ ਨਗਰ ਨਿਵਾਸੀਆਂ ਵੱਲੋਂ ਪਹਿਲੀ ਵਾਰ ਰਲ ਕੇ ਆਜ਼ਾਦੀ ਦਿਹਾੜਾ ਮਨਾਇਆ ਗਿਆ। ਮੁੱਖ ਮਹਿਮਾਨ ਵਜੋਂ ਪੁੱਜੇ ਅੰਤਰਰਾਸ਼ਟਰੀ ਖਿਡਾਰਨ ਅਤੇ ਵਰਲਡ ਚੈਂਪੀਅਨ ਇੰਸਪੈਕਟਰ ਮੀਨਾ ਕੁਮਾਰੀ ਪਵਾਰ ਨੇ ਰਾਸ਼ਟਰੀ ਝੰਡਾ ਲਹਿਰਾਇਆ। ਕਮਲਦੀਪ ਦੀਪਾ ਨੇ ਦੱਸਿਆ ਕਿ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਗੀਤ ਅਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਕਾਮਰੇਡ ਕੁਲਵੰਤ ਸਿੰਘ, ਕੇਵਲ ਸਿੰਘ ਢੇਰਾ, ਅੰਤਰਰਾਸ਼ਟਰੀ ਕੋਚ ਹਰਮੇਸ਼ ਲਾਲ,ਚੌਂਕੀ ਇੰਚਾਰਜ ਜੰਡਿਆਲਾ ਅਵਤਾਰ ਸਿੰਘ, ਸੁਖਜਿੰਦਰ ਸਿੰਘ ਸਬ ਇੰਸਪੈਕਟਰ, ਮੇਜਰ ਸੂਬੇਦਾਰ ਪਰਮਜੀਤ ਸਿੰਘ,ਬੀਬੀ ਗੁਰਮੀਤ ਕੌਰ ਪੰਚ, ਅਮਰਜੀਤ ਕੁਮਾਰ, ਸਤਨਾਮ ਸਿੰਘ ਕੂੰਨਰ, ਰਾਜਕੁਮਾਰ, ਕਮਲਦੀਪ ਸਿੰਘ ਦੀਪਾ ਠੇਕੇਦਾਰ, ਧਰਮਿੰਦਰ ਸਿੰਘ ਸ਼ੇਰਗਿਲ, ਗੁਲਜਾਰਾ ਰਾਮ, ਸਤਨਾਮ ਆੜਤੀਆ, ਬੀਬੀ ਚਰਨ ਕੌਰ, ਬੀਬੀ ਦਵਿੰਦਰ ਕੌਰ, ਬੀਬੀ ਕੁਸੱਲਿਆ, ਬੀਬੀ ਬੰਤੀ,ਅੰਬਿਕਾ ਕੈਲੇ, ਜੀਤੋ,ਰੇਸ਼ਮ ਕੌਰ ਆਦਿ ਵੀ ਹਾਜ਼ਰ ਸਨ।

## ਲੰਗੜੋਆ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਬੱਚਿਆਂ ਨੂੰ ਲੈ ਕੇ ਕੱਢੀ ਨਸ਼ਾ ਜਾਗਰੂਕਤਾ ਰੈਲੀ




**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਭਾਰਤ ਸਰਕਾਰ ਤੋਂ ਮਾਨਤਾ ਪ੍ਰਾਪਤ ਰੈੱਡ ਕਰਾਸ ਨਸ਼ਾ ਛਡਾਊ ਤੇ ਪੁਨਰਵਾਸ ਕੇਂਦਰ ਨਵਾਂਸ਼ਹਿਰ ਵੱਲੋਂ ਡਿਪਟੀ ਕਮਿਸ਼ਨਰ ਕਮ ਪ੍ਰਧਾਨ ਨਸ਼ਾ ਮੁਕਤ ਭਾਰਤ ਅਭਿਆਨ ਨਵਜੋਤ ਪਾਲ ਸਿੰਘ ਰੰਧਾਵਾ, ਜ਼ਿਲ੍ਹਾ ਪੁਲਸ ਮੁਖੀ ਡਾਕਟਰ ਮਹਿਤਾਬ ਸਿੰਘ ਤੇ ਸ਼ਿਵ ਦਲਾਲ ਸਿੰਘ ਢਿੱਲੋਂ ਰਾਜ ਸਕੱਤਰ ਇੰਡੀਅਨ ਰੈੱਡ ਕਰਾਸ ਸੁਸਾਇਟੀ ਪੰਜਾਬ ਬ੍ਰਾਂਚ ਚੰਡੀਗੜ੍ਹ ਦੇ ਆਦੇਸ਼ਾਂ ਤਹਿਤ ਪਿੰਡ ਲੰਗੜੋਆ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਕਰੀਬ 600 ਬੱਚਿਆਂ ਨੂੰ ਨਾਲ ਲੈ ਕੇ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਕੱਢੀ ਗਈ।ਸੰਸਥਾ ਦੇ ਮੁਖੀ ਡਾਕਟਰ ਸੁਰਿੰਦਰ ਪਾਲ ਅਗਨੀਹੋਤਰੀ ਤੇ ਪ੍ਰਾਜੈਕਟ ਡਾਇਰੈਕਟਰ ਚਮਨ ਸਿੰਘ ਤੇ ਸਮੁੱਚੀ ਟੀਮ ਦੀ ਮੌਜੂਦਗੀ ਵਿੱਚ ਨਸ਼ੇ ਨਾ ਕਰਨ ਦਾ ਪ੍ਰਣ ਲਿਆ ਗਿਆ। ਚਮਨ ਸਿੰਘ ਅਨੁਸਾਰ ਇਸ ਸਮੇਂ ਪੰਜਾਬ ਵਿੱਚ ਸਰਕਾਰੀ, ਗੈਰ ਸਰਕਾਰੀ ਤੇ ਰੈਡ ਕਰਾਸ ਨਸ਼ਾ ਮੁਕਤੀ ਦੇ ਕੁੱਲ 400 ਕੇਂਦਰ ਯਤਨਸ਼ੀਲ ਹਨ। ਸਕੂਲ ਮੁਖੀ ਡਾਕਟਰ ਸੁਰਿੰਦਰ ਪਾਲ ਅਗਨੀਹੋਤਰੀ ਨੇ ਬੱਚਿਆਂ ਨੂੰ ਨਸ਼ਿਆਂ ਦੇ ਕੋਹੜ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਥਾਣਾ ਸਦਰ ਦੇ ਮੁਖੀ ਨੇ ਕਿਹਾ ਕਿ ਨਸ਼ਾ ਕਰਨ ਵਾਲੇ ਤੋਂ ਇਲਾਵਾ ਨਸ਼ਾ ਵੇਚਣ ਵਾਲਾ ਵੀ ਬਰਾਬਰ ਦਾ ਦੋਸ਼ੀ ਹੈ।

ਇਸ ਮੌਕੇ ਸਕੂਲ ਦੇ ਹਰਿੰਦਰ ਸਿੰਘ, ਸੁਖਵਿੰਦਰ ਲਾਲ ਤੋਂ ਇਲਾਵਾ ਹੋਰਾਂ ਨੇ ਆਪਣੇ ਵਿਚਾਰ ਪੇਸ਼ ਕਰਕੇ ਰੈਲੀ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਰੈਲੀ ਦੌਰਾਨ ਬੱਚਿਆਂ ਨੇ ਹਥ ਵਿਚ ਤਖਤੀਆਂ ਫੜ ਕੇ ਨਸ਼ਿਆਂ ਵਿਰੋਧੀ ਨਾਅਰੇ ਲਗਾਏ ਤੇ ਇਸ ਅਲਾਮਤ ਤੋਂ ਦੂਰ ਰਹਿਣ ਦਾ ਵਾਅਦਾ ਕੀਤਾ।ਇਸ ਮੌਕੇ ਕੌਂਸਲਰ ਕਮਲਜੀਤ ਕੌਰ, ਪ੍ਰਵੇਸ਼ ਕੁਮਾਰ, ਬਲਜੀਤ ਕੁਮਾਰ, ਬਲਜੋਤ, ਪੁਲਸ ਵਿਭਾਗ ਤੋਂ ਐਸ ਐਚ ਓ ਮਨਜੀਤ ਸਿੰਘ,ਏ ਐਸ ਆਈ ਸ਼ਿੰਦਰ ਪਾਲ ਸਿੰਘ,ਏ ਐਸ ਆਈ ਰਾਜ ਕੁਮਾਰ,ਏ ਐਸ ਆਈ ਅਮਰੀਕ ਸਿੰਘ, ਸਕੂਲ ਦੇ ਪ੍ਰਿੰਸੀਪਲ ਅਗਨੀਹੋਤਰੀ,ਵਾਈਸ ਪ੍ਰਿੰਸੀਪਲ ਗੁਨੀਤ, ਮੀਨਾ ਰਾਣੀ, ਰਜਨੀ ਬਾਲਾ, ਕਲਪਨਾ ਬੀਕਾ, ਸੁਖਵਿੰਦਰ ਲਾਲ, ਹਰਿੰਦਰ ਸਿੰਘ, ਸੁਮੀਤ ਸੋਢੀ,ਨੀਰਜ ਬਾਲੀ, ਗੁਰਪ੍ਰੀਤ ਕੌਰ, ਮੀਨਾ ਰਾਣੀ, ਗੁਰਪ੍ਰੀਤ ਸਿੰਘ, ਬਲਦੀਪ ਸਿੰਘ, ਸੁਸ਼ੀਲ ਕੁਮਾਰ, ਪ੍ਰਦੀਪ ਸਿੰਘ,ਚੇਤਨ, ਕੈਂਪਸ ਮੈਨੇਜਰ ਸੂਬੇਦਾਰ ਹਰਪ੍ਰੀਤ ਸਿੰਘ,ਸੁਰੱਖਿਆ ਗਾਰਡ ਲਖਵੀਰ ਸਿੰਘ, ਸੁਰੱਖਿਆ ਗਾਰਡ ਬਲਵੰਤ ਸਿੰਘ ਤੋਂ ਇਲਾਵਾ ਸਕੂਲ ਦੇ ਵਿਦਿਆਰਥੀਆਂ ਨੇ ਭਾਗ ਲਿਆ।

## ਆਬਕਾਰੀ ਵਿਭਾਗ ਦੇ ਦੋ ਮੁਲਾਜ਼ਮਾਂ ਖਿਲਾਫ ਭ੍ਰਿਸ਼ਟਾਚਾਰ ਦਾ ਕੇਸ ਦਰਜ

**ਜਲੰਧਰ/ਚੰਡੀਗੜ੍ਹ (ਸ਼ੈਲੀ ਐਲਬਰਟ)**-ਪੰਜਾਬ ਵਿਜੀਲੈਂਸ ਬਿਊਰੋ ਨੇ ਆਬਕਾਰੀ ਤੇ ਕਰ ਵਿਭਾਗ, ਪੰਜਾਬ ਦੇ ਕਪੂਰਥਲਾ ਵਿਖੇ ਤਾਇਨਾਤ ਦੋ ਕਰਮਚਾਰੀਆਂ ਜਤਿੰਦਰਪਾਲ ਸਿੰਘ, ਇੰਸਪੈਕਟਰ ਅਤੇ ਸੰਜੀਵ ਮਲਹੋਤਰਾ, ਕਲਰਕ ਵਿਰੁੱਧ 10,000 ਰੁਪਏ ਰਿਸ਼ਵਤ ਲੈਣ ਅਤੇ 20,000 ਰੁਪਏ ਦੀ ਹੋਰ ਰਿਸ਼ਵਤ ਮੰਗਣ ਦੇ ਦੋਸ਼ ਹੇਠ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ।ਇਸ ਮੁਕੱਦਮੇ ਵਿੱਚ ਇੰਸਪੈਕਟਰ ਜਤਿੰਦਰਪਾਲ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।ਇਸ ਸਬੰਧੀ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਵੇਂ ਮੁਲਜ਼ਮਾਂ ਖਿਲਾਫ ਮੁਹੱਲਾ ਕਿਆਮਪੁਰਾ, ਕਪੂਰਥਲਾ ਸ਼ਹਿਰ ਦੇ ਵਸਨੀਕ ਨੀਰਜ ਸ਼ਰਮਾ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਮੁਕੱਦਮਾ ਦਰਜ ਕੀਤਾ ਗਿਆ ਹੈ।ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਸੀ ਕਿ ਉਹ ਕਪੂਰਥਲਾ ਸ਼ਹਿਰ ਦੇ ਕਿਆਮਪੁਰਾ ਵਿਖੇ ਬਿਜਲੀ ਦੇ ਸਮਾਨ ਦੀ ਇੱਕ ਦੁਕਾਨ ਚਲਾ ਰਿਹਾ ਹੈ ਅਤੇ ਉਸ ਨੇ ਮਾਰਚ ਮਹੀਨੇ ਵਿੱਚ ਇੱਕ ਕੂਲਰ ਵੇਚਿਆ ਸੀ ਤੇ ਕਿਸੇ ਕਾਰਨ ਕੂਲਰ ਖ਼ਰੀਦਣ ਵਾਲੇ ਗਾਹਕ ਨਾਲ ਕੋਈ ਵਿਵਾਦ ਹੋ ਗਿਆ ਸੀ ਜਿਸ ਦੇ ਨਿਪਟਾਰੇ ਲਈ ਉਕਤ ਦੋਵੇਂ ਮੁਲਜ਼ਮਾਂ ਨੇ ਦਖਲ ਦਿੱਤਾ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਕਤ ਦੋਵੇਂ ਮੁਲਜ਼ਮਾਂ ਨੇ ਉਸ ਨੂੰ ਮੋਬਾਈਲ ਫੋਨ 'ਤੇ ਆਪਣੇ ਲੇਖਾਕਾਰ ਨਾਲ ਦਫ਼ਤਰ ਆਉਣ ਲਈ ਕਿਹਾ, ਜਿੱਥੇ ਉਕਤ ਬਿੱਲ ਵਿੱਚ ਬੇਨਿਯਮੀਆਂ ਦੇ ਨਿਪਟਾਰੇ ਲਈ ਉਸ ਤੋਂ 45,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਇਸ ਤੋਂ ਬਾਅਦ ਕਲਰਕ ਸੰਜੀਵ ਮਲਹੋਤਰਾ ਨੇ ਵਟਸਐਪ ਕਾਲ 'ਤੇ ਉਸ ਕੋਲੋਂ ਇਕ ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਪਰ ਸੌਦਾ 30000 ਰੁਪਏ 'ਚ ਤੈਅ ਹੋ ਗਿਆ ਅਤੇ ਉਸ ਨੇ ਅਗਲੇ ਦਿਨ ਪਹਿਲੀ ਕਿਸ਼ਤ ਵਜੋਂ 10000 ਰੁਪਏ ਲੈ ਲਏ ਅਤੇ ਹੁਣ ਉਹ ਬਕਾਇਆ 20000 ਰੁਪਏ ਦੀ ਮੰਗ ਕਰ ਰਹੇ ਸਨ। ਸ਼ਿਕਾਇਤਕਰਤਾ ਨੇ ਮੁਲਜ਼ਮ ਨਾਲ ਫੋਨ 'ਤੇ ਹੋਈ ਗੱਲਬਾਤ ਰਿਕਾਰਡ ਕਰਕੇ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤੀ।ਇਸ ਤਫਤੀਸ਼ੀ ਰਿਪੋਰਟ ਦੇ ਆਧਾਰ 'ਤੇ ਦੋਵਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਮੁਲਜ਼ਮ ਇੰਸਪੈਕਟਰ ਜਤਿੰਦਰਪਾਲ ਸਿੰਘ ਨੂੰ ਅੱਜ ਉਸ ਦੇ ਦਫ਼ਤਰ ਕਪੂਰਥਲਾ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਜਦਕਿ ਮੁਲਜ਼ਮ ਸੰਜੀਵ ਮਲਹੋਤਰਾ ਨੂੰ ਗ੍ਰਿਫ਼ਤਾਰ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ।

## ਆਜ਼ਾਦੀ ਦਿਵਸ ਮਨਾਇਆ



**ਮੋਹਾਲੀ (ਗੁਰਜੀਤ ਬਿੱਲਾ)** ਐਰੋਸਿਟੀ ਬਲਾਕ-ਸੀ ਵੈਲਫੇਅਰ ਸੁਸਾਇਟੀ ਅਤੇ ਇਲਾਕਾ ਨਿਵਾਸੀਆਂ ਨੇ ਸੁਤੰਤਰਤਾ ਦਿਵਸ ਨੂੰ ਬੜੇ ਉਤਸ਼ਾਹ ਅਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਮਨਾਇਆ। ਇਹ ਸਮਾਗਮ ਬਲਾਕ-ਸੀ, ਐਰੋਸਿਟੀ ਵਿੱਚ ਆਯੋਜਿਤ ਕੀਤਾ ਗਿਆ ਸੀ, ਜਿਸ ਵਿੱਚ ਇਲਾਕਾ ਨਿਵਾਸੀਆਂ, ਬੱਚਿਆਂ ਅਤੇ ਬਜ਼ੁਰਗਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਇਸ ਸਮਾਗਮ ਵਿੱਚ ਅਰਜੁਨਾ ਐਵਾਰਡੀ ਰੁਪਿੰਦਰਪਾਲ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਰਾਸ਼ਟਰੀ ਝੰਡਾ ਲਹਿਰਾਇਆ। ਉਹਨਾਂ ਤੋਂ ਇਲਾਵਾ ਆਦੇਸ਼ ਕੌਂਡਲ, ਮਨਪ੍ਰੀਤ ਸਿੱਧੂ, ਮਨਪ੍ਰੀਤ ਸਿੰਘ, ਨਰਿੰਦਰ ਸੰਧੂ, ਜਤਿੰਦਰ ਬੈਦਵਾਨ ਅਤੇ ਬਸੰਤ ਚੌਧਰੀ ਵੀ ਸਮਾਗਮ ਦੇ ਵਿਸ਼ੇਸ਼ ਮਹਿਮਾਨ ਅਤੇ ਸਪਾਂਸਰ ਵਜੋਂ ਹਾਜ਼ਰ ਸਨ।

**ਬਲਾਚੌਰ (ਜਸਵਿੰਦਰ ਮਜਾਰਾ)** ਸਬ ਡਵੀਜ਼ਨ ਬਲਾਚੌਰ 'ਚ ਪੈਂਦੇ ਪਿੰਡ ਮੰਢਿਆਣੀ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਅਧਿਆਪਕਾ ਵੱਲੋਂ ਬੱਚਿਆ ਨਾਲ ਮਿਲ ਕੇ ਅਜ਼ਾਦੀ ਦਿਵਸ ਮਨਾਇਆ ਗਿਆ।ਇਸ ਮੌਕੇ ਦਲੀਪ ਕੁਮਾਰ ਮੁੱਖ ਅਧਿਆਪਕ ਵਲੋਂ ਬੱਚਿਆਂ ਅਤੇ ਉਨਾਂ ਦੇ ਮਾਪਿਆ ਨੂੰ ਅਜ਼ਾਦੀ ਦਿਵਸ ਦੀਆਂ ਵਧਾਈਆ ਦਿੱਤੀਆਂ।ਪ੍ਰੋਗਰਾਮ ਦਾ ਸੰਚਾਲਨ ਅਤੇ ਰੂਪ ਰੇਖਾ ਰੁਪਿੰਦਰ ਕੌਰ ਅਧਿਆਪਕਾ ਵਲੋਂ ਕੀਤੀ ਗਈ।ਇਸ ਮੌਕੇ ਪਰਮਿੰਦਰ ਕੌਰ, ਜੋਤੀ, ਪ੍ਰਵੀਨ ਕੁਮਾਰੀ ਆਦਿ ਵੀ ਹਾਜ਼ਰ ਸਨ।

19-AUG-PAGE-10.qxd 8/18/2024 9:35 PM Page 1



# ਸਰਕਾਰ ਗੈਸਟ ਫੈਕਲਟੀ ਅਧਿਆਪਕਾਂ ਦੀਆਂ ਤਨਖਾਹਾਂ ਜਾਰੀ ਕਰਨ ਤੋਂ ਭੱਜੀ : ਡੀ ਟੀ ਐੱਫ

## ਇਸ ਸਾਲ ਦੀ ਵਿੱਤੀ ਪ੍ਰਵਾਨਗੀ ਤੁਰੰਤ ਜਾਰੀ ਕਰੇ ਸਰਕਾਰ

**ਮਾਨਸਾ (ਆਤਮਾ ਸਿੰਘ ਪਮਾਰ)**-ਉਚੇਰੀ ਤਾਲੀਮ ਯਾਫ਼ਤਾ ਸਰਕਾਰੀ ਕਾਲਜਾਂ ਵਿੱਚ ਬਤੌਰ ਗੈਸਟ ਫੈਕਲਟੀ ਆਪਣੀਆਂ ਸੇਵਾਵਾਂ ਦੇ ਰਹੇ ਅਧਿਆਪਕਾਂ ਨੂੰ ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ।ਸਿਤਮ ਜ਼ਰੀਫ਼ੀ ਦੀ ਹੱਦ ਇਹ ਹੈ ਕਿ ਇਨ੍ਹਾਂ ਅਧਿਆਪਕਾਂ ਨੂੰ ਤਨਖਾਹਾਂ ਜਾਰੀ ਕਰਨ ਤੋਂ ਪੰਜਾਬ ਸਰਕਾਰ ਹੱਥ ਪਿੱਛੇ ਖਿੱਚ ਰਹੀ ਹੈ।ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਅਗਵਾਈ ਵਿੱਚ ਡੀ ਟੀ ਐੱਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਸਰਕਾਰ ਦੀ ਸਿੱਖਿਆ ਨੀਤੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵੱਖ-ਵੱਖ ਨੇਬਰ ਹੁੱਡ ਕੈਂਪਸ ਤੇ ਕਾਂਸਟੀਚਿਊਟ ਕਾਲਜਾਂ ਵਿੱਚ ਪਿਛਲੇ ਕਈ ਸਾਲਾਂ ਤੋਂ ਗੈਸਟ ਫੈਕਲਟੀ ਦੇ ਤੌਰ 'ਤੇ ਕੰਮ ਕਰ ਰਹੇ ਅਧਿਆਪਕਾਂ ਨੂੰ ਮੌਜੂਦਾ ਸੈਸ਼ਨ ਦੇ ਤਨਖਾਹ ਸਬੰਧੀ ਬਜਟ ਦੀ ਮਨਜ਼ੂਰੀ ਨਹੀਂ ਦਿੱਤੀ ਗਈ।ਹੁਣ ਇਨ੍ਹਾਂ ਅਧਿਆਪਕਾਂ ਲਈ ਆਪਣੀਆਂ ਸੇਵਾਵਾਂ ਜਾਰੀ ਰੱਖਣਾ ਮੁਸ਼ਕਲ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਬੇਰੁਖੀ ਦਾ ਸ਼ਿਕਾਰ ਛੇ ਮਹਿਲਾ ਸਹਾਇਕ ਪ੍ਰੋਫੈਸਰ ਵਾਈਸ ਚਾਂਸਲਰ ਦੇ ਦਫਤਰ ਦੀ ਛੱਤ 'ਤੇ ਚੜ੍ਹ ਕੇ ਬੈਠੀਆਂ ਹੋਈਆਂ ਹਨ।ਉਨ੍ਹਾਂ ਦੀਆਂ ਹੱਕੀ ਤੇ ਵਾਜਬ ਮੰਗਾਂ ਪ੍ਰਤੀ ਜਿੱਥੇ ਯੂਨੀਵਰਸਿਟੀ ਦੇ ਵੀ ਸੀ ਵੱਲੋਂ ਸਾਜ਼ਿਸ਼ੀ ਚੁੱਪ ਧਾਰੀ ਹੋਈ ਹੈ, ਉੱਥੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਨਿੱਜੀਕਰਨ ਦੇ ਅਮਲ ਨੂੰ ਤੇਜ਼ ਕਰਦਿਆਂ ਯੂਨੀਵਰਸਟੀ ਦੀਆਂ ਬਣਦੀਆਂ ਗਰਾਂਟਾਂ ਦੇਣ ਤੋਂ ਹੱਥ ਘੁੱਟਿਆ ਜਾ ਰਿਹਾ ਹੈ।ਡੀ ਟੀ ਐੱਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉੱਭਾ, ਰਾਜਵਿੰਦਰ ਸਿੰਘ ਬਹਿਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਇਨਕਲਾਬੀ ਤਬਦੀਲੀ ਲਿਆਉਣ ਦੇ ਵਾਅਦਿਆਂ ਦੀ ਪੋਲ ਬੁਰੀ ਤਰ੍ਹਾਂ ਖੁੱਲ੍ਹ ਚੁੱਕੀ ਹੈ।ਉਨ੍ਹਾਂ ਕਿਹਾ ਕਿ ਪ੍ਰਾਇਮਰੀ ਸਿੱਖਿਆ ਤੋਂ ਉਚੇਰੀ ਸਿੱਖਿਆ ਤੱਕ ਹਰ ਪੱਧਰ 'ਤੇ ਠੇਕਾ ਸਿਸਟਮ, ਆਊਟਸੋਰਸਿੰਗ ਤੇ ਨਿੱਜੀਕਰਨ ਦੀ ਨੀਤੀ ਨੂੰ ਲਾਗੂ ਕੀਤਾ ਜਾ ਰਿਹਾ ਹੈ।ਅਧਿਆਪਕ ਆਗੂਆਂ ਨੇ ਕਿਹਾ ਕਿ ਕੇਂਦਰ ਤੇ ਸੂਬਾਈ ਸਰਕਾਰਾਂ ਅਪਨਿਵੇਸ਼ ਦੀ ਨੀਤੀ 'ਤੇ ਚੱਲ ਕੇ ਵਿਭਾਗਾਂ ਦੀ ਅਕਾਰ- ਘਟਾਈ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਲੋਕ ਵਿਰੋਧੀ ਅਮਲ ਨੂੰ ਹਰਗਿਜ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਮੰਗ ਕੀਤੀ ਕਿ ਯੂਨੀਵਰਸਿਟੀ ਤੇ ਇਸ ਨਾਲ ਸਬੰਧਤ ਕਾਲਜਾਂ ਵਿੱਚ ਅਧਿਆਪਕਾਂ ਸਮੇਤ ਨਾਨ ਟੀਚਿੰਗ ਅਮਲੇ ਦੀਆਂ ਅਸਾਮੀਆਂ ਪੱਕੇ ਤੌਰ 'ਤੇ ਪੂਰੇ ਤਨਖਾਹ ਸਕੇਲਾਂ ਨਾਲ ਭਰੀਆਂ ਜਾਣ।ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਇਸ ਮਾਮਲੇ 'ਤੇ ਚੁੱਪ ਧਾਰੀ ਰੱਖੀ ਤਾਂ ਜਥੇਬੰਦੀ ਪੀੜਤ ਅਧਿਆਪਕਾਂ ਦੇ ਸੰਘਰਸ਼ ਵਿੱਚ ਪੂਰੀ ਸ਼ਿੱਦਤ ਨਾਲ ਹਿੱਸਾ ਲਵੇਗੀ। ਇਸ ਮੌਕੇ ਨਵਜੋਸ਼ ਸਪੋਲੀਆ, ਗੁਰਦੀਪ ਬਰਨਾਲਾ, ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਬਲਕਾਰ ਸਿੰਘ, ਗੁਰਦੀਪ ਝੰਡੂਕੇ, ਸੁਖਚੈਨ ਸੇਖੋਂ, ਜਗਦੇਵ ਸਿੰਘ, ਮੱਘਰ ਸਿੰਘ, ਜਗਪਾਲ ਸਿੰਘ, ਅਮ੍ਰਿਤਪਾਲ ਸਿੰਘ, ਕੁਲਵਿੰਦਰ ਜੋਗਾ, ਅਮਨਦੀਪ ਕੌਰ, ਬੇਅੰਤ ਕੌਰ, ਰੇਨੂੰ ਬਾਲਾ, ਅਮਰਪ੍ਰੀਤ ਕੌਰ, ਮਨਵੀਰ ਕੌਰ, ਗੁਰਜੀਤ ਮਾਨਸਾ, ਸੁਖਵਿੰਦਰ ਗਾਮੀਵਾਲਾ, ਜਸਵਿੰਦਰ ਕਾਮਰੇਡ, ਰੋਹਿਤ ਬੁਰਜ ਹਰੀ, ਹਰਵਿੰਦਰ ਸਮਾਓਂ, ਮਨਦੀਪ ਕੁਮਾਰ ਆਦਿ ਅਧਿਆਪਕ ਆਗੂ ਹਾਜ਼ਰ ਸਨ।

# ਸਰਕਾਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨ ਕੇ ਅੱਗ ਨਾਲ ਖੇਡ ਰਹੀ : ਪਿਲਖਣੀ

**ਰਾਜਪੁਰਾ (ਰਮੇਸ਼ ਕਟਾਰੀਆ)**-ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਦੀ ਮੀਟਿੰਗ ਜਥੇਬੰਦੀ ਦੇ ਦਫ਼ਤਰ ਵਿਖੇ ਹੋਈ, ਜਿਸ ਵਿੱਚ ਸਮੁੱਚੇ ਪੰਜਾਬ ਦੇ ਸਰਕਲਾਂ ਦੇ ਪ੍ਰਧਾਨ ਸਕੱਤਰ ਪਹੁੰਚੇ ਹੋਏ ਸਨ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕੌਮੀ ਆਗੂ ਹਰਭਜਨ ਸਿੰਘ ਪਿਲਖਣੀ ਨੇ ਕਿਹਾ ਕਿ ਪੰਜਾਬ ਸਰਕਾਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ, ਜਿਸ ਕਾਰਨ ਮੁਲਾਜ਼ਮ ਵਰਗ ਲਗਾਤਾਰ ਸਰਕਾਰ ਖ਼ਿਲਾਫ਼ ਲੜਾਈ ਲੜ ਰਿਹਾ ਹੈ।ਡੀ ਏ ਤੇ ਬਕਾਇਆ ਏਰੀਅਰ ਨਾ ਦੇਣਾ, ਨਵੀਂ ਭਰਤੀ ਨਾ ਕਰਨਾ ਸਰਕਾਰ ਦੀ ਨਲਾਇਕੀ ਹੈ।ਅਜਿਹਾ ਕਰਕੇ ਸਰਕਾਰ ਅੱਗ ਨਾਲ ਖੇਡ ਰਹੀ ਹੈ ਜੋ ਕਿ ਸਰਕਾਰ ਨੂੰ ਮਹਿੰਗਾ ਪਵੇਗਾ।ਜਥੇਬੰਦੀ ਦੇ ਜਨਰਲ ਸਕੱਤਰ ਸਾਥੀ ਰਾਜਵੰਤ ਸਿੰਘ ਮਲੇਰਕੋਟਲਾ ਨੇ ਕਿਹਾ ਕਿ ਜਥੇਬੰਦੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਮਨਵਾਉਣ ਲਈ ਲਗਾਤਾਰ ਸੰਘਰਸ਼ ਕਰ ਰਹੀ ਹੈ।ਸਰਕਾਰ ਖਿਲਾਫ ਮੁਲਾਜ਼ਮ ਪਾਰਲੀਮੈਂਟ ਚੋਣਾਂ ਦੌਰਾਨ ਆਪਣਾ ਗੁੱਸਾ ਜ਼ਾਹਰ ਕਰ ਚੁੱਕੇ ਹਨ।ਇਸ ਤੋਂ ਇਲਾਵਾ ਇਸ ਮੀਟਿੰਗ ਨੂੰ ਸਾਥੀ ਸੁਖਦੇਵ ਸਿੰਘ ਲਲਤੋਂ ਕਲਾਂ ਲੁਧਿਆਣਾ, ਸਾਥੀ ਰਘਬੀਰ ਸਿੰਘ ਰੋਪੜ, ਸਾਥੀ ਜਗਤਾਰ ਸਿੰਘ ਮੁਹਾਲੀ, ਸਾਥੀ ਜੈ ਨਰਾਇਣ ਪਟਿਆਲਾ, ਸਾਥੀ ਰਾਮ ਰਤਨ ਰਾਜ ਗਾਇਕ ਰਾਜਪੁਰਾ, ਸਾਥੀ ਨਰਿੰਦਰ ਕੁਮਾਰ ਮਲੇਰਕੋਟਲਾ, ਸਾਥੀ ਗੁਰਦਿਆਲ ਸਿੰਘ ਬੱਬੂ ਰਾਜਪੁਰਾ, ਸਾਥੀ ਆਸਾ ਸਿੰਘ, ਸਾਥੀ ਭੁਪਿੰਦਰ ਖੰਨਾ, ਸਾਥੀ ਪ੍ਰਗਟ ਸਿੰਘ ਫਰੀਦਕੋਟ ਤੇ ਸਾਥੀ ਬਲਜੀਤ ਕੁਮਾਰ ਨੇ ਕਿਹਾ ਕਿ ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਦੀ ਮੈਂਬਰਸ਼ਿਪ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਏਟਕ ਪਰਿਵਾਰ ਨਾਲ ਸਾਥੀ ਜੁੜ ਕੇ ਖੁਸ਼ੀ ਮਹਿਸੂਸ ਕਰ ਰਹੇ ਹਨ।ਪੀ ਐੱਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਤੇ ਲੋਕ ਵਿਰੋਧੀ ਨੀਤੀਆਂ ਦਾ ਵਿਰੋਧ ਕਰੇਗੀ।

# 32 ਲੱਖ 40 ਹਜ਼ਾਰ ਰੁਪਏ ਦੀ ਨਗਦੀ ਖੋਹਣ ਵਾਲੇ 13 ਲੋਕਾਂ ਖਿਲਾਫ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 32 ਲੱਖ 40 ਹਜ਼ਾਰ ਰੁਪਏ ਖੋਹਣ ਵਾਲੇ 13 ਲੋਕਾਂ ਖਿਲਾਫ ਪਰਚਾ ਦਰਜ ਕੀਤਾ ਗਿਆ ਹੈ। ਮੁਦੱਈ ਕੇਵਲ ਕ੍ਰਿਸ਼ਨ ਪੁੱਤਰ ਮਲਕੀਤ ਸਿੰਘ ਵਾਸੀ ਚੱਕ ਟਾਹਲੀਵਾਲਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ 14 ਅਗਸਤ ਨੂੰ ਦੇਰ ਸ਼ਾਮ ਕਰੀਬ 5 ਤੋਂ 6 ਵਜੇ ਉਹ (ਮੁਦੱਈ) ਸਮੇਤ 7 ਵਿਅਕਤੀਆਂ ਦੇ ਨਾਲ ਬੂਟਾ ਸਿੰਘ ਪੁੱਤਰ ਮੱਲਾ ਸਿੰਘ ਵਾਸੀ ਹਜਾਰਾ ਰਾਮ ਸਿੰਘ ਵਾਲਾ ਦੇ ਘਰ ਵਿਚ ਪ੍ਰਾਰਥਨਾ ਕਰਨ ਤੋਂ ਬਾਅਦ ਵਾਪਸ ਆ ਰਹੇ ਸੀ ਅਤੇ ਜਦੋਂ ਗੱਡੀ ਪਿੰਡ ਫੱਤੂਵਾਲਾ ਤੋਂ ਸੁਖੇਰਾ ਲਿੰਕ ਰੋਡ 'ਤੇ ਪੁੱਜੀ ਤਾਂ ਕੁਝ ਵਿਅਕਤੀ ਆਪਣੇ ਮੋਟਰ ਸਾਈਕਲਾਂ 'ਤੇ ਉਨ੍ਹਾਂ ਦੇ ਪਿੱਛੇ ਆ ਗਏ ਅਤੇ ਇਹ ਵਿਅਕਤੀ ਇੱਟਾਂ ਰੋੜੇ ਮਾਰਨ ਲੱਗ ਪਏ ਅਤੇ ਹਥਿਆਰਾਂ ਨਾਲ ਲੈਸ ਇਨ੍ਹਾਂ ਵਿਅਕਤੀਆਂ ਨੇ ਗੱਡੀ 'ਤੇ ਹਮਲਾ ਕਰ ਦਿੱਤਾ ਅਤੇ ਭੰਨਤੋੜ ਕੀਤੀ ਗਈ। ਮੁਦੱਈ ਕੇਵਲ ਕ੍ਰਿਸ਼ਨ ਨੇ ਪੁਲਸ ਕੋਲ ਬਿਆਨ ਦਿੱਤਾ ਕਿ ਮੌਕੇ 'ਤੇ ਇਕ ਵਿਅਕਤੀ ਨੂੰ ਉਸ ਨੇ ਪਛਾਣ ਲਿਆ, ਉਹ ਬਲਵਿੰਦਰ ਸਿੰਘ ਸੀ, ਉਸ ਕੋਲ ਇਕ ਪਿਸਟਲ ਸੀ, ਉਸ ਦੇ (ਮੁਦੱਈ) ਦੇ ਪਿੱਛੇ ਬੈਠਾ ਸਤਪਾਲ ਸਿੰਘ ਕੋਲੋਂ ਪੈਸੇ ਵਾਲਾ ਬੈਗ ਇਕ ਨੌਜਵਾਨ ਨੇ ਝਪਟ ਮਾਰ ਕੇ ਖੋਹ ਲਿਆ। ਇਸ ਬੈਗ ਵਿਚ 32 ਲੱਖ 40 ਹਜ਼ਾਰ ਰੁਪਏ ਸੀ। ਉਸ ਨੂੰ ਸੱਟਾਂ ਲੱਗਣ ਕਾਰਨ ਕਰਕੇ ਹਸਪਤਾਲ ਵਿਚ ਇਲਾਜ ਲਈ ਦਾਖਿਲ ਕਰਵਾਇਆ ਗਿਆ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬੀਰਬਲ ਸਿੰਘ ਨੇ ਦੱਸਿਆ ਕਿ ਐਮ.ਐਲ.ਆਰ. ਥਾਣੇ ਆਉਣ ਉਪਰੰਤ ਮੁਦੱਈ ਕੇਵਲ ਕ੍ਰਿਸ਼ਨ ਦੇ ਬਿਆਨਾਂ ਦੇ ਅਧਾਰ 'ਤੇ ਬਲਵਿੰਦਰ ਸਿੰਘ ਉਰਫ ਬੱਬੂ ਪੁੱਤਰ ਪ੍ਰੀਤਮ ਸਿੰਘ, ਛਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀਆਨ ਹਜਾਰਾ ਰਾਮ ਸਿੰਘ ਵਾਲਾ, ਲਵਪ੍ਰੀਤ ਸਿੰਘ ਪੁੱਤਰ ਅਮਰੀਕ ਸਿੰਘ, ਹਰਪ੍ਰੀਤ ਸਿੰਘ ਪੁੱਤਰ ਅਮਰੀਕ ਸਿੰਘ, ਅਮਰੀਕ ਸਿੰਘ ਪੁੱਤਰ ਚੰਦ ਸਿੰਘ, ਨੀਲਾ ਸਿੰਘ ਪੁੱਤਰ ਸ਼ਿੰਦਾ ਸਿੰਘ, ਲਵਪ੍ਰੀਤ ਸਿੰਘ ਉਰਫ ਲਵਲੀ ਪੁੱਤਰ ਨਿਰਮਲ ਸਿੰਘ, ਲਵਲੀ ਪੁੱਤਰ ਮੱਖਣ ਸਿੰਘ, ਜੀਤੂ ਮਾਤਾ ਅੱਕੋ ਬਾਈ, ਮਲਕੀਤ ਸਿੰਘ ਪੁੱਤਰ ਮੱਖਣ ਸਿੰਘ ਵਾਸੀਆਨ ਫੱਤੂਵਾਲਾ ਅਤੇ 2-3 ਅਣਪਛਾਤੇ ਵਿਅਕਤੀਆਂ ਦੇ ਖਿਲਾਫ ਮੁਕੱਦਮਾ ਥਾਣਾ ਸਦਰ ਜਲਾਲਾਬਾਦ ਵਿਖੇ ਦਰਜ ਕੀਤਾ ਗਿਆ ਹੈ।

# ਕਮਾਲਪੁਰਾ 'ਚ ਕੇਜਰੀਵਾਲ ਦਾ ਜਨਮ ਦਿਨ ਮਨਾਇਆ



**ਹਠੂਰ (ਨਛੱਤਰ ਸੰਧੂ)**-ਇੱਥੋਂ ਨੇੜਲੇ ਪਿੰਡ ਕਮਾਲਪੁਰਾ ਵਿਖੇ ਆਮ ਆਦਮੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦਾ ਜਨਮ ਦਿਨ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਵੱਲੋਂ ਕੁਆਰਡੀਨੇਟਰ ਸੂਬੇਦਾਰ ਕਮਲਜੀਤ ਸਿੰਘ ਹੰਸਰਾ ਦੀ ਅਗਵਾਈ ਹੇਠ ਕੇਕ ਕੱਟ ਕੇ ਮਨਾਇਆ ਗਿਆ। ਇਸ ਮੌਕੇ ਬੋਲਦਿਆਂ ਹੰਸਰਾ ਨੇ ਕਿਹਾ ਕਿ ਕੇਜਰੀਵਾਲ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦਿਨ ਦੁੱਗਣੀ ਰਾਤ ਚੌਗੁਣੀ ਤਰੱਕੀ ਕਰ ਰਹੀ ਹੈ। ਪੰਜਾਬ ਵਾਂਗ ਹੋਰਨਾਂ ਸੂਬਿਆਂ ਵਿੱਚ ਵੀ ਪਾਰਟੀ ਦਾ ਬੜੀ ਤੇਜ਼ੀ ਨਾਲ ਵਿਕਾਸ ਤੇ ਫੈਲਾਅ ਹੋ ਰਿਹਾ ਹੈ। ਕੇਜਰੀਵਾਲ ਦੀਆਂ ਨੀਤੀਆਂ ਸਦਕਾ ਅੱਜ ਹਰ ਸੂਬੇ ਵਿੱਚ ਲੋਕ ਪਾਰਟੀ ਨਾਲ ਬੜੀ ਤੇਜ਼ੀ ਨਾਲ ਜੁੜ ਰਹੇ ਹਨ। ਉਨ੍ਹਾ ਕਿਹਾ ਕਿ ਸਾਡਾ ਭਰੋਸਾ ਹੈ ਕਿ ਆਉਣ ਵਾਲਾ ਸਮਾਂ ਤੁਹਾਡੇ ਲਈ ਨਿਆ ਤੇ ਹੋਰ ਤਾਕਤ ਲੈ ਕੇ ਆਏਗਾ। ਇਸ ਸਮੇਂ ਉਨ੍ਹਾ ਨਾਲ ਨਿਰਭੈ ਸਿੰਘ ਬਲਾਕ ਪ੍ਰਧਾਨ, ਮਨਦੀਪ ਸਿੰਘ ਬਾਸੀ ਸੋਸ਼ਲ ਮੀਡੀਆ ਸੈੱਲ, ਮਨਦੀਪ ਸਿੰਘ ਹੰਸਰਾ, ਸਮਸ਼ੇਰ ਸਿੰਘ ਸ਼ੇਰੀ, ਗੋਪਾਲ ਸਿੰਘ, ਲੱਕੀ ਹੰਸਰਾ, ਪ੍ਰਗਟ ਸਿੰਘ ਤੇ ਰਾਣਾ ਸਿੰਘ ਆਦਿ ਹਾਜ਼ਰ ਸਨ।

# ਜੀ ਹੋਲੀ ਹਾਰਟ ਸਕੂਲ 'ਚ ਸੁਤੰਤਰਤਾ ਦਿਵਸ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਜੀ ਹੋਲੀ ਹਾਰਟ ਸਕੂਲ ਮਹਿਲ ਕਲਾਂ ਵਿਖੇ ਪ੍ਰਿੰਸੀਪਲ ਗੁਰਪ੍ਰੀਤ ਕੌਰ ਦੀ ਅਗਵਾਈ ਹੇਠ 78ਵਾਂ ਸੁਤੰਤਰਤਾ ਦਿਵਸ ਧੂਮਧਾਮ ਨਾਲ ਮਨਾਇਆ ਗਿਆ।ਕੌਮੀ ਝੰਡਾ ਲਹਿਰਾਉਣ ਦੀ ਰਸਮ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ ਨੇ ਅਦਾ ਕੀਤੀ। ਉਨ੍ਹਾ ਕਿਹਾ ਕਿ ਲੰਮੇ ਸਮੇਂ ਦੇ ਸੰਘਰਸ਼ ਤੋਂ ਬਾਅਦ ਗੋਰਿਆਂ ਤੋਂ ਭਾਰਤ ਨੂੰ ਆਜ਼ਾਦੀ ਮਿਲੀ ਸੀ।ਆਜ਼ਾਦੀ ਨੂੰ ਹਾਸਲ ਕਰਨ ਲਈ ਮਹਾਨ ਸੂਰਬੀਰਾਂ, ਸਾਡੇ ਪੁਰਖਿਆਂ ਨੇ ਵੱਡੀਆਂ ਕੁਰਬਾਨੀਆਂ ਕੀਤੀਆਂ।ਉਨ੍ਹਾ ਜੰਗ-ਏ-ਆਜ਼ਾਦੀ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ।ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਵਿਦਿਆਰਥੀਆਂ, ਸਮੂਹ ਸਟਾਫ਼ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ।ਵਿਦਿਆਰਥੀਆਂ ਨੇ ਆਜ਼ਾਦੀ ਦਿਵਸ 'ਤੇ ਵਿਸ਼ੇਸ਼ ਭਾਸ਼ਣ, ਗੀਤ, ਸੰਗੀਤ, ਕੋਰੀਓਗ੍ਰਾਫੀਆਂ ਦੀ ਪੇਸ਼ਕਾਰੀ ਕੀਤੀ।ਇਸ ਮੌਕੇ ਡਾਇਰੈਕਟਰ ਰਕੇਸ਼ ਬਾਂਸਲ, ਵਾਈਸ ਪ੍ਰਿੰਸੀਪਲ ਪੂਜਾ ਸ਼ਰਮਾ ਅਤੇ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਆਈ ਐੱਮ ਏ ਨੇ ਕਲਕੱਤਾ ਜਬਰ ਜ਼ਨਾਹ ਦੇ ਰੋਸ ਵਜੋਂ ਕੀਤੀ ਹੜਤਾਲ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਕਲਕੱਤਾ ਵਿਖੇ ਟਰੇਨੀ ਡਾਕਟਰ ਲੜਕੀ ਨਾਲ ਵਾਪਰੀ ਜਬਰ ਜ਼ਨਾਹ ਦੀ ਘਟਨਾ ਦੇ ਰੋਸ ਵਜੋਂ ਅੱਜ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਸੱਦੇ 'ਤੇ ਬਲਾਕ ਧੂਰੀ ਵਿਖੇ ਡਾ. ਜਗਦੀਸ਼ ਰਾਜ, ਪ੍ਰਧਾਨ ਦੀ ਪ੍ਰਧਾਨਗੀ ਹੇਠ ਸਮੂਹ ਡਾਕਟਰ ਅਮਲੇ ਨੇ ਹੜਤਾਲ ਕਰਕੇ ਜਨਰਲ ਓ.ਪੀ.ਡੀ. ਸੇਵਾਵਾਂ 24 ਘੰਟਿਆਂ ਲਈ ਠੱਪ ਰੱਖੀਆਂ। ਆਈ.ਐੱਮ.ਏ. ਧੂਰੀ ਦੇ ਸੈਕਟਰੀ ਡਾ. ਸੁਭਾਸ ਜਿੰਦਲ ਤੇ ਜੁਆਇੰਟ ਸੈਕਟਰੀ ਡਾ. ਰਾਜੀਵ ਰਿਸ਼ੀ ਨੇ ਇਸ ਘਟਨਾ ਨੂੰ ਦੇਸ਼ ਤੇ ਸਮਾਜ ਲਈ ਮੰਦਭਾਗਾ ਦੱਸਦਿਆਂ ਘਟਨਾ ਲਈ ਸ਼ਬਦਾਂ ਦੀ ਘਾਟ ਦੱਸਦਿਆਂ ਕਿਹਾ ਕਿ ਦੇਸ਼ ਵਿੱਚ ਭਾਵੇਂ ਡਾਕਟਰ ਨੂੰ ਰੱਬ ਦਾ ਦਰਜਾ ਦਿੱਤਾ ਗਿਆ ਹੈ, ਪਰ ਡਾਕਟਰੀ ਅਮਲੇ ਨਾਲ ਵਾਪਰ ਰਹੀਆਂ ਅਜਿਹੀਆਂ ਘਟਨਾਵਾਂ ਦੇਸ਼ ਤੇ ਸਮਾਜ ਦੇ ਮੱਥੇ 'ਤੇ ਕਲੰਕ ਹਨ।ਉਨ੍ਹਾਂ ਦੋਸ਼ੀਆਂ ਖਿਲਾਫ ਸਖਤ ਸਜ਼ਾਵਾਂ ਤੇ ਡਾਕਟਰੀ ਅਮਲੇ ਦੀ ਜਾਨ ਅਤੇ ਮਾਲ ਦੀ ਸੁਰੱਖਿਆ ਲਈ ਸਖਤ ਕਾਨੂੰਨ ਬਣਾਉਣ ਦੀ ਮੰਗ ਕਰਦਿਆਂ ਕਿਹਾ ਕਿ ਅਜਿਹੀਆਂ ਘਟਨਾਵਾਂ ਡਾਕਟਰੀ ਅਮਲੇ ਦਾ ਹੌਸਲਾ ਪਸਤ ਕਰ ਰਹੀਆਂ ਹਨ।ਇਸ ਮੌਕੇ ਡਾ. ਰਮੇਸ਼ ਸ਼ਰਮਾ, ਡਾ. ਨਵਰੰਗ ਸਿੰਘ ਬਾਲੀਆ, ਡਾ. ਸੁਖਬੀਰ ਸਿੰਘ, ਡਾ. ਬਲਜੀਤ ਸਿੰਘ ਨੱਤ, ਡਾ. ਸ਼ਾਮ ਲਾਲ, ਡਾ. ਕੇ. ਐੱਨ. ਸ਼ਰਮਾ, ਡਾ. ਵਿਜੈ ਜਿੰਦਲ, ਡਾ. ਵਿਜੈ ਗੁਪਤਾ ਸਮੇਤ ਵੱਡੀ ਗਿਣਤੀ ਵਿੱਚ ਡਾਕਟਰ ਹਾਜ਼ਰ ਸਨ।

# ਮਿਡ ਡੇ ਮੀਲ ਸੁਸਾਇਟੀ ਦੇ ਪੱਤਰ ਦਾ ਡੀ ਟੀ ਐੱਫ ਵੱਲੋਂ ਸਖਤ ਨੋਟਿਸ

## ਅਧਿਆਪਕ ਵਰਗ ਦੀ ਸਾਖ ਖਰਾਬ ਕਰਨ ਵਾਲੇ ਪੱਤਰ ਬਰਦਾਸ਼ਤ ਯੋਗ ਨਹੀਂ : ਡੀ ਟੀ ਐੱਫ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਨੇ ਪੰਜਾਬ ਸਟੇਟ ਮਿਡ ਡੇ ਮੀਲ ਸੁਸਾਇਟੀ ਦੁਆਰਾ ਜਾਰੀ ਪੱਤਰ ਦਾ ਸਖਤ ਨੋਟਿਸ ਲੈਂਦਿਆਂ ਇਸ ਪੱਤਰ ਦੀ ਅਧਿਆਪਕ ਵਰਗ ਦੀ ਸਾਖ ਨੂੰ ਖੋਰਾ ਲਾਉਣ ਵਾਲੀ ਭਾਸ਼ਾ 'ਤੇ ਇਤਰਾਜ਼ ਜ਼ਾਹਰ ਕੀਤਾ।ਇਸ ਬਾਰੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਕਿਹਾ ਕਿ ਮਿਡ ਡੇ ਮੀਲ ਸੁਸਾਇਟੀ ਦੁਆਰਾ ਜਾਰੀ ਪੱਤਰ ਰਾਹੀਂ ਇੱਕ ਆਨਲਾਈਨ ਸ਼ਿਕਾਇਤ ਦਾ ਹਵਾਲਾ ਦਿੰਦਿਆਂ ਸਾਰੇ ਅਧਿਆਪਕਾਂ ਨੂੰ ਹੀ ਬੇਈਮਾਨ ਕਰਾਰ ਦਿੱਤਾ ਗਿਆ ਹੈ, ਜੋ ਕਿ ਕਿਸੇ ਕੀਮਤ 'ਤੇ ਬਰਦਾਸ਼ਤ ਯੋਗ ਨਹੀਂ।ਅਸਲ ਵਿੱਚ ਅਜਿਹਾ ਕਰਕੇ ਵਿਭਾਗ ਅਧਿਆਪਕ ਦੀ ਸਾਖ ਨੂੰ ਨੁਕਸਾਨ ਪਹੁੰਚਾਉਣਾ ਚਾਹੁੰਦਾ ਹੈ ਤਾਂ ਜੋ ਲੋਕਾਂ ਨੂੰ ਮਿਲਦੀ ਮਾੜੀ ਮੋਟੀ ਸਿੱਖਿਆ ਵੀ ਖੋਹ ਕੇ ਕਾਰਪੋਰੇਟ ਦੇ ਹਵਾਲੇ ਕੀਤੀ ਜਾ ਸਕੇ।ਡੀ ਟੀ ਐੱਫ ਪੰਜਾਬ ਦੇ ਮੀਤ ਪ੍ਰਧਾਨਾਂ ਰਾਜੀਵ ਬਰਨਾਲਾ, ਜਗਪਾਲ ਬੰਗੀ, ਗੁਰਪਿਆਰ ਕੋਟਲੀ, ਬੇਅੰਤ ਫੂਲੇਵਾਲਾ, ਹਰਜਿੰਦਰ ਵਡਾਲਾ ਬਾਂਗਰ ਤੇ ਰਘਵੀਰ ਭਵਾਨੀਗੜ੍ਹ, ਸੰਯੁਕਤ ਸਕੱਤਰਾਂ ਮੁਕੇਸ਼ ਕੁਮਾਰ, ਕੁਲਵਿੰਦਰ ਜੋਸ਼ਨ ਤੇ ਜਸਵਿੰਦਰ ਔਜਲਾ, ਪ੍ਰੈੱਸ ਸਕੱਤਰ ਪਵਨ ਕੁਮਾਰ, ਸਹਾਇਕ ਵਿੱਤ ਸਕੱਤਰ ਤਜਿੰਦਰ ਸਿੰਘ ਤੇ ਪ੍ਰਚਾਰ ਸਕੱਤਰ ਸੁਖਦੇਵ ਡਾਨਸੀਵਾਲ ਨੇ ਅਧਿਆਪਕਾਂ 'ਤੇ ਲਾਏ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਪੀ ਐੱਮ ਪੋਸ਼ਣ ਸਕੀਮ ਸਬੰਧੀ ਆਨਲਾਈਨ ਪੋਰਟਲ 'ਤੇ ਅਧਿਆਪਕਾਂ ਦੀ ਕੀਤੀ ਗਈ ਸ਼ਿਕਾਇਤ ਬੇਬੁਨਿਆਦ ਹੈ ਤੇ ਸ਼ਿਕਾਇਤਕਰਤਾ ਵੱਲੋਂ ਆਪਣੇ ਹੱਕ ਵਿੱਚ ਕੋਈ ਸਬੂਤ ਵਗੈਰਾ ਨਹੀਂ ਲਗਾਇਆ ਗਿਆ।ਉਨ੍ਹਾਂ ਦੱਸਿਆ ਕਿ ਅਧਿਆਪਕਾਂ ਦਾ ਅਸਲ ਕੰਮ ਪੜ੍ਹਾਉਣਾ ਹੈ ਨਾ ਕਿ ਵਿਦਿਆਰਥੀਆਂ ਨੂੰ ਮਿੱਡ ਡੇ ਮੀਲ ਉਪਲਬਧ ਕਰਾਉਣਾ, ਪਰ ਇਸ ਦੇ ਬਾਵਜੂਦ ਅਸਲੀਅਤ ਇਹ ਹੈ ਕਿ ਵੱਡੀ ਗਿਣਤੀ ਵਿੱਚ ਅਧਿਆਪਕ ਮਿੱਡ ਡੇ ਮੀਲ ਲਈ ਮਿਲਣ ਵਾਲੀ ਰਾਸ਼ੀ ਵਿੱਚੋਂ ਵਿਦਿਆਰਥੀਆਂ ਨੂੰ ਵਧੀਆ ਕਿਸਮ ਦਾ ਖਾਣਾ ਉਪਲਬਧ ਕਰਾਉਣ ਲਈ ਆਪਣੇ ਪੱਧਰ 'ਤੇ ਵਾਧੂ ਯਤਨ ਕਰਦੇ ਹਨ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ 100-125 ਤੋਂ ਘੱਟ ਹੈ, ਉੱਥੇ ਮਿੱਡ ਡੇ ਮੀਲ ਵਿੱਚ ਅਧਿਆਪਕਾਂ ਨੂੰ ਆਪਣੀ ਜੇਬ 'ਚੋਂ ਪੈਸੇ ਵੀ ਖਰਚ ਕਰਨੇ ਪੈਂਦੇ ਹਨ, ਕਿਉਂਕਿ ਪਿਛਲੇ ਸਮੇਂ ਰਾਸ਼ਨ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਹੋਇਆ, ਜਦਕਿ ਸਰਕਾਰ ਵੱਲੋਂ ਦਿੱਤੀ ਜਾਣ ਵਾਲੀ ਰਾਸ਼ੀ ਵਿੱਚ ਕੋਈ ਵਾਧਾ ਨਹੀਂ ਹੋਇਆ।ਆਗੂਆਂ ਨੇ ਦੱਸਿਆ ਕਿ ਇਸ ਪੱਤਰ ਨਾਲ ਨੱਥੀ ਸ਼ਿਕਾਇਤ ਵਿੱਚ ਦੋਸ਼ ਲਾਇਆ ਗਿਆ ਹੈ ਕਿ ਵਿਦਿਆਰਥੀਆਂ ਦੀ ਬੋਗਸ ਹਾਜ਼ਰੀ ਦਿਖਾ ਕੇ ਅਧਿਆਪਕ ਜਾਂ ਮਿੱਡ ਡੇ ਮੀਲ ਵਰਕਰ ਸਕੂਲਾਂ ਨੂੰ ਮਿਲਣ ਵਾਲੇ ਅਨਾਜ ਵਿੱਚੋਂ ਅਨਾਜ ਘਰੇ ਲੈ ਜਾਂਦੇ ਹਨ, ਜਦਕਿ ਅਸਲੀਅਤ ਇਹ ਹੈ ਕਿ ਅਨੇਕਾਂ ਸਕੂਲਾਂ ਦੇ ਅਧਿਆਪਕ ਵਿਦਿਆਰਥੀਆਂ ਲਈ ਤੇ ਸਕੂਲਾਂ ਨੂੰ ਸਹੂਲਤਾਂ ਉਪਲਬਧ ਕਰਾਉਣ ਲਈ ਜੇਬਾਂ ਵਿੱਚੋਂ ਪੈਸੇ ਖਰਚ ਕਰਦੇ ਹਨ।ਅਧਿਆਪਕਾਂ ਵੱਲੋਂ ਬੇਲੋੜੇ ਚਲਾਏ ਜਾਂਦੇ ਫੋਨ ਦੇ ਦੋਸ਼ ਨੂੰ ਨਕਾਰਦਿਆਂ ਆਗੂਆਂ ਨੇ ਦੱਸਿਆ ਕਿ ਵਿਭਾਗ ਵੱਲੋਂ ਵੱਖ ਵੱਖ ਕਿਸਮ ਦੇ ਅੰਕੜੇ ਆਨਲਾਈਨ ਮੰਗੇ ਜਾਣੇ, ਸਕੂਲਾਂ ਵਿੱਚ ਪ੍ਰੋਜੈਕਟਰ ਚਲਾਉਣ ਲਈ ਫੋਨ ਨਾਲ ਕੁਨੈਕਸ਼ਨ, ਵੱਟਸਐਪ ਗਰੁੱਪਾਂ ਰਾਹੀਂ ਵਿਭਾਗੀ ਕੰਮਾਂ ਦੇ ਸੁਨੇਹੇ ਆਦਿ ਕਾਰਨ ਜ਼ਿੰਮੇਵਾਰ ਹਨ, ਜਿਸ ਤੋਂ ਅਧਿਆਪਕ ਖੁਦ ਵੀ ਛੁਟਕਾਰਾ ਚਾਹੁੰਦੇ ਹਨ।ਆਗੂਆਂ ਨੇ ਕਿਹਾ ਕਿ ਸੁਸਾਇਟੀ ਜਾਂ ਵਿਭਾਗ ਵੱਲੋਂ ਜਾਰੀ ਇਸ ਤਰ੍ਹਾਂ ਦੇ ਪੱਤਰਾਂ ਦਾ ਇੱਕੋ ਅਰਥ ਲੋਕਾਂ ਵਿੱਚ ਅਧਿਆਪਕਾਂ ਦੀ ਸਾਖ ਨੂੰ ਨੁਕਸਾਨ ਪਹੁੰਚਾਉਣਾ ਹੈ ਤੇ ਸਰਕਾਰੀ ਸਿੱਖਿਆ ਨੂੰ ਬਦਨਾਮ ਕਰਕੇ ਇਸ ਦਾ ਨਿੱਜੀਕਰਨ ਕਰਨਾ ਹੈ।

# ਕਾਮਰੇਡ ਬਾਰੂ ਸਤਵਰਗ ਦੀ ਬਰਸੀ ਸੰਬੰਧੀ ਸਮਾਗਮ ਭਲਕੇ

**ਮੋਗਾ (ਇਕਬਾਲ ਸਿੰਘ ਖਹਿਰਾ)**-ਲੋਕ ਸੰਗਰਾਮ ਮੋਰਚਾ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਲੋਕ ਰਾਜ ਮਹਿਰਾਜ ਤੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਇਲਾਕਾ ਪ੍ਰਧਾਨ ਜਗਸੀਰ ਮਹਿਰਾਜ ਨੇ ਦੱਸਿਆ ਕਿ 20 ਅਗਸਤ ਮੰਗਲਵਾਰ ਨੂੰ ਲੋਕ ਸੰਗਰਾਮ ਮੋਰਚਾ ਪੰਜਾਬ, ਭਾਰਤੀ ਕਿਸਾਨ ਯੂਨੀਅਨ (ਕ੍ਰਾਂਤੀਕਾਰੀ) ਪੰਜਾਬ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਤੇ ਟੈਕਨੀਕਲ ਸਰਵਿਸਜ਼ ਯੂਨੀਅਨ ਮੰਡਲ ਰਾਮਪੁਰਾ ਤੇ ਭਗਤਾ ਭਾਈ ਵੱਲੋਂ ਸਾਂਝੇ ਤੌਰ 'ਤੇ ਕਾ. ਬਾਰੂ ਸਤਵਰਗ ਦੀ ਬਰਸੀ ਰਾਮਪੁਰਾ ਫੂਲ ਦੇ ਕੈਨਾਲ ਕਲੱਬ ਵਿੱਚ ਮਨਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਾ. ਬਾਰੂ ਸਤਵਰਗ ਇੱਕ ਅਜਿਹੀ ਸ਼ਖਸੀਅਤ ਸਨ, ਜੋ ਨਕਸਲਬਾੜੀ ਦੀ ਸਿਆਸਤ ਨਾਲ ਹਮੇਸ਼ਾ ਚਟਾਨ ਵਾਂਗ ਖੜ੍ਹੇ ਰਹੇ। ਉਹ ਸਿਰਫ ਇੱਕ ਸਾਹਿਤਕਾਰ ਹੀ ਨਹੀਂ ਸਨ ਸਗੋਂ ਦੱਬੇ ਕੁਚਲੇ ਲੋਕਾਂ ਦਾ ਦਰਦ ਸੀਨੇ ਸਮੋਈ, ਇੱਥੋਂ ਸਾਮਰਾਜੀ ਜਗੀਰੂ ਪ੍ਰਬੰਧ ਦੇ ਖਾਤਮੇ ਨੂੰ ਪ੍ਰਨਾਈ ਨਕਸਲਬਾੜੀ ਦੀ ਅਸਲ ਸਿਆਸਤ ਦੇ ਵੀ ਝੰਡਾ ਬਰਦਾਰ ਸਨ। ਕਾਮਰੇਡ ਬਾਰੂ ਸਤਵਰਗ ਨੂੰ 20 ਅਗਸਤ 2024 ਨੂੰ ਕਨਾਲ ਕਲੱਬ ਰਾਮਪੁਰਾ ਫੂਲ ਵਿਖੇ ਪਹੁੰਚ ਕੇ ਯਾਦ ਕਰੀਏ। ਇਸ ਬਰਸੀ ਸਮਾਗਮ 'ਤੇ ਸਾਥੀ ਅਜਾਇਬ ਸਿੰਘ ਟਿਵਾਣਾ (ਸਾਬਕਾ ਪ੍ਰਧਾਨ ਪੰਜਾਬ ਸਟੂਡੈਂਟਸ ਯੂਨੀਅਨ) ਬਰਸੀ 'ਤੇ ਕਾਮਰੇਡ ਦੀ ਜ਼ਿੰਦਗੀ 'ਤੇ ਪੇਪਰ ਪੜ੍ਹਨਗੇ

# ਹਰਗੋਬਿੰਦ ਪਬਲਿਕ ਸਕੂਲ 'ਚ ਆਜ਼ਾਦੀ ਦਿਹਾੜਾ ਮਨਾਇਆ



**ਭਗਤਾ ਭਾਈ ਕਾ (ਰਾਜੀਵ ਗੋਇਲ)**-ਨੇੜਲੇ ਪਿੰਡ ਕਾਂਗੜ ਦੇ ਹਰਗੋਬਿੰਦ ਪਬਲਿਕ ਸਕੂਲ ਵਿਖੇ ਦੇਸ਼ ਦਾ ਅਜ਼ਾਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੋਨੂੰ ਕੁਮਾਰ ਵੱਲੋਂ ਤਿਰੰਗਾ ਲਹਿਰਾਇਆ ਗਿਆ ਤੇ ਬੱਚਿਆਂ ਨੇ ਹੱਥ ਵਿੱਚ ਦੇਸ਼ ਦਾ ਤਿਰੰਗਾ ਫੜ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਅਤੇ ਦੇਸ਼ ਭਗਤੀ ਦੇ ਹੋਰ ਸ਼ਬਦ ਗਾਇਨ ਕੀਤੇ ਗਏ। ਸਕੂਲ ਦੀ ਧਾਰਮਿਕ ਵਿਸ਼ੇ ਦੀ ਅਧਿਆਪਕਾ ਪਲਵਿੰਦਰ ਕੌਰ ਜਲਾਲ ਵੱਲੋਂ ਜਿੱਥੇ ਬੱਚਿਆਂ ਨੂੰ ਦੇਸ਼ ਦੀ ਅਜ਼ਾਦੀ ਖਾਤਰ ਸ਼ਹੀਦ ਹੋਣ ਵਾਲੇ ਯੋਧਿਆਂ ਦੀ ਕੁਰਬਾਨੀ ਬਾਰੇ ਜਾਣਕਾਰੀ ਦਿੱਤੀ ਗਈ, ਉੱਥੇ ਹੀ ਬੱਚਿਆਂ ਨੂੰ ਸ਼ਹੀਦਾਂ ਦੀ ਸੋਚ 'ਤੇ ਪਹਿਰਾ ਦੇਣ ਦੀ ਗੱਲ ਵੀ ਆਖੀ ਗਈ। ਇਸ ਮੌਕੇ ਸਕੂਲ ਦੇ ਚੇਅਰਮੈਨ ਭੂਮੀਪਾਲ ਸਮੇਤ ਸਕੂਲ ਦਾ ਸਮੂਹ ਸਟਾਫ ਤੇ ਬੱਚੇ ਹਾਜ਼ਰ ਸਨ।

# ਲਾਰੈਂਸ ਸਕੂਲ 'ਚ ਆਜ਼ਾਦੀ ਦਿਹਾੜੇ 'ਤੇ ਸ਼ਾਨਦਾਰ ਸਮਾਰੋਹ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਸ਼ਾਨਦਾਰ ਸਮਾਰੋਹ ਕਰਕੇ ਅਜ਼ਾਦੀ ਦਿਹਾੜਾ ਪੂਰੇ ਉਤਸ਼ਾਹ ਤੇ ਜੋਸ਼ ਨਾਲ ਮਨਾਇਆ ਗਿਆ।ਸਕੂਲ ਕੈਂਪਸ ਨੂੰ ਤਿਰੰਗੇ ਝੰਡਿਆਂ ਤੇ ਰੰਗ-ਬਿਰੰਗੇ ਫੁੱਲਾਂ ਨਾਲ ਸਜਾਇਆ ਗਿਆ, ਜਿਸ ਨਾਲ ਮਾਹੌਲ ਬੇਹੱਦ ਪ੍ਰੇਰਨਾਦਾਇਕ ਬਣ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 8 ਵਜੇ ਝੰਡਾ ਲਹਿਰਾ ਕੇ ਕੀਤੀ ਗਈ।ਸਕੂਲ ਪ੍ਰਿੰਸੀਪਲ ਜੀਨਮ ਗਰਗ ਤੇ ਚੇਅਰਮੈਨ ਤਰਸੇਮ ਲਾਲ ਗਰਗ ਨੇ ਝੰਡਾ ਲਹਿਰਾਇਆ, ਉਪਰੰਤ ਸਾਰਿਆਂ ਨੇ ਮਿਲ ਕੇ ਰਾਸ਼ਟਰੀ ਗੀਤ ਗਾਇਆ।ਇਸ ਤੋਂ ਬਾਅਦ ਵਿਦਿਆਰਥੀਆਂ ਨੇ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ ਤੇ ਆਜ਼ਾਦੀ ਲਈ ਸ਼ਹੀਦੀ ਦੇਣ ਵਾਲੇ ਵੀਰਾਂ ਦੇ ਸਨਮਾਨ ਵਿੱਚ ਦੋ ਮਿੰਟ ਦਾ ਮੌਨ ਰੱਖਿਆ ਗਿਆ।ਸਮਾਗਮ ਦੀ ਖਾਸੀਅਤ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਸੱਭਿਆਚਾਰਕ ਪ੍ਰੋਗਰਾਮ ਸਨ।ਸਮਾਗਮ ਦੇ ਅੰਤ ਵਿੱਚ ਪ੍ਰਿੰਸੀਪਲ ਨੇ ਸੁਤੰਤਰਤਾ ਦਿਵਸ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਤੇ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਇਹ ਦਿਨ ਸਾਨੂੰ ਸਾਡੇ ਆਜ਼ਾਦੀ ਲਈ ਸ਼ਹੀਦੀ ਦੇਣ ਵਾਲੇ ਵੀਰਾਂ ਦੀਆਂ ਕੁਰਬਾਨੀਆਂ ਦੀ ਯਾਦ ਦਿਵਾਉਂਦਾ ਹੈ ਤੇ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਸਖ਼ਤ ਮਿਹਨਤ ਕਰਨ ਦੀ ਪ੍ਰੇਰਨਾ ਦਿੰਦਾ ਹੈ।ਸਮਾਗਮ ਦੀ ਸਮਾਪਤੀ ਮਠਿਆਈਆਂ ਵੰਡ ਕੇ ਕੀਤੀ ਗਈ।

# 'ਬੁੱਕ ਰੀਵਿਊ' ਦੇ ਦੂਜੇ ਸੈਸ਼ਨ ਦੀ ਕਾਰਗੁਜ਼ਾਰੀ ਨੂੰ ਨੇਪਰੇ ਚਾੜ੍ਹਿਆ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਵਿਖੇ ਉਚੇਰੀ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ ਤੇ ਪ੍ਰਿੰਸੀਪਲ ਪ੍ਰੋਫੈਸਰ ਮੀਨਾਕਸ਼ੀ ਮੜਕਨ ਦੀ ਯੋਗ ਅਗਵਾਈ ਹੇਠ ਅੱਜ 'ਬੁੱਕ ਰੀਵਿਊ' ਦੇ ਦੂਜੇ ਸੈਸ਼ਨ ਦੀ ਕਾਰਗੁਜ਼ਾਰੀ ਨੂੰ ਨੇਪਰੇ ਚਾੜ੍ਹਿਆ ਗਿਆ।ਇਸ ਸੈਸ਼ਨ ਦੌਰਾਨ ਪ੍ਰੋਫੈਸਰ ਰਮਨਦੀਪ ਸਿੰਘ ਨੇ 'ਪਰਦੇਸੀ ਪੰਜਾਬ', ਡਾ. ਰਸ਼ਮੀ ਨੇ 'ਯੋਗ ਪਾਠ', ਪ੍ਰੋਫੈਸਰ ਸੰਦੀਪ ਸਿੰਘ ਨੇ 'ਮਾਨਸ ਕੀ ਜਾਤ ਸਭੈ ਏਕੋ ਪਹਿਚਾਨਬੋ', ਡਾ. ਕੁਲਦੀਪ ਸਿੰਘ ਬਾਹੀਆ ਨੇ 'ਸਰਦਾਰ ਭਗਤ ਸਿੰਘ' ਤੇ ਡਾ. ਕੁਲਵਿੰਦਰ ਕੌਰ ਬੇਦੀ ਨੇ 'ਮਸੀਹਾ ਲਟਕਦਾ ਰਿਹਾ' ਕਿਤਾਬਾਂ 'ਤੇ ਆਪੋ-ਆਪਣੇ ਰੀਵਿਊ ਪੜ੍ਹੇ।ਇਸ ਸੈਸ਼ਨ ਦੀ ਕਾਰਗੁਜ਼ਾਰੀ ਮੇਨ ਲਾਇਬ੍ਰੇਰੀ ਵਿੱਚ ਕੀਤੀ ਗਈ।ਇਸ ਦੌਰਾਨ ਪ੍ਰਿੰਸੀਪਲ ਪ੍ਰੋਫੈਸਰ ਮੀਨਾਕਸ਼ੀ ਮੜਕਨ ਨੇ ਕਿਹਾ ਕਿ ਸਾਡੇ ਅੰਦਰ ਕਿਤਾਬਾਂ ਪੜ੍ਹਨ ਦੀ ਆਦਤ ਜਿਵੇਂ ਜਿਵੇਂ ਵਧਦੀ ਜਾਵੇਗੀ, ਅਸੀਂ ਆਪਣੀ ਸੋਚ ਦੇ ਪਸਾਰੇ ਨੂੰ ਵੀ ਵੱਧਦਾ ਵੇਖਾਂਗੇ।

ਉਨ੍ਹਾਂ ਉਚੇਰੀ ਸਿੱਖਿਆ ਵਿਭਾਗ ਦੇ ਇਸ ਨਿਰਦੇਸ਼ ਨੂੰ ਦਰੁਸਤ ਮੰਨਦਿਆਂ ਕਿਹਾ ਕਿ ਅਜਿਹੇ ਉਪਰਾਲੇ ਉਚੇਰੀ ਸਿੱਖਿਆ ਨਾਲ ਜੁੜੇ ਪ੍ਰੋਫੈਸਰ ਸਾਹਿਬਾਨ ਤੇ ਵਿਦਿਆਰਥੀਆਂ ਲਈ ਲਾਭਦਾਇਕ ਸਿੱਧ ਹੋਣਗੇ।

ਧਿਆਨ ਦੇਣ ਯੋਗ ਹੈ ਕਿ ਪਿਛਲੇ ਹਫ਼ਤੇ ਵੀ ਇਸ ਸੈਸ਼ਨ ਦੇ ਸ਼ੁਰੂਆਤ ਅਧੀਨ ਪ੍ਰੋਫੈਸਰ ਗਗਨਦੀਪ ਹਾਂਡਾ ਵੱਲੋਂ 'ਮੇਰਾ ਦਾਗਿਸਤਾਨ' ਕਿਤਾਬ ਦਾ ਰੀਵਿਊ ਪੜ੍ਹਿਆ ਗਿਆ ਸੀ।

ਇਸ ਦੌਰਾਨ ਵਾਈਸ ਪ੍ਰਿੰਸੀਪਲ ਡਾ. ਅਚਲਾ, ਡਾ. ਧਰਮਿੰਦਰ ਸਿੰਘ, ਡਾ. ਅੰਚਲਾ, ਪ੍ਰੋ. ਸਤਿੰਦਰ ਸਿੰਘ, ਪ੍ਰੋ. ਨੀਤੂ ਸ਼ਰਮਾ ਆਦਿ ਤੇ ਹੋਰ ਵੀ ਸਟਾਫ ਮੌਜੂਦ ਸੀ।

# ਦਸਮੇਸ਼ ਪਬਲਿਕ ਸਕੂਲ ਵਿਖੇ ਟ੍ਰੈਫਿਕ ਜਾਗਰੂਕਤਾ ਸੈਮੀਨਾਰ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਫਰੀਦਕੋਟ ਟ੍ਰੈਫਿਕ ਪੁਲਸ ਦੀ ਟੀਮ ਦੇ ਸਹਿਯੋਗ ਨਾਲ ਸਮਾਇਲਿੰਗ ਫੇਸ ਇੰਟਰਨੈਸ਼ਨਲ ਕਲੱਬ ਵੱਲੋਂ ਸਥਾਨਕ ਦਸਮੇਸ਼ ਪਬਲਿਕ ਸਕੂਲ ਦੇ ਬਾਹਰ ਸੀਨੀਅਰ ਸੈਕੰਡਰੀ ਵਿੰਗ ਦੇ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਸਬੰਧੀ ਜਾਣਕਾਰੀ ਦੇਣ ਲਈ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਟ੍ਰੈਫਿਕ ਏ.ਐੱਸ.ਆਈ. ਸ੍ਰ. ਵਕੀਲ ਸਿੰਘ ਤੇ ਟ੍ਰੈਫਿਕ ਐਜੂਕੇਸ਼ਨ ਸੈੱਲ ਦੇ ਏ.ਐੱਸ.ਆਈ. ਬਲਕਾਰ ਸਿੰਘ ਨੇ ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨ ਲਈ ਵਚਨਬੱਧ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਕਿਸੇ ਵੀ ਕਿਸਮ ਦੇ ਦੋ-ਪਹੀਆ ਜਾਂ ਚਾਰ-ਪਹੀਆ ਵਾਹਨ ਨਾ ਚਲਾਉਣ ਦੀ ਹਦਾਇਤ ਦਿੱਤੀ ਅਤੇ ਲਾਇਸੈਂਸ ਬਣਵਾਉਣ, ਸੜਕ ਸੁਰੱਖਿਆ ਨਿਯਮਾਂ ਤਹਿਤ ਵੱਖ-ਵੱਖ ਇਸ਼ਾਰੇ 'ਤੇ ਉਨ੍ਹਾਂ ਦਾ ਮਹੱਤਵ ਦੱਸਦਿਆਂ ਮੁੱਢਲੀ ਸਹਾਇਤਾ ਬਾਰੇ ਸੁਚੇਤ ਕਰਦਿਆਂ ਟ੍ਰੈਫਿਕ ਪੁਲਸ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ।ਕਲੱਬ ਦੇ ਪ੍ਰਧਾਨ ਡਾ. ਪ੍ਰਭਦੀਪ ਸਿੰਘ ਚਾਵਲਾ ਤੇ ਸਕੱਤਰ ਮਨਪ੍ਰੀਤ ਲੂੰਬਾ ਨੇ ਟ੍ਰੈਫਿਕ ਪੁਲਸ ਟੀਮ, ਦਸਮੇਸ਼ ਸਕੂਲ ਦੇ ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਦਾ ਸੈਮੀਨਾਰ ਦੇ ਸਫਲ ਆਯੋਜਨ ਲਈ ਧੰਨਵਾਦ ਕੀਤਾ।ਇਸ ਮੌਕੇ ਵਾਈਸ ਪ੍ਰਿੰਸੀਪਲ ਰਕੇਸ਼ ਧਵਨ, ਕਲੱਬ ਦੇ ਵੋਮੈਨ ਸੈੱਲ ਦੇ ਕੋਆਰਡੀਨੇਟਰ ਮੈਡਮ ਮੰਜੂ ਬਾਲਾ, ਲਵਲੀ ਚਾਵਲਾ, ਪ੍ਰੋਜੈਕਟ ਇੰਚਾਰਜ ਗਗਨਪ੍ਰੀਤ ਸਿੰਘ ਬਰਾੜ, ਪ੍ਰੋਜੈਕਟ ਇੰਚਾਰਜ ਅਮਨਦੀਪ ਸਿੰਘ ਸੋਢੀ, ਕਮੇਟੀ ਮੈਂਬਰ ਮੈਡਮ ਬਲਜੀਤ ਸ਼ਰਮਾ, ਵਲੰਟੀਅਰ ਨੰਦਨੀ ਮੰਗਲਾ, ਇੰਜੀ: ਸੁਦਾਗਰ ਸਿੰਘ, ਸੰਜੇ ਮੰਗਲਾ, ਟ੍ਰੈਫਿਕ ਪੁਲਸ ਦੇ ਏ ਐੱਸ ਆਈ ਮਨਦੀਪ ਸਿੰਘ, ਏ.ਐੱਸ.ਆਈ. ਕੁਲਵੰਤ ਸਿੰਘ, ਏ.ਐੱਸ.ਆਈ. ਜਗਦੀਸ਼ ਕੁਮਾਰ ਤੇ ਅਨੂ ਬਾਲਾ ਹਾਜ਼ਰ ਸਨ।

# ਮੁਨੀਲਾ ਅਰੋੜਾ ਨੇ ਡੀ ਈ ਓ ਸੈਕੰਡਰੀ ਦਾ ਚਾਰਜ ਸੰਭਾਲਿਆ



**ਜਲਾਲਾਬਾਦ (ਜੀਤ ਕੁਮਾਰ)**-ਜਲਾਲਾਬਾਦ ਦੇ ਨਿਵਾਸੀ ਸਮਾਜ ਸੇਵੀ ਨਰੇਸ਼ ਅਰੋੜਾ ਦੀ ਵੱਡੀ ਭੈਣ ਨੇ ਸਿੱਖਿਆ ਵਿਭਾਗ ਅਤੇ ਸਰਕਾਰ ਦੀਆਂ ਹਦਾਇਤਾਂ ਦੀਆਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਫ਼ਿਰੋਜ਼ਪੁਰ ਦਾ ਚਾਰਜ ਸੰਭਾਲ ਕੇ ਆਪਣਾ ਕੰਮ ਸ਼ੁਰੂ ਕਰ ਦਿੱਤਾ ਹੈ। ਇਸ ਮੌਕੇ ਉਨ੍ਹਾਂ ਦੇ ਪਰਵਾਰਕ ਮੈਂਬਰ, ਰਿਸ਼ਤੇਦਾਰ, ਲੈਕਚਰਾਰ, ਅਧਿਆਪਕ ਅਤੇ ਉਨ੍ਹਾਂ ਨਾਲ ਜਲੰਧਰ, ਭੋਗਪੁਰ, ਬੰਦੋਵਾਲ, ਲੁਧਿਆਣਾ ਤੋਂ ਕੰਮ ਕਰਦੇ ਹੋਰ ਪਤਵੰਤੇ ਹਾਜ਼ਰ ਸਨ, ਜਿਨ੍ਹਾਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ। ਜ਼ਿਲ੍ਹਾ ਸਿੱਖਿਆ ਅਫ਼ਸਰ ਮੁਨੀਲਾ ਅਰੋੜਾ ਦਾ ਚਾਰਜ ਸੰਭਾਲਣ 'ਤੇ ਸਹਾਇਕ ਜ਼ਿਲ੍ਹਾ ਸਿੱਖਿਆ ਅਫ਼ਸਰ ਪਰਗਟ ਸਿੰਘ ਬਰਾੜ ਅਤੇ ਸਮੂਹ ਦਫ਼ਤਰੀ ਸਟਾਫ਼ ਨੇ ਉਨ੍ਹਾਂ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ। ਉਨ੍ਹਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਦਫ਼ਤਰ ਵਿੱਚ ਹਾਜ਼ਰ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਕਿਸੇ ਕਿਸਮ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਉਨ੍ਹਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ।

# ਡੀ ਏ ਵੀ ਪਬਲਿਕ ਸਕੂਲ 'ਚ ਸੁਤੰਤਰਤਾ ਦਿਵਸ ਮਨਾਇਆ



**ਰਾਜਪੁਰਾ (ਰਮੇਸ਼ ਕਟਾਰੀਆ)**-ਡੀ.ਏ.ਵੀ. ਸਕੂਲ ਰਾਜਪੁਰਾ ਵਿਖੇ ਸੁਤੰਤਰਤਾ ਦਿਵਸ ਬੜੀ ਧੂਮ ਧਾਮ ਨਾਲ ਮਨਾਇਆ ਗਿਆ।ਸਕੂਲ ਦੇ ਵਿਹੜੇ ਵਿੱਚ ਪ੍ਰਿੰਸੀਪਲ ਵੱਲੋਂ ਝੰਡਾ ਲਹਿਰਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤ ਨਾਲ ਕੀਤੀ ਗਈ।ਇਸ ਤੋਂ ਬਾਅਦ ਬੱਚਿਆਂ ਨੇ ਦੇਸ਼ ਭਗਤੀ ਦੇ ਗੀਤਾਂ 'ਤੇ ਬਹੁਤ ਹੀ ਖੂਬਸੂਰਤ ਡਾਂਸ ਪੇਸ਼ ਕੀਤਾ।ਵਿਦਿਆਰਥੀਆਂ ਨੇ ਆਪਣੇ ਦੇਸ਼ ਭਗਤੀ ਦੇ ਗੀਤਾਂ ਤੇ ਨਾਚਾਂ ਰਾਹੀਂ ਸਭ ਨੂੰ ਭਾਵੁਕ ਕਰ ਦਿੱਤਾ। ਇਸ ਮੌਕੇ ਤੀਸਰੀ, ਚੌਥੀ ਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਲਈ ਕਵਿਤਾ ਲੇਖਣ ਤੇ ਸਲੋਗਨ ਰਾਈਟਿੰਗ ਮੁਕਾਬਲਾ ਕਰਵਾਇਆ ਗਿਆ ਅਤੇ 8ਵੀਂ ਜਮਾਤ ਦੇ ਵਿਦਿਆਰਥੀਆਂ ਲਈ ਸੁਤੰਤਰਤਾ ਦਿਵਸ 'ਤੇ ਅਧਾਰਤ ਇੱਕ ਕੁਇੱਜ਼ ਦਾ ਆਯੋਜਨ ਕੀਤਾ ਗਿਆ।ਛੇਵੀਂ ਤੇ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਲਈ ਝੰਡਾ ਮੇਕਿੰਗ ਗਤੀਵਿਧੀ ਕਰਵਾਈ ਗਈ।ਗਿਆਰਵੀਂ ਤੇ ਬਾਰਵੀਂ ਦੇ ਵਿਦਿਆਰਥੀਆਂ ਦੇ ਫੁੱਲਾਂ ਤੋਂ ਸੁੰਦਰ ਗੁਲਦਸਤੇ ਬਣਾਉਣ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਨੇ ਵਿਦਿਆਰਥੀਆਂ ਵਿੱਚ ਦੇਸ਼ ਪ੍ਰਤੀ ਆਪਣੇ ਫਰਜ਼ਾਂ ਤੇ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕੀਤਾ ਸਕੂਲ ਦੀ ਪ੍ਰਿੰਸੀਪਲ ਅਲਪਨਾ ਪਾਠਕ ਨੇ ਸਭ ਨੂੰ 78ਵਾਂ ਸੁਤੰਤਰਤਾ ਦਿਵਸ ਦੀਆਂ ਵਧਾਈਆਂ ਦਿੱਤੀਆਂ ਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਨਾ ਦਿੱਤੀ।

# ਬਰਨਾਲਾ ਰੈਲੀ 'ਚ ਸ਼ਮੂਲੀਅਤ ਲਈ ਆਸ਼ਾ ਵਰਕਰਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਜਥਾ ਰਵਾਨਾ



**ਕੋਟਕਪੂਰਾ (ਰਛਪਾਲ ਭੁੱਲਰ)**

ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਆਗੂਆਂ ਨਾਲ ਵਾਰ-ਵਾਰ ਮੀਟਿੰਗਾਂ ਤੈਅ ਕਰਕੇ ਮੁਲਤਵੀ ਕੀਤੀਆਂ ਜਾ ਰਹੀਆਂ ਹਨ।ਮੁੱਖ ਮੰਤਰੀ ਪੰਜਾਬ ਦੇ ਇਸ ਰਵੱਈਏ ਖਿਲਾਫ਼ ਆਪਣੇ ਰੋਸ ਦਾ ਪ੍ਰਗਟਾਵਾ ਕਰਨ ਲਈ ਮਾਲਵੇ ਦੇ ਜ਼ਿਲ੍ਹਿਆਂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਬਰਨਾਲਾ ਵਿਖੇ ਹੋ ਰਹੀ ਰੈਲੀ ਵਿੱਚ ਭਾਗ ਲੈਣ ਲਈ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਵਿੱਚ ਸ਼ਾਮਲ ਜਥੇਬੰਦੀਆਂ ਪੰਜਾਬ ਪੈਨਸ਼ਨਰਜ਼ ਯੂਨੀਅਨ, ਕਲਾਸ ਫੋਰ ਗੌਰਮਿੰਟ ਇੰਪਲਾਈਜ ਯੂਨੀਅਨ, ਆਲ ਇੰਡੀਆ ਆਸ਼ਾ ਵਰਕਰ ਯੂਨੀਅਨ ਦੇ ਝੰਡੇ ਹੇਠ ਇੱਕ ਵੱਡਾ ਜੱਥਾ ਰਵਾਨਾ ਹੋਇਆ।ਇਸ ਜੱਥੇ ਦੀ ਅਗਵਾਈ ਵੱਖ-ਵੱਖ ਜਥੇਬੰਦੀਆਂ ਦੇ ਆਗੂ ਪ੍ਰੇਮ ਚਾਵਲਾ, ਕੁਲਵੰਤ ਸਿੰਘ ਚਾਨੀ, ਅਸ਼ੋਕ ਕੌਸ਼ਲ, ਨਛੱਤਰ ਸਿੰਘ ਭਾਣਾ, ਹਰਵਿੰਦਰ ਸ਼ਰਮਾ, ਇਕਬਾਲ ਸਿੰਘ ਢੁੱਡੀ, ਬਲਕਾਰ ਸਿੰਘ ਸਹੋਤਾ, ਇਕਬਾਲ ਸਿੰਘ ਮੰਘੇੜਾ, ਇਕਬਾਲ ਸਿੰਘ ਰਣ ਸਿੰਘ ਵਾਲਾ, ਤਰਸੇਮ ਨਰੂਲਾ, ਆਲ ਇੰਡੀਆ ਆਸ਼ਾ ਵਰਕਰ ਯੂਨੀਅਨ ਪੰਜਾਬ ਦੇ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਵੱਲੋਂ ਕੀਤੀ ਗਈ।ਆਗੂਆਂ ਨੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਗਿਣੀ ਮਿੱਥੀ ਸਾਜ਼ਿਸ਼ ਤਹਿਤ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ, ਜਿਵੇਂ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਸਾਢੇ ਪੰਜ ਸਾਲਾਂ ਦਾ ਬਣਦਾ ਬਕਾਇਆ ਨਹੀਂ ਦਿੱਤਾ ਜਾ ਰਿਹਾ, ਪੈਨਸ਼ਨਰਾਂ ਲਈ 2.59 ਦਾ ਗੁਣਾਕ ਲਾਗੂ ਨਹੀਂ ਕੀਤਾ ਜਾ ਰਿਹਾ, ਮਹਿੰਗਾਈ ਭੱਤੇ ਦੀਆਂ 12 ਫ਼ੀਸਦੀ ਦੀ ਦਰ ਨਾਲ ਬਕਾਇਆ ਪਈਆਂ ਤਿੰਨ ਕਿਸ਼ਤਾਂ ਨਹੀਂ ਦਿੱਤੀਆਂ ਜਾ ਰਹੀਆਂ, ਪੁਰਾਣੀ ਪੈਨਸ਼ਨ ਸਕੀਮ ਅਸਲ ਰੂਪ ਵਿੱਚ ਬਹਾਲ ਨਹੀਂ ਕੀਤੀ ਜਾ ਰਹੀ, ਕੱਚੇ, ਠੇਕਾ ਆਧਾਰਤ, ਆਊਟਸੋਰਸ ਤੇ ਸਕੀਮ ਵਰਕਰਜ਼ ਨੂੰ ਰੈਗੂਲਰ ਨਹੀਂ ਕੀਤਾ ਜਾ ਰਿਹਾ, ਮਾਨਯੋਗ ਅਦਾਲਤਾਂ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਕੀਤੇ ਗਏ ਫ਼ੈਸਲੇ ਲਾਗੂ ਨਹੀਂ ਕੀਤੇ ਜਾ ਰਹੇ, ਮੁੱਖ ਮੰਤਰੀ ਭਗਵੰਤ ਮਾਨ ਵਾਰ-ਵਾਰ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਨਾਲ ਗੱਲਬਾਤ ਦਾ ਸਮਾਂ ਤੈਅ ਕਰਕੇ ਮੀਟਿੰਗਾਂ ਮੁਲਤਵੀ ਕਰ ਰਹੇ ਹਨ।ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਪੰਜਾਬ ਮੁਲਾਜ਼ਮ ਦੇ ਪੈਨਸ਼ਨਰ ਸਾਂਝਾ ਫਰੰਟ ਦੇ ਆਗੂਆਂ ਨਾਲ 22 ਅਗਸਤ ਨੂੰ ਮੁੱਖ ਮੰਤਰੀ ਪੰਜਾਬ ਦੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਨਾਲ ਹੋਣ ਵਾਲੀ ਮੀਟਿੰਗ ਵਿੱਚ ਸਾਰੇ ਮਸਲੇ ਹੱਲ ਨਾ ਕੀਤੇ ਗਏ ਤਾਂ ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਬਰਨਾਲਾ, ਚੱਬੇਵਾਲ, ਗਿੱਦੜਬਾਹਾ ਅਤੇ ਡੇਰਾ ਬਾਬਾ ਨਾਨਕ ਵਿੱਚ ਆ ਰਹੀਆਂ ਜ਼ਿਮਨੀ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੂੰ ਤਕੜੀ ਹਾਰ ਦੇਣ ਲਈ ਮੁਲਾਜ਼ਮ ਤੇ ਪੈਨਸ਼ਨਰ ਇਨ੍ਹਾਂ ਚਾਰ ਹਲਕਿਆਂ ਵਿੱਚ ਪੱਕੇ ਡੇਰੇ ਲਾ ਕੇ ਪੰਜਾਬ ਸਰਕਾਰ ਵੱਲੋਂ ਲੋਕਾਂ ਵਿੱਚ ਮਾਰੇ ਜਾ ਰਹੇ ਝੂਠਾਂ ਦਾ ਪਰਦਾਫਾਸ਼ ਕਰਨਗੇ ਤੇ ਲੋਕਾਂ ਦੀ ਕਚਹਿਰੀ ਵਿੱਚ ਅਸਲੀ ਸੱਚ ਪੇਸ਼ ਕਰਨਗੇ।

# ਸੀਬਾ ਸਕੂਲ ਲਹਿਰਾਗਾਗਾ ਦੀ ਅੰਡਰ 19 ਕੁੜੀਆਂ ਦੀ ਕਬੱਡੀ ਟੀਮ ਜ਼ਿਲ੍ਹਾ ਚੈਂਪੀਅਨ ਬਣੀ



**ਲਹਿਰਾਗਾਗਾ (ਪਵਨ ਸ਼ਰਮਾ)**-ਬੀਤੇ ਦਿਨ ਚੀਮਾ ਵਿਖੇ ਹੋਈਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਵਿੱਚ ਸੀਬਾ ਸਕੂਲ ਲਹਿਰਾਗਾਗਾ ਦੀ ਅੰਡਰ 19 ਕੁੜੀਆਂ ਦੀ ਕਬੱਡੀ ਟੀਮ ਫਸਵੇਂ ਫਾਈਨਲ ਮੁਕਾਬਲੇ ਵਿੱਚ ਬੰਗਾ ਦੀ ਟੀਮ ਨੂੰ 15 ਅੰਕਾਂ ਨਾਲ ਹਰਾ ਕੇ ਜ਼ਿਲ੍ਹਾ ਚੈਂਪੀਅਨ ਬਣੀ। ਟੀਮ ਕੈਪਟਨ ਚਾਰੂ ਭਾਈ ਕੀ ਪਿਸ਼ੌਰ, ਪਾਰਸਪ੍ਰੀਤ ਕੌਰ ਭੁਟਾਲ, ਰਮਨਪ੍ਰੀਤ ਕੌਰ ਕਲਰ ਭੈਣੀ, ਜੈਸਮੀਨ ਕੌਰ ਸੰਗਤਪੁਰਾ, ਕਮਲਪ੍ਰੀਤ ਕੌਰ ਅਤੇ ਮਹਿਕਪ੍ਰੀਤ ਕੌਰ ਜਵਾਹਰਵਾਲਾ ਰਾਜ ਪੱਧਰੀ ਮੁਕਾਬਲੇ ਲਈ ਚੁਣੇ ਗਏ। ਇਸ ਮੌਕੇ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ, ਮੈਡਮ ਅਮਨ ਢੀਂਡਸਾ, ਪ੍ਰਿੰਸੀਪਲ ਸੁਨੀਤਾ ਨੰਦਾ, ਖੇਡ ਕੋਆਰਡੀਨੇਟਰ ਨਰੇਸ਼ ਚੌਧਰੀ ਨੇ ਖਿਡਾਰਨਾਂ ਨੂੰ ਮੁਬਾਰਕਬਾਦ ਦਿੰਦੇ ਹੋਏ ਵਧੇਰੇ ਮਿਹਨਤ ਅਤੇ ਹੌਸਲੇ ਨਾਲ ਖੇਡਣ ਲਈ ਪ੍ਰੇਰਿਤ ਕੀਤਾ।

# ਡਾਕਟਰ ਨਾਲ ਦੁਸ਼ਕਰਮ ਕਰਨ ਵਾਲਿਆਂ ਨੂੰ ਮਿਲਣ ਸਖਤ ਸਜ਼ਾਵਾਂ : ਡਾ. ਸੇਖੋਂ



**ਮੋਗਾ (ਇਕਬਾਲ ਸਿੰਘ ਖਹਿਰਾ)**

ਇਲੈਕਟ੍ਰੋਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਅਗਸਤ ਮਹੀਨੇ ਦੀ ਮੀਟਿੰਗ ਬੁੱਘੀਪੁਰਾ ਚੌਕ ਚੋਖਾ ਅੰਪਾਇਰ ਮੋਗਾ ਵਿਖੇ ਹੋਈ। ਮੀਟਿੰਗ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਦਿੱਲੀ ਤੇ ਉੱਤਰ ਪ੍ਰਦੇਸ਼ ਤੋਂ 110 ਤੋਂ ਵੱਧ ਡਾਕਟਰਾਂ ਨੇ ਹਿੱਸਾ ਲਿਆ। ਇਸ ਮੀਟਿੰਗ ਵਿੱਚ ਹਿਮਾਚਲ ਇਲੈਕਟ੍ਰੋਹੋਮਿਓਪੈਥਿਕ ਡਾਕਟਰਜ਼ ਐਸੋਸੀਏਸ਼ਨ ਦੇ ਚੇਅਰਮੈਨ ਡਾ. ਸੁਰਿੰਦਰ ਠਾਕਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੀਟਿੰਗ ਦਾ ਆਰੰਭ ਡਾ. ਜਗਜੀਤ ਸਿੰਘ ਗਿੱਲ ਵੱਲੋਂ ਕੀਤਾ ਗਿਆ, ਜਿਸ ਦੌਰਾਨ ਉਨ੍ਹਾਂ ਦੇਸ਼ ਨੂੰ ਆਜ਼ਾਦ ਕਰਵਾਉਣ ਵਾਲੇ ਸ਼ਹੀਦਾਂ ਤੇ ਸੁਤੰਤਰਤਾ ਸੰਗਰਾਮੀਆਂ ਨੂੰ ਯਾਦ ਕਰਦੇ ਹੋਏ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਪਰੰਤ ਹਾਜ਼ਰ ਡਾਕਟਰਾਂ ਵੱਲੋਂ ਰਾਸ਼ਟਰੀ ਗੀਤ ਗਾ ਕੇ ਆਜ਼ਾਦੀ ਦਿਨ ਮਨਾਇਆ ਗਿਆ। ਇਸ ਸਮੇਂ ਐਸੋਸੀਏਸ਼ਨ ਦੇ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ ਵੱਲੋਂ ਬੀਤੇ ਦਿਨੀਂ ਪੱਛਮੀ ਬੰਗਾਲ ਵਿੱਚ ਮਹਿਲਾ ਡਾਕਟਰ ਨਾਲ ਹੋਏ ਜਬਰ ਜ਼ਨਾਹ ਤੇ ਕਤਲ ਦੀ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ। ਉਨ੍ਹਾ ਸਰਕਾਰ ਨੂੰ ਅਪੀਲ ਕੀਤੀ ਕਿ ਅਜਿਹਾ ਕੁਕਰਮ ਕਰਨ ਵਾਲੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿੱਤੀਆਂ ਜਾਣ ਤਾਂ ਜੋ ਅੱਗੇ ਤੋਂ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਇਸ ਸਮੇਂ ਕੋਰ ਕਮੇਟੀ ਮੈਂਬਰ ਡਾ. ਮਨਪ੍ਰੀਤ ਸਿੰਘ ਨੇ ਆਜ਼ਾਦੀ ਦਿਨ ਦੇ ਸੰਬੰਧ ਵਿੱਚ ਆਪਣੇ ਵਿਚਾਰ ਪੇਸ਼ ਕੀਤੇ। ਮੀਟਿੰਗ ਦੌਰਾਨ ਮੁੱਖ ਮਹਿਮਾਨ ਡਾ. ਸੁਰਿੰਦਰ ਠਾਕਰ ਨੇ ਦੱਸਿਆ ਕਿ ਇਲੈਕਟ੍ਰੋਹੋਮਿਓਪੈਥੀ ਦੀ ਪੜ੍ਹਾਈ ਦਾ ਪਹਿਲਾ ਬੈਚ ਬਹੁਤ ਜਲਦ ਸ਼ੁਰੂ ਹੋ ਰਿਹਾ ਹੈ, ਜਿਸ ਵਿੱਚ 40 ਸਟੂਡੈਂਟ ਦਾ ਪਹਿਲਾ ਬੈਚ ਹੋਵੇਗਾ। ਇਸ ਸਮੇਂ ਵੱਖ ਵੱਖ ਡਾਕਟਰਾਂ ਵੱਲੋਂ ਲੈਕਚਰ ਲਗਾਏ ਗਏ, ਜਿਨ੍ਹਾਂ ਵਿੱਚ ਜਰਨਲ ਸਕੱਤਰ ਡਾ. ਪਰਮਿੰਦਰ ਕੁਮਾਰ ਪਾਠਕ, ਡਾ. ਜਗਪ੍ਰੀਤ ਸਿੰਘ ਖੋਖਰ, ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ, ਡਾ. ਅਮ੍ਰਿਤਪਾਲ ਸਿੰਘ, ਡਾ. ਕਮਲਜੀਤ ਕੌਰ ਸੇਖੋਂ, ਡਾ. ਅਵਤਾਰ ਸਿੰਘ ਤੋਂ ਇਲਾਵਾ ਡਾ. ਪ੍ਰਦੀਪ ਕੁਮਾਰ, ਡਾ. ਨਰੇਸ਼ ਭੰਡਾਰੀ, ਡਾ. ਮੋਹਨ ਪਾਨੀਪਤ, ਡਾ. ਰਾਜੇਸ਼ ਸਿਰਸਾ, ਡਾ. ਐੱਸ ਕੇ ਕਟਾਰੀਆ ਨੇ ਵੱਖ ਵੱਖ ਰੋਗਾਂ ਸਬੰਧੀ ਜਾਣਕਾਰੀ। ਅੰਤ ਵਿੱਚ ਪ੍ਰਧਾਨ ਡਾ. ਜਗਮੋਹਨ ਸਿੰਘ ਨੇ ਆਏ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ ਤੇ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਬੇਨਤੀ ਕੀਤੀ।

# ਗੁਰਪ੍ਰੀਤ ਬੇਦੀ ਦਾ ਬੂਟੇ ਲਵਾਉਣ 'ਤੇ ਸਨਮਾਨ



**ਸਮਰਾਲਾ (ਸੁਰਜੀਤ ਸਿੰਘ)**

ਗੁਰਪ੍ਰੀਤ ਸਿੰਘ ਬੇਦੀ 'ਹਾਕੀ ਕਲੱਬ ਦੇ ਸਹਿਯੋਗੀਆਂ ਨਾਲ ਪਿਛਲੇ 15 ਸਾਲ ਤੋਂ 'ਜੀਵੇ ਧਰਤਿ ਹਰਿਆਵਲੀ' ਲਹਿਰ ਅਧੀਨ ਲਗਪਗ 1.5 ਲੱਖ ਬੂਟੇ ਵੱਖ ਵੱਖ ਪਿੰਡਾਂ ਵਿੱਚ ਲੁਆਏ ਅਤੇ ਪਾਲ਼ੇ ਹਨ।ਖਾਸ ਗੱਲ ਇਹ ਹੈ ਕਿ ਇੱਕ-ਇੱਕ ਬੂਟੇ ਦਾ ਹਿਸਾਬ ਕੰਪਿਊਟਰ ਵਿੱਚ ਸੰਭਾਲਿਆ ਹੈ। ਗੁਰਪ੍ਰੀਤ ਬੇਦੀ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਵੱਲੋਂ ਹਰ ਸਾਲ ਸਮਰਾਲਾ ਤੇ ਮਾਛੀਵਾੜਾ ਇਲਾਕੇ ਵਿੱਚ ਦਸ-ਦਸ ਹਜ਼ਾਰ ਬੂਟਾ ਲਾਇਆ ਅਤੇ ਪਾਲਿਆ ਜਾਂਦਾ ਹੈ।ਰੇਲਵੇ ਸਟੇਸ਼ਨ ਉਤੇ ਵੱਖ-ਵੱਖ ਕਿਸਮਾਂ ਦੇ ਛੇ ਹਜ਼ਾਰ ਦੇ ਕਰੀਬ ਬੂਟੇ ਲੱਗੇ ਹੋਏ ਹਨ।

ਇਸ ਟੀਮ ਵਲੋਂ ਰੇਲਵੇ ਸਟੇਸ਼ਨ ਦੀ ਖਾਲੀ ਪਈ ਜ਼ਮੀਨ ਉੱਤੇ ਮਿੰਨੀ ਵਿਰਾਸਤੀ ਜੰਗਲ ਲਾਇਆ ਗਿਆ ਹੈ। ਗੁਰਪ੍ਰੀਤ ਬੇਦੀ ਦੀ ਟੀਮ ਵੱਲੋਂ ਬੱਚਿਆਂ ਵਿੱਚ ਵਾਤਾਵਰਣ ਦੀ ਸੰਭਾਲ ਪ੍ਰਤੀ ਰੁਚੀ ਪੈਦਾ ਕਰਨ ਲਈ ਸਕੂਲਾਂ ਵਿਚ ਵਾਤਾਵਰਨ ਦੀ ਸੰਭਾਲ ਲਈ ਪੇਟਿੰਗ ਮੁਕਾਬਲੇ ਵੀ ਕਰਾਏ ਜਾਂਦੇ ਹਨ।ਇੱਕ ਵੱਡਾ ਸਮਾਗਮ ਵਾਤਾਵਰਨ ਦੀ ਸੰਭਾਲ ਸਬੰਧੀ ਕਰਾਇਆ ਗਿਆ, ਜਿਸ ਵਿੱਚ ਪਦਮਸ੍ਰੀ ਸੰਤ ਬਾਬਾ ਬਲਵੀਰ ਸਿੰਘ ਸੀਚੇਵਾਲ ਬਤੌਰ ਮੁੱਖ ਮਹਿਮਾਨ ਪਹੁੰਚੇ। ਸਾਲ 2014 ਅਤੇ 2015 ਵਿੱਚ ਗੁਰਪ੍ਰੀਤ ਸਿੰਘ ਬੇਦੀ ਦੀ ਟੀਮ ਵੱਲੋਂ 25 ਹਜ਼ਾਰ ਦੇ ਕਰੀਬ ਬੂਟਾ ਇਸ ਇਲਾਕੇ ਵਿਚ ਲਾ ਕੇ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਗਿਆ।ਇਹ ਟੀਮ ਲਗਾਤਾਰ ਹਰ ਸਾਲ ਦਸ ਹਜ਼ਾਰ ਦੇ ਕਰੀਬ ਬੂਟੇ ਇਸ ਇਲਾਕੇ ਵਿਚ ਲਗਾ ਰਹੀ ਹੈ।ਬੀਤੇ ਦਿਨ ਗੁਰਪ੍ਰੀਤ ਬੇਦੀ ਨੂੰ ਇਸ ਮੁਹਿੰਮ ਨੂੰ ਸਫ਼ਲਤਾਪੂਰਵਕ ਚਲਾਉਣ ਲਈ ਲੁਧਿਆਣਾ ਵਿੱਚ ਹੋਏ ਅਜ਼ਾਦੀ ਦਿਵਸ ਸਮਾਗਮ ਦੌਰਾਨ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਤੇ ਡੀ ਸੀ ਲੁਧਿਆਣਾ ਸਾਕਸ਼ੀ ਸਾਹਨੀ ਆਈ ਏ ਐਸ ਵਲੋਂ ਸਨਮਾਨਤ ਕੀਤਾ ਗਿਆ।

# ਸ਼ਹੀਦ ਕਿਰਨਜੀਤ ਕੌਰ ਮੈਮੋਰੀਅਲ ਸਕੂਲ ਦੇ ਚੇਅਰਮੈਨ ਭਾਈ ਜਗਸੀਰ ਸਿੰਘ ਖ਼ਾਲਸਾ ਦਾ ਸਨਮਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼ਹੀਦ ਬੀਬੀ ਕਿਰਨਜੀਤ ਕੌਰ ਮੈਮੋਰੀਅਲ ਸਕੂਲ ਆਫ਼ ਐਮੀਨੈਂਸ ਮਹਿਲ ਕਲਾਂ ਨੂੰ ਬੁਲੰਦੀਆਂ 'ਤੇ ਲੈ ਕੇ ਜਾਣ ਵਾਲੇ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਭਾਈ ਜਗਸੀਰ ਸਿੰਘ ਖ਼ਾਲਸਾ ਨੂੰ ਸੁਤੰਤਰਤਾ ਦਿਵਸ ਮੌਕੇ ਮਹਿਲ ਕਲਾਂ ਵਿਖੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਭਾਈ ਜਗਸੀਰ ਸਿੰਘ ਖ਼ਾਲਸਾ ਪਹਿਲੀ ਵਾਰ 2019 'ਚ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਬਣੇ, ਜਿਨ੍ਹਾਂ ਦੇ ਕਾਰਜਕਾਲ ਦੌਰਾਨ ਇਸ ਸਿੱਖਿਆ ਸੰਸਥਾ ਨੇ ਬੁਲੰਦੀਆਂ ਨੂੰ ਛੋਹਿਆ। ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਸਿਫਾਰਸ਼ 'ਤੇ ਇਹ ਸੰਸਥਾ ਨੂੰ ਵਿਧਾਨ ਸਭਾ ਹਲਕਾ ਮਹਿਲ ਕਲਾਂ ਤਹਿਤ ਬੈਸਟ ਪੇਂਡੂ ਸਕੂਲ ਕੈਟਾਗਰੀ ਅਧੀਨ ਸਕੂਲ ਆਫ਼ ਐਮੀਨੈਂਸ ਬਣਾਇਆ ਗਿਆ।ਇਸ ਸਕੂਲ ਦੇ ਬੁਨਿਆਦੀ ਢਾਂਚੇ ਦੀ ਉਸਾਰੀ, ਖੇਡ ਸਟੇਡੀਅਮ, ਟਰੈਕ ਦੇ ਨਿਰਮਾਣ ਲਈ ਲਗਭਗ 1.5 ਕਰੋੜ ਰੁਪਏ ਖਰਚ ਕੀਤੇ ਜਾ ਰਹੇ। ਇਸ ਤੋਂ ਇਲਾਵਾ ਸਕੂਲ 'ਚ ਸਟਾਫ਼ ਦੀ ਘਾਟ ਨੂੰ ਪੂਰਾ ਕਰਵਾਉਣ ਅਤੇ ਸਕੂਲ ਦੇ ਵਿਦਿਆਰਥੀਆਂ ਲਈ ਲੋੜੀਂਦੀਆਂ ਸਹੂਲਤਾਂ ਦਾ ਪ੍ਰਬੰਧ ਪੰਜਾਬ ਸਰਕਾਰ ਪਾਸੋਂ ਪਹਿਲ ਦੇ ਆਧਾਰ 'ਤੇ ਕਰਵਾਉਣ ਲਈ ਉਪਰਾਲੇ ਜਾਰੀ ਹਨ।ਭਾਈ ਖ਼ਾਲਸਾ ਵਲੋਂ ਇਲਾਕੇ ਨਾਲ ਸਬੰਧਤ ਸਮਾਜ ਸੇਵੀਆਂ, ਪ੍ਰਵਾਸੀ ਭਾਰਤੀਆਂ ਅਤੇ ਇੱਥੋਂ ਵਿਦਿਆ ਪ੍ਰਾਪਤ ਕਰਕੇ ਵੱਖ-ਵੱਖ ਖੇਤਰਾਂ 'ਚ ਸਫ਼ਲ ਹੋਏ ਪਿੰਡ ਦੇ ਜੰਮਪਲ ਨੌਜਵਾਨਾਂ ਨੂੰ ਸਕੂਲ ਦੀ ਬਿਹਤਰੀ ਵਾਸਤੇ ਯੋਗਦਾਨ ਦੇਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

## ਐਨ ਐਚ ਐਮ ਸਟਾਫ ਨਰਸਾਂ ਅੱਜ ਕਾਲੇ ਬਿੱਲੇ ਲਾ ਕੇ ਕਰਨਗੀਆਂ ਰੋਸ ਪ੍ਰਦਰਸ਼ਨ: ਜਸਵਿੰਦਰ ਕੌਰ



ਧਾਰੀਵਾਲ, 18 ਅਗਸਤ (ਮਨਦੀਪ ਸਿੰਘ ਵਿੱਕੀ)-ਸਟਾਫ-ਨਰਸਿਜ਼ ਇੰਪਲਾਈਜ਼ ਐਸੋਸੀਏਸ਼ਨ ਐਨ. ਐਚ. ਐਮ. ਦੇ ਸੂਬਾ ਪ੍ਰਧਾਨ ਜਸਵਿੰਦਰ ਕੌਰ ਧਾਰੀਵਾਲ ਨੇ ਕੋਲਕਾਤਾ ਵਿੱਚ ਮਹਿਲਾ ਡਾਕਟਰ ਨਾਲ ਅਤੇ ਉੱਤਰਾਖੰਡ ਵਿੱਚ ਸਟਾਫ ਨਰਸ ਨਾਲ ਵਾਪਰੀਆਂ ਮੰਦਭਾਗੀ ਘਟਨਾਵਾਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਦੱਸਿਆ ਕਿ ਸਟਾਫ-ਨਰਸਿਜ਼ ਇੰਪਲਾਈਜ਼ ਐਸੋਸੀਸ਼ਨ ਦੀ ਸੂਬਾ ਕਮੇਟੀ ਦੀ ਮੀਟਿੰਗ ਦੌਰਾਨ ਇਸ ਮੰਦਭਾਗੀ ਘਟਨਾ ਦੇ ਵਿਰੋਧ ਵਿੱਚ ਐਨ ਐਚ ਐਮ ਸਟਾਫ ਨਰਸਿਜ 19 ਅਗਸਤ ਦਿਨ ਸੋਮਵਾਰ ਨੂੰ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਲਿਆ ਹੈ।

ਉਨ੍ਹਾ ਦੱਸਿਆ ਕਿ ਇਸ ਲਈ ਸਾਰੀਆਂ ਹੀ ਸਟਾਫ ਨਰਸਾਂ ਪੰਜਾਬ ਭਰ ਵਿੱਚ ਆਪਣੇ ਆਪਣੇ ਡਿਊਟੀ ਦੇ ਸਥਾਨ ਤੇ ਸੋਮਵਾਰ 19 ਅਗਸਤ ਨੂੰ ਕਾਲੇ ਬਿੱਲੇ ਲਗਾ ਕੇ ਡਿਊਟੀ ਦੌਰਾਨ ਆਪਣਾ ਰੋਸ ਜ਼ਾਹਰ ਕਰਨਗੀਆਂ।

ਸੂਬਾ ਪ੍ਰਧਾਨ ਜਸਵਿੰਦਰ ਕੌਰ ਧਾਰੀਵਾਲ ਨੇ ਇਨ੍ਹਾਂ ਘਟਨਾਵਾਂ ਨੂੰ ਸਰਕਾਰ ਦੀ ਨਾਕਾਮੀ ਦੱਸਿਆ ਅਤੇ ਕਿਹਾ ਕਿ ਅਗਰ ਪਹਿਲਾਂ ਵਾਪਰੀਆਂ ਘਟਨਾਵਾਂ ਦੇ ਦੋਸੀਆਂ ਨੂੰ ਸਖਤ ਸਜ਼ਾ ਮਿਲਦੀ ਤਾਂ ਅੱਗੇ ਤੋਂ ਕੋਈ ਵੀ ਇਸ ਤਰ੍ਹਾਂ ਦੀ ਦਰਿੰਦਗੀ ਕਰਨ ਦਾ ਹੌਸਲਾ ਨਾ ਕਰ ਸਕਦਾ। ਉਨ੍ਹਾਂ ਕਿਹਾ ਕਿ ਸਮਾਜ ਵਿੱਚ ਹੁਣ ਹਰ ਔਰਤ ਆਪਣੇ ਆਪ ਨੂੰ ਅਸੁੱਰਖਿਅਤ ਮਹਿਸੂਸ ਕਰ ਰਹੀ। ਉਨ੍ਹਾਂ ਨੇ ਸਰਕਾਰ ਕੋਲੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਸਿਹਤ ਵਿਭਾਗ ਵਿੱਚ ਕੰਮ ਕਰ ਰਹੇ ਸਟਾਫ ਨਰਸਾਂ ਅਤੇ ਮਹਿਲਾ ਡਾਕਟਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ ਅਤੇ ਅਜਿਹੇ ਮੁਲਜਮਾਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ।

ਉਨ੍ਹਾ ਦੱਸਿਆ ਕਿ ਮੀਟਿੰਗ ਵਿੱਚ ਜਨਰਲ ਸਕੱਤਰ ਪਰਮਜੀਤ ਕੌਰ ਪਟਿਆਲਾ, ਕੈਸ਼ੀਅਰ ਅੰਜੂ ਬਾਲਾ ਜਲੰਧਰ, ਜਸ਼ਨਦੀਪ ਕੌਰ, ਪਿੰਕੀ ਮੋਗਾ, ਦਮਨਜੀਤ ਕੌਰ ਪਟਿਆਲਾ, ਸਰਬਜੀਤ ਕੌਰ, ਮੀਤ ਪ੍ਰਧਾਨ ਰਮਨਦੀਪ ਕੌਰ ਅੰਮ੍ਰਿਤਸਰ, ਕ੍ਰਿਸ਼ਨਾ ਫਿਰੋਜ਼ਪੁਰ, ਪਰਮਦੀਪ ਕੌਰ, ਗੁਰਜਿੰਦਰ ਕੌਰ ਗੁਰਦਾਸਪੁਰ, ਮਨਪ੍ਰੀਤ ਕੌਰ, ਅਮਿਤਾ ਸ਼ਰਮਾ, ਰਣਜੀਤ ਕੌਰ ਆਦਿ ਸ਼ਾਮਲ ਸਨ।

## ਲੇਡੀ ਡਾਕਟਰ ਨਾਲ ਜਬਰ-ਜਨਾਹ ਕਰਕੇ ਕਤਲ ਕਰਨ ਵਾਲਿਆਂ ਨੂੰ ਫਾਂਸੀ ਦੇਣ ਦੀ ਮੰਗ



ਚੋਹਲਾ ਸਾਹਿਬ (ਰਮਨ ਚੱਢਾ)-ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਬਲਾਕ ਨੌਸ਼ਹਿਰਾ ਚੋਹਲਾ ਸਾਹਿਬ ਦੇ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਪੱਛਮੀ ਬੰਗਾਲ ਵਿੱਚ ਜਦੋਂ ਦੀ ਮਮਤਾ ਬੈਨਰਜੀ ਦੀ ਸਰਕਾਰ ਆਈ ਹੈ, ਲੁੱਟ-ਖੋਹ ਅਤੇ ਡਕੈਤੀਆਂ 'ਚ ਲਗਾਤਾਰ ਵਾਧਾ ਹੋਇਆ ਹੈ।ਉਥੇ 34 ਸਾਲ ਖੱਬੇ-ਪੱਖੀ ਪਾਰਟੀਆਂ ਦੀ ਸਰਕਾਰ ਰਹੀ ਹੈ ਪਰ ਉਸ ਸਮੇਂ ਕੋਈ ਘਟਨਾ ਨਹੀਂ ਵਾਪਰੀ ਸੀ ਪਰ ਹੁਣ ਤਾਂ ਲੋਕਾਂ ਦੀਆਂ ਧੀਆਂ ਭੈਣਾਂ ਦੀਆਂ ਸ਼ਰੇਆਮ ਇੱਜ਼ਤਾਂ ਲੁੱਟੀਆਂ ਜਾ ਰਹੀਆਂ ਹਨ ।ਜਬਰ-ਜਨਾਹ ਕਰਕੇ ਕਤਲ ਕੀਤਾ ਜਾ ਰਿਹਾ। ਉਨ੍ਹਾਂ ਕੇਂਦਰ ਦੀ ਬੀਜੇਪੀ ਸਰਕਾਰ ਤੋਂ ਮੰਗ ਕੀਤੀ ਕਿ ਇਸ ਕੇਸ ਦੀ ਪੂਰੀ ਕਾਰਵਾਈ ਕਰਕੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਜਾਵੇ।ਗ੍ਰਿਫਤਾਰ ਕਰਕੇ ਉਨ੍ਹਾਂ ਨੂੰ ਫਾਂਸੀ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਜੇ ਇਨ੍ਹਾਂ ਦਰਿੰਦਿਆਂ 'ਤੇ ਕਾਰਵਾਈ ਨਾ ਕੀਤੀ ਤਾਂ ਹੋਰ ਸੂਬਿਆਂ ਵਿੱਚ ਵੀ ਇਹੋ ਜਿਹੀ ਸਥਿਤੀ ਪੈਦਾ ਹੋ ਜਾਏਗੀ।

## ਪੰਜਾਬ 'ਚ ਸਭ ਤੋਂ ਵੱਧ ਪੀੜਤ ਨਰੇਗਾ ਕਾਮਿਆਂ ਦੀਆਂ ਮੁਸ਼ਕਲਾਂ ਵੱਲ ਸਰਕਾਰ ਧਿਆਨ ਦੇਵੇ : ਗਦਾਈਆ



ਤਰਨਤਾਰਨ (ਨਜ਼ਸ)-ਪੰਜਾਬ ਦਾ ਵੱਡਾ ਹਿੱਸਾ ਪੇਂਡੂ ਆਬਾਦੀ ਜੋ ਨਰੇਗਾ 2005 ਯੋਜਨਾ ਤਹਿਤ ਪਿੰਡਾਂ ਵਿੱਚ ਕੰਮ ਕਰਕੇ ਆਪਣਾ ਗੁਜ਼ਰ ਬਸਰ ਕਰ ਰਹੀ ਹੈ ਅਤੇ ਸਮੇਂ ਸਿਰ ਕੰਮ ਨਾ ਮਿਲਣ ਕਾਰਨ ਜ਼ਿੰਦਗੀ ਬੜੀ ਮੁਸ਼ਕਲ ਨਾਲ ਕੱਟਦੀ ਹੈ, ਨਾਲ ਸਬੰਧਿਤ ਰਜਿਸਟਰਡ ਕਾਮਿਆਂ ਦੀ ਗਿਣਤੀ ਲਗਭਗ 21 ਲੱਖ ਹੈ। ਇਨ੍ਹਾਂ ਕਾਮਿਆਂ ਦੀਆਂ ਮੁਸ਼ਕਲਾਂ ਵੱਲ ਸਰਕਾਰ ਨੂੰ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ ਬਾਬਾ ਅਰਜੁਨ ਸਿੰਘ ਗੜਗੱਜ ਭਵਨ ਬਾਠ ਰੋਡ ਵਿਖੇ ਜਥੇਬੰਦੀ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਨਰੇਗਾ 2005 ਬਣਿਆਂ 19 ਵਰ੍ਹੇ ਬੀਤ ਗਏ ਹਨ। ਨਰੇਗਾ ਕਾਮਿਆਂ ਦੇ ਜਾਬ ਕਾਰਡ ਅੱਜ ਤੱਕ ਜੀ. ਆਰ. ਐਸ. ਹੀ ਦੱਬੀ ਬੈਠੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਤਿੰਨ ਪਾਰਟੀਆਂ ਦੀਆਂ ਸਰਕਾਰਾਂ ਆਈਆਂ ਤੇ ਚਲੀਆਂ ਗਈਆਂ। ਨਰੇਗਾ ਨੂੰ ਟਿੱਚ ਹੀ ਸਮਝਿਆ। ਨਰੇਗਾ 2005 ਵੱਲ ਕੋਈ ਵਿਸ਼ੇਸ਼ ਤਵੱਜੋ ਨਹੀਂ ਗਈ। ਪਿੰਡਾਂ ਵਿਚ ਤੇ ਸ਼ਹਿਰਾਂ ਵਿੱਚ ਵੱਧ ਰਹੀ ਬੇਰੁਜ਼ਗਾਰੀ ਨੂੰ ਦੇਖਦਿਆਂ ਨਰੇਗਾ ਲਈ ਕੰਮ ਦੇ ਦਿਨ 200 ਕਰਨੇ ਚਾਹੀਦੇ ਹਨ, ਦੇਸ਼ ਵਿੱਚ ਲਗਾਤਾਰ ਮਹਿੰਗਾਈ ਵੱਧ ਰਹੀ ਹੈ, ਮਹਿਗਾਈ ਨੂੰ ਮੁੱਖ ਰੱਖਦਿਆਂ ਨਰੇਗਾ ਕਾਮਿਆਂ ਦੀ ਦਿਹਾੜੀ ਘੱਟੋ-ਘੱਟ 1000 ਰੁਪਏ ਕਰ ਦੇਣ ਚਾਹੀਦੀ ਹੈ। ਪੰਜਾਬ ਸਰਕਾਰ ਨਰੇਗਾ ਨਾਲ਼ ਤੇ ਮੇਟਾਂ ਨਾਲ਼ ਲਗਾਤਾਰ ਧੱਕਾ ਕਰ ਰਹੀ ਹੈ, ਪੁਰਾਣੇ ਮੇਟ ਹਟਾ ਕੇ ਗ਼ੈਰ-ਜਮਹੂਰੀ ਤਰੀਕੇ ਨਾਲ ਮੇਟ ਲਗਾਏ ਜਾ ਰਹੇ ਹਨ ਜੋ ਕਿ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਨਰੇਗਾ ਕਾਮੇ ਆਉਣ ਵਾਲੇ ਦਿਨਾਂ ਵਿੱਚ ਤਿੱਖੇ ਸੰਘਰਸ਼ ਕਰ ਸਕਦੇ ਹਨ। ਮੀਟਿੰਗ 'ਚ ਜ਼ਿਲਾ ਪ੍ਰਧਾਨ ਨਰਿੰਦਰ ਅਲਗੋਂ, ਗੁਰਦਿਆਲ ਸਿੰਘ ਖਡੂਰ ਸਾਹਿਬ ਨੇ ਕਿਹਾ ਕਿ ਤਰਨਤਾਰਨ ਜ਼ਿਲ੍ਹੇ ਵਿੱਚ ਨਰੇਗਾ ਕਾਮਿਆਂ ਵੱਲੋਂ ਕੰਮ ਮੰਗਣ ਲਈ ਦਿੱਤੀਆਂ ਅਰਜ਼ੀਆਂ ਦਰਜ ਨਹੀਂ ਕੀਤੀਆਂ ਜਾਂਦੀਆਂ। ਇਨ੍ਹਾਂ ਦੋਵਾਂ ਆਗੂਆਂ ਨੇ ਜ਼ਿਲਾ ਪ੍ਰਸ਼ਾਸਨ ਨੂੰ ਸੰਘਰਸ਼ ਦੀ ਚੇਤਾਵਨੀ ਦਿੱਤੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਚਰਨ ਸਿੰਘ ਤਰਨਤਾਰਨ, ਪਰਮਜੀਤ ਕੌਰ ਮਾੜੀਮੇਘਾ, ਰਾਜਵਿੰਦਰ ਕੌਰ ਦਦੇਹਰ ਸਾਹਿਬ, ਜਸਵੰਤ ਸਿੰਘ ਖਡੂਰ ਸਹਿਬ, ਮੇਜਰ ਸਿੰਘ ਨਾਗੋਕੇ, ਮਨਪ੍ਰੀਤ ਕੌਰ ਕਲਸੀਆਂ, ਬਲਜਿੰਦਰ ਕੌਰ ਅਲਗੋਂ ਕੋਠੀ ਅਤੇ ਬਲਦੇਵ ਸਿੰਘ ਗਗੜੇਵਾਲ ਹਾਜ਼ਰ ਸਨ।

## ਮੇਲਾ ਰੱਖੜ ਪੁੰਨਿਆ ਮੌਕੇ ਵੱਖ-ਵੱਖ ਜ਼ਿਲ੍ਹਿਆਂ ਦੀ ਪੁਲਸ ਹੋਵੇਗੀ ਤਾਇਨਾਤ : ਐਸ ਐਸ ਪੀ

ਬੁਤਾਲਾ/ਬਾਬਾ ਬਕਾਲਾ (ਨਿਰਮਲ ਸਿੰਘ ਸੰਘਾ, ਡੀ ਕੇ ਰੈਡੀ)-19 ਤੋਂ 21 ਅਗਸਤ ਤੱਕ ਮਨਾਏ ਜਾਣ ਵਾਲੇ ਇਤਿਹਾਸਕ ਜੋੜ ਮੇਲੇ ਮੌਕੇ ਅਮਨ ਅਤੇ ਕਾਨੂੰਨ ਦੀ ਵਿਵਸਥਾ ਨੂੰ ਕਾਇਮ ਰੱਖਣ ਲਈ ਗੁਆਂਢੀ ਜ਼ਿਲ੍ਹਿਆਂ ਦੀ ਪੁਲਸ ਵੀ ਤਾਇਨਾਤ ਕੀਤੀ ਜਾਵੇਗੀ।

ਅੱਜ ਮੇਲੇ ਦੇ ਪ੍ਰਬੰਧਾਂ ਸੰਬੰਧੀ ਜਾਇਜ਼ਾ ਲੈਣ ਲਈ ਪੁੱਜੇ ਅੰਮ੍ਰਿਤਸਰ ਦਿਹਾਤੀ ਦੇ ਐਸ. ਐਸ. ਪੀ. ਚਰਨਜੀਤ ਸਿੰਘ ਨੇ ਦੱਸਿਆ ਕਿ ਇਸ ਇਤਿਹਾਸਕ ਜੋੜ ਮੇਲੇ 'ਤੇ ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਕਾਨਫਰੰਸਾਂ ਵੀ ਕੀਤੀਆਂ ਜਾਣੀਆਂ ਹਨ, ਜਿਸਨੂੰ ਧਿਆਨ 'ਚ ਰੱਖਦੇ ਹੋਏ ਇਤਿਹਾਸਕ ਗੁਰਦੁਆਰਾ ਸਾਹਿਬ 'ਚ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਬਿਨਾਂ ਵਜ੍ਹਾ ਬੈਰੀਕੇਡਿੰਗ ਨੂੰ ਬੰਦ ਕੀਤਾ ਜਾਵੇਗਾ ਅਤੇ ਸੰਗਤਾਂ ਦੇ ਚੱਲਣ ਲਈ ਬਿਨਾਂ ਕਿਸੇ ਰੁਕਾਵਟ ਪੁਖਤਾ ਪ੍ਰਬੰਧ ਕੀਤੇ ਜਾਣਗੇ। ਐਸ. ਐਸ. ਪੀ. ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਮੇਲੇ ਦੇ ਆਖਰੀ ਦਿਨ ਤੱਕ ਪੁਲਸ ਤਾਇਨਾਤ ਰਹੇਗੀ।ਟਰੈਫਿਕ ਰੂਟਾਂ 'ਚ ਵੀ ਤਬਦੀਲੀ ਕੀਤੀ ਜਾਵੇਗੀ।ਇਸ ਮੌਕੇ ਉਨ੍ਹਾਂ ਨਾਲ ਡੀ. ਐਸ. ਪੀ. ਸਵਿੰਦਰ ਪਾਲ ਸਿੰਘ ਅਤੇ ਥਾਣਾ ਮੁਖੀ ਬਿਆਸ ਹਰਪਾਲ ਸਿੰਘ ਸੋਹੀ ਆਦਿ ਹਾਜ਼ਰ ਸਨ।

## ਅਧਿਆਪਕਾਂ ਤੇ ਵਿਦਿਆਰਥੀਆਂ ਨੇ ਮਿਲ ਕੇ ਮਨਾਇਆ ਤੀਜ ਦਾ ਤਿਉਹਾਰ



ਬਟਾਲਾ (ਤਰਲੋਕ ਬੱਗਾ)-ਆਰ. ਡੀ. ਖੋਸਲਾ ਸਕੂਲ ਵਿੱਚ ਹਰਿਆਲੀ ਤੀਜ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ।ਇਹ ਤਿਉਹਾਰ ਵਿਸ਼ਵਾਸ, ਉਤਸ਼ਾਹ ਅਤੇ ਸੁੰਦਰਤਾ ਦਾ ਪ੍ਰਤੀਕ ਹੈ।ਚਾਰੇ ਪਾਸੇ ਹਰਿਆਲੀ ਦੇ ਕਾਰਨ ਇਸ ਨੂੰ ਹਰਿਆਲੀ ਤੀਜ ਕਿਹਾ ਜਾਂਦਾ ਹੈ।ਇਹ ਤਿਉਹਾਰ ਖੁਸ਼ੀ ਦਾ ਪ੍ਰਤੀਕ ਹੈ ਜਿਸ ਵਿੱਚ ਸਾਰੀਆਂ ਕੁੜੀਆਂ ਅਤੇ ਔਰਤਾਂ ਇੱਕਠੇ ਹੋ ਕੇ ਲੋਕ ਗੀਤ ਅਤੇ ਨਾਚ ਪੇਸ਼ ਕਰਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦੀਆਂ ਹਨ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਗਿੱਧੇ, ਭੰਗੜੇ ਅਤੇ ਲੋਕ ਗੀਤਾਂ ਰਾਹੀਂ ਸਾਰਿਆਂ ਦਾ ਮਨ ਜਿੱਤ ਲਿਆ। ਇਸ ਮੌਕੇ ਸਮੂਹ ਆਰ. ਡੀ. ਖੋਸਲਾ ਪਰਿਵਾਰ ਦਾ ਉਤਸ਼ਾਹ ਦੇਖਣਯੋਗ ਸੀ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ: ਬਿੰਦੂ ਭੱਲਾ ਨੇ ਤੀਜ ਦੇ ਸ਼ੁਭ ਮੌਕੇ ਸਾਰਿਆਂ ਨੂੰ ਹਾਰਦਿਕ ਵਧਾਈਆਂ ਅਤੇ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਤਿਉਹਾਰ ਸਾਡੇ ਜੀਵਨ ਦਾ ਅਨਿੱਖੜਵਾਂ ਅਤੇ ਮਹੱਤਵਪੂਰਨ ਹਿੱਸਾ ਹਨ।ਇਹ ਮਨੁੱਖੀ ਮਨ ਨੂੰ ਖੁਸ਼ੀ ਅਤੇ ਆਨੰਦ ਪ੍ਰਦਾਨ ਕਰਦਾ। ਇਸ ਲਈ ਸਾਰਿਆਂ ਨੂੰ ਮਿਲ ਕੇ ਤਿਉਹਾਰਾਂ ਦਾ ਆਨੰਦ ਲੈਣਾ ਚਾਹੀਦਾ।

## ਆਵਾਰਾ ਕੁੱਤਿਆਂ ਤੋਂ ਬੱਚਿਆਂ ਤੇ ਬਜ਼ੁਰਗਾਂ ਨੂੰ ਬਚਾ ਕੇ ਰੱਖੋ : ਕਾਮਰੇਡ ਹੀਰਾ ਸਿੰਘ



ਝਬਾਲ (ਹਰਜਿੰਦਰ ਸਿੰਘ ਸੋਨੀ)-ਬਾਜ਼ਾਰਾਂ, ਗਲੀਆਂ, ਮੁਹੱਲਿਆਂ ਵਿੱਚ ਫ਼ਿਰਦੇ ਆਵਾਰਾ ਕੁੱਤਿਆਂ ਦੇ ਹਜੂਮ ਬੱਚਿਆਂ, ਬਜ਼ੁਰਗਾਂ, ਔਰਤਾਂ ਲਈ ਜਾਨ ਦਾ ਖ਼ਤਰਾ ਬਣੇ ਹੋਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾਂ ਕਰਦਿਆਂ ਕਾਮਰੇਡ ਹੀਰਾ ਸਿੰਘ ਕੰਡਿਆਂ ਵਾਲੇ ਸਕੱਤਰ ਸੀਪੀਆਈ (ਐਮ) ਨੇ ਕੀਤਾ। ਇਹ ਕੁੱਤੇ ਕਈ ਲੋਕਾਂ ਨੂੰ ਮੌਤ ਦੇ ਘਾਟ ਉਤਾਰ ਚੁੱਕੇ ਹਨ ਤੇ ਕਈਆਂ ਨੂੰ ਜ਼ਖ਼ਮੀ ਕਰ ਚੁੱਕੇ ਹਨ। ਇਹ ਕੁੱਤੇ ਗੰਦ ਦੇ ਲਿਫਾਫਿਆਂ ਨੂੰ ਚੁੱਕ ਕੇ ਗਲੀਆਂ ਵਿੱਚ ਖਿਲਾਰਦੇ ਹਨ।ਗਲੀਆਂ ਵਿੱਚੋਂ ਲੰਘਣਾ ਔਖਾ ਹੋ ਜਾਂਦਾ ਹੈ ਜਿਸ ਨਾਲ ਸਵੱਛਤਾ ਮੁਹਿੰਮ ਨੂੰ ਵੀ ਢਾਅ ਲੱਗਦੀ ਹੈ।ਭੌਂਕਦੇ ਕੁੱਤੇ ਇਨਸਾਨ ਦੀ ਨੀਂਦ ਖ਼ਰਾਬ ਕਰ ਦਿੰਦੇ ਹਨ।ਕਾਮਰੇਡ ਹੀਰਾ ਸਿੰਘ ਕੰਡਿਆਂ ਵਾਲੇ ਨੇ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਜਿਵੇਂ ਗਾਊਆਂ ਲਈ ਗਊਸ਼ਾਲਾ ਬਣੀਆਂ ਹਨ। ਇਸੇ ਤਰ੍ਹਾਂ ਕੁੱਤਿਆਂ ਲਈ ਵੀ ਕੁੱਤੇ ਘਰ ਬਣਾਏ ਜਾਣ ਤੇ ਇੱਕ ਥਾਂ ਇੱਕਠਾ ਕੀਤਾ ਜਾਵੇ ਤਾਂ ਕਿ ਬੱਚੇ, ਬਜ਼ੁਰਗ, ਔਰਤਾਂ ਰਾਤ ਜਾਂ ਸਵੇਰ ਵੇਲੇ ਕੁੱਤਿਆ ਦੇ ਖੌਫ ਤੇ ਡਰ ਤੋਂ ਨਿਜਾਤ ਪਾ ਸਕਣ। ਇੱਕ ਬੰਨੇ ਸਰਕਾਰ ਕਹਿੰਦੀ ਹੈ ਕਿ ਬੱਚਿਆਂ ਨੂੰ ਵਧਣ-ਫੁੱਲਣ ਦੀ ਲੋੜ ਹੈ ਪਰ ਇਹ ਸਰਕਾਰਾਂ ਕੁੱਤਿਆਂ/ਜਾਨਵਰਾਂ ਨੂੰ ਸਾਂਭਣ ਦਾ ਪ੍ਰਬੰਧ ਨਹੀਂ ਕਰਦੀ। ਕੁੱਤੇ ਨੂੰ ਮਾਰ ਦੇਣ 'ਤੇ ਸਰਕਾਰ ਪਰਚਾ ਦਰਜ ਕਰਦੀ ਹੈ ਪਰ ਜਿਹੜੇ ਆਦਮੀ ਕੁੱਤਿਆਂ ਕਰਕੇ ਮਰ ਜਾਂਦੇ ਹਨ ਜਾਂ ਜ਼ਖ਼ਮੀ ਹੋ ਜਾਂਦੇ ਹਨ ਉਨ੍ਹਾਂ ਦਾ ਮਹਿੰਗਾ ਇਲਾਜ ਕਰਵਾਉਣਾ ਪੈਂਦਾ ਹੈ।ਕੁੱਤਿਆਂ ਕਰਕੇ ਮਰੇ ਵਿਆਕਤੀ ਨੂੰ ਸਰਕਾਰ ਮੁਆਵਜ਼ਾ ਦੇਵੇ। ਕਾਮਰੇਡ ਹੀਰਾ ਸਿੰਘ ਕੰਡਿਆਂ ਵਾਲੇ ਨੇ ਅੱਗੇ ਕਿਹਾ ਕਿ ਅੱਜ ਕੁੱਤਿਆ ਕਰਕੇ ਭਾਰਤ ਵਿੱਚ ਪਤਾ ਨਹੀਂ ਕਿੰਨੇ ਲੋਕ ਮਰ ਚੁੱਕੇ ਹਨ ਪਰ ਸਰਕਾਰ ਕੁੰਭਕਰਨੀ ਨੀਂਦ ਸੁੱਤੀ ਪਈ ਹੈ।ਲੋਕਾਂ ਦੀ ਜਾਨ ਦੀ ਰੱਖਿਆ ਕਰਨ ਲਈ ਸਰਕਾਰ ਕੁੱਤਿਆਂ ਲਈ ਘਰ ਬਣਾ ਕੇ ਸੱਮਸਿਆ ਹੱਲ ਕਰੇ ਜਿਸ ਨਾਲ ਲੋਕ ਬੱਚੇ, ਬਜ਼ੁਰਗ, ਔਰਤਾਂ ਬੇਖੌਫ ਹੋ ਕੇ ਆਪਣੇ ਕਾਰੋਬਾਰ ਕਰ ਸਕਣ। ਇਸ ਮੌਕੇ ਸੀਪੀਆਈ (ਐਮ) ਦੇ ਆਗੂ ਕਾਮਰੇਡ ਜਸਵਿੰਦਰ ਸਿੰਘ ਮਾਨੋਚਾਹਲ, ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ (ਸੀਟੂ) ਪੰਜਾਬ ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਸੁਖਦੇਵ ਸਿੰਘ ਗੋਹਲਵੜ, ਪੈਨਸ਼ਨਰਜ਼ ਯੂਨੀਅਨ ਦੇ ਜ਼ਿਲਾ ਪ੍ਰਧਾਨ ਮਾਸਟਰ ਕਰਮ ਸਿੰਘ, ਕਿਸਾਨ ਆਗੂ ਡਾਕਟਰ ਨਰਿੰਦਰ ਸਿੰਘ ਬਘਿਆੜੀ ਅਤੇ ਹੋਰ ਆਗੂ ਮੌਜੂਦ ਸਨ।

## ਪੰਜਵੜ ਦੇ ਨੌਜਵਾਨਾਂ ਐਨ ਆਰ ਆਈਜ਼ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬਣਾਇਆ ਪਾਰਕ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਪਿੰਡ ਪੰਜਵਾੜ ਵਿਖੇ ਇੱਕ ਛੱਪੜ ਨੂੰ ਮਿੱਟੀ ਪਾ ਕੇ ਨੌਜਵਾਨਾਂ ਨੇ ਬਾਬਾ ਛੱਜਾ ਸਿੰਘ ਪੰਜਵੜ੍ਹ ਮੈਮੋਰੀਅਲ ਪਾਰਕ ਬਣਾਉਣ ਦਾ ਉਦਘਾਟਨ ਬੂਟੇ ਲਗਾ ਕੇ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਪੰਚ ਬਾਬਾ ਪਾਲ ਸਿੰਘ ਤੇ ਸਮਾਜ ਸੇਵੀ ਆਗੂ ਮਨਜੀਤ ਸਿੰਘ ਪੰਜਵੜ ਨੇ ਦੱਸਿਆ ਕਿ ਪਿੰਡ ਪੰਜਵੜ ਖੇਡ ਸਟੇਡੀਅਮ ਦੇ ਨਜ਼ਦੀਕ ਇੱਕ ਜਗ੍ਹਾ ਜਿੱਥੇ ਛੱਪੜ ਬਣਿਆ ਹੋਇਆ ਸੀ ਤੇ ਜਿਸ ਨੂੰ ਐਨਆਰਆਈ ਪਰਦੁਮਣ ਸਿੰਘ ਸ਼ਾਹ ਪਰਿਵਾਰ ਦੇ ਸਹਿਯੋਗ ਨਾਲ ਜਿਨ੍ਹਾਂ ਨੇ ਕਿ ਆਪਣੀ ਜੇਬ ਵਿੱਚੋਂ 6 ਲੱਖ ਰੁਪਏ ਦੇ ਕੇ ਇਸ ਜਗ੍ਹਾ ਤੇ ਮਿੱਟੀ ਪਾ ਕੇ ਬਾਬਾ ਛੱਜਾ ਸਿੰਘ ਪੰਜਵੜ ਮੈਮੋਰੀਅਲ ਪਾਰਕ ਬਣਾਉਣ ਵਿੱਚ ਸਹਿਯੋਗ ਕੀਤਾ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਪਿੰਡ ਦੀ ਚੁਣੀ ਹੋਈ ਪੰਚਾਇਤ ਨੇ ਸਰਬਸੰਮਤੀ ਨਾਲ ਮਤਾ ਪਾ ਕੇ ਪਰਿਵਾਰ ਅਤੇ ਨੌਜਵਾਨਾਂ ਨੂੰ ਕਿਹਾ ਸੀ ਕਿ ਉਹ ਇਸ ਜਗ੍ਹਾ ਤੇ ਪਿੰਡ ਦੀ ਸੁੰਦਰਤਾ ਨੂੰ ਵਧਾਉਣ ਵਾਸਤੇ ਇੱਕ ਪਾਰਕ ਬਣਾਉਣ ਜਿਸ ਤੇ ਕਿ ਸ਼ਾਹ ਪਰਿਵਾਰ ਨੇ ਆਪਣੀ ਜੇਬ ਵਿੱਚੋਂ 6 ਲੱਖ ਰੁਪਏ ਖਰਚ ਕੀਤੇ ਹਨ ਜਿਸ ਲਈ ਉਨ੍ਹਾਂ ਦਾ ਬਹੁਤ ਵੱਡਾ ਯੋਗਦਾਨ ਤੇ ਪਿੰਡ ਦੀ ਸਮੂਹ ਪੰਚਾਇਤ ਧੰਨਵਾਦ ਕਰਦੀ ਹੈ। ਅੱਜ ਨੌਜਵਾਨਾਂ ਨੇ ਵਾਤਾਵਰਣ ਨੂੰ ਸ਼ੁੱਧ ਰੱਖਣ ਬੂਟੇ ਲਾ ਕੇ ਉਦਘਾਟਨ ਕੀਤਾ। ਇਸ ਮੌਕੇ ਬਾਬਾ ਪਾਲ ਸਿੰਘ ਸਰਪੰਚ, ਜਗਬੀਰ ਸਿੰਘ ਸਾਬਕਾ ਸਰਪੰਚ, ਭਾਗ ਸਿੰਘ ਸਾਬਕਾ ਸਰਪੰਚ, ਪੂਰਨ ਸਿੰਘ ਮੈਂਬਰ, ਕੁਲਦੀਪ ਸਿੰਘ ਪ੍ਰਧਾਨ ਗੁਰਦਵਾਰਾ ਕਮੇਟੀ, ਬਖਤਾਵਰ ਸਿੰਘ, ਸਮਾਜ ਸੇਵੀ ਆਗੂ ਮਨਜੀਤ ਸਿੰਘ ਮੰਨਾ, ਰਜਿੰਦਰ ਸਿੰਘ, ਜਸਪਾਲ ਸਿੰਘ ਨਿੰਦੀ, ਜ਼ੈਲਦਾਰ ਹਰਜੀਤ ਸਿੰਘ ਮੁਨੀਮ, ਕੰਵਰ ਸਿੰਘ ਬੋਹੜ, ਗੁਰਪ੍ਰੀਤ ਸਿੰਘ ਗੋਪੀ, ਅਮਨਦੀਪ ਸਿੰਘ, ਹਰਦੀਪ ਸਿੰਘ ਆੜ੍ਹਤੀ, ਜਸਕਰਨ ਸਿੰਘ, ਝੰਡਾ ਸਿੰਘ, ਪਰਮਜੀਤ ਸਿੰਘ ਆਮ ਆਦਮੀ ਵਰਕਰ, ਕੁਲਵੰਤ ਸਿੰਘ ਨਕਵਾਲ, ਅੰਮ੍ਰਿਤਪਾਲ ਸਿੰਘ, ਧਰਮਬੀਰ ਸਿੰਘ, ਮੇਜਰ ਸਿੰਘ ਭਾਈ ਘਨੱਈਆ ਸਭਾ, ਮਨਜੋਤ ਸਿੰਘ, ਸੁਖਬੀਰ ਸਿੰਘ, ਸਰਬਜੀਤ ਸਿੰਘ ਮਿਸਤਰੀ, ਦਲਜੀਤ ਸਿੰਘ ਮਿਸਤਰੀ, ਡਾਕਟਰ ਗੁਰਬੀਰ ਸਿੰਘ ਅਤੇ ਸਮੂਹ ਸੰਗਤ ਪੰਜਵੜ ਹਾਜ਼ਰ ਸੀ।

## ਡੀ ਆਈ ਜੀ ਚਰਨਜੀਤ ਸਿੰਘ ਨਮਿਤ ਅੰਤਿਮ ਅਰਦਾਸ ਭਲਕੇ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸ਼੍ਰੀ ਹੇਮਕੁੰਟ ਸਾਹਿਬ ਲੰਗਰ ਸੇਵਾ ਸੋਸਾਇਟੀ ਅਜਨਾਲਾ ਜੋ ਹਰ ਸਾਲ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਦੌਰਾਨ ਰਸਤੇ ਵਿੱਚ 60 ਦਿਨਾਂ ਦੇ ਲੰਗਰ ਦੀ ਸੇਵਾ ਕਰਦੀ ਹੈ, ਦੇ ਬਹੁਤ ਸ਼ਰਧਾਲੂ ਅਤੇ ਅਨਿਨ ਸੇਵਾਦਾਰ ਚਰਨਜੀਤ ਸਿੰਘ ਡੀਆਈਜੀ ਹੋਮ ਗਾਰਡਜ਼ ਜੋ 11 ਅਗਸਤ 2024 ਨੂੰ ਗੁਰੂ ਮਹਾਰਾਜ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ, ਦੇ ਪੀੜਤ ਪਰਿਵਾਰ ਨਾਲ ਸੋਸਾਇਟੀ ਦੇ ਸੇਵਾਦਾਰ ਸਰਵਣ ਸਿੰਘ ਨੇਪਾਲ, ਅਮਰਜੀਤ ਸਿੰਘ ਬਾਜਵਾ, ਬਾਬਾ ਮਹਿੰਦਰ ਸਿੰਘ ਸੁਰੈਪੁਰ, ਭਗਵੰਤ ਸਿੰਘ ਗੁੱਜਰਪੁਰਾ, ਵਿਜੇ ਕੁਮਾਰ ਅਰੋੜਾ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

ਇਸ ਮੌਕੇ ਚਰਨਜੀਤ ਸਿੰਘ ਵੱਲੋਂ ਆਪਣੇ ਡਿਪਾਰਟਮੈਂਟ 'ਚ ਨਿਭਾਈਆਂ ਸ਼ਾਨਦਾਰ ਸੇਵਾਵਾਂ ਨੂੰ ਉਨ੍ਹਾਂ ਦੇ ਵਿਭਾਗੀ ਅਫਸਰਾਨ ਨੇ ਰੱਜ ਕੇ ਸਰਾਹਿਆ ਅਤੇ ਜ਼ਿੰਦਗੀ 'ਚ ਕੀਤੀਆਂ ਉੱਚ ਪ੍ਰਾਪਤੀਆਂ ਬਾਰੇ ਦੱਸਿਆ। ਚਰਨਜੀਤ ਸਿੰਘ ਨਮਿਤ ਅੰਤਿਮ ਅਰਦਾਸ 20 ਅਗਸਤ ਦਿਨ ਮੰਗਲਵਾਰ ਨੂੰ ਮਜੀਠਾ ਰੋਡ ਗੁਰਦੁਆਰਾ ਬਾਬਾ ਬੁਖਾਰੀ ਵਿਖੇ ਹੋਵੇਗੀ। ਸਮਾਂ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗਾ।

## ਪੰਜਾਬ 'ਚ ਚਾਰ ਸੀਟਾਂ 'ਤੇ ਜ਼ਿਮਨੀ ਚੋਣਾਂ ਨਾ ਕਰਵਾ ਕੇ ਭਾਜਪਾ ਨੇ 'ਆਪ' ਨਾਲ ਆਪਣੀ ਸਾਂਝ ਨੂੰ ਬੇਨਕਾਬ ਕੀਤਾ : ਰੰਧਾਵਾ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪੰਜਾਬ ਦੇ ਸਾਬਕਾ ਉੱਪ ਮੁੱਖ ਮੰਤਰੀ ਮੈਂਬਰ ਪਾਰਲੀਮੈਂਟ ਤੇ ਰਾਜਸਥਾਨ ਕਾਂਗਰਸ ਦੇ ਇੰਚਾਰਜ ਤੋਂ ਇਲਾਵਾ ਜੰਮੂ-ਕਸ਼ਮੀਰ ਸਕਰੀਨਿੰਗ ਕਮੇਟੀ ਦੇ ਚੇਅਰਮੈਨ ਸੁਖਜਿੰਦਰ ਸਿੰਘ ਰੰਧਾਵਾ ਨੇ ਚੋਣ ਕਮਿਸ਼ਨ ਦੇ ਦੋਵਾਂ ਸੂਬਿਆਂ ਹਰਿਆਣਾ ਅਤੇ ਜੰਮੂ-ਕਸ਼ਮੀਰ ਵਿੱਚ ਚੋਣਾਂ ਦੇ ਐਲਾਨ ਕਰਨ ਤੇ ਪੰਜਾਬ ਵਿਚਲੀਆਂ ਚਾਰ ਸੀਟਾਂ ਤੇ ਜ਼ਿਮਨੀ ਚੋਣਾਂ ਨਾ ਕਰਵਾ ਕੇ ਭਾਜਪਾ ਨੂੰ ਗੁਜਰਾਤ ਤੇ ਹਿਮਾਚਲ ਪ੍ਰਦੇਸ਼ ਦੀ ਤਰਜ ਤੇ ਫਾਇਦਾ ਪਹੁੰਚਾਉਣ ਦਾ ਯਤਨ ਕੀਤਾ ਹੈ ਤੇ ਨਾਲ ਹੀ ਇਸਦੀ ਆਮ ਆਦਮੀ ਪਾਰਟੀ ਨਾਲ ਅੰਦਰਖਾਤੇ ਘਿਓ ਖਿਚੜੀ ਹੋਣ ਦਾ ਵੀ ਸੰਕੇਤ ਦੇ ਦਿੱਤਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਜੀਠਾ ਹਲਕੇ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨਾਲ ਮਜੀਠਾ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਨਵਦੀਪ ਸਿੰਘ ਸੋਨਾ ਦੇ ਗ੍ਰਹਿ ਵਿਖੇ ਕੀਤਾ ਰੰਧਾਵਾ ਨੇ ਕਿਹਾ ਕਿ ਪਿਛਲੀਆਂ ਗੁਜਰਾਤ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵੇਲੇ ਆਮ ਆਦਮੀ ਪਾਰਟੀ ਨਾਲ ਭਾਜਪਾ ਨੇ ਵੱਡੇ ਪੱਧਰ ਤੇ ਗੰਢ-ਤੁੱਪ ਕਰਕੇ ਕਾਂਗਰਸ ਨੂੰ ਕਮਜ਼ੋਰ ਕਰਨ ਲਈ ਇਨ੍ਹਾਂ ਝਾੜੂ ਵਾਲਿਆਂ ਦੇ ਉਮੀਦਵਾਰ ਖੜੇ ਕੀਤੇ ਜਿਸ ਨਾਲ ਕਾਂਗਰਸ ਨੂੰ ਵੋਟ ਪ੍ਰਤੀਸ਼ਤ ਦਾ ਘਾਟਾ ਪਿਆ ਭਾਵੇਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਿੱਤ ਨਹੀਂ ਸਨ ਸਕੇ ਪਰ ਕਾਂਗਰਸ ਨੂੰ ਹਰਾਉਣ ਵਿੱਚ ਇਨ੍ਹਾਂ ਬਹੁਤ ਮਦਦ ਕੀਤੀ ਤੇ ਏਸੇ ਤਰ੍ਹਾਂ ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ ਹਿਮਾਚਲ ਪ੍ਰਦੇਸ਼ ਵਿੱਚ ਵੀ ਇਸਦਾ ਤਜਰਬਾ ਕੀਤਾ ਪਰ ਉਥੇ ਬੁਰੀ ਤਰਾਂ ਫੇਲ ਹੋਏ ਤੇ ਆਪਣੀਆਂ ਜ਼ਮਾਨਤਾਂ ਵੀ ਨਹੀਂ ਬਚਾ ਸਕੇ ਸਨ। ਜਾਪਦੈ ਹੁਣ ਕੇਜਰੀਵਾਲ ਤੇ ਭਗਵੰਤ ਮਾਨ ਨੂੰ ਹਰਿਆਣੇ ਵਿੱਚ ਇਹ ਜ਼ਿੰਮੇਵਾਰੀ ਦੇਣਗੇ ਕਿ ਤੁਸੀਂ ਕਾਂਗਰਸ ਦੇ ਵੋਟ ਬੈਂਕ ਨੂੰ ਖੋਰਾ ਲਾਓ ਪਰ ਸੂਬੇ ਦੇ ਸਮਝਦਾਰ ਵੋਟਰ ਇਨ੍ਹਾਂ ਦੀਆਂ ਲੂੰਬੜ ਚਾਲਾਂ ਨੂੰ ਚੰਗੀ ਤਰਾਂ ਸਮਝ ਗਏ ਹਨ ਤੇ ਪਿਛਲੀਆਂ ਲੋਕ ਸਭਾ ਚੋਣਾਂ ਵਾਂਗ ਕਾਂਗਰਸ ਦੇ ਹੱਕ ਵਿੱਚ ਫ਼ਤਵਾ ਦੇ ਕੇ ਰਾਹੁਲ ਗਾਂਧੀ ਤੇ ਖੜਗੇ ਦੀ ਰਹਿਨੁਮਾਈ ਹੇਠ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣਗੇ। ਅਖੀਰ ਵਿੱਚ ਰੰਧਾਵਾ ਨੇ ਕਿਹਾ ਕਿ ਭਗਵੰਤ ਮਾਨ ਪੰਜਾਬ ਵਿਚਲੀਆਂ ਜ਼ਿਮਨੀ ਚੋਣਾਂ ਤੋਂ ਵੀ ਜ਼ਮੀਨੀ ਪੱਧਰ ਤੋਂ ਵਾਕਿਫ ਹੋ ਚੁੱਕਾ ਹੈ ਕਿ ਪੰਜਾਬ ਦੇ ਲੋਕਾਂ ਕੋਲੋਂ ਕਿਸ ਮੁੱਦੇ ਦੇ ਅਧਾਰ ਤੇ ਵੋਟਾਂ ਮੰਗਣੀਆਂ ਹਨ ਪਿਛਲੇ ਤਿੰਨ ਸਾਲਾਂ ਦੀ ਕਿਹੜੀ ਕਾਰਗੁਜ਼ਾਰੀ ਵਿਖਾ ਕੇ ਵੋਟਾਂ ਮੰਗਾਂਗੇ, ਰਾਜਨੀਤੀ ਦੇ ਮਾਹਰ ਤੇ ਅੰਕੜਾਕਾਰ ਪੰਜਾਬ ਵਿੱਚ ਜ਼ਿਮਨੀ ਚੋਣਾਂ ਬਿਨਾਂ ਕਿਸੇ ਵੱਡੇ ਕਾਰਨ ਦੇ ਨਾ ਕਰਵਾ ਕੇ ਚੋਣ ਕਮਿਸ਼ਨ ਤੇ ਡੂੰਘੀਆਂ ਕਿਆਸ ਅਰਾਈਆਂ ਲਗਾ ਰਹੇ ਹਨ ।ਇਸ ਮੌਕੇ ਬਲਾਕ ਕਾਂਗਰਸ ਦੇ ਪ੍ਰਧਾਨ ਨਵਤੇਜ ਸਿੰਘ ਸੋਹੀਆਂ,ਬਲਵਿੰਦਰ ਸਿੰਘ ਰੋੜੀ, ਪੱਪੀ ਭੱਲਾ, ਮਨੋਹਰ ਗਾਲੋਵਾਲੀ ਤੇ ਹੋਰ ਵੀ ਆਗੂ ਹਾਜ਼ਰ ਸਨ ।

## ਰੱਖੜੀ ਦੇ ਤਿਉਹਾਰ ਮੌਕੇ ਭੈਣਾਂ ਤੇ ਭਰਾਵਾਂ ਇੱਕ ਦੂਸਰੇ ਲਈ ਕੀਤੀ ਖੂਬ ਖਰੀਦਦਾਰੀ



ਅੰਮ੍ਰਿਤਸਰ (ਅਰੋੜਾ)-ਭਰਾਵਾਂ ਅਤੇ ਭੈਣਾਂ ਦੇ ਆਪਸੀ ਪ੍ਰੇਮ ਲਈ ਜਾਣੇ ਜਾਂਦੇ ਰੱਖੜੀ ਦੇ ਤਿਉਹਾਰ ਮੌਕੇ ਭੈਣਾਂ ਨੇ ਆਪਣੇ ਭਰਾਵਾਂ ਅਤੇ ਭਰਾਵਾਂ ਨੇ ਆਪਣੀਆਂ ਭੈਣਾਂ ਲਈ ਖ੍ਰੀਦਾਰੀ ਦੇ ਸਾਰੇ ਰਿਕਾਰਡ ਤੋੜ ਦਿੱਤੇ।ਦੁਕਾਨਦਾਰ ਰਾਜਬੀਰ, ਰਾਜ ਪ੍ਰੋਹਿਤ, ਚੈਨ ਸਿੰਘ, ਦੇਵ ਪ੍ਰਤਾਪ ਸਿੰਘ, ਵਰਿੰਦਰਾਂ ਸੰਘ, ਜੇਟੂ ਸਿੰਘ, ਭੈਰੂ ਸਿੰਘ, ਭਵਾਨੀ ਸਿੰਘ, ਅਨਿਲ ਕੁਮਾਰ, ਸਤਨਾਮ ਸਿੰਘ ਆਦਿ ਨੇ ਦੱਸਿਆ ਕਿ ਇਸ ਸਾਲ ਵਿੱਚ ਖਾਣ ਪੀਣ ਵਾਲੀਆਂ ਚੀਜ਼ਾਂ, ਮਿਠਾਈਆਂ, ਗਿਫਟ ਪੈਕ ਆਦਿ ਦੀ ਵਿਕਰੀ ਦਿਲ ਖੋਲ੍ਹ ਕੇ ਹੋਈ। ਕੀਮਤੀ ਰੱਖੜੀਆਂ ਦੇ ਨਾਲ-ਨਾਲ ਹੋਰ ਕਈ ਗਿਫਟ ਆਦਿ ਖ੍ਰੀਦਣ ਵਿੱਚ ਵੀ ਕੋਮੀ ਨਹੀ ਰਹਿਣ ਦਿੱਤੀ ਗਈ।

## ਭੈਣ ਭਰਾ ਦੇ ਰਿਸ਼ਤੇ ਨੂੰ ਮਜ਼ਬੂਤ ਕਰਦਾ ਰੱਖੜੀ ਦਾ ਤਿਉਹਾਰ: ਧੁੰਨਾ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਰੱਖੜੀ ਦਾ ਤਿਉਹਾਰ ਸਾਡੇ ਸੱਭਿਆਚਾਰ ਦਾ ਇੱਕ ਮਹੱਤਵਪੂਰਨ ਅਤੇ ਖੂਬਸੂਰਤ ਤਿਉਹਾਰ ਹੈ।ਰੱਖੜੀ ਦੇ ਇਸ ਪਵਿੱਤਰ ਤਿਉਹਾਰ ਤੇ ਬਲਵਿੰਦਰ ਸਿੰਘ ਧੁੰਨਾ, ਧੁੰਨਾ ਜਿਊਲਰਜ਼ ਤਰਨਤਾਰਨ ਰੋਡ ਅੱਡਾ ਝਬਾਲ ਵਾਲਿਆਂ ਨੇ ਇਸ ਸਬੰਧੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਇਸ ਤਿਉਹਾਰ ਨਾਲ ਭੈਣ ਭਰਾ ਦੇ ਰਿਸ਼ਤੇ ਵਿੱਚ ਹੋਰ ਵੀ ਜ਼ਿਆਦਾ ਮਜ਼ਬੂਤੀ ਆਉਂਦੀ ਹੈ।

ਇੱਕ ਭੈਣ ਜਦੋਂ ਰੱਖੜੀ ਵਾਲੇ ਦਿਨ ਆਪਣੇ ਭਰਾ ਦੇ ਰੱਖੜੀ ਬੰਨ੍ਹਣ ਆਉਂਦੀ ਹੈ ਤਾਂ ਉਹ ਆਪਣੇ ਭਰਾ ਦੇ ਨਾਲ ਨਾਲ ਆਪਣੇ ਪੂਰੇ ਪਰਿਵਾਰਕ ਮੈਂਬਰਾਂ ਨਾਲ ਵੀ ਦੁੱਖ-ਸੁੱਖ ਸਾਂਝੇ ਕਰ ਲੈਂਦੀ ਹੈ।ਰਿਸ਼ਤਿਆਂ ਦੇ ਮੇਲ ਮਿਲਾਪ ਦਾ ਇਹ ਇੱਕ ਖੂਬਸੂਰਤ ਜ਼ਰੀਆ ਹੈ।

# ਧੂਮਧਾਮ ਤੇ ਪੂਰੇ ਉਤਸ਼ਾਹ ਨਾਲ ਮਨਾਇਆ ਥਾਂ-ਥਾਂ ਆਜ਼ਾਦੀ ਦਾ ਦਿਹਾੜਾ


ਤਰਨ ਤਾਰਨ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਤਰਨ ਤਾਰਨ ਵਿਖੇ ਆਜ਼ਾਦੀ ਦਿਵਸ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰ. ਸਤਵੰਤ ਸਿੰਘ ਬੈਂਸ, ਸਕੂਲ ਦੇ ਅਧਿਆਪਕ ਅਤੇ ਸਹਾਇਕ ਸਟਾਫ਼ ਹਾਜ਼ਰ ਸੀ। ਪ੍ਰਿੰਸੀਪਲ ਨੇਂ ਤਿਰੰਗਾ ਝੰਡਾ ਲਹਿਰਾਇਆ ਅਤੇ ਰਾਸ਼ਟਰੀ ਗੀਤ ਗਾਇਨ ਕੀਤਾ ਗਿਆ।ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ, ਭਾਸ਼ਣ, ਕਵਿਤਾਵਾਂ, ਡਾਂਸ ਅਤੇ ਕੋਰੀਓਗ੍ਰਾਫੀ ਪੇਸ਼ ਕੀਤੀ। ਅੰਤ ਵਿੱਚ ਸਾਰਿਆਂ ਨੇ ਮਿਲ ਕੇ ਰਾਸ਼ਟਰੀ ਗੀਤ ਗਾ ਕੇ ਪ੍ਰੋਗਰਾਮ ਦੀ ਸਮਾਪਤੀ ਕੀਤੀ।

ਤਰਨ ਤਾਰਨ (ਪ੍ਰਿਤਪਾਲ ਸਿੰਘ)-ਗੁਰੂ ਨਾਨਕ ਦੇਵ ਅਕੈਡਮੀ, ਝਬਾਲ ਰੋਡ, ਤਰਨ ਤਾਰਨ ਵਿਖੇ ਆਜ਼ਾਦੀ ਦਾ ਦਿਹਾੜਾ ਬੜੀ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਤਿਰੰਗੇ ਭਗਵੇਂ, ਚਿੱਟੇ ਅਤੇ ਹਰੇ ਗੁਬਾਰਿਆਂ ਅਤੇ ਝੰਡਿਆਂ ਨਾਲ ਸਜੇ ਸਕੂਲ ਨੇ ਸਮਾਗਮ ਵਿੱਚ ਸਭ ਦਾ ਸਵਾਗਤ ਕੀਤਾ। ਸਕੂਲ ਦੇ ਸੰਸਥਾਪਕ ਬਾਬਾ ਜਗਤਾਰ ਸਿੰਘ ਕਾਰ ਸੇਵਾ ਤਰਨ ਤਾਰਨ ਅਤੇ ਪ੍ਰਿੰ. ਜਸਪਾਲ ਕੌਰ ਸਿੱਧੂ ਅਤੇ ਸਟਾਫ ਨੇ ਤਿਰੰਗਾ ਝੰਡਾ ਲਹਿਰਾਇਆ ਅਤੇ ਸਾਰਿਆਂ ਨੇ ਇੱਕਜੁੱਟ ਹੋ ਕੇ ਰਾਸ਼ਟਰੀ ਗੀਤ ਗਾਇਆ ਅਤੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ ।


ਧਾਰੀਵਾਲ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਵਿਖੇ ਬੜੇ ਹੀ ਮਾਣ-ਸਤਿਕਾਰ ਨਾਲ ਸੁਤੰਤਰਤਾ ਦਿਵਸ ਮਨਾਇਆ ਗਿਆ। ਵਿਦਿਆਰਥੀਆਂ ਵੱਲੋਂ ਸੁਤੰਤਰਤਾ ਦਿਵਸ ਨਾਲ ਸੰਬੰਧਤ ਭਾਸ਼ਣ, ਗੀਤ ਅਤੇ ਡਾਂਸ ਪੇਸ਼ ਕੀਤੇ ਗਏ ਅਤੇ ਭਾਰਤ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਦੇਸ਼ ਭਗਤਾਂ ਨਾਲ ਸੰਬੰਧਤ ਜਾਣਕਾਰੀ ਦਿੱਤੀ ਗਈ।ਸਕੂਲ ਦੇ ਚਾਰ ਹਾਊਸਾਂ ਵਿਚਕਾਰ ਦੇਸ਼ ਭਗਤੀ ਨਾਲ ਸੰਬੰਧਤ ਡਾਂਸ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਜੇਤੂ ਰਹੇ ਹਾਊਸ ਦੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ।ਸੰਸਥਾ ਦੇ ਚੇਅਰਪਰਸਨ ਜਸਪਾਲ ਸਿੰਘ ਰੰਧਾਵਾ ਅਤੇ ਪ੍ਰਿੰ. ਮਨੀਸ਼ਾ ਸੂਦ ਨੇ ਸਭ ਨੂੰ ਸੁਤੰਤਰਤਾ ਦਿਵਸ ਦੀ ਵਧਾਈ ਦਿੱਤੀ।


ਤਰਨ ਤਾਰਨ


ਝਬਾਲ

ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਚੌਧਰੀ ਜਾਮੁਨੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਦੀਨਾਨਗਰ ਵਿਖੇ ਆਜ਼ਾਦੀ ਦਿਵਸ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਹਾਜ਼ਰ ਤਹਿਸੀਲਦਾਰ ਗੁਰਮੀਤ ਸਿੰਘ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।ਐਨਸੀਸੀ ਕੈਡਿਟਾਂ ਵੱਲੋਂ ਮਾਰਚ ਪਾਸਟ ਵੀ ਕੀਤਾ ਗਿਆ। ਮੁੱਖ ਮਹਿਮਾਨ ਨੇ ਕਿਹਾ ਕਿ ਤਿਰੰਗਾ ਝੰਡਾ, ਦੇਸ਼ ਦੀ ਸ਼ਾਨ ਅਤੇ ਸ਼ਾਨ, ਆਜ਼ਾਦੀ ਘੁਲਾਟੀਆਂ ਦੀ ਬਹਾਦਰੀ, ਸਵੈਮਾਣ, ਤਿਆਗ ਅਤੇ ਕੁਰਬਾਨੀ ਦਾ ਪ੍ਰਤੀਕ ਹੈ।ਇਸ ਮੌਕੇ ਅਜੈ ਕੁਮਾਰ ਸ਼ਰਮਾ ਨਾਇਬ ਤਹਿਸੀਲਦਾਰ, ਦਿਲਬਾਗ ਸਿੰਘ ਬੀਡੀਪੀਓ., ਰਘੁਵੀਰ ਸਿੰਘ ਨਾਇਬ ਤਹਿਸੀਲਦਾਰ ਸੰਜੀਵ ਸ਼ਰਮਾ ਸੀਡੀਪੀਓ, ਪ੍ਰਿੰ. ਰਾਜਵਿੰਦਰ ਕੌਰ, ਪਿੰਸੀਪਲ ਕੇਵਲ ਕਰਨਜੀਤ ਸਿੰਘ, ਪ੍ਰਿੰ. ਨਾਹਰ ਸਿੰਘ, ਡਾ: ਸੁਖਵਿੰਦਰ ਕੁਮਾਰ, ਡਾ: ਮੋਹਿਤ ਕਾਤਲ, ਅਮਿਤ ਮਹਾਜਨ, ਨਰੇਸ਼ ਸ਼ਰਮਾ ਆਦਿ ਹਾਜ਼ਰ ਸਨ।

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਨੋਬਲ ਵਿਜ਼ਨ ਇੰਟਰਨੈਸ਼ਨਲ ਕਾਨਵੈਂਟ ਸਕੂਲ, ਸੈਦੋ ਲੇਹਲ-ਖੁਜਾਲਾ ਵਿਖੇ ਆਜ਼ਾਦੀ ਦਿਹਾੜਾ ਵਿਦਿਆਰਥੀਆਂ ਵੱਲੋਂ ਬੜੀ ਧੂਮਧਾਮ ਨਾਲ ਮਨਾਇਆ ਗਿਆ।ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਮਹਿਲ ਸਿੰਘ ਸੰਧੂ ਦੁਆਰਾ ਤਿਰੰਗਾ ਝੰਡਾ ਲਹਿਰਾਉਣ ਸਮੇਂ ਵਿਦਿਆਰਥੀਆਂ ਵੱਲੋਂ ਰਾਸ਼ਟਰ ਗਾਣ ਦਾ ਗਾਇਨ ਕੀਤਾ ਗਿਆ।ਉਪਰੰਤ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਬੱਚਿਆਂ ਵੱਲੋਂ ਗਰੁੱਪ ਡਾਂਸ, ਕੋਰੀਓਗ੍ਰਾਫੀ, ਦੇਸ਼ ਭਗਤੀ ਦੀਆਂ ਕਵਿਤਾਵਾਂ ਤੇ ਗੀਤ, ਭਾਸ਼ਨ ਆਦਿ ਪੇਸ਼ ਕੀਤੇ ਗਏ।


ਦੀਨਾਨਗਰ


ਤਰਨ ਤਾਰਨ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿੱਚ ਆਜਾਦੀ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਡਾਇਰੈਕਟਰਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਦੁਆਰਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਹਾਊਸ ਵਾਈਜ ਪਰੇਡ ਕੀਤੀ ਗਈ ਅਤੇ ਆਪਣੇ ਰਾਸਟਰੀ ਝੰਡੇ ਨੂੰ ਸਲਾਮੀ ਦਿੱਤੀ ਗਈ। ਨੰਨ੍ਹ-ਮੁੰਨੇ ਵਿਦਿਆਰਥੀਆਂ ਵੱਲੋਂ ਦੇਸ ਭਗਤੀ ਦੇ ਗੀਤ ਗਾਏ ਗਏ। ਅੰਤ ਵਿੱਚ ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਵੱਲੋਂ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਆਜਾਦੀ ਦਿਵਸ ਦੀਆਂ ਸੁਭਕਾਮਨਾਵਾਂ ਦਿੱਤੀਆਂ ਗਈਆਂ।

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਜੀ.ਕੇ. ਬੀ. ਇੰਟਰਨੈਸ਼ਨਲ ਸਕੂਲ ਗੁਰੂ ਕੀ ਬੇਰ ਮੱਤੇਵਾਲ( ਸੀ.ਬੀ.ਐਸ.ਈ. ਪੈਟਰਨ) ਵਿੱਚ ਆਜ਼ਾਦੀ ਦਾ ਦਿਹਾੜਾ ਮਨਾਇਆ ਗਿਆ ਜਿਸ ਵਿੱਚ ਸੰਸਥਾ ਮੁਖੀ ਸੰਤ ਬਾਬਾ ਸੱਜਣ ਸਿੰਘ ਨੇ ਵਿਸੇਸ ਤੌਰ ਤੇ ਸ਼ਿਰਕਤ ਕੀਤੀ। ਸਕੂਲ ਪ੍ਰਿੰ. ਸ਼ੈਲੀ ਮਹਾਜਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਵਾਰ ਆਜ਼ਾਦੀ ਦਾ 78ਵਾਂ ਦਿਹਾੜਾ ਸਕੂਲ ਦੇ ਬੱਚਿਆਂ ਨੇ ਸਟਾਫ ਦੀ ਮਿਹਨਤ ਸਦਕਾ ਬੜੀ ਧੂਮ ਧਾਮ ਨਾਲ ਮਨਾਇਆ। ਇਸ ਪ੍ਰੋਗਰਾਮ ਵਿੱਚ ਬੱਚਿਆਂ ਦੇ ਮਾਪੇ ਵੀ ਸਾਮਿਲ ਹੋਏ। ਅਖੀਰ ਵਿੱਚ ਸੰਤ ਬਾਬਾ ਸੱਜਣ ਸਿੰਘ ਵੱਲੋਂ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ ਅਤੇ ਉਨ੍ਹਾਂ ਨੂੰ ਆਸ਼ੀਰਵਾਦ ਦਿੱਤਾ ਗਿਆ।


ਦੀਨਾਨਗਰ

ਦੀਨਾਨਗਰ (ਸੰਜੀਵ)-ਦੀਨਾਨਗਰ ਦੇ ਕੋਠੇ ਭੀਮਸੇਨ ਚੌਂਕ ਵਿੱਚ 78ਵਾਂ ਆਜ਼ਾਦੀ ਦਿਹਾੜਾ ਫੌਜੀ ਮੁਲਖ ਰਾਜ ਦੀ ਸਰਪ੍ਰਸਤੀ ਹੇਠ ਬੜੀ ਧੂਮ ਧਾਮ ਨਾਲ ਦੇਸ਼ ਦਾ ਤਿਰੰਗਾਂ ਲਹਿਰਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸਿਟੀ ਪ੍ਰਧਾਨ ਦੀਨਾਨਗਰ ਬਲਵਿੰਦਰ ਕਲੋਤਰਾ, ਵਾਇਸ ਚੇਅਰਮੈਨ ਐਸ. ਸੀ ਸੈੱਲ ਰਮੇਸ਼ ਕੁਮਾਰ ਕਲੋਤਰਾ, ਜਿੰਮੀ ਬਰਾੜ ਵਾਇਸ ਚੇਅਰਮੈਨ ਐਸ. ਸੀ ਸੈੱਲ ਪੰਜਾਬ, ਬਲਵੀਰ ਵੀਰਾਂ, ਸੁਰਿੰਦਰ ਕੁਮਾਰ ਜਕੜਿਆ, ਵਿਕਾਸ ਕੁਮਾਰ , ਸਾਹਿਲ ਕਲੋਤਰਾ, ਭੁਵਨ ਬਣਹੋਤਰਾ, ਸੰਦੀਪ ਕਾਕਾ, ਵਿਪੁਲ ਬਣਹੋਤਰਾ, ਰਮੇਸ਼ ਕੁਮਾਰ, ਪੁਸ਼ਪ, ਸੁਖਦੇਵ,ਸਿਮਰਨ ਪੜ੍ਹਿਆਲ, ਸ਼ਾਮ ਸੁੰਦਰ ਤੇ ਇਲਾਕੇ ਦੇ ਸਮੂਹ ਦੇਸ਼ ਭਗਤ ਮੌਜੂਦ ਸਨ।


ਦੀਨਾਨਗਰ


ਦੀਨਾਨਗਰ

ਝਬਾਲ (ਹਰਜਿੰਦਰ ਸਿੰਘ ਸੋਨੀ)-ਸਰਕਾਰੀ ਕੰਨਿਆ ਸੀਨੀਅਰ ਸਕੈਂਡਰੀ ਸਕੂਲ ਝਬਾਲ ਵਿਖੇ ਆਜ਼ਾਦੀ ਦਿਵਸ ਮਨਾਇਆ ਗਿਆ।ਪ੍ਰੋਗਰਾਮ ਵਿੱਚ ਐਨਸੀਸੀ ਦੇ ਬੱਚਿਆਂ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ।ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਗੀਤ ਅਤੇ ਕਵਿਤਾਵਾਂ ਗਾਈਆਂ ਗਈਆਂ। ਹਰਪ੍ਰੀਤ ਕੌਰ ਨੇ ਦੇਸ਼ ਭਗਤੀ ਭਰਿਆ ਗੀਤ ਪੇਸ਼ ਕੀਤਾ ।ਆਖਿਰ ਵਿੱਚ ਬਾਇਓਲੋਜੀ ਲੈਕਚਰਾਰ ਜਸ਼ਮੀਨ ਕੌਰ ਵਲੋਂ ਬੱਚਿਆਂ ਨੂੰ ਆਜ਼ਾਦੀ ਦਿਵਸ ਦੇ ਅਸਲੀ ਹੀਰੋ ਤੇ ਦੇਸ਼ ਭਗਤਾਂ ਬਾਰੇ ਜਾਣੂੰ ਕਰਵਾਇਆ ਗਿਆ।ਪ੍ਰਿੰ. ਮੰਗਤ ਸਿੰਘ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਬਣਾਏ ਮਾਡਲਾਂ ਵਿੱਚੋਂ ਪਹਿਲਾ, ਦੂਸਰਾ ਤੇ ਤੀਸਰਾ ਸਥਾਨ ਐਲਾਨਿਆ।ਪਹਿਲਾ ਸਥਾਨ ਹਰਮਨਦੀਪ, ਦੂਸਰਾ ਸਥਾਨ ਅਨੁਰੀਤ ਅਤੇ ਤੀਸਰਾ ਸਥਾਨ ਹਰਪ੍ਰੀਤ ਨੇ ਹਾਸਿਲ ਕੀਤਾ।

ਸਥਾਨਕ ਬਹਿਰਾਮਪੁਰ ਰੋਡ ਉੱਪਰ ਸਥਿਤ ਟੀ. ਸੀ. ਇੰਟਰਨੈਸ਼ਨਲ ਸਕੂਲ ਵਿਖੇ ਰੱਖੜੀ ਦਾ ਤਿਉਹਾਰ ਚੇਅਰਮੈਨ ਰਵਿੰਦਰ ਸ਼ਰਮਾ ਅਤੇ ਉਪ ਪ੍ਰਧਾਨ ਕੁਮੁਦ ਸ਼ਰਮਾ ਦੀ ਪ੍ਰਧਾਨਗੀ ਹੇਠ ਧੂਮਧਾਮ ਨਾਲ ਮਨਾਇਆ ਗਿਆ ।ਇਸ ਮੌਕੇ ਤੇ ਸਕੂਲ ਦੇ ਛੋਟੇ ਬੱਚਿਆਂ ਵਿੱਚ ਰੱਖੜੀ ਮੁਕਾਬਲਾ ਵੀ ਕਰਵਾਇਆ ਗਿਆ ਜਦਕਿ ਸਕੂਲ ਦੀਆਂ ਵਿਦਿਆਰਥਣਾ ਨੇ ਪਿੰਡ ਗਾਹਲੜੀ ਵਿਖੇ ਭਾਰਤ ਪਾਕਿਸਤਾਨ ਸਰਹਦ ਉੱਤੇ ਪਹੁੰਚ ਕੇ ਬੀਐੱਸਐੱਫ ਦੇ ਅਫਸਰਾਂ ਅਤੇ ਜਵਾਨਾਂ ਨੂੰ ਰੱਖੜੀ ਬੰਨੀ ਅਤੇ ਮੱਥੇ ਉੱਤੇ ਤਿਲਕ ਵੀ ਲਗਾਇਆ ਅਤੇ ਮੂੰਹ ਮਿੱਠਾ ਕਰਵਾਇਆ।

ਇਸ ਮੌਕੇ ਸਕੂਲ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਕਿਹਾ ਕਿ ਇਹ ਤਿਉਹਾਰ ਭਰਾ ਤੇ ਭੈਣ ਦੇ ਪਿਆਰ ਦਾ ਪ੍ਰਤੀਕ ਹੈ ਜਿਸ ਵਿੱਚ ਭਰਾ ਹਮੇਸ਼ਾ ਭੈਣ ਦੀ ਰੱਖਿਆ ਕਰਨ ਦਾ ਵਾਅਦਾ ਕਰਦਾ ਹੈ। ਉਹਨਾਂ ਕਿਹਾ ਕਿ ਸਕੂਲ ਵਿੱਚ ਹਮੇਸ਼ਾ ਬੱਚਿਆਂ ਨੂੰ ਵੱਖ-ਵੱਖ ਤਿਉਹਾਰਾਂ ਸਬੰਧੀ ਜਾਗਰੂਕ ਕੀਤਾ ਜਾਂਦਾ ਹੈ ਤਾਂ ਜੋ ਉਹ ਆਪਣੇ ਸੱਭਿਆਚਾਰ ਨਾਲ ਜੁੜੇ ਰਹਿਣ।ਇਸ ਮੌਕੇ ਸਕੂਲ ਸਟਾਫ ਵੀ ਹਾਜ਼ਰ ਸੀ।

ਮੱਤੇਵਾਲ (ਦਵਿੰਦਰ ਸਿੰਘ ਤਰਸਿੱਕਾ)-ਸੱਤਿਆ ਭਾਰਤੀ ਖਿੱਦੋਵਾਲੀ ਸਕੂਲ ਵਿਖੇ 78ਵਾਂ ਸੁਤੰਤਰਤਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿਚ ਸਰਪੰਚ ਸਿਕੰਦਰ ਸਿੰਘ ਖਿੱਦੋਵਾਲੀ ਨੇ ਝੰਡੇ ਦੀ ਰਸਮ ਅਦਾ ਕੀਤੀ। ਇਸ ਦੌਰਾਨ ਸਕੂਲ ਮੈਨੇਜਮੈਂਟ, ਪ੍ਰਿੰਸੀਪਲ, ਅਧਿਆਪਕ ਅਤੇ ਬੱਚਿਆਂ ਦੇ ਦੁਆਰਾ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ ਗਈ।ਉਪਰੰਤ ਬਾਅਦ ਸਕੂਲੀ ਬੱਚਿਆਂ ਵਲੋਂ ਆਜ਼ਾਦੀ ਨਾਲ ਸੰਬੰਧਿਤ ਵੱਖ-ਵੱਖ ਤਰ੍ਹਾਂ ਦੇ ਪ੍ਰੋਗਰਾਮ ਪੇਸ਼ ਕੀਤੇ ਗਏ, ਬੱਚਿਆਂ ਵਲੋਂ ਪਰੇਡ, ਕਵਿਤਾ, ਭਾਸ਼ਣ, ਡਾਂਸ, ਗੀਤ, ਫੈਂਸੀ ਡਰੈੱਸ ਮੁਕਾਬਲੇ ਅਤੇ ਦੇਸ ਭਗਤੀ ਨਾਲ ਸੰਬੰਧਿਤ ਨਾਟਕ ਪੇਸ਼ ਕੀਤੇ ਗਏ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਪਰਮਜੀਤ ਕੌਰ ਤੇ ਮੈਡਮ ਸੰਦੀਪ ਕੌਰ ਨੇ ਵਿਦਿਆਰਥੀਆਂ ਨੂੰ 15 ਅਗਸਤ ਦੀ ਵਧਾਈ ਦਿੱਤੀ। ਇਸ ਮੌਕੇ ਵੱਡੀ ਗਿਣਤੀ 'ਚ ਮਾਪੇ ਵੀ ਸ਼ਾਮਿਲ ਸਨ।


ਗੁਰਦਾਸਪੁਰ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੇਸ਼ ਦੇ 78ਵੇਂ ਆਜ਼ਾਦੀ ਦਿਹਾੜੇ ਮੌਕੇ ਆਮ ਆਮ ਆਦਮੀ ਪਾਰਟੀ ਵੱਲੋਂ ਕਰਵਾਏ ਗਏ ਵਿਧਾਨਸਭਾ ਹਲਕਾ ਪੱਧਰ ਦੇ ਸਮਾਗਮ ਵਿੱਚ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਅਦਾ ਕੀਤੀ ਗਈ।ਦੀਨਾਨਗਰ ਦੇ ਮਹਾਰਾਜਾ ਰਣਜੀਤ ਸਿੰਘ ਪਾਰਕ ਵਿਖੇ ਰਾਸ਼ਟਰੀ ਝੰਡਾ ਲਹਿਰਾਉਣ ਮਗਰੋਂ ਸੰਬੋਧਨ ਕਰਦਿਆਂ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਜ਼ਾਦੀ ਘੁਲਾਟੀਆਂ ਵੱਲੋਂ ਚਲਾਏ ਸੰਘਰਸ਼ ਸਦਕਾ ਹੀ ਕਰੀਬ ਪੌਣੀ ਸਦੀ ਪਹਿਲਾਂ ਅਸੀਂ ਗੁਲਾਮੀ ਦੀਆਂ ਜੰਜ਼ੀਰਾਂ ਨੂੰ ਤੋੜਿਆ ਸੀ।ਇਸ ਸੰਘਰਸ਼ ਵਿੱਚ 80 ਫੀਸਦੀ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਸਨ।


ਤਰਸਿੱਕਾ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਸਥਾਨਕ ਬੱਸ ਸਟੈਂਡ ਵਿਖੇ ਕਾਂਗਰਸ ਪਾਰਟੀ ਵੱਲੋਂ ਆਜ਼ਾਦੀ ਦਿਹਾੜਾ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਵਿਧਾਇਕ ਅਰੁਣਾ ਚੌਧਰੀ ਦੇ ਪੁੱਤਰ ਅਭਿਨਵ ਚੌਧਰੀ ਨੇ ਸ਼ਿਰਕਤ ਕੀਤੀ, ਜਿਨ੍ਹਾਂ ਨੇ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।ਅਭਿਨਵ ਚੌਧਰੀ ਨੇ ਕਿਹਾ ਕਿ ਅੱਜ ਦਾ ਦਿਨ ਸਾਡੇ ਸਾਰਿਆਂ ਲਈ ਬਹੁਤ ਮਹੱਤਵਪੂਰਨ ਹੈ।ਇਹ ਉਹ ਦਿਨ ਹੈ ਜਦੋਂ ਦੇਸ਼ ਨੂੰ ਅੰਗਰੇਜ਼ਾਂ ਦੇ ਜ਼ੁਲਮਾਂ ਤੋਂ ਆਜ਼ਾਦੀ ਮਿਲੀ ਸੀ ਅਤੇ ਇੱਕ ਨਵੇਂ ਭਾਰਤ ਦਾ ਜਨਮ ਹੋਇਆ ਸੀ।ਆਜ਼ਾਦੀ ਦਾ ਇਹ ਤਿਉਹਾਰ 15 ਅਗਸਤ, 1947 ਨੂੰ ਬ੍ਰਿਟਿਸ਼ ਸ਼ਾਸਨ ਤੋਂ ਆਜ਼ਾਦੀ ਦੀ ਯਾਦ ਵਿਚ ਹਰ ਸਾਲ 15 ਅਗਸਤ ਨੂੰ ਮਨਾਇਆ ਜਾਂਦਾ ਹੈ।


ਤਰਸਿੱਕਾ


ਮੱਤੇਵਾਲ

# ਮੇਲਾ ਰੱਖੜ ਪੁੰਨਿਆ ਬਾਬਾ ਬਕਾਲਾ ਸਾਹਿਬ ਵਿਸ਼ੇਸ਼ ਸਪਲੀਮੈਂਟ

## ਗੁਰਦੁਆਰਾ ਬਾਬਾ ਜੰਡਾ ਜੀ ਗੱਗੜਭਾਣਾ



ਇੱਥੇ ਸਾਲਾਨਾ ਮੇਲਾ ਹਰ ਸਾਲ ਦੀ ਤਰ੍ਹਾਂ 15 ਸਤੰਬਰ ਨੂੰ ਮਨਾਇਆ ਜਾ ਰਿਹਾ ਹੈ ਅਤੇ ਕਬੱਡੀ ਦੇ ਓਪਨ ਮੈਚ ਕਰਵਾਏ ਜਾ ਰਹੇ ਹਨ।

**ਪ੍ਰਧਾਨ ਗੁਲਜਾਰ ਸਿੰਘ ਜੀ ਬਾਗਾਵਾਲੇ**



ਜਗਤਾਰ ਸਿੰਘ ਰੰਧਾਵਾ ਸਾਬਕਾ ਸਰਪੰਚ ਗੱਗੜਭਾਣਾ | ਰਾਜਵਿੰਦਰ ਕਾਂਗਰਸੀ ਆਗੂ, ਗੱਗੜਭਾਣਾ | ਸਾਬਕਾ ਮੈਂਬਰ ਪੰਚਾਇਤ ਨਿਰਮਲ ਸਿੰਘ ਬਾਗਾਵਾਲੇ ਅਕਾਲੀ ਆਗੂ ਗੱਗੜਭਾਣਾ



ਕੇਸ਼ਾ ਸਰਪੰਚ ਗੱਗੜਭਾਣਾ | ਰਣਜੀਤ ਸਿੰਘ ਜਨਰਲ ਸੈਕਟਰੀ ਪੰਜਾਬ ਬਾਲਮੀਕਿ ਮਜ਼ਬੀ ਸਿੰਘ ਮੋਰਚਾ ਗੱਗੜਭਾਣਾ | ਜਸਪਾਲ ਸਿੰਘ ਬਾਗਾਵਾਲੇ ਬਲਾਕ ਸੰਮਤੀ ਮੈਂਬਰ, ਗੱਗੜਭਾਣਾ



ਚੌਕੀਦਾਰ ਤਰਸੇਮ ਸਿੰਘ ਜ਼ਿਲ੍ਹਾ ਪ੍ਰਧਾਨ ਚੌਕੀਦਾਰਾ ਗੱਗੜਭਾਣਾ | ਸੁਖਰਾਜ ਸਿੰਘ ਗਿੱਲ ਗਿੱਲ ਟੈਂਟ ਹਾਊਸ, ਗੱਗੜਭਾਣਾ | ਹਰਪ੍ਰੀਤ ਸਿੰਘ ਹੈਪੀ ਗੱਗੜਭਾਣਾ | ਸਿਮਰਾਜ ਸਿੰਘ ਸਾਬਕਾ ਫੌਜੀ



ਡਾ. ਸੁਖਚੈਨ ਸਿੰਘ (ਬੂਟਾ) ਸੱਗੂ ਮੈਡੀਕਲ ਸਟੋਰ ਬਾਬਾ ਬਕਾਲਾ ਸਾਹਿਬ | ਹਰਜਿੰਦਰ ਸਿੰਘ (ਬਾਊ) ਭੁੱਲਰ ਮੈਡੀਕਲ ਸਟੋਰ ਬਾਬਾ ਬਕਾਲਾ ਸਾਹਿਬ | ਠੇਕੇਦਾਰ ਅਜਮੇਰ ਸਿੰਘ ਵਦਾਦਰਪੁਰ ਅੰਮ੍ਰਿਤਸਰ



ਸਰਪੰਚ ਪਾਖਰ ਸਿੰਘ ਸੰਧੂ ਕਾਂਗਰਸੀ ਆਗੂ ਪਿੰਡ ਠੱਠੀਆਂ, ਅੰਮ੍ਰਿਤਸਰ | ਜਰਨੈਲ ਸਿੰਘ ਗਿੱਲ ਪੰਜਾਬ ਟੇਲਰ ਵਦਾਦਰਪੁਰ, ਅੰਮ੍ਰਿਤਸਰ | ਨਰਿੰਦਰ ਸਿੰਘ (ਨੂਰ) ਪੂਰਬਾਂ ਸਮਾਜ ਸੇਵਕ ਬਾਬਾ ਬਕਾਲਾ ਸਾਹਿਬ



ਪ੍ਰਦੀਪ ਕੁਮਾਰ ਲਹੌਰੀਆ ਸਮਾਜ ਸੇਵਕ ਠੱਠੀਆਂ/ਬਾਬਾ ਬਕਾਲਾ ਸਾਹਿਬ, ਅੰਮ੍ਰਿਤਸਰ

**ਮੇਲਾ ਰੱਖੜ ਪੁੰਨਿਆ ਮੌਕੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਲੱਖ-ਲੱਖ ਵਧਾਈਆਂ**

## ਧੰਨਵਾਦ



ਮੈਂ ਉਨ੍ਹਾਂ ਸੱਜਣਾਂ-ਮਿੱਤਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਮੈਨੂੰ ਸਪਲੀਮੈਂਟ ਦੇ ਕੇ ਸਾਥ ਦਿੱਤਾ ਤੇ ਆਸ ਕਰਦਾ ਹਾਂ ਕਿ ਅੱਗੋਂ ਤੋਂ ਵੀ ਮੈਨੂੰ ਇਸੇ ਤਰ੍ਹਾਂ ਸਹਿਯੋਗ ਦਿੰਦੇ ਰਹਿਣਗੇ।

**ਜਸਪਾਲ ਸਿੰਘ ਗਿੱਲ**
ਪੱਤਰਕਾਰ ਬਾਬਾ ਬਕਾਲਾ ਸਾਹਿਬ
ਮੋਬਾ. 98721-81050

## ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਜੀ, ਬਾਬਾ ਬਕਾਲਾ ਸਾਹਿਬ





ਸਕੱਤਰ ਸਿੰਘ ਪ੍ਰਧਾਨ ਗੱਗੜਭਾਣਾ | ਨਰਿੰਦਰ ਸਿੰਘ ਗੱਗੜਭਾਣਾ | ਸੁਖਦੇਵ ਸਿੰਘ ਬਗਵਾਲੇ ਗੱਗੜਭਾਣਾ | ਸਕੱਤਰ ਸਿੰਘ ਕਾਂਗਰਸੀ ਆਗੂ ਗੱਗੜਭਾਣਾ



ਸਵਰਨ ਸਿੰਘ ਕਿਸਾਨ ਆਗੂ ਗੱਗੜਭਾਣਾ | ਮੰਗਲ ਸਿੰਘ ਕਿਸਾਨ ਆਗੂ ਗੱਗੜਭਾਣਾ | ਗਜਵੀਰ ਸਿੰਘ ਫੌਜੀ | ਅਮਰਜੀਤ ਸਿੰਘ ਬੱਲ ਗੱਗੜਭਾਣਾ



ਪ੍ਰਧਾਨ ਭਾਈ ਦੇਸ ਰਾਜ ਸਿੰਘ ਗੱਗੜਭਾਣਾ

ਅਤੇ ਜਸਵੰਤ ਸਿੰਘ, ਹਰਭੇਜ ਸਿੰਘ



ਮਨ ਗੱਗੜਭਾਣਾ

**ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਇਕਾਈ ਪਿੰਡ ਗੱਗੜਭਾਣਾ**



ਬਾਬਾ ਰਣਜੀਤ ਸਿੰਘ ਗਿੱਲ ਗੱਗੜਭਾਣਾ | ਸੰਤੋਖ ਸਿੰਘ ਟਰਾਂਸਪੋਰਟਰ ਅਤੇ ਕਾਂਗਰਸੀ ਆਗੂ ਸੰਤੋਖ ਬੱਸ ਸਰਵਿਸ ਗੱਗੜਭਾਣਾ | ਹਰਜੀਤ ਸਿੰਘ (ਹਰੀ) ਵਸੀਕਾ ਨਵਸੀ ਤੇ ਸਮਾਜ ਸੇਵਕ ਬਾਬਾ ਬਕਾਲਾ ਸਾਹਿਬ



ਨੰਬਰਦਾਰ ਜਸਵੰਤ ਸਿੰਘ ਉਰਫ ਸੇਤਾ ਸਿੰਘ, ਗੱਗੜਭਾਣਾ | ਮੰਗਲ ਸਿੰਘ ਆਪ ਵਰਕਰ ਗੱਗੜਭਾਣਾ | ਗੁਰਦੀਪ ਸਿੰਘ ਰਵੀ ਸ਼ੇਖੋ ਫੋਟੋ ਸਟੇਟ, ਬਾਬਾ ਬਕਾਲਾ



ਚੰਨਣ ਸਿੰਘ ਬੱਲ ਗੱਗੜਭਾਣਾ | ਠੇਕੇਦਾਰ ਹਰਪਾਲ ਸਿੰਘ ਅਕਾਲੀ ਆਗੂ, ਗੱਗੜਭਾਣਾ | ਕੁਲਦੀਪ ਸਿੰਘ ਅੰਮ੍ਰਿਤਸਰੀਏ ਕੁਲਚੇ ਛੋਲੇ ਬਾਬਾ ਬਕਾਲਾ ਸਾਹਿਬ



ਨਵਜੋਤ ਸਿੰਘ ਲਹੌਰੀਆ ਨਵਜੋਤ ਇੰਟਰਪ੍ਰਾਈਜਿਜ ਬਾਬਾ ਬਕਾਲਾ ਸਾਹਿਬ

ਮੇਲਾ ਰੱਖੜ ਪੁੰਨਿਆ ਮੌਕੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਲੱਖ-ਲੱਖ ਵਧਾਈਆਂ



ਤਰਨਪ੍ਰੀਤ ਸਿੰਘ ਬਾਬਾ ਬਕਾਲਾ ਸਾਹਿਬ



**ਐੱਮ ਆਰ ਜਿਊਲਰ ਬਾਬਾ ਬਕਾਲਾ**
ਇੱਥੇ ਹਰ ਰਾਸ਼ੀ ਦੇ ਨਗ ਅਤੇ ਗਹਿਣੇ ਬਣਾਏ ਜਾਂਦੇ ਹਨ।
ਮੁਕੇਸ਼ ਚੌਹਾਨ, ਰਾਕੇਸ਼ ਚੌਹਾਨ



ਵਰਿੰਦਰ ਸਿੰਘ ਤਹਿਸੀਲ ਕੰਪਲੈਕਸ ਬਾਬਾ ਬਕਾਲਾ ਸਾਹਿਬ

ਮੇਲਾ ਰੱਖੜ ਪੁੰਨਿਆ ਮੌਕੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਲੱਖ-ਲੱਖ ਵਧਾਈਆਂ



ਹਰਪ੍ਰੀਤ ਸਿੰਘ (ਹੈਪੀ) ਮਹਿਤਾ

## ਘਰ ਦੀ ਰੌਣਕ



ਸੀਰਤ ਗਿੱਲ | ਜਪਜੀਤ ਗਿੱਲ | ਅਭੀਜੋਤ ਗਿੱਲ

## ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਕੈਬਨਿਟ ਮੰਤਰੀ ਦੇ ਘਰ ਮੂਹਰੇ ਦਿੱਤਾ ਰੋਸ ਧਰਨਾ



ਨੰਗਲ (ਸੁਰਜੀਤ ਸਿੰਘ) ਇੱਥੇ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਜ਼ਿਲ੍ਹਾ ਰੂਪਨਗਰ ਦੀਆਂ ਵੱਖ ਵੱਖ ਕਿਸਾਨ ਜਥੇਬੰਦੀਆਂ ਨੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਨੂੰ ਭੇਜਿਆ।ਇਸ ਮੌਕੇ ਹਾਜ਼ਰ ਕਿਸਾਨ ਆਗੂਆਂ ਨੇ ਦੱਸਿਆ ਕਿ ਸੂਬੇ ਵਿੱਚ 32 ਕਿਸਾਨ ਜਥੇਬੰਦੀਆਂ ਦੇ ਅਧਾਰ 'ਤੇ ਬਣੇ ਸੰਯੁਕਤ ਕਿਸਾਨ ਮੋਰਚਾ ਨੇ ਕਿਸਾਨੀ ਮੰਗਾਂ ਨੂੰ ਲੈ ਕੇ ਸਮੁੱਚੇ ਪੰਜਾਬ ਅੰਦਰ ਵੱਖ ਵੱਖ ਕੈਬਨਿਟ ਮੰਤਰੀਆਂ ਦੇ ਘਰਾਂ ਅੱਗੇ 12 ਤੋਂ 3 ਵਜੇ ਤੱਕ ਰੋਸ ਧਰਨਾ ਮਾਰਨ ਦੇ ਸੱਦੇ ਤੇ ਕਿਸਾਨਾਂ ਦੀਆਂ ਅਹਿਮ ਮੰਗਾਂ ਸੰਬੰਧੀ ਮੰਗ ਪੱਤਰ ਮੁੱਖ ਮੰਤਰੀ ਨੂੰ ਭੇਜੇ ਗਏ।ਇਸ ਰੋਸ ਧਰਨੇ ਵਿੱਚ ਸੁਰਜੀਤ ਸਿੰਘ ਢੇਰ, ਦਵਿੰਦਰ ਨੰਗਲੀ, ਕਾਮਰੇਡ ਮੋਹਨ ਸਿੰਘ ਧਮਾਣਾ, ਦਲਜੀਤ ਸਿੰਘ ਚਲਾਕੀ,ਵੀਰ ਸਿੰਘ ਬੜਵਾ, ਮੋਹਰ ਸਿੰਘ, ਤਲਵਿੰਦਰ ਸਿੰਘ ਚਲਾਕੀ, ਧਰਮ ਪਾਲ ਸੈਣੀ, ਗੁਰਨੈਬ ਸਿੰਘ ਜੈਤੇਵਾਲ, ਜਗਮਨ ਸਿੰਘ ਪੜ੍ਹੀ, ਜਸਵਿੰਦਰ ਸਿੰਘ ਭੰਗਲ, ਕਰਨੈਲ ਸਿੰਘ ਬਜਰੂੜ, ਦਲੀਪ ਸਿੰਘ ਘਨੌਲਾ, ਅਵਤਾਰ ਸਿੰਘ, ਗੁਰਮੇਲ ਸਿੰਘ, ਦਲਬਾਗ ਸਿੰਘ ਮਜੇਤ, ਭਜਨ ਸਿੰਘ, ਦਲਜੀਤ ਸਿੰਘ ਰਾਏਪੁਰ, ਗੁਰਨਾਮ ਸਿੰਘ ਔਲਖ, ਰਣਧੀਰ ਸਿੰਘ ਚਕੋਲ ਮੌਜੂਦ ਸਨ।

## ਸ੍ਰੀ ਹਨੂਮਤ ਇੰਸਟੀਚਿਊਟ 'ਚ ਮਨਾਇਆ 78ਵਾਂ ਸੁਤੰਤਰਤਾ ਦਿਵਸ



ਗੁਰਾਇਆ (ਬਿੰਦਰ ਸੁੰਮਨ)-ਸ੍ਰੀ ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਦੇਸ਼ ਦਾ 78ਵਾਂ ਸੁਤੰਤਰਤਾ ਦਿਵਸ ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਦੀ ਪ੍ਰਧਾਨਗੀ ਹੇਠ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੌਰਾਨ ਸ੍ਰੀ ਹਨੂਮਤ-ਆਈ ਐਮ ਟੀ ਦੇ ਹੋਟਲ ਪ੍ਰਬੰਧਨ ਵਿਭਾਗ ਨੇ ਭਾਰਤੀ ਰਵਾਇਤੀ ਪਕਵਾਨਾਂ ਦੇ ਵੱਖ-ਵੱਖ ਸੁਆਦਾਂ ਨੂੰ ਦਰਸਾਉਂਦੇ ਹੋਏ ਰੈਸਟੋਰੈਂਟ ਥੀਮ 'ਤੇ ਇੱਕ ਜੀਵੰਤ ਗਤੀਵਿਧੀ ਦਾ ਆਯੋਜਨ ਕੀਤਾ। ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਰਵਾਇਤੀ ਪਕਵਾਨਾਂ ਦੀ ਰੇਂਜ ਤਿਆਰ ਕੀਤੀ। ਜਿਸ ਵਿੱਚ ਖੁਸ਼ਬੂਦਾਰ ਸਨੈਕਸ ਤੋਂ ਲੈ ਕੇ ਸੁਆਦੀ ਕੜ੍ਹੀ, ਕਰਿਸਪੀ ਬਰੈੱਡ, ਮਿੱਠੀ ਤਿਰੰਗੇ ਨਾਰੀਅਲ ਵਾਲੀ ਬਰਫੀ ਆਦਿ ਸ਼ਾਮਲ ਸਨ। ਜਿੱਥੇ ਇਸ ਸਮਾਗਮ ਨੇ ਭਾਰਤ ਦੀ ਰਸੋਈ ਵਿਰਾਸਤ ਦਾ ਜਸ਼ਨ ਮਨਾਇਆ, ਉੱਥੇ ਹੀ ਇਸ ਨੇ ਵਿਦਿਆਰਥੀਆਂ ਨੂੰ ਆਪਣੇ ਰਸੋਈ ਹੁਨਰ, ਰਚਨਾਤਮਕਤਾ ਅਤੇ ਟੀਮ ਵਰਕ ਦਾ ਪ੍ਰਦਰਸ਼ਨ ਕਰਨ ਲਈ ਇੱਕ ਪਲੇਟਫਾਰਮ ਵੀ ਪ੍ਰਦਾਨ ਕੀਤਾ। ਵਿਭਾਗ ਦੇ ਫੈਕਲਟੀ ਇੰਚਾਰਜ ਨੇ ਦੱਸਿਆ ਕਿ ਇਸ ਗਤੀਵਿਧੀ ਦਾ ਮੰਤਵ ਵਿਦਿਆਰਥੀਆਂ ਦੇ ਮਨਾਂ ਵਿੱਚ ਦੇਸ਼ ਭਗਤੀ ਅਤੇ ਏਕਤਾ ਦੀ ਭਾਵਨਾ ਨੂੰ ਪ੍ਰਫੁੱਲਤ ਕਰਨਾ ਅਤੇ ਉਨ੍ਹਾਂ ਦੀ ਮਹਿਮਾਨ ਨਿਵਾਜ਼ੀ ਦੇ ਹੁਨਰ ਨੂੰ ਨਿਖਾਰਨਾ ਹੈ। ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਨੇ ਸਮੂਹ ਹਾਜ਼ਰੀਨ ਨੂੰ ਸੁਤੰਤਰਤਾ ਦਿਵਸ ਦੀਆਂ ਸ਼ੁੱਭਕਾਮਨਾਵਾਂ ਦਿੰਦੇ ਹੋਏ ਹੋਟਲ ਮੈਨੇਜਮੈਂਟ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਦੌਰਾਨ ਕਾਲਜ ਕੈਂਪਸ ਨੂੰ ਤਿਰੰਗੇ ਰੰਗ ਵਿੱਚ ਸਜਾਇਆ ਗਿਆ। ਸਮੂਹ ਸਟਾਫ਼ ਅਤੇ ਫੈਕਲਟੀ ਵੱਲੋਂ ਆਜ਼ਾਦੀ ਸੰਗਰਾਮ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਅਤੇ ਜੇਲ੍ਹਾਂ ਕੱਟਣ ਵਾਲੇ ਮਹਾਨ ਯੋਧਿਆਂ ਨੂੰ ਸ਼ਰਧਾਂਜਲੀ ਵੀ ਭੇਟ ਕੀਤੀ ਗਈ।

## ਡੀ ਏ ਵੀ ਕਾਲਜ ਤੇ ਰਿਆਤ ਬਾਹਰਾ ਕਾਲਜ ਦੇ ਵਿਦਿਆਰਥੀਆਂ ਨੇ ਖਿਲਾਰੇ ਬੀਜ ਗੇਂਦ



ਆਦਮਪੁਰ (ਪਰਮਜੀਤ ਸਿੰਘ)- ਪਿਛਲੇ ਚਾਰ ਵਰ੍ਹਿਆਂ ਵਾਂਗ, ਇਸ ਵਰ੍ਹੇ ਵੀ ਪ੍ਰਿਥਵੀ ਵੈਲਫੇਅਰ ਸੋਸਾਇਟੀ ਵੱਲੋਂ ਪਹਾੜੀ ਇਲਾਕੇ ਦੇ ਜੰਗਲਾਂ ਨੂੰ ਹਰਿਆ ਭਰਿਆ ਬਣਾਉਣ ਲਈ ਵਿਸ਼ੇਸ਼ ਤੌਰ 'ਤੇ ਬੀਜ ਗੇਂਦ ਖਿਲਾਰੇ ਗਏ। ਪ੍ਰਿਥਵੀ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਹਰਿੰਦਰ ਸਿੰਘ ਆਦਮਪੁਰ ਨੇ ਕਿਹਾ ਕਿ ਜਿਥੇ ਉਨ੍ਹਾਂ ਦੀ ਸੰਸਥਾ ਮੌਸਮ ਮੁਤਾਬਕ ਬੂਟੇ ਵੀ ਲਗਾਉਂਦੀ ਹੈ, ਉਥੇ ਹੀ ਹਰ ਸਾਲ 20000 ਤੋਂ 25000 ਬੀਜ ਗੇਂਦ ਬਣਾ ਕੇ ਹੁਸ਼ਿਆਰਪੁਰ ਨਾਲ ਲਗਦੀਆਂ ਸ਼ਿਵਾਲਿਕ ਪਹਾੜੀਆਂ ਵਿੱਚ ਇਨ੍ਹਾਂ ਨੂੰ ਖਿਲਾਰਨ ਜਾਂਦੇ ਹਨ। ਇਸ ਵਾਰ ਹੁਸ਼ਿਆਰਪੁਰ - ਊਨਾ ਸੜਕ ਮਾਰਗ 'ਤੇ ਤਕਰੀਬਨ 15 ਕਿਲੋਮੀਟਰ ਤੱਕ ਬੀਜ ਗੇਂਦ ਖਿਲਾਰੇ। ਹੁਸ਼ਿਆਰਪੁਰ ਅਤੇ ਹਿਮਾਚਲ ਪ੍ਰਦੇਸ਼ ਦੀ ਸਰਹੱਦ ਦੀ ਪਹਾੜੀਆਂ ਤੇ ਪੈਦਲ ਚੱਲਦਿਆਂ ਤਕਰੀਬਨ ਇਕ ਪਾਸੇ 3 ਤੋਂ 4 ਕਿਲੋਮੀਟਰ ਤਕ ਇਹ ਬੀਜ ਗੇਂਦ ਖਿਲਾਰੇ। ਤਕਰੀਬਨ 50 ਵਿਦਿਆਰਥੀਆਂ ਨੇ ਅਤੇ 25-30 ਸੰਸਥਾ ਦੇ ਮੈਂਬਰਾਂ ਨੇ ਇਸ ਕਾਰਜ ਵਿੱਚ ਯੋਗਦਾਨ ਦਿੱਤਾ।ਹਰਿੰਦਰ ਸਿੰਘ ਦਾ ਮੰਨਣਾ ਹੈ ਕਿ ਜੰਗਲ ਵਿੱਚ ਹਰ ਤਰ੍ਹਾਂ ਦਾ ਰੁੱਖ ਹੋਣਾ ਚਾਹੀਦਾ ਹੈ, ਜਿਸ ਨਾਲ ਪਰਿਆਵਰਣ ਸੰਤੁਲਨ ਬਣਿਆ ਰਹਿੰਦਾ ਹੈ।ਡੀ ਏ ਵੀ ਕਾਲਜ ਦੇ ਵਿਦਿਆਰਥੀ ਜਸਪ੍ਰੀਤ ਸਿੰਘ, ਯਦੂ ਨੰਦਨ, ਹਰਮਨਪ੍ਰੀਤ ਕੌਰ, ਅਮਰਿੰਦਰ ਕੌਰ, ਅਮਿਤ, ਬੇਨਕਾ, ਗੁਰਲੀਨ ਕੌਰ, ਜਾਨਵੀ, ਸ਼ਰੂਤੀ, ਇਨ੍ਹਾਂ ਬਹੁਤ ਮਿਹਨਤ ਕਰਕੇ ਬੀਜ ਗੇਂਦ ਤਿਆਰ ਕਰਵਾਏ। ਰਿਆਤ ਬਾਹਰਾ ਕਾਲਜ ਤੋਂ ਸਤਨਾਮ ਕੌਰ (ਲੈਕਚਰਾਰ) ਵੀ ਬੀ ਐਸ ਸੀ ਐਗਰੀਕਲਚਰ ਦੇ ਵਿਦਿਆਰਥੀਆਂ ਨਾਲ ਵਿਸ਼ੇਸ਼ ਤੌਰ 'ਤੇ ਬੀਜ ਗੇਂਦ ਤਿਆਰ ਕਰਵਾਉਂਦੇ ਰਹੇ।ਅਮਿਤ ਕੁਮਾਰ, ਚੇਤਨਾ, ਸੁਖਪ੍ਰੀਤ ਸਿੰਘ , ਗੁਰਪ੍ਰੀਤ ਕੌਰ, ਚਰਨਜੀਤ ਸਿੰਘ, ਆਦਿ ਅਨੇਕ ਵਿਦਿਆਰਥੀਆਂ ਨੇ ਸਹਿਯੋਗ ਦਿੱਤਾ। ਉਨ੍ਹਾਂ ਹੁਸ਼ਿਆਰਪੁਰ ਤੋਂ ਵਿਧਾਇਕ ਅਤੇ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ।ਜਿੰਪਾ ਨੇ ਇਸ ਮੌਕੇ ਹਰਿੰਦਰ ਸਿੰਘ, ਸਤਵੰਤ ਸਿੰਘ ਸਿਆਣ ਅਤੇ ਹੋਰ ਸਾਥੀਆਂ ਨਾਲ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਅਰਵਿੰਦ ਕੇਜਰੀਵਾਲ ਦੇ ਜਨਮ ਦਿਨ ਨੂੰ ਸਮਰਪਤ ਇਕ ਬੂਟਾ ਵੀ ਲਗਾਇਆ ਅਤੇ ਲੰਬੀ ਉਮਰ ਅਤੇ ਤੰਦਰੁਸਤੀ ਦੀ ਮੰਗਲ ਕਾਮਨਾ ਕੀਤੀ।

## ਮਹਾਂਰਿਸ਼ੀ ਵਾਲਮੀਕਿ ਸਭਾ ਯੂਥਾ ਸਿਟੀ ਵੱਲੋਂ 21 ਦੇ ਭਾਰਤ ਬੰਦ ਦਾ ਵਿਰੋਧ

ਸ਼ਾਹਕੋਟ (ਗਿਆਨ ਸੈਦਪੁਰੀ) ਮਜ਼ਬੀ ਸਿੱਖ ਅਤੇ ਵਾਲਮੀਕਿ 12.5 ਫੀਸਦੀ ਰਾਖਵਾਂਕਰਨ ਬਚਾਓ ਮੋਰਚਾ(ਰਜਿ) ਅਮਰੀਕਾ ਦੇ ਕੋਆਡੀਨੇਟਰ ਸੁਰਿੰਦਰ ਸਿੰਘ ਗਿੱਲ ਨੇ ਪਹਿਲੀ ਅਗਸਤ 2024 ਨੂੰ ਸੁਪਰੀਮ ਵੱਲੋਂ ਲਏ ਗਏ ਇਤਿਹਾਸਿਕ ਫੈਸਲਾ ਦਾ ਸਵਾਗਤ ਕਰਦਿਆਂ ਦੇਸ਼ ਦੇ ਪ੍ਰਧਾਨ ਮੰਤਰੀ ਕੋਲੋਂ ਮੰਗ ਕੀਤੀ ਹੈ ਕਿ ਇਸ ਨੂੰ ਪੂਰੇ ਦੇਸ਼ ਵਿੱਚ ਲਾਗੂ ਕੀਤਾ ਜਾਵੇ।ਉਨ੍ਹਾਂ ਨੇ ਰਾਖਵਾਂਕਰਨ ਬਚਾਓ ਮੋਰਚਾ ਦੇ ਕੌਮੀ ਪ੍ਰਧਾਨ ਡਾ. ਕਸ਼ਮੀਰ ਸਿੰਘ ਖੁੰਡਾ ਨੂੰ ਵਧਾਈ ਦੇਣ ਦੇ ਨਾਲ ਧੰਨਵਾਦ ਵੀ ਕੀਤਾ ਹੈ।ਇਸੇ ਤਰ੍ਹਾਂ ਦੀਆਂ ਭਾਵਨਾਵਾਂ ਦਾ ਪ੍ਰਗਟਾਵਾ ਮਹਾਂਰਿਸ਼ੀ ਵਾਲਮੀਕਿ ਸਭਾ ਯੂਥਾ ਸਿਟੀ (ਯੂ. ਐਸ.ਏ) ਨੇ ਵੀ ਕੀਤਾ ਹੈ।

ਦੋਹਾਂ ਜਥੇਬੰਦੀਆਂ ਦੇ ਆਗੂਆਂ ਨੇ ਇਸ ਫੈਸਲੇ ਦੇ ਵਿਰੁੱਧ ਵਿੱਚ 21 ਅਗਸਤ ਨੂੰ ਕੁਝ ਜਥੇਬੰਦੀਆਂ ਵੱਲੋਂ ਦਿੱਤੇ ਗਏ ਭਾਰਤ ਬੰਦ ਦੇ ਸੱਦੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਭਾਰਤ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਕੁਝ ਸਵਾਰਥੀ ਕਿਸਮ ਦੀਆਂ ਸੰਸਥਾਵਾਂ ਅਤੇ ਸਿਆਸੀ ਪਾਰਟੀਆਂ ਵੱਲੋਂ ਮਜ਼ਬੀ ਸਿੱਖਾਂ ਅਤੇ ਵਾਲਮੀਕਿ ਭਾਈਚਾਰੇ ਵਿਰੁੱਧ ਰਚੇ ਜਾ ਰਹੇ ਛੜਯੰਤਰ ਨੂੰ ਨੱਥ ਪਾਈ ਜਾਵੇ। ਆਗੂਆਂ ਨੇ ਆਖਿਆ ਕਿ ਮਾਣਯੋਗ ਜਸਟਿਸ ਡੀ. ਵਾਈ ਚੰਦਰਚੂੜ ਸਮੇਤ ਸੱਤ ਜੱਜਾਂ ਦੀ ਸੰਵਿਧਾਨਕ ਬੈਂਚ ਨੇ 6:1 ਦਾ ਦਰੁਸਤ ਫੈਸਲਾ ਲਿਆ ਹੈ। ਪੰਜਾਬ ਸਰਕਾਰ ਦੇ ਐਕਟ 'ਪੰਜਾਬ ਸ਼ਡਿਊਲਡ ਕਾਸਟਮ' ਅਤੇ ਬੈਕਵਰਡ ਕਲਾਸਸ (ਰੀਜ਼ਰਵੇਸ਼ਨ ਇੰਜ ਸਰਵਿਸ) ਐਕਟ 2006 ਦੇ ਸ਼ੈਕਸ਼ਨ 4(5) ਦੇ ਆਧਾਰ 'ਤੇ ਫੈਸਲਾ ਲਿਆ ਗਿਆ ਹੈ। ਇਸ ਵਿੱਚ ਮਜ਼ਬੀ ਸਿੱਖਾਂ ਅਤੇ ਵਾਲਮੀਕਿ ਭਾਈਚਾਰੇ ਲਈ ਸਾਰੀਆਂ ਅਨੁਸੂਚਿਤ ਜਾਤੀਆਂ ਦੇ 25 ਫੀਸਦੀ ਰਾਖਵੇਂਕਰਨ ਦਾ 50 ਫੀਸਦੀ ਰਿਕਰੂਰਮੈਂਟ ਸਮੇਂ ਪਹਿਲ ਦੇ ਆਧਾਰ 'ਤੇ (ਜੇ ਉਪਲੱਬਦ ਹੋਵੇ) ਤਾਂ ਦੇਣ ਦਾ ਉਪਬੰਧ ਕੀਤਾ ਹੋਇਆਂ ਹੈ। ਇਸ ਨੂੰ ਸੰਵਿਧਾਨ ਅਨੁਸਾਰ ਠੀਕ ਸਮਝਦਿਆਂ ਜੱਜ ਸਾਹਿਬਾਨ ਨੇ ਫੈਸਲਾ ਕੀਤਾ ਹੈ। ਦੋਵਾਂ ਜਥੇਬੰਦੀਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਸ ਫੈਸਲੇ ਨੂੰ ਤੁਰੰਤ ਲਾਗੂ ਕੀਤਾ ਜਾਵੇ।

ਇਸ ਮੌਕੇ ਪ੍ਰਧਾਨ ਸੁਰਿੰਦਰ ਸਿੰਘ ਗਿੱਲ, ਚੇਅਰਮੈਨ ਜਗਜੀਤ ਸਿੰਘ ਗਿੱਲ, ਪ੍ਰੇਮ ਸੋਧੀ, ਵਿਨੋਦ ਗਿੱਲ, ਬਲਵੀਰ ਧਾਲੀਵਾਲ, ਦੀਪ ਸਿੰਘ, ਡਾ. ਸੁੱਚਾ ਸਿੰਘ, ਪ੍ਰਦੀਪ ਗਿੱਲ, ਭੁਪਿੰਦਰ ਭਿੰਦਾ, ਸੋਢੀ ਨਾਹਰ ਅਤੇ ਕੇਵਲ ਸਿੱਧੂ ਵੀ ਮੌਜੂਦ ਸਨ।

## ਐੱਸ ਡੀ ਐੱਮ ਨੇ ਰਾਸ਼ਟਰੀ ਤਿਰੰਗਾ ਲਹਿਰਾਇਆ



ਮੋਰਿੰਡਾ (ਜੈਜ਼ੀ ਸਰਦਾਰ)- ਦੇਸ਼ ਦੇ 78ਵੇਂ ਆਜ਼ਾਦੀ ਦਿਹਾੜੇ ਮੌਕੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਖ਼ਾਲਸਾ ਕਾਲਜ ਵਿਖੇ ਰਾਸ਼ਟਰੀ ਝੰਡਾ ਲਹਿਰਾਇਆ ਗਿਆ। ਜਿਸ ਵਿੱਚ ਐਸ ਡੀ ਐਮ ਮੋਰਿੰਡਾ ਸੁਖਪਾਲ ਸਿੰਘ ਨੇ ਰਾਸ਼ਟਰੀ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕੀਤੀ। ਭਰਵੇਂ ਸਮਾਗਮ ਨੂੰ ਸੰਬੋਧਨ ਕਰਦਿਆਂ ਐਸ ਡੀ ਐਮ ਸੁਖਪਾਲ ਸਿੰਘ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਚੱਲੀਆਂ ਵੱਖ-ਵੱਖ ਲਹਿਰਾਂ ਤੇ ਆਜ਼ਾਦੀ ਘੁਲਾਟੀਆਂ ਵੱਲੋਂ ਸਮੇਂ-ਸਮੇਂ 'ਤੇ ਆਰੰਭੇ ਗਏ ਸੰਘਰਸ਼ਾਂ ਅਤੇ ਦਿੱਤੀਆਂ ਕੁਰਬਾਨੀਆਂ ਦੀ ਬਦੌਲਤ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਸ਼ਹੀਦਾਂ ਨੂੰ ਕੋਟਿ-ਕੋਟਿ ਪ੍ਰਣਾਮ ਕਰਦਿਆਂ ਪੰਜਾਬ ਤੇ ਦੇਸ਼ ਦੀ ਖੁਸ਼ਹਾਲੀ ਤੇ ਤਰੱਕੀ ਦੀ ਕਾਮਨਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿਅੰਕਾ, ਤਹਿਸੀਲਦਾਰ ਪਵਨ ਬਾਂਸਲ, ਨਗਰ ਕੌਂਸਲ ਪ੍ਰਧਾਨ ਜਗਦੇਵ ਸਿੰਘ ਬਿੱਟੂ, ਥਾਣਾ ਸਿਟੀ ਐਸ ਐਚ ਓ ਸੁਨੀਲ ਕੁਮਾਰ, ਜਸਪ੍ਰੀਤ ਸਿੰਘ ਕਲਸੀ, ਨਵਦੀਪ ਸਿੰਘ ਟੋਨੀ ਜ਼ਿਲ੍ਹਾ ਪ੍ਰਧਾਨ ਵਿੰਗ ਰੂਪਨਗਰ ਫ਼ਰਯਾਦ ਅਲੀ, ਰਾਜਿੰਦਰ ਕਾਲਾ, ਮਨਜੀਤ ਕੌਰ, ਅੰਮ੍ਰਿਤ ਨਾਗਰਾ, ਕਰਨੈਲ ਸਿੰਘ,ਨਵਨੀਤ ਗਿੱਲ,ਨਿਰਮਲ ਪ੍ਰੀਤ ਕੁਲਦੀਪ ਸਿੰਘ ਆਦਿ ਹਾਜ਼ਰ ਸਨ।

## ਮਹਿਲਾ ਡਾਕਟਰ ਨਾਲ ਜਬਰ-ਜ਼ਨਾਹ ਤੇ ਹੱਤਿਆ ਦੇ ਰੋਸ ਵਜੋਂ ਅਰਥੀ ਫੂਕ ਮੁਜ਼ਾਹਰਾ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਕਲਕੱਤਾ ਵਿਖੇ ਆਰ ਜੀ ਕਾਰ ਮੈਡੀਕਲ ਕਾਲਜ ਦੀ ਪੋਸਟ ਗ੍ਰੈਜੂਏਟ ਮਹਿਲਾ ਸਿੱਖਿਆਰਥੀ ਡਾਕਟਰ ਦੇ ਬੇਰਹਿਮੀ ਨਾਲ ਹੋਏ ਜਬਰ-ਜਨਾਹ ਤੋਂ ਬਾਅਦ ਉਸਦੀ ਹੱਤਿਆ ਕੀਤੇ ਜਾਣ ਦੇ ਰੋਸ ਵਜੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਸੂਬਾ ਵਰਕਿੰਗ ਕਮੇਟੀ ਦੇ ਸੱਦੇ 'ਤੇ ਇਥੇ ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ (ਐਮਰਜੈਂਸੀ/ਓ ਪੀ ਡੀ ਅੱਗੇ) ਵਿਖੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਆਊਟਸੋਰਸਡ ਠੇਕਾ ਮੁਲਾਜਮਾਂ ਵੱਲੋਂ ਭਰਾਤਰੀ ਜਥੇਬੰਦੀ ਟੈਕਨੀਕਲ ਸਰਵਿਸਿਜ਼ ਯੂਨੀਅਨ ਭੰਗਲ ਸ੍ਰੀ ਅਨੰਦਪੁਰ ਸਾਹਿਬ ਦੇ ਸਹਿਯੋਗ ਨਾਲ ਕੇਂਦਰ ਸਰਕਾਰ ਅਤੇ ਪੱਛਮੀ ਬੰਗਾਲ ਸਰਕਾਰ ਦੀ ਅਰਥੀ ਫੂਕ ਕੇ ਰੋਸ਼ ਪ੍ਰਦਰਸ਼ਨ ਕੀਤਾ ਗਿਆ ਅਤੇ ਇਸ ਘਿਨੌਣੀ ਘਟਨਾ ਦੀ ਨਿਖੇਧੀ ਕੀਤੀ ਅਤੇ ਇਸ ਘਟਨਾ ਨੂੰ ਇਜਾਮ ਦੇਣ ਵਾਲੇ ਦੋਸ਼ੀਆ ਨੂੰ ਕਾਬੂ ਕਰਕੇ ਫਾਂਸੀ ਦੀ ਸਖ਼ਤ ਸਜਾ ਦੇਣ ਦੀ ਮੰਗ ਕੀਤੀ ਗਈ। ਇਸ ਮੌਕੇ ਕਪਿਲ ਮਹਿੰਦਲੀ, ਸੁਰਿੰਦਰ ਕੁਮਾਰ ਨੰਗਲ, ਜਸਵੀਰ ਸਿੰਘ ਜਿੰਦਵੜੀ, ਮੱਖਣ ਕਾਲਸ, ਤਰਸੇਮ ਲਾਲ ਬੜਵਾ, ਜਸਪਾਲ ਸਿੰਘ ਕੋਟਲਾ ਨੇ ਮੰਗ ਕੀਤੀ ਗਈ ਕਿ ਔਰਤਾਂ ਦੀ ਹਰ ਅਦਾਰੇ 'ਚ ਸੁਰੱਖਿਆ ਯਕੀਨੀ ਬਣਾਈ ਜਾਵੇ, ਹਸਪਤਾਲਾਂ ਵਿੱਚ ਸੁਰੱਖਿਆ ਲਈ ਲੋੜੀਦੇ ਕਦਮ ਚੁੱਕੇ ਜਾਣ।



ਹਰਿਆਵਲ ਲਹਿਰ ਵਲੋਂ ਅੱਜ ਫਿਲੌਰ ਵਿਖੇ ਸ੍ਰੀਮਤੀ ਜੋਤੀ ਕੱਕੜ ਦੀ ਅਗਵਾਈ ਹੇਠ ਪੰਜਾਬੀ ਪਹਿਰਾਵੇ ਵਿੱਚ ਔਰਤਾਂ ਤੀਜ ਦਾ ਤਿਉਹਾਰ ਮਨਾਉਂਦੇ ਹੋਏ ਇਸ ਮੌਕੇ ਮਹਿਕ ਸੋਢੀ, ਰੀਚਾ ਪਾਸੀ, ਸਪਨਾ ਮੈਦਾਨ, ਨੀਰਜ ਬਠਲਾ ਤੋਂ ਇਲਾਵਾ ਸ਼ਹਿਰ ਦੀਆਂ ਔਰਤਾਂ ਤੀਜ ਦੇ ਪ੍ਰੋਗਰਾਮ ਵਿੱਚ ਹਿੱਸਾ ਲਿਆ। (ਫੋਟੋ ਤੇ ਵੇਰਵਾ: ਫਿਲੌਰ ਤੋਂ ਬੀ ਐੱਸ ਕੈਨੇਡੀ)

## 3 ਤੋਂ ਸ਼ੁਰੂ ਹੋਣਗੀਆਂ 'ਖੇਡਾ ਵਤਨ ਪੰਜਾਬ ਦੀਆਂ-2024'

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ) ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਵਿੱਚ 3 ਸਤੰਬਰ ਤੋਂ 7 ਸਤੰਬਰ ਤੱਕ ਬਲਾਕ ਪੱਧਰੀ ਚੱਲਣ ਵਾਲੇ 'ਖੇਡਾਂ ਵਤਨ ਪੰਜਾਬ ਦੀਆਂ-2024' ਖੇਡ ਮੁਕਾਬਲਿਆਂ ਦੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਖੇਡ ਮੁਕਾਬਲਿਆਂ ਦੀ ਸ਼ੁਰੂਆਤ 29 ਅਗਸਤ ਨੂੰ ਰਾਸ਼ਟਰੀ ਖੇਡ ਦਿਵਸ 'ਤੇ ਸੰਗਰੂਰ ਵਿਚ ਕੀਤੀ ਜਾਵੇਗੀ।

## ਸੇਂਟ ਸੋਲਜਰ ਡੀਵਾਈਨ ਪਬਲਿਕ ਸਕੂਲ ਨੇ ਆਜ਼ਾਦੀ ਦਿਵਸ ਧੂਮਧਾਮ ਨਾਲ ਮਨਾਇਆ



ਭੋਗਪੁਰ (ਕੁਲਵੀਰ ਸਿੰਘ ਕਾਹਲੋਂ)-ਇਲਾਕੇ ਦੀ ਨਾਮਵਰ ਸੰਸਥਾ ਸੇਂਟ ਸੋਲਜਰ ਡੀਵਾਈਨ ਪਬਲਿਕ ਸਕੂਲ ਭੋਗਪੁਰ ਨੇ ਅਜ਼ਾਦੀ ਦਿਵਸ ਧੂਮਧਾਮ ਨਾਲ ਮਨਾਇਆ। ਬੱਚਿਆਂ ਨੇ ਅਜ਼ਾਦੀ ਨੂੰ ਦਰਸਾਉਂਦੇ ਹੋਏ ਗੀਤਾਂ ਉਤੇ ਡਾਂਸ ਅਤੇ ਭੰਗੜੇ ਦੀਆਂ ਪੇਸ਼ਕਾਰੀਆਂ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ। ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀਆਂ ਕੁਰਬਾਨੀਆਂ ਨੂੰ ਦਿਖਾਉਂਦਾ ਨਾਟਕ ਸੂਰਮੇ ਸਾਰਿਆਂ ਦੇ ਮਨਾਂ 'ਤੇ ਸਦੀਵੀ ਛਾਪ ਛੱਡ ਗਿਆ। ਕੁੜੀਆਂ ਗਿੱਧਾ ਪੇਸ਼ ਕੀਤਾ। ਇਸ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਨੇ ਸਾਰੇ ਬੱਚਿਆਂ ਅਤੇ ਬਾਕੀ ਸਟਾਫ ਮੈਂਬਰਾਂ ਨੂੰ ਸੁਤੰਤਰਤਾ ਦਿਵਸ ਦੀਆਂ ਬਹੁਤ ਬਹੁਤ ਮੁਬਾਰਕਾਂ ਦਿੱਤੀਆਂ। ਸਕੂਲ ਦੇ ਡਾਇਰੈਕਟਰ ਅਮਰੀਕ ਸਿੰਘ ਨੇ ਕਿਹਾ ਕਿ ਸੈਂਟ ਸੋਲਜਰ ਗਰੁੱਪ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਨੈਤਿਕ ਕਦਰਾਂ ਨੂੰ ਅਪਨਾਉਣ ਲਈ ਵੀ ਪ੍ਰੇਰਿਤ ਕਰਦਾ ਹੈ।

## ਸਰਪੰਚ ਅਸ਼ੋਕ ਕੁਮਾਰ ਨੇ ਡਿਸਪੈਂਸਰੀ ਦਾ ਕੀਤਾ ਉਦਘਾਟਨ



ਬੰਗਾ (ਅਵਤਾਰ ਕਲੇਰ) ਖੋਥੜਾਂ (ਮੁਹੱਲਾ ਪੀਪਾਰੰਗੀ) ਵਿਖੇ ਫ੍ਰੀ ਡਿਸਪੈਂਸਰੀ ਲੋਕ ਅਰਪਣ ਕੀਤੀ ਗਈ। ਦਿ ਪਾਵਰ ਆਫ ਅੰਬੇਡਕਰ ਯੂਥ ਕਲੱਬ ਪੀਪਾਰੰਗੀ ਦੇ ਨੌਜਵਾਨਾਂ ਤੇ ਸਮੂਹ ਸੰਗਤ ਦੇ ਸਹਿਯੋਗ ਸਦਕਾ ਸਿਹਤ ਤੇ ਸਿੱਖਿਆ ਨੂੰ ਮੁੱਖ ਰੱਖਦੇ ਹੋਏ ਫ੍ਰੀ ਡਿਸਪੈਂਸਰੀ ਦੀ ਸ਼ੁਰੂਆਤ ਕੀਤੀ ਗਈ।ਇਸ ਡਿਸਪੈਂਸਰੀ ਦਾ ਉਦਘਾਟਨ ਕਰਦੇ ਹੋਏ ਸਰਪੰਚ ਅਸ਼ੋਕ ਕੁਮਾਰ ਨੇ ਕਿਹਾ ਕਿ ਇਹ ਉਪਰਾਲਾ ਨੌਜਵਾਨਾਂ ਨੂੰ ਇੱਕ ਨਵੀਂ ਸੇਧ ਦੇਵੇਗਾ।ਸਿਹਤ ਤੇ ਸਿੱਖਿਆ ਸਾਡਾ ਮੂਲ ਮਕਸਦ ਹੋਣਾ ਚਾਹੀਦਾ ਹੈ।ਜਿਹੜੇ ਨੌਜਵਾਨ ਸਮਾਜ ਦੀ ਮੁੱਖ ਧਾਰਾ ਤੋਂ ਭਟਕ ਚੁੱਕੇ ਹਨ ਉਨ੍ਹਾਂ ਨੌਜਵਾਨਾਂ ਨੂੰ ਅਪੀਲ ਹੈ ਕਿ ਉਹ ਸਮਾਜ ਨਾਲ ਜੁੜ ਕੇ ਸਮਾਜ ਭਲਾਈ ਕੰਮਾਂ ਵਿੱਚ ਆਪਣਾ ਯੋਗਦਾਨ ਪਾਉਣ। ਆਮ ਪਬਲਿਕ ਨੂੰ ਅਪੀਲ ਕਰਦੇ ਹਾਂ ਕਿ ਇਸ ਫ੍ਰੀ ਡਿਸਪੈਂਸਰੀ ਦਾ ਵੱਧ ਤੋਂ ਵੱਧ ਲਾਭ ਉਠਾਓ। ਇਸ ਮੌਕੇ ਸਰਪੰਚ ਅਸ਼ੋਕ ਕੁਮਾਰ ਤੋਂ ਇਲਾਵਾ ਪ੍ਰਵੀਨ ਬੰਗਾ,ਮਨੀ ਅੰਬੇਡਕਰੀ, ਡਾ.ਬੱਧਣ, ਡਾ.ਜੱਸੀ, ਕਿਸ਼ਨ ਪੰਚ, ਜੀਤਾ ਪੰਚ,ਧਰਮਿੰਦਰ ਪ੍ਰਧਾਨ, ਊਸ਼ਾ ਤੇ ਰਾਧਾ ਪੰਚ, ਮੋਹਣ ਲਾਲ, ਰਾਣਾ, ਰਾਜ ਨਰ ਤੇ ਸਮੁੱਚੀ ਪ੍ਰਬੰਧਕ ਕਮੇਟੀ ਤੇ ਕਲੱਬ ਮੈਂਬਰ ਹਾਜ਼ਰ ਸਨ।

## ਸ੍ਰੀਮਦ ਭਾਗਵਤ ਕਥਾ 21 ਤੋਂ



ਅੱਡਾ ਸਰਾਂ (ਕਾਜਲ)-ਪਿੰਡ ਝੱਜ ਬ੍ਰਾਹਮਣਾ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਮੌਕੇ 15ਵੀਂ ਸ਼੍ਰੀਮਦ ਭਾਗਵਤ ਕਥਾ 21 ਅਗਸਤ ਤੋਂ 27 ਅਗਸਤ ਤੱਕ ਸੁਆਮੀ ਰਾਮ ਤੀਰਥ ਜੀ ਮਹਾਰਾਜ ਹਰਿਦੁਆਰ ਵਾਲਿਆਂ ਦੀ ਪ੍ਰੇਰਨਾ ਨਾਲ ਕਰਵਾਈ ਜਾ ਰਹੀ ਹੈ।

ਇਸ ਬਾਰੇ ਪ੍ਰਬੰਧਕ ਸੇਵਾਦਾਰਾਂ ਪੰਡਤ ਨਰੇਸ਼ ਕੁਮਾਰ, ਪੰਡਤ ਨਰਿੰਦਰ ਕੁਮਾਰ, ਪੰਡਤ ਨਰੋਤਮ ਲਾਲ ਸ਼ਰਮਾ ਅਤੇ ਅਮਿਤ ਤਲਵਾਰ ਲਾਡੀ ਨੇ ਦੱਸਿਆ ਕਿ ਕਥਾ ਦੇ ਸੰਬੰਧ ਵਿੱਚ 20 ਅਗਸਤ ਨੂੰ ਸ਼ਾਮ 4 ਵਜੇ ਸ਼ੋਭਾ ਯਾਤਰਾ ਕੱਢੀ ਜਾਵੇਗੀ। ਇਸ ਮੌਕੇ ਬਿਹਾਰੀ ਲਾਲ, ਜਗਦੀਸ਼ ਕੁਮਾਰ, ਜਗਿੰਦਰ ਪਾਲ, ਸਤਵਿੰਦਰ ਲਾਲ, ਜੀਵਨ ਕੁਮਾਰ, ਮਨਮੋਹਣ ਕੁਮਾਰ, ਗਗਨਪ੍ਰੀਤ ਸਿੰਘ, ਅਭਿਸ਼ੇਕ ਸ਼ਰਮਾ, ਅਸ਼ਵਨੀ ਸ਼ਰਮਾ, ਰਾਕੇਸ਼ ਸ਼ਰਮਾ, ਸੁਮੀਤ ਸ਼ਰਮਾ, ਜਸਪਾਲ ਸ਼ਰਮਾ, ਸਨਦੀਪ ਕੁਮਾਰ, ਵਿਜੈ ਕੁਮਾਰ, ਵਿਨੈ ਕੁਮਾਰ, ਮੰਗਤ ਰਾਮ ਮੌਜੂਦ ਸਨ।